2-MAY-PAGE-1.qxd 5/1/2024 10:29 PM Page 1

ਵੀਰਵਾਰ, 2 ਮਈ, 2024
20 ਵਿਸਾਖ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 72
ਅੰਕ/NO. : 332

# ਨਵਾਂ ਜ਼ਮਾਨਾ

DAILY NAWAN ZAMANA • THURSDAY, 2 MAY, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚਲਿੱਤਰ ਦਾ ਪਤਾ ਹੋਣ ਦੇ ਬਾਵਜੂਦ ਮੋਦੀ ਨੇ ਪ੍ਰਜਵਲ ਨੂੰ ਪ੍ਰਮੋਟ ਕੀਤਾ : ਰਾਹੁਲ ਗਾਂਧੀ


ਪ੍ਰਜਵਲ ਰੇਵੰਨਾ।

**ਨਵੀਂ ਦਿੱਲੀ** : ਕਰਨਾਟਕ ਸੈਕਸ ਸਕੈਂਡਲ ਉੱਤੇ ਰੌਲਾ ਬੁੱਧਵਾਰ ਹੋਰ ਵਧ ਗਿਆ, ਜਦੋਂ ਰਾਹੁਲ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਮਾਮਲੇ ਵਿਚ ਸ਼ਰਮਨਾਕ ਖਾਮੋਸ਼ੀ ਅਖਤਿਆਰ ਕੀਤੀ ਹੋਈ ਹੈ। ਉਨ੍ਹਾ ਕਿਹਾ ਕਿ ਹਸਦੇ ਮਾਮੂਲ ਮੋਦੀ ਨੇ ਕਰਨਾਟਕ ਵਿਚ ਮਹਿਲਾਵਾਂ ਖਿਲਾਫ ਘਿਨਾਉਣੇ ਜੁਰਮ 'ਤੇ ਖਾਮੋਸ਼ੀ ਅਖਤਿਆਰ ਕੀਤੀ ਹੋਈ ਹੈ। ਉਨ੍ਹਾ ਕਿਹਾ ਕਿ ਮੋਦੀ ਨੇ ਸੈਂਕੜੇ ਧੀਆਂ ਦਾ ਜਿਨਸੀ ਸ਼ੋਸ਼ਣ ਕਰਨ ਵਾਲੇ ਰਾਖਸ਼ਸ਼ ਬਾਰੇ ਸਭ ਕੁਝ ਜਾਣਦੇ ਹੋਇਆਂ ਵੋਟਾਂ ਖਾਤਰ ਉਸ ਨੂੰ ਪ੍ਰਮੋਟ ਕੀਤਾ। ਰਾਹੁਲ ਨੇ ਇਹ ਵੀ ਪੁੱਛਿਆ ਕਿ ਏਨਾ ਵੱਡਾ ਅਪਰਾਧੀ ਦੇਸ਼ ਵਿੱਚੋਂ ਭੱਜ ਕਿਵੇਂ ਗਿਆ?

ਰਾਹੁਲ ਨੇ ਕਿਹਾ ਕਿ ਕੈਸਰਗੰਜ ਤੋਂ ਕਰਨਾਟਕ ਤੇ ਉਨਾਓ ਤੋਂ ਉੱਤਰਾਖੰਡ ਤੱਕ ਪ੍ਰਧਾਨ ਮੰਤਰੀ ਦੀ ਧੀਆਂ ਦੇ ਅਪਰਾਧੀਆਂ ਨੂੰ ਖਾਮੋਸ਼ ਹਮਾਇਤ ਦੇਸ਼ ਭਰ ਵਿਚ ਅਪਰਾਧੀਆਂ ਦੇ ਹੌਸਲੇ ਬੁਲੰਦ ਕਰ ਰਹੀ ਹੈ। ਕੀ 'ਮੋਦੀ ਪਰਵਾਰ' ਦਾ ਹਿੱਸਾ ਬਣਨ ਨਾਲ ਅਪਰਾਧੀਆਂ ਨੂੰ 'ਸੁਰੱਖਿਆ ਦੀ ਗਰੰਟੀ' ਮਿਲ ਜਾਂਦੀ ਹੈ?

ਇਸੇ ਦੌਰਾਨ ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮਈਆ ਨੇ ਦੋਸ਼ ਲਾਇਆ ਹੈ ਕਿ ਭਾਜਪਾ ਨੇ ਪ੍ਰਜਵਲ ਰੇਵੰਨਾ ਨੂੰ ਭੱਜਣ ਲਈ ਵੀਜ਼ਾ ਦਿੱਤਾ। ਸੂਬੇ ਵਿਚ ਚੋਣ ਰੈਲੀ ਵਿਚ ਸਿਧਾਰਮਈਆ ਨੇ ਕਿਹਾ—ਜਿਨਸੀ ਸ਼ੋਸ਼ਣ ਦੀਆਂ ਵੀਡਿਓ ਵਾਇਰਲ ਹੋਣ ਤੋਂ ਬਾਅਦ ਪ੍ਰਜਵਲ ਦੇਸ਼ ਵਿੱਚੋਂ ਭੱਜ ਗਿਆ। ਦੇਵਗੌੜਾ (ਸਾਬਕਾ ਪ੍ਰਧਾਨ ਮੰਤਰੀ) ਨੇ ਪੋਤੇ ਨੂੰ ਬਾਹਰ ਭਜਾਇਆ, ਉਸ ਨੂੰ ਵੀਜ਼ੇ ਕਿਸ ਨੇ ਦਿੱਤਾ, ਭਾਜਪਾ ਨੇ ਦਿੱਤਾ।

ਸਿਧਾਰਮਈਆ ਨੇ ਇਸ ਦੋਸ਼ ਨੂੰ ਝੁਠਲਾਇਆ ਕਿ ਪ੍ਰਜਵਲ ਦੀਆਂ ਵੀਡੀਓ ਉਪ ਮੁੱਖ ਮੰਤਰੀ ਡੀ ਕੇ ਸ਼ਿਵ ਕੁਮਾਰ ਨੇ ਵੰਡਵਾਈਆਂ। ਪ੍ਰਜਵਲ ਦੇ ਅੰਕਲ ਐੱਚ ਡੀ ਕੁਮਾਰਸਵਾਮੀ (ਸਾਬਕਾ ਮੁੱਖ ਮੰਤਰੀ) ਦਾ ਸ਼ਿਵ ਕੁਮਾਰ 'ਤੇ ਦੋਸ਼ ਸਹੀ ਨਹੀਂ। ਪ੍ਰਜਵਲ ਦੇ ਡਰਾਈਵਰ ਕਾਰਤੀ ਨੇ ਕਿਹਾ ਕਿ ਪੈੱਨ ਡ੍ਰਾਈਵ ਭਾਜਪਾ ਆਗੂ ਨੇ ਦਿੱਤੀ ਸੀ, ਪਰ ਕੁਮਾਰਸਵਾਮੀ ਸ਼ਿਵ ਕੁਮਾਰ 'ਤੇ ਦੋਸ਼ ਲਾ ਕੇ ਸਿਆਸਤ ਕਰ ਰਹੇ ਹਨ। ਸਿਧਾਰਮਈਆ ਨੇ ਕਿਹਾ ਕਿ ਪ੍ਰਜਵਲ ਦੇ ਚਲਿੱਤਰ ਦਾ ਪਤਾ ਹੋਣ ਦੇ ਬਾਵਜੂਦ ਭਾਜਪਾ ਆਗੂ ਅਮਿਤ ਸ਼ਾਹ ਨੇ ਉਸ ਨੂੰ ਟਿਕਟ ਦਿੱਤੀ।

ਇਸੇ ਦੌਰਾਨ ਪ੍ਰਜਵਲ, ਜਿਸ ਦੀਆਂ ਸੈਂਕੜੇ ਮਹਿਲਾਵਾਂ ਦੇ ਜਿਨਸੀ ਸ਼ੋਸ਼ਣ ਦੀਆਂ ਵੀਡੀਓ ਵਾਇਰਲ ਹਨ, ਨੇ ਕਿਹਾ ਹੈ ਕਿ ਵੀਡਿਓ ਭੰਨਤੋੜ ਕਰਕੇ ਬਣਾਈਆਂ ਗਈਆਂ ਹਨ। ਉਸ ਨੇ 'ਐਕਸ' 'ਤੇ ਪਾਈ ਪੋਸਟ ਵਿਚ ਕਿਹਾ ਹੈ ਕਿ ਉਹ ਬੇਂਗਲੂਰੂ ਵਿਚ ਨਹੀਂ ਤੇ ● ਬਾਕੀ ਸਫ਼ਾ 2 'ਤੇ

## ਮਈ ਦਿਵਸ ਇਨਕਲਾਬੀ ਜੋਸ਼ ਨਾਲ ਮਨਾਇਆ


ਪਟਿਆਲਾ




ਤਰਨ ਤਾਰਨ




ਲੁਧਿਆਣਾ


ਜਲੰਧਰ

**ਪਟਿਆਲਾ** : ਇੱਥੇ ਏਟਕ, ਟਰੇਡ ਯੂਨੀਅਨ ਕੌਂਸਲ ਪਟਿਆਲਾ, ਪ ਸ ਸ ਫ ਜ਼ਿਲ੍ਹਾ ਪਟਿਆਲਾ ਅਤੇ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਵਲੋਂ ਕਿਰਤੀਆਂ ਦਾ ਇਤਿਹਾਸਕ ਪਹਿਲੀ ਮਈ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਦਰਸ਼ਨ ਸਿੰਘ ਲੁਬਾਣਾ, ਉਤਮ ਸਿੰਘ ਬਾਗੜੀ, ਬਲਜਿੰਦਰ ਸਿੰਘ, ਜਗਮੋਹਨ ਸਿੰਘ ਨੌਲੱਖਾ ਅਤੇ ਗੁਰਵਿੰਦਰ ਸਿੰਘ ਗੋਲਡੀ ਦੀ ਅਗਵਾਈ ਵਿੱਚ ਹਰ ਇੱਕ ਮਹਿਕਮੇ ਅਤੇ ਫੈਕਟਰੀਆਂ ਦੇ ਗੇਟਾਂ ਉਪਰ ਗੇਟ ਰੈਲੀਆਂ ਕਰਨ ਉਪਰੰਤ ਲਾਲ ਰੰਗ ਦੇ ਝੰਡੇ ਲਹਿਰਾਏ ਗਏ। ਇਸ ਤੋਂ ਇਲਾਵਾ ਯੂਨੀਅਨਾਂ ਦੇ ਦਫਤਰਾਂ ਉਪਰ ਵੀ ਲਾਲ ਝੰਡੇ ਲਹਿਰਾਏ ਗਏ ਅਤੇ ਉਸ ਤੋਂ ਬਾਅਦ ਪੁਰਾਣਾ ਬੱਸ ਸਟੈਂਡ ਪਟਿਆਲਾ ਦੇ ਨੇੜੇ ਓਵਰ ਬਰਿਜ ਦੇ ਥੱਲੇ ਪਟਿਆਲਾ ਸ਼ਹਿਰ ਦੇ ਸਾਰੇ ਮੁਲਾਜ਼ਮ, ਮਜ਼ਦੂਰ ਇਕੱਠੇ ਹੋਏ ਅਤੇ ਇੱਕ ਵਿਸ਼ਾਲ ਰੈਲੀ ਕਰਨ ਉਪਰੰਤ ਸੈਂਕੜੇ ਵਰਕਰਾਂ ਨੇ ਸ਼ਹਿਰ ਵਿੱਚ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਝੰਡੇ ਲਹਿਰਾਉਂਦੇ ਹੋਏ ਪ੍ਰਭਾਵਸ਼ਾਲੀ ਮਾਰਚ ਕੀਤਾ, ਜੋ ਕਿ ਆਖਰੀ ਪੜਾਅ ਥਾਪਰ ਕਾਲਜ/ਯੂਨੀਵਰਸਿਟੀ ਪਟਿਆਲਾ ਦੇ ਮੇਨ ਗੇਟ 'ਤੇ ਪੁੱਜ ਕੇ ਕੰਮ ਤੋਂ ਕੱਢੇ ਵਰਕਰਾਂ ਦੇ ਹੱਕ ਵਿੱਚ ਵਿਸ਼ਾਲ ਰੈਲੀ ਕਰਕੇ ਸਮਾਪਤ ਕੀਤਾ ਗਿਆ।

ਬੱਸ ਸਟੈਂਡ ਪਟਿਆਲਾ ਦੇ ਨਜ਼ਦੀਕ ਅਤੇ ਥਾਪਰ ਯੂਨੀਵਰਸਿਟੀ ਦੇ ਸਾਹਮਣੇ ਕੀਤੀਆਂ ਗਈਆਂ ਵਿਸ਼ਾਲ ਰੈਲੀਆਂ ਨੂੰ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸ਼ਿਕਾਗੋ ਦੇ ਸ਼ਹੀਦਾਂ ਦੇ ਸਿਰਜੇ ਹੋਏ ਮਾਣਮੱਤੇ ਇਤਿਹਾਸ 'ਤੇ ਚਾਨਣਾ ਪਾਇਆ ਅਤੇ ਮਜ਼ਦੂਰ ਹੱਕਾਂ ਲਈ ਫਾਂਸੀਆਂ ਦੇ ਰੱਸੇ ਚੁੰਮ ਕੇ ਸ਼ਹੀਦ ਹੋਏ ਆਗੂਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਧਾਲੀਵਾਲ ਨੇ ਸ਼ਿਕਾਗੋ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ 8 ਘੰਟੇ ਕੰਮ ਦਿਹਾੜੀ ਦਾ ਕਾਨੂੰਨ ਅਤੇ ਅਨੇਕਾਂ ਹੋਰ ਲੇਬਰ ਕਾਨੂੰਨਾਂ ਦੇ ਹੋਂਦ ਵਿੱਚ ਆਉਣ ਦਾ ਭਰਪੂਰ ਜ਼ਿਕਰ ਕੀਤਾ।

ਕਲਾਸ ਫੋਰਥ ਯੂਨੀਅਨ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਨੇ ਵਰਤਮਾਨ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਅਤੇ ਦੇਸ਼ ਵਿਰੋਧੀ ਨੀਤੀਆਂ ਰਾਹੀਂ ਮੁਲਾਜ਼ਮਾਂ-ਮਜ਼ਦੂਰਾਂ ਦੇ ਖੋਹੇ ਜਾ ਰਹੇ ਹੱਕ-ਹਕੂਕਾਂ ਸੰਬੰਧੀ ਤਫਸੀਲ ਵਿੱਚ ਵਿਆਖਿਆ ਕੀਤੀ। ਇਸ ਮੌਕੇ ਥਾਪਰ ਯੂਨੀਵਰਸਿਟੀ ਦੇ ਪ੍ਰਬੰਧਕਾਂ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਕੱਢੇ ਗਏ 28 ਵਰਕਰਾਂ ਨੂੰ ਕੰਮ 'ਤੇ ਨਾ ਲਿਆ ਗਿਆ ਤਾਂ ਯੂਨੀਵਰਸਿਟੀ ਸਾਹਮਣੇ ਪੱਕਾ ਮੋਰਚਾ ਲਾਇਆ ਜਾਵੇਗਾ। ਜਿਹਨਾਂ ਹੋਰ ਆਗੂਆਂ ਨੇ ਸੰਬੋਧਨ ਕੀਤਾ, ਉਹਨਾਂ ਵਿੱਚ ਉਤਮ ਸਿੰਘ ਬਾਗੜੀ, ਕਰਮ ਚੰਦ ਗਾਂਧੀ, ਜਗਮੋਹਨ ਨੌਲੱਖਾ ਅਤੇ ਬਲਜਿੰਦਰ ਸਿੰਘ ਸ਼ਾਮਲ ਸਨ।

**ਲੁਧਿਆਣਾ (ਐੱਮ ਐੱਸ ਭਾਟੀਆ)** : ਏਟਕ ਵੱਲੋਂ ਮਈ ਦਿਵਸ 'ਤੇ ਸਮਾਗਮ ਕੀਤਾ ਗਿਆ, ਜਿਸ ਵਿੱਚ ਹਾਜ਼ਰ ਕਾਮਿਆਂ ਨੇ ਸੰਕਲਪ ਲਿਆ ਕਿ ਜਿੱਥੇ ਉਹ ਆਪਣੇ ਹੱਕਾਂ ਦੀ ਰਾਖੀ ਲਈ ਆਵਾਜ਼ ਚੁੱਕਣਗੇ, ਉਸ ਦੇ ਨਾਲ ਹੀ ਦੇਸ਼ ਵਿੱਚ ਸਦਭਾਵਨਾ ਬਣਾਈ ਰੱਖਣ ਅਤੇ ਦੇਸ਼ ਦੀ ਏਕਤਾ-ਅਖੰਡਤਾ ਦੀ ਰਾਖੀ ਲਈ ਲਗਾਤਾਰ ਯਤਨਸ਼ੀਲ ਰਹਿਣਗੇ। ਇਸ ਮੌਕੇ ਡੀ ਪੀ ਮੌੜ ਮੁੱਖ ਸਲਾਹਕਾਰ ਏਟਕ ਲੁਧਿਆਣਾ ਨੇ ਕਿਹਾ ਕਿ ਪਿਛਲੇ ਦਿਨੀਂ ਨਰਿੰਦਰ ਮੋਦੀ ਨੇ ਜਿਸ ਕਿਸਮ ਦੇ ਭਾਸ਼ਣ ਦਿੱਤੇ ਹਨ, ਉਸ ਨਾਲ ਉਹਨਾ ਦੀ ਸਮਾਜ ਵਿੱਚ ਸਦਭਾਵਨਾ ਨੂੰ ਖਤਮ ਕਰਨ ਦੀ ਮਨਸ਼ਾ ਸਾਫ ਦਿਖਾਈ ਦੇ ਰਹੀ ਹੈ, ਉਹ ਫਿਰਕਿਆਂ ਨੂੰ ਭੜਕਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਤਾਂ ਜੋ ਦੇਸ਼ ਵਿੱਚ ਅਰਾਜਕਤਾ ਫੈਲੇ ਤੇ ਉਹ ਕਿਸੇ ਨਾ ਕਿਸੇ ਢੰਗ ਨਾਲ ਇਸ ਦਾ ਲਾਭ ਉਠਾਉਣ। ਰਿਪੋਰਟਾਂ ਦੇ ਮੁਤਾਬਕ ਹੁਣ ਇਹ ਸਾਫ ਹੋ ਗਿਆ ਹੈ ਕਿ ਨਰਿੰਦਰ ਮੋਦੀ ਦੀ ਸਰਕਾਰ ਦਾ ਦੁਬਾਰਾ ਆਉਣਾ ਲਗਭਗ ਨਾਂਹ ਦੇ ਬਰਾਬਰ ਹੈ। ਇਸ ਲਈ ਉਹ ਬੁਖਲਾ ਗਏ ਹਨ ਤੇ ਕੋਝੀਆਂ ਹਰਕਤਾਂ ਅਤੇ ਹੋਛੇ ਭਾਸ਼ਣ ਦੇਣ 'ਤੇ ਉਤਰ ● ਬਾਕੀ ਸਫ਼ਾ 2 'ਤੇ

## ਕਮਰਸ਼ੀਅਲ ਸਿਲੰਡਰ ਦੇ ਰੇਟ 'ਚ 19 ਰੁਪਏ ਦੀ ਕਮੀ

**ਨਵੀਂ ਦਿੱਲੀ** : ਹੋਟਲਾਂ ਅਤੇ ਰੈਸਟੋਰੈਂਟਾਂ ਵਰਗੇ ਅਦਾਰਿਆਂ ਵੱਲੋਂ ਵਰਤੇ ਜਾਣ ਵਾਲੇ 19 ਕਿੱਲੋ ਦੇ ਕਮਰਸ਼ੀਅਲ ਐੱਲ ਪੀ ਜੀ ਸਿਲੰਡਰ ਦੀ ਕੀਮਤ ਵਿਚ ਬੁੱਧਵਾਰ 19 ਰੁਪਏ ਦੀ ਕਟੌਤੀ ਕੀਤੀ ਗਈ। ਦਿੱਲੀ ਵਿਚ ਇਹ 1,745.50 ਰੁਪਏ ਦਾ ਹੋ ਗਿਆ ਹੈ। ਪਹਿਲੀ ਅਪਰੈਲ ਨੂੰ ਵੀ ਇਸ ਦਾ ਰੇਟ ਸਾਢੇ 30 ਰੁਪਏ ਘਟਾਇਆ ਗਿਆ ਸੀ। ਘਰਾਂ ਵਿਚ ਵਰਤੇ ਜਾਣ ਵਾਲੇ 14.2 ਕਿੱਲੋ ਵਾਲੇ ਸਿਲੰਡਰ ਦੇ 803 ਰੁਪਏ ਦੇ ਰੇਟ ਵਿਚ ਕੋਈ ਕਮੀ ਨਹੀਂ ਕੀਤੀ ਗਈ ਹੈ।

## ਪਨੂੰ ਮਾਮਲੇ ਦੀ ਜਾਂਚ 'ਚ ਭਾਰਤ ਨਾਲ ਮਿਲ ਕੇ ਚੱਲ ਰਹੇ ਹਾਂ : ਅਮਰੀਕਾ

**ਵਾਸ਼ਿੰਗਟਨ** : ਅਮਰੀਕਾ ਦੇ ਵਿਦੇਸ਼ ਵਿਭਾਗ ਦੇ ਪ੍ਰਮੁੱਖ ਉਪ ਬੁਲਾਰੇ ਵੇਦਾਂਤ ਪਟੇਲ ਨੇ ਕਿਹਾ ਹੈ ਕਿ ਵੱਖਵਾਦੀ ਗੁਰਪਤਵੰਤ ਸਿੰਘ ਪਨੂੰ ਦੀ ਹੱਤਿਆ ਦੀ ਸਾਜ਼ਿਸ਼ ਰਚਣ ਦੇ ਦੋਸ਼ਾਂ ਦੀ ਜਾਂਚ ਲਈ ਅਮਰੀਕਾ ਭਾਰਤ ਨਾਲ ਲਗਾਤਾਰ ਕੰਮ ਕਰ ਰਿਹਾ ਹੈ। ਪਟੇਲ ਦੀ ਇਹ ਟਿੱਪਣੀ ਅਜਿਹੇ ਸਮੇਂ ਆਈ ਹੈ, ਜਦੋਂ ਅਖਬਾਰ 'ਵਾਸ਼ਿੰਗਟਨ ਪੋਸਟ' ਨੇ ਆਪਣੀ ਖਬਰ 'ਚ ਅਣਪਛਾਤੇ ਸੂਤਰਾਂ ਦੇ ਹਵਾਲੇ ਨਾਲ ਕਿਹਾ ਹੈ ਕਿ ਅਮਰੀਕੀ ਧਰਤੀ 'ਤੇ ਪਨੂੰ ਦੀ ਹੱਤਿਆ ਦੀ ਕਥਿਤ ਸਾਜ਼ਿਸ਼ ਰਚਣ 'ਚ 'ਰਾਅ' ਦਾ ਅਧਿਕਾਰੀ ਸ਼ਾਮਲ ਸੀ। ਭਾਰਤ ਨੇ ਇਸ ਦਾਅਵੇ ਨੂੰ ਖਾਰਜ ਕਰ ਦਿੱਤਾ ਸੀ।

## ਸਲਮਾਨ ਦੇ ਘਰ ਫਾਇਰਿੰਗ 'ਚ ਫੜੇ ਮੁਲਜ਼ਮ ਵੱਲੋਂ ਖੁਦਕੁਸ਼ੀ!

**ਮੁੰਬਈ** : ਅਭਿਨੇਤਾ ਸਲਮਾਨ ਖਾਨ ਦੇ ਘਰ 'ਤੇ ਗੋਲੀਬਾਰੀ ਦੇ ਮਾਮਲੇ 'ਚ ਗ੍ਰਿਫਤਾਰ ਅਨੁਜ ਥਾਪਨ (23) ਨੇ ਪਖਾਨੇ ਅੰਦਰ ਬੈੱਡਸ਼ੀਟ ਨਾਲ ਫਾਹਾ ਲੈ ਲਿਆ। ਸਰਕਾਰੀ ਜੀ ਟੀ ਹਸਪਤਾਲ 'ਚ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਥਾਪਨ ਨੂੰ ਪੰਜਾਬ ਤੋਂ ਸੋਨੂੰ ਕੁਮਾਰ ਬਿਸ਼ਨੋਈ ਦੇ ਨਾਲ ਸ਼ੂਟਰ ਸਾਗਰ ਪਾਲ ਅਤੇ ਵਿੱਕੀ ਗੁਪਤਾ ਨੂੰ ਹਥਿਆਰ ਸਪਲਾਈ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਸੀ।

## ਗੋਲਡੀ ਬਰਾੜ ਦਾ ਅਮਰੀਕਾ 'ਚ ਕਤਲ?

**ਚੰਡੀਗੜ੍ਹ** : ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਕੇਸ ਦੇ ਮੁੱਖ ਮੁਲਜ਼ਮ ਗੈਂਗਸਟਰ ਗੋਲਡੀ ਬਰਾੜ ਦੀ ਅਮਰੀਕਾ 'ਚ ਮੌਤ ਦੀ ਖਬਰ ਵਾਇਰਲ ਹੋਈ ਹੈ। ਮੀਡੀਆ ਰਿਪੋਰਟਾਂ ਮੁਤਾਬਕ ਗੋਲਡੀ ਬਰਾੜ ਨੂੰ ਮੰਗਲਵਾਰ ਸ਼ਾਮ 5:25 ਵਜੇ ਅਮਰੀਕਾ ਦੇ ਫੇਅਰਮੌਂਟ ਅਤੇ ਹੋਲਟ ਐਵੇਨਿਊ ਵਿਚਾਲੇ ਗੋਲੀ ਮਾਰ ਦਿੱਤੀ ਗਈ। ਬਰਾੜ ਦੇ ਵਿਰੋਧੀ ਗੈਂਗਸਟਰ ਅਰਸ਼ ਡੱਲਾ ਅਤੇ ਲਖਬੀਰ ਨੇ ਇਸ ਦੀ ਜ਼ਿੰਮੇਵਾਰੀ ਲਈ ਹੈ। ਮੂਸੇਵਾਲਾ ਦੇ ਕਤਲ ਤੋਂ ਬਾਅਦ ਗੋਲਡੀ ਨੇ ਫੇਸਬੁੱਕ ਪੋਸਟ 'ਚ ਕਿਹਾ ਸੀ-ਸਿੱਧੂ ਮੂਸੇਵਾਲਾ ਦੇ ਕਤਲ ਪਿੱਛੇ ਸਚਿਨ ਬਿਸ਼ਨੋਈ ਧਤਾਰਾਂਵਾਲੀ, ਲਾਰੈਂਸ ਬਿਸ਼ਨੋਈ ਅਤੇ ਮੈਂ ਹਾਂ।

## ਹਜ਼ਾਰਾਂ ਗ੍ਰਨੇਡ ਤੇ 37 ਮਿਜ਼ਾਈਲਾਂ ਚੋਰੀ

**ਬੋਗੋਟਾ** : ਕੋਲੰਬੀਆ ਦੇ ਰਾਸ਼ਟਰਪਤੀ ਗੁਸਤਾਵੋ ਪੈਤਰੋ ਨੇ ਬੁੱਧਵਾਰ ਕਿਹਾ ਕਿ ਦੋ ਫੌਜੀ ਟਿਕਾਣਿਆਂ ਤੋਂ ਹਜ਼ਾਰਾਂ ਗ੍ਰਨੇਡ, ਗੋਲੀਆਂ ਅਤੇ 37 ਤੋਪਾਂ ਫੁੰਡਣ ਵਾਲੀਆਂ ਮਿਜ਼ਾਈਲਾਂ ਚੋਰੀ ਹੋ ਗਈਆਂ ਹਨ। ਇਨ੍ਹਾਂ ਫੌਜੀ ਟਿਕਾਣਿਆਂ ਵਿੱਚੋਂ ਇੱਕ ਦੇਸ਼ ਦੇ ਕੇਂਦਰੀ ਹਿੱਸੇ 'ਚ ਸਥਿਤ ਹੈ, ਜਦੋਂ ਕਿ ਦੂਜਾ ਕੈਰੇਬੀਅਨ ਤੱਟ ਦੇ ਨੇੜੇ ਸਥਿਤ ਹੈ। ਰਾਸ਼ਟਰਪਤੀ ਨੇ ਕਿਹਾ ਕਿ ਗੋਲਾ ਬਾਰੂਦ ਕੋਲੰਬੀਆ ਦੇ ਬਾਗੀ ਸੰਗਠਨਾਂ ਦੇ ਹੱਥਾਂ 'ਚ ਜਾ ਸਕਦਾ ਹੈ ਜਾਂ ਗੈਰ-ਕਾਨੂੰਨੀ ਤੌਰ 'ਤੇ ਹੂਤੀ ਵਿਦਰੋਹੀਆਂ ਸਮੇਤ ਦੂਜੇ ਦੇਸ਼ਾਂ ਦੇ ਗਰੁੱਪਾਂ ਨੂੰ ਵੇਚਿਆ ਗਿਆ ਹੈ।

## ਸੱਸ ਨਾਲ ਵਿਆਹ

**ਪਟਨਾ** : ਬਿਹਾਰ ਦੇ ਬਾਂਕਾ ਜ਼ਿਲ੍ਹੇ ਦੇ ਪਿੰਡ ਹਿਰਮੋਤੀ 'ਚ ਜਵਾਈ ਨੇ ਸੱਸ ਨਾਲ ਪ੍ਰੇਮ ਵਿਆਹ ਕਰਵਾ ਲਿਆ। ਸਿਕੰਦਰ ਯਾਦਵ (45) ਨੇ ਗੀਤਾ ਦੇਵੀ (55) ਨਾਲ ਪ੍ਰੇਮ ਸੰਬੰਧਾਂ ਦੀ ਗੱਲ ਖੁੱਲ੍ਹੇ ਤੌਰ 'ਤੇ ਕਬੂਲ ਕੀਤੀ ਸੀ। ਦੋਵਾਂ ਦੇ ਰਿਸ਼ਤੇ ਬਾਰੇ ਜਦੋਂ ਗੀਤਾ ਦੇ ਪਤੀ ਦਿਲੇਸ਼ਵਰ ਦਰਵੇ ਨੂੰ ਲੱਗਾ ਤਾਂ ਉਸ ਨੇ ਮਾਮਲਾ ਪੰਚਾਇਤ ਦੇ ਸਾਹਮਣੇ ਲਿਆਂਦਾ। ਇੱਥੇ ਸਿਕੰਦਰ ਨੇ ਆਪਣੀ ਸੱਸ ਲਈ ਆਪਣੇ ਪਿਆਰ ਨੂੰ ਖੁੱਲ੍ਹ ਕੇ ਕਬੂਲ ਕੀਤਾ। ਪੰਚਾਇਤ ਉਨ੍ਹਾਂ ਦੇ ਵਿਆਹ ਲਈ ਸਹਿਮਤ ਹੋ ਗਈ, ਜਿਸ ਤੋਂ ਬਾਅਦ ਸਿਕੰਦਰ ਅਤੇ ਗੀਤਾ ਨੇ ਵਿਆਹ ਕਰਵਾ ਲਿਆ। ਦਿਲੇਸ਼ਵਰ ਦਰਵੇ ਨੇ ਧੀ ਦਾ ਵਿਆਹ ਕਰੀਬ ਢਾਈ ਦਹਾਕੇ ਪਹਿਲਾਂ ਸਿਕੰਦਰ ਯਾਦਵ ਨਾਲ ਕੀਤਾ ਸੀ, ਜਿਸ ਤੋਂ ਉਸ ਦੇ ਦੋ ਬੱਚੇ ਹਨ। ਵਿਆਹ ਦੇ ਕਈ ਸਾਲਾਂ ਬਾਅਦ ਪਹਿਲੀ ਪਤਨੀ ਦੀ ਮੌਤ ਤੋਂ ਬਾਅਦ ਸਿਕੰਦਰ ਨੇ ਦੂਜਾ ਵਿਆਹ ਕਰ ਲਿਆ, ਜੋ ਜ਼ਿਆਦਾ ਸਮਾਂ ਨਾ ਚੱਲਿਆ। ਇਸ ਮਗਰੋਂ ਉਸ ਨੇ ਆਪਣੀ ਪਹਿਲੀ ਪਤਨੀ ਦੇ ਘਰ ਆਉਣਾ ਸ਼ੁਰੂ ਕਰ ਦਿੱਤਾ ਤੇ ਇਸ ਦੌਰਾਨ ਉਸ ਦਾ ਆਪਣੀ ਸੱਸ ਨਾਲ ਪਿਆਰ ਪੈ ਗਿਆ।

## ਦਿੱਲੀ ਤੇ ਨੋਇਡਾ ਦੇ 100 ਸਕੂਲ ਖਾਲੀ ਕਰਾਉਣੇ ਪਏ



**ਨਵੀਂ ਦਿੱਲੀ** : ਬੁੱਧਵਾਰ ਸਵੇਰੇ ਦਿੱਲੀ ਤੇ ਕੌਮੀ ਰਾਜਧਾਨੀ ਖੇਤਰ ਦੇ ਕਰੀਬ 100 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੇ ਬਾਅਦ ਸਕੂਲਾਂ 'ਚ ਛੁੱਟੀ ਕਰ ਦਿੱਤੀ ਗਈ।

ਮਯੂਰ ਵਿਹਾਰ ਖੇਤਰ 'ਚ ਸਥਿਤ ਮਦਰ ਮੈਰੀ ਸਕੂਲ, ਦਵਾਰਕਾ 'ਚ ਦਿੱਲੀ ਪਬਲਿਕ ਸਕੂਲ, ਚਾਣਕਿਆਪੁਰੀ 'ਚ ਸੰਸਕ੍ਰਿਤੀ ਸਕੂਲ, ਵਸੰਤ ਕੁੰਜ 'ਚ ਦਿੱਲੀ ਪਬਲਿਕ ਸਕੂਲ, ਸਾਕੇਤ 'ਚ ਐਮਿਟੀ ਸਕੂਲ ਅਤੇ ਨੋਇਡਾ ਸੈਕਟਰ 30 'ਚ ਸਥਿਤ ਦਿੱਲੀ ਪਬਲਿਕ ਸਕੂਲਾਂ ਸਣੇ ਕਰੀਬ 100 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਈਮੇਲ ਰਾਹੀਂ ਦਿੱਤੀ ਗਈ। ਬੰਬ ਨੁੰਸ ਕਰਨ ਵਾਲੇ ਦਸਤੇ ਅਤੇ ਫਾਇਰ ਸਰਵਿਸ ਦੇ ਅਧਿਕਾਰੀ ਤੁਰੰਤ ਸਕੂਲਾਂ 'ਚ ਪਹੁੰਚ ਗਏ।

ਦਿੱਲੀ ਪੁਲਸ ਨੇ ਕਿਹਾ ਕਿ ਜਾਂਚ ਵਿਚ ਕੋਈ ਸ਼ੱਕੀ ਚੀਜ਼ ਨਹੀਂ ਮਿਲੀ। ਪੁਲਸ ਸੂਤਰਾਂ ਮੁਤਾਬਕ ਧਮਕੀ ਵਾਲੀ ਈ-ਮੇਲ ਵਿਚ 'ਸਵੈਰਾਇਮ' ਸ਼ਬਦ ਹੈ। ਇਹ ਅਰਬੀ ਸ਼ਬਦ ਦਹਿਸ਼ਤਗਰਦ ਜਥੇਬੰਦੀ ਇਸਲਾਮਿਕ ਸਟੇਟ 2014 ਤੋਂ ਵਰਤ ਰਹੀ ਹੈ। ਇਸ ਸ਼ਬਦ ਦਾ ਮਤਲਬ ਤਲਵਾਰਾਂ ਦਾ ਟਕਰਾਉਣਾ ਹੈ। ਈ-ਮੇਲ ਦਾ ਆਈ ਪੀ ਪਤਾ ਇਕ ਹੈ। ਇਕ ਹੀ ਪੈਟਰਨ ਦੀ ਮੇਲ ਸਾਰੇ ਸਕੂਲਾਂ ਨੂੰ ਭੇਜੀ ਗਈ। ਸਾਈਬਰ ਸੈੱਲ ਮੁਤਾਬਕ ਮੇਲ ਰੂਸੀ ਸਰਵਰ ਤੋਂ ਸਵੇਰੇ 5 ਵੱਜ ਕੇ 36 ਮਿੰਟ 'ਤੇ ਭੇਜੀ ਗਈ ਸੀ। ਮੁਲਜ਼ਮਾਂ ਨੇ ਡਾਰਕ ਨੈੱਟ ਦੀ ਵਰਤੋਂ ਕੀਤੀ, ਤਾਂ ਜੋ ਉਨ੍ਹਾਂ ਦੀ ਪਛਾਣ ਨਾ ਹੋ ਸਕੇ।

## ਗੋਲਡੀ ਆਪ 'ਚ ਸ਼ਾਮਲ



**ਚੰਡੀਗੜ੍ਹ, ਧੂਰੀ (ਗੁਰਜੀਤ ਬਿੱਲਾ, ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਕਾਂਗਰਸ ਆਗੂ ਦਲਵੀਰ ਸਿੰਘ ਗੋਲਡੀ ਬੁੱਧਵਾਰ ਕਾਂਗਰਸ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿਖੇ ਆਪਣੀ ਰਿਹਾਇਸ਼ 'ਤੇ ਗੋਲਡੀ ਨੂੰ ਪਾਰਟੀ 'ਚ ਸ਼ਾਮਲ ਕਰਵਾਇਆ। ਇਸ ਮੌਕੇ ਲੋਕ ਸਭਾ ਹਲਕਾ ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਵੀ ਮੌਜੂਦ ਸਨ। ਸਾਬਕਾ ਵਿਧਾਇਕ ਗੋਲਡੀ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਹਲਕਾ ਧੂਰੀ ਤੋਂ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਕਾਂਗਰਸ ਦੀ ਟਿਕਟ 'ਤੇ ਚੋਣ ਲੜੇ ਸਨ ਪਰ ਹਾਰ ਗਏ ਸਨ। ਗੋਲਡੀ ਨੂੰ ਵਿਧਾਨ ਸਭਾ ਚੋਣਾਂ 'ਚ ਧੂਰੀ ਤੋਂ 24 ਹਜ਼ਾਰ ਤੋਂ ਵੱਧ ਵੋਟਾਂ ਪਈਆਂ ਸਨ। ਉਹ ਸੰਗਰੂਰ ਲੋਕ ਸਭਾ ਹਲਕੇ ਤੋਂ ਉਨ੍ਹਾ ਦੀ ਥਾਂ ਸੁਖਪਾਲ ਸਿੰਘ ਖਹਿਰਾ ਨੂੰ ਕਾਂਗਰਸੀ ਉਮੀਦਵਾਰ ਬਣਾਉਣ ਤੋਂ ਨਾਰਾਜ਼ ਸਨ।

## ਵੋਟਾਂ ਦਾ ਘਾਲਾਮਾਲਾ!

**ਨਵੀਂ ਦਿੱਲੀ** : ਲੋਕ ਸਭਾ ਚੋਣਾਂ ਦੇ ਪਹਿਲੇ ਤੇ ਦੂਜੇ ਗੇੜ ਵਿਚ ਹੋਈ ਪੋਲਿੰਗ ਦੇ ਅੰਕੜੇ ਜਾਰੀ ਕਰਨ ਵਿਚ ਚੋਣ ਕਮਿਸ਼ਨ ਵੱਲੋਂ ਲਾਈ ਗਈ ਦੇਰ ਨੇ ਆਪੋਜ਼ੀਸ਼ਨ ਪਾਰਟੀਆਂ ਨੂੰ ਚਿੰਤਤ ਕਰ ਦਿੱਤਾ ਹੈ। ਪਹਿਲੇ ਗੇੜ ਦੀ ਪੋਲਿੰਗ 19 ਜੁਲਾਈ ਤੇ ਦੂਜੇ ਗੇੜ ਦੀ ਪੋਲਿੰਗ 26 ਅਪ੍ਰੈਲ ਨੂੰ ਹੋਈ ਸੀ ਤੇ ਚੋਣ ਕਮਿਸ਼ਨ ਨੇ ਦੋਹਾਂ ਦੇ ਅੰਕੜੇ 30 ਅਪ੍ਰੈਲ ਨੂੰ ਜਾਰੀ ਕੀਤੇ। ਜਾਰੀ ਅੰਕੜਿਆਂ ਮੁਤਾਬਕ ਪਹਿਲੇ ਗੇੜ ਵਿਚ 66.14 ਫੀਸਦੀ ਪੋਲਿੰਗ ਹੋਈ, ਜੋ ਕਿ 2019 ਦੇ ਪਹਿਲੇ ਗੇੜ ਨਾਲੋਂ ਲੱਗਭੱਗ 4 ਫੀਸਦੀ ਘੱਟ ਸੀ। ਦੂਜੇ ਗੇੜ ਵਿਚ 66.71 ਫੀਸਦੀ ਪੋਲਿੰਗ ਹੋਈ, ਜੋ ਕਿ 2019 ਦੇ ਦੂਜੇ ਗੇੜ ਨਾਲੋਂ ਲੱਗਭੱਗ 3 ਫੀਸਦੀ ਘੱਟ ਸੀ।

ਕਾਂਗਰਸ, ਸੀ ਪੀ ਆਈ (ਐੱਮ) ਤੇ ਤ੍ਰਿਣਮੂਲ ਕਾਂਗਰਸ ਨੇ ਚੋਣ ਕਮਿਸ਼ਨ ਵੱਲੋਂ ਦੇਰੀ ਨਾਲ ਅੰਕੜੇ ਜਾਰੀ ਕਰਨ 'ਤੇ ਸਵਾਲ ਉਠਾਏ ਹਨ। ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਸੀਤਾ ਰਾਮ ਯੇਚੁਰੀ ਨੇ ਹਰੇਕ ਹਲਕੇ ਵਿਚ ਪਈਆਂ ਵੋਟਾਂ ਦੇ ਸਪੱਸ਼ਟ ਅੰਕੜੇ ਨਾ ਦੱਸਣ 'ਤੇ ਚਿੰਤਾ ਜਤਾਈ ਹੈ। ਉਨ੍ਹਾ ਕਿਹਾ ਹੈ ਕਿ ਅਸਲ ਅੰਕੜੇ ਦੱਸੇ ਜਾਣੇ ਚਾਹੀਦੇ ਸੀ, ਫੀਸਦ ਦੱਸਣ ਦਾ ਕੋਈ ਮਤਲਬ ਨਹੀਂ। ਉਨ੍ਹਾ ਤੌਖਲਾ ਪ੍ਰਗਟ ਕੀਤਾ ਹੈ ਕਿ ਗਿਣਤੀ ਵੇਲੇ ਹੇਰਾਫੇਰੀ ਹੋ ਸਕਦੀ ਹੈ। ਯੇਚੁਰੀ ਨੇ ਕਿਹਾ ਕਿ 2014 ਤੱਕ ਵੋਟ ਪਾਉਣ ਵਾਲਿਆਂ ਦੀ ਕੁਲ ਗਿਣਤੀ ਚੋਣ ਕਮਿਸ਼ਨ ਦੀ ਵੈੱਬਸਾਈਟ 'ਤੇ ਮਿਲਦੀ ਰਹੀ ਹੈ।

ਸਮਾਜੀ ਕਾਰਕੁੰਨ ਤੇ ਸਿਆਸਤਦਾਨ ਯੋਗੇਂਦਰ ਯਾਦਵ ਨੇ ਵੀ ਕੁਲ ਗਿਣਤੀ ਨਾ ਦੱਸਣ 'ਤੇ ਚਿੰਤਾ ਜ਼ਾਹਰ ਕਰਦਿਆਂ ਇਸ ਨੂੰ ਅਸਾਧਾਰਨ ਦੱਸਿਆ ਹੈ। ਮਸ਼ਹੂਰ ਚੋਣ ਵਿਸ਼ਲੇਸ਼ਕ ਰਹਿ ਚੁੱਕੇ ਯਾਦਵ ਨੇ ਕਿਹਾ ਹੈ-ਮੈਂ 35 ਸਾਲ ਤੋਂ ਭਾਰਤੀ ਚੋਣਾਂ ਦੇਖ ਕੇ ਉਨ੍ਹਾਂ ਦਾ ਅਧਿਐਨ ਕਰਦਾ ਆਇਆ ਹਾਂ, ਜਦਕਿ ਪੋਲਿੰਗ ਵਾਲੀ ਸ਼ਾਮ ਦੇ ਅੰਕੜੇ ਤੇ ਅੰਤਮ ਅੰਕੜੇ ਵਿਚਾਲੇ 3 ਤੋਂ 5 ਫੀਸਦੀ ਦਾ ਫਰਕ ਅਸਾਧਾਰਨ ਨਹੀਂ ਹੁੰਦਾ, ਸਾਨੂੰ ਅੰਕੜੇ 24 ਘੰਟਿਆਂ ਵਿਚ ਮਿਲ ਜਾਂਦੇ ਸਨ। ਉਨ੍ਹਾ ਵੋਟਰਾਂ ਦੀ ਗਿਣਤੀ ਨਾਲ ਦੱਸਣ 'ਤੇ ਕਿੰਤੂ ਕੀਤਾ ਹੈ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਚੋਣ ਕਮਿਸ਼ਨ ਅਸਲ ਅੰਕੜੇ ਜਾਰੀ ਕਰੇ। ਪਹਿਲੀ ਵਾਰ ਹੈ ਕਿ 11 ਦਿਨਾਂ ਬਾਅਦ ਵੀ ਅਸਲ ਅੰਕੜੇ ਨਹੀਂ ਦੱਸੇ ਗਏ। ਪਹਿਲਾਂ ਪੋਲਿੰਗ ਤੋਂ 24 ਘੰਟਿਆਂ ਵਿਚ ● ਬਾਕੀ ਸਫ਼ਾ 2 'ਤੇ

## ਕੋਵੀਸ਼ੀਲਡ ਮਾਮਲੇ ਦੀ ਨਿਆਂਇਕ ਜਾਂਚ ਹੋਵੇ : ਅਖਿਲੇਸ਼

**ਲਖਨਊ** : ਕੋਵੀਸ਼ੀਲਡ ਵੈਕਸੀਨ ਦੇ 'ਮਾੜੇ ਪ੍ਰਭਾਵ' ਬਾਰੇ ਵਿਵਾਦ ਕਾਰਨ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਬੁੱਧਵਾਰ ਦੋਸ਼ ਲਾਇਆ ਕਿ ਸੱਤਾਧਾਰੀ ਪਾਰਟੀ ਨੇ ਲੋਕਾਂ ਦੀਆਂ ਜਾਨਾਂ ਨੂੰ ਖਤਰੇ 'ਚ ਪਾ ਕੇ ਟੀਕਾ ਨਿਰਮਾਤਾ ਤੋਂ ਸਿਆਸੀ ਚੰਦਾ ਇਕੱਠਾ ਕੀਤਾ ਹੈ ਅਤੇ ਇਸ ਦੀ ਉੱਚ ਪੱਧਰੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾ ਇਹ ਵੀ ਕਿਹਾ ਕਿ ਅਜਿਹੀਆਂ 'ਘਾਤਕ' ਦਵਾਈਆਂ ਦੀ ਇਜਾਜ਼ਤ ਦੇਣਾ ਕਿਸੇ ਦੇ ਕਤਲ ਦੀ ਸਾਜ਼ਿਸ਼ ਦੇ ਬਰਾਬਰ ਹੈ ਅਤੇ ਇਸ ਲਈ ਜ਼ਿੰਮੇਦਾਰ ਵਿਅਕਤੀਆਂ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ। ਯਾਦਵ ਨੇ ਕਿਹਾ ਕਿ ਪ੍ਰਤੀ ਵਿਅਕਤੀ ਦੋ ਟੀਕਿਆਂ ਦੀ ਦਰ ਨਾਲ ਲੱਗਭੱਗ 80 ਕਰੋੜ ਭਾਰਤੀਆਂ ਨੂੰ ਕੋਵੀਸ਼ੀਲਡ ਵੈਕਸੀਨ ਦਿੱਤੀ ਗਈ ਹੈ, ਜਿਸ ਦਾ ਅਸਲ ਫਾਰਮੂਲਾ ਬਣਾਉਣ ਵਾਲੀ ਕੰਪਨੀ ਨੇ ਕਿਹਾ ਹੈ ਕਿ ਇਸ ਨਾਲ ਦਿਲ ਦਾ ਦੌਰਾ ਪੈ ਸਕਦਾ ਹੈ। ਜਿਹੜੇ ਲੋਕ ਟੀਕੇ ਦੇ ਮਾੜੇ ਪ੍ਰਭਾਵ ਕਾਰਨ ਆਪਣੇ ਅਜੀਜ਼ਾਂ ਨੂੰ ਗੁਆ ਚੁੱਕੇ ਹਨ ਜਾਂ ਜਿਨ੍ਹਾਂ ਨੂੰ ਟੀਕੇ ਦੇ ਮਾੜੇ ਪ੍ਰਭਾਵ ਦਾ ਖਦਸ਼ਾ ਸੀ, ਉਨ੍ਹਾਂ ਦੇ ਸ਼ੱਕ ਅਤੇ ਡਰ ਹੁਣ ਸਹੀ ਸਾਬਤ ਹੋਏ ਹਨ।

## 'ਨਵਾਂ ਜ਼ਮਾਨਾ' ਨੂੰ ਸਹਾਇਤਾ



**ਸਮਰਾਲਾ (ਸੁਰਜੀਤ ਸਿੰਘ)** : 'ਨਵਾਂ ਜ਼ਮਾਨਾ' ਦੇ ਪੁਰਾਣੇ ਪਾਠਕ ਅਤੇ ਪ੍ਰਸ਼ੰਸਕ ਹਰਜਿੰਦਰਪਾਲ ਸਿੰਘ ਨੇ ਆਪਣੀ ਮਾਤਾ ਮਰਹੂਮ ਬੀਬੀ ਮਲਕੀਤ ਕੌਰ ਸੁਪਤਨੀ ਮਰਹੂਮ ਪ੍ਰੋਫੈਸਰ ਗੁਰਦਿਆਲ ਸਿੰਘ ਸ਼ਹੀਦ ਭਗਤ ਸਿੰਘ ਨਗਰ ਦੀ ਨਿੱਘੀ ਅਤੇ ਸਦੀਵੀ ਯਾਦ ਵਿੱਚ ਉਹਨਾ ਦੀ ਪੰਜਵੀਂ ਬਰਸੀ (2 ਮਈ) 'ਤੇ 'ਨਵਾਂ ਜ਼ਮਾਨਾ' ਲਈ 2000 ਰੁਪਏ ਵਿੱਤੀ ਸਹਾਇਤਾ ਭੇਜੀ ਹੈ।

## ਸ਼ੁਬਨੀ ਬਾਸੂ ਸਨਮਾਨਤ



**ਲੰਡਨ** : ਕੋਲਕਾਤਾ 'ਚ ਜਨਮੀ ਇਤਿਹਾਸਕਾਰ-ਲੇਖਿਕਾ ਸ਼ੁਬਨੀ ਬਾਸੂ ਨੂੰ ਸਾਹਿਤ ਦੇ ਖੇਤਰ 'ਚ ਯੋਗਦਾਨ ਅਤੇ ਸਾਂਝੇ ਬ੍ਰਿਟਿਸ਼-ਭਾਰਤੀ ਇਤਿਹਾਸ ਦੇ ਅਧਿਐਨ ਲਈ ਲੰਡਨ ਯੂਨੀਵਰਸਿਟੀ ਵੱਲੋਂ ਆਨਰੇਰੀ ਡਾਕਟਰੇਟ ਨਾਲ ਸਨਮਾਨਤ ਕੀਤਾ ਗਿਆ ਹੈ। ਸਭ ਤੋਂ ਵੱਧ ਵਿਕਣ ਵਾਲੀਆਂ ਜੀਵਨੀਆਂ ਸੰਬੰਧੀ ਕਿਤਾਬਾਂ 'ਸਪਾਈ ਪ੍ਰਿੰਸੈਸ : ਦਿ ਲਾਈਫ ਆਫ ਨੂਰ ਇਨਾਇਤ ਖਾਨ' ਅਤੇ 'ਵਿਕਟੋਰੀਆ ਐਂਡ ਅਬਦੁਲ : ਦਿ ਟਰੂ ਸਟੋਰੀ ਆਫ ਦਿ ਕਵੀਨਜ਼ ਕਲੋਜ਼ਸਟ ਕਨਫੀਡੈਂਟ' ਦੀ ਲੇਖਿਕਾ ਬਾਸੂ ਨੇ ਕਾਨਵੋਕੇਸ਼ਨ ਸਮਾਰੋਹ 'ਚ 'ਡਾਕਟਰ ਆਫ ਲਿਟਰੇਚਰ' ਦੀ ਆਨਰੇਰੀ ਡਿਗਰੀ ਪ੍ਰਾਪਤ ਕੀਤੀ।

'ਵਿਕਟੋਰੀਆ ਐਂਡ ਅਬਦੁਲ : ਦਿ ਟਰੂ ਸਟੋਰੀ ਆਫ ਦਿ ਕਵੀਨਜ਼ ਕਲੋਜ਼ਸਟ ਕਨਫੀਡੈਂਟ' 'ਤੇ ਫਿਲਮ ਵੀ ਬਣੀ ਸੀ, ਜੋ ਆਸਕਰ ਲਈ ਨਾਮਜ਼ਦ ਹੋਈ ਸੀ। ਬਰਤਾਨੀਆ ਦੇ ਰਾਜਾ ਚਾਰਲਸ ਦੀ ਭੈਣ ਰਾਜਕੁਮਾਰੀ ਐਨੀ ਨੇ ਯੂਨੀਵਰਸਿਟੀ ਦੇ ਚਾਂਸਲਰ ਦੇ ਤੌਰ 'ਤੇ ਬਾਸੂ ਨੂੰ ਇਹ ਡਿਗਰੀ ਪ੍ਰਦਾਨ ਕੀਤੀ।

## ਅਮਰੀਕੀ 'ਵਰਸਿਟੀ 'ਚੋਂ ਫਲਸਤੀਨੀ ਹਮਾਇਤੀ ਚੁੱਕੇ

**ਨਿਊਯਾਰਕ** : ਪੁਲਸ ਨੇ ਮੰਗਲਵਾਰ ਰਾਤ ਨਿਊਯਾਰਕ 'ਚ ਕੋਲੰਬੀਆ ਯੂਨੀਵਰਸਿਟੀ ਦੇ ਹੈਮਿਲਟਨ ਹਾਲ 'ਚ ਇਕੱਠੇ ਹੋਏ 30 ਤੋਂ 40 ਫਲਸਤੀਨ ਸਮਰਥਕ ਪ੍ਰਦਰਸ਼ਨਕਾਰੀਆਂ ਨੂੰ ਚੁੱਕ ਲਿਆ। ਯੂਨੀਵਰਸਿਟੀ ਦੇ ਪ੍ਰਧਾਨ ਨੇ ਕਿਹਾ ਕਿ ਕੈਂਪਸ 'ਚ ਸੁਰੱਖਿਆ ਵਿਵਸਥਾ ਬਹਾਲ ਕਰਨ ਲਈ ਕੋਈ ਹੋਰ ਚਾਰਾ ਨਹੀਂ ਸੀ ਅਤੇ ਉਨ੍ਹਾਂ ਨੇ ਪੁਲਸ ਵਿਭਾਗ ਤੋਂ ਮਦਦ ਮੰਗੀ, ਜਿਸ ਤੋਂ ਬਾਅਦ ਨਿਊਯਾਰਕ ਪੁਲਸ ਦੇ ਅਧਿਕਾਰੀਆਂ ਨੇ ਇਹ ਕਾਰਵਾਈ ਕੀਤੀ। ਪ੍ਰਦਰਸ਼ਨਕਾਰੀਆਂ ਨੇ ਯੂਨੀਵਰਸਿਟੀ ਦੇ ਮੈਦਾਨ 'ਚ ਟੈਂਟ ਲਾ ਕੇ ਪ੍ਰਦਰਸ਼ਨ ਕਰਦੇ ਹੋਏ ਇਮਾਰਤ 'ਤੇ ਕਬਜ਼ਾ ਕਰ ਲਿਆ ਸੀ।

## ਅੱਜ-ਨਾਮਾ

ਪ੍ਰਧਾਨ ਮੰਤਰੀ ਕਹਿੰਦਾ ਕੁਝ ਹੋਰ ਸੁਣਿਆ,
ਰੱਖਿਆ ਮੰਤਰੀ ਕਹਿੰਦਾ ਪਿਆ ਹੋਰ ਬੇਲੀ।
ਗ੍ਰਹਿ ਮੰਤਰੀ ਜਿਹੜੀ ਪਿਆ ਗੱਲ ਕਹਿੰਦਾ,
ਉਸ ਦੀ ਬਾਤ ਵਿੱਚ ਹੋਰ ਕੁਝ ਜ਼ੋਰ ਬੇਲੀ।
ਢਾਣੀ ਚੇਲਿਆਂ ਦੀ ਰਾਗ ਪਈ ਹੋਰ ਕੱਢਦੀ,
ਮਤਲਬ ਕੋਈ ਨਾ, ਸਿਰਫ ਆ ਸ਼ੋਰ ਬੇਲੀ।
ਜਾਪਦਾ ਤਾਲ ਨਾ ਮੇਲ ਜਿਹਾ ਸਾਰਿਆਂ ਦਾ,
ਚੜ੍ਹਿਆ ਸਾਰਿਆਂ ਨੂੰ ਵਾਧੂ ਦਾ ਲੋਰ ਬੇਲੀ।
ਏਸੇ ਲੋਰ ਵਿੱਚ ਖਬਰ ਪਈ ਨਵੀਂ ਬਣਦੀ,
ਮੁੱਦੇ ਮੀਡੀਏ ਨੂੰ ਮਿਲਦੇ ਈ ਗਰਮ ਬੇਲੀ।
ਪਹਿਲੇ ਭਰਮ ਦਾ ਜਾਲਾ ਨਹੀਂ ਸਾਫ ਹੁੰਦਾ,
ਨਵਾਂ ਫੈਲ ਜਾਂਦਾ ਫਿਰ ਕੋਈ ਭਰਮ ਬੇਲੀ।

-ਤੀਸ ਮਾਰ ਖਾਂ

## ਗੁਰਦਿਆਲ ਦੇ ਹੱਕ 'ਚ ਦੋਵਾਂ ਕਮਿਊਨਿਸਟ ਪਾਰਟੀਆਂ ਦੀ ਸਾਂਝੀ ਮੀਟਿੰਗ



**ਤਰਨ ਤਾਰਨ** : ਬੁੱਧਵਾਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਦੀ ਚੋਣ ਮੁਹਿੰਮ ਨੂੰ ਤੇਜ਼ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੀ ਸਾਂਝੀ ਮੀਟਿੰਗ ਰਾਮਗੜ੍ਹੀਆ ਬੁੰਗਾ ਵਿਖੇ ਹੀਰਾ ਸਿੰਘ ਕੰਡਿਆਂ ਵਾਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੀ ਪੀ ਆਈ ਐੱਮ ਤੇ ਸੀ ਪੀ ਆਈ ਦੇ ਆਗੂਆਂ ਮੇਜਰ ਸਿੰਘ ਦਰਾਜਕੇ ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਲਈ ਦੋਵਾਂ ਕਮਿਊਨਿਸਟ ਪਾਰਟੀਆਂ ਵਲੋਂ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਨੂੰ ਉਮੀਦਵਾਰ ਬਣਾਇਆ ਗਿਆ ਹੈ। ਦੋਵੇਂ ਕਮਿਊਨਿਸਟ ਪਾਰਟੀਆਂ ਆਪਣੇ ਸਾਰੇ ਕੇਡਰ ਸਮੇਤ ਮੁਹਿੰਮ ਚਲਾ ਕੇ ਲੋਕਾਂ ਨੂੰ ਅਪੀਲ ਕਰਨਗੀਆਂ ਕਿ ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਲੋਕਾਂ ਦੀ ਵੋਟ ਦਾ ਹੱਕਦਾਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਹੈ, ਕਿਉਂਕਿ ਕਮਿਊਨਿਸਟ ਪਾਰਟੀਆਂ ਦੀਆਂ ਨੀਤੀਆਂ ਅਨੁਸਾਰ ਇਹ ਵਿਅਕਤੀ ਹਰ ਵਕਤ ਬਿਨਾਂ ਕਿਸੇ ਲਾਲਚ ਦੇ ਲੋਕ ਹੱਕਾਂ ਲਈ ਸੰਘਰਸ਼ਸ਼ੀਲ ਰਹਿੰਦਾ ਹੈ। ਇਸ ਮੌਕੇ ਫੈਸਲਾ ਕੀਤਾ ਗਿਆ ਕਿ ਚੋਣ ਮੁਹਿੰਮ ਭਖਾਉਣ ਲਈ ਤਰਨ ਤਾਰਨ ਵਿਖੇ 12 ਮਈ, ਭਿੱਖੀਵਿੰਡ 13 ਨੂੰ, ਹਰੀਕੇ 14 ਅਤੇ ਖਡੂਰ ਸਾਹਿਬ 15 ਨੂੰ ਸਾਂਝੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ।

ਇਸ ਮੌਕੇ ਉਮੀਦਵਾਰ ਕਾਮਰੇਡ ਗੁਰਦਿਆਲ ਸਿੰਘ ਤੋਂ ਇਲਾਵਾ ਇੰਦਰਜੀਤ ਸਿੰਘ ਮਰਹਾਣਾ, ਦਵਿੰਦਰ ਸੋਹਲ, ਤਾਰਾ ਸਿੰਘ ਖਹਿਰਾ, ਸੁਖਦੇਵ ਸਿੰਘ ਗੋਹਲਵੜ, ਜਸਵਿੰਦਰ ਸਿੰਘ ਮਾਨੋਚਾਹਲ, ਸੀਮਾ ਸੋਹਲ, ਅਜਮੇਰ ਸਿੰਘ ਤੇ ਬਲਕਾਰ ਸਿੰਘ ਵਲਟੋਹਾ ਵੀ ਮੌਜੂਦ ਸਨ।

## ਬਜ਼ੁਰਗ ਔਰਤ ਦੇ ਕਤਲ 'ਚ 2 ਪੋਤਿਆਂ ਸਣੇ 3 ਗ੍ਰਿਫਤਾਰ

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**-ਐੱਸ ਐੱਸ ਪੀ ਫਾਜ਼ਿਲਕਾ ਡਾ: ਪ੍ਰਗਿਆ ਜੈਨ ਨੇ ਦੱਸਿਆ ਕਿ ਕੌਸ਼ੱਲਿਆ ਬਾਈ (82) ਦੇ ਪਿੰਡ ਆਲਮਸ਼ਾਹ 'ਚ ਉਸ ਦੇ ਘਰ 'ਚ ਕਤਲ ਦੇ ਸੰਬੰਧ 'ਚ ਸੁਖਚੈਨ ਸਿੰਘ, ਨਰੇਸ਼ ਸਿੰਘ ਅਤੇ ਰਮਨਦੀਪ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਨ੍ਹਾਂ ਵਿਚੋਂ ਸੁਖਚੈਨ ਸਿੰਘ ਅਤੇ ਨਰੇਸ਼ ਸਿੰਘ ਮ੍ਰਿਤਕਾ ਦੇ ਪੋਤੇ ਹਨ ਅਤੇ ਤੀਜਾ ਉਨ੍ਹਾਂ ਦੀ ਮਾਸੀ ਦਾ ਮੁੰਡਾ ਹੈ।

ਉਨ੍ਹਾ ਦੱਸਿਆ ਕਿ ਇਹਨਾਂ ਜ਼ਮੀਨ ਨੂੰ ਲੈ ਕੇ ਬਜ਼ੁਰਗ ਔਰਤ ਦਾ ਕਤਲ ਕਰ ਦਿੱਤਾ। ਮ੍ਰਿਤਕਾ ਦੇ ਨਾਂਅ ਜ਼ਮੀਨ ਸੀ, ਜਿਸ ਨੂੰ ਉਸ ਦੇ ਪੋਤੇ ਲੈਣਾ ਚਾਹੁੰਦੇ ਸਨ। ਇਸ ਕਾਰਨ ਉਨ੍ਹਾਂ ਵੱਲੋਂ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ।

ਇਸ ਤੋਂ ਪਹਿਲਾਂ ਮ੍ਰਿਤਕਾ ਦੇ ਪੁੱਤਰ ਬਲਵਿੰਦਰ ਸਿੰਘ ਵੱਲੋਂ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਗਿਆ ਸੀ ਕਿ ਉਸ ਦੇ ਦੋ ਲੜਕੇ ਹਨ, ਜਿਨ੍ਹਾਂ ਵਿੱਚ ਵੱਡਾ ਪੁੱਤਰ ਹਰਮੇਸ਼ ਸਿੰਘ ਫੌਜ ਵਿੱਚ ਨੌਕਰੀ ਕਰਦਾ ਹੈ ਅਤੇ ਛੋਟਾ ਨਰੇਸ਼ ਸਿੰਘ ਬੀ ਏ ਦੀ ਪੜ੍ਹਾਈ ਕਰ ਰਿਹਾ ਹੈ। ਉਹ ਆਪਣੇ ਦੋਸਤ ਜਗਮੀਤ ਸਿੰਘ ਦੇ ਜਨਮ ਦਿਨ ਦੀ ਪਾਰਟੀ ਵਿੱਚ ਗਿਆ ਹੋਇਆ ਸੀ, ਜੋ ਦੇਰ ਰਾਤ ਘਰ ਆਇਆ ਅਤੇ ਆਪਣੀ ਮਾਂ ਦੇ ਕਮਰੇ ਵਿੱਚ ਸੁੱਤਾ ਪਿਆ ਸੀ। ਜਦੋਂ ਉਹ ਸਵੇਰੇ 6:00 ਵਜੇ ਉੱਠਿਆ, ਆਪਣੀ ਮਾਤਾ ਕੌਸ਼ੱਲਿਆ ਬਾਈ ਦਾ ਪੱਖਾ ਬੰਦ ਕਰਕੇ ਉਸ ਦੇ ਮੂੰਹ ਤੋਂ ਕੱਪੜਾ ਹਟਾਇਆ ਤਾਂ ਦੇਖਿਆ ਕਿ ਉਸ ਦੇ ਕੰਨਾਂ ਦੀਆਂ ਵਾਲੀਆਂ ਗਾਇਬ ਸਨ। ਇਸ ਤੋਂ ਇਲਾਵਾ ਗਰਦਨ 'ਤੇ ਸੱਟ ਦੇ ਨਿਸ਼ਾਨ ਸਨ ਅਤੇ ਉਹ ਮ੍ਰਿਤਕ ਪਈ ਸੀ। ਥਾਣਾ ਸਦਰ ਫਾਜ਼ਿਲਕਾ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਲੁੱਟ-ਖੋਹ ਕਰਨ ਦੇ ਦੋਸ਼ 'ਚ ਧਾਰਾ 460 ਤਹਿਤ ਮਾਮਲਾ ਦਰਜ ਕੀਤਾ ਸੀ। ਜਾਂਚ ਦੌਰਾਨ ਕਤਲ ਦਾ ਭੇਦ ਖੁੱਲ੍ਹ ਗਿਆ।

## ਹੰਸ ਰਾਜ ਹੰਸ ਦੀ ਹੋਵੇਗੀ ਵੱਡੀ ਜਿੱਤ : ਪੰਨਾ ਲਾਲ ਜੈਨ



**ਜੈਤੋ (ਸਤੀਸ਼ ਕੁਮਾਰ ਭੀਰੀ)** ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪੰਨਾ ਲਾਲ ਜੈਨ ਨੇ ਫ਼ਰੀਦਕੋਟ ਲੋਕ ਸਭਾ ਤੋਂ ਭਾਜਪਾ ਉਮੀਦਵਾਰ ਉੱਘੇ ਗਾਇਕ ਤੇ ਪਦਮ ਸ਼੍ਰੀ ਹੰਸ ਰਾਜ ਹੰਸ ਲਈ ਵੱਡੀ ਜਿੱਤ ਦਾ ਦਾਅਵਾ ਕੀਤਾ।ਜੈਨ ਨੇ ਕਿਹਾ ਕਿ ਹੰਸ ਰਾਜ ਹੰਸ ਦੇ ਇਲਾਕੇ ਵਿੱਚ ਤੂਫ਼ਾਨੀ ਦੌਰੇ ਤੇ ਪਹਿਲਾਂ ਤੋਂ ਹੀ ਉਨ੍ਹਾਂ ਦੀ ਇੱਕ ਦਰਵੇਸ਼ ਸਿਆਸਤਦਾਨ ਵਾਲੀ ਛਵੀ ਹੋਣ ਕਰਕੇ ਲੋਕ ਸਭਾ ਦੇ ਸਮੁੱਚੇ ਵਿਧਾਨ ਸਭਾ ਹਲਕਿਆਂ ਵਿੱਚ ਭਾਰੀ ਹੁੰਗਾਰਾ ਮਿਲ ਰਿਹਾ ਹੈ।ਪੰਨਾ ਲਾਲ ਜੈਨ ਨੇ ਕਿਹਾ ਕਿ ਅਜ਼ਾਦੀ ਤੋਂ ਬਾਅਦ ਤਤਕਾਲੀ ਸਰਕਾਰਾਂ ਵੱਲੋਂ ਅਯੁੱਧਿਆ ਵਿਖੇ ਰਾਮ ਮੰਦਰ ਦੇ ਮੁੱਦੇ ਨੂੰ ਲਟਕਾਉਣਾ ਤੇ ਮੋਦੀ ਸਰਕਾਰ ਵੱਲੋਂ ਇਸਦਾ ਹੱਲ ਕਰਨਾ ਤੇ ਦੂਜਾ ਹੰਕਾਰੇ ਗਵਾਂਢੀ ਮੁਲਕਾਂ ਚੀਨ ਅਤੇ ਪਾਕਿਸਤਾਨ ਨੂੰ ਠਿੱਬੀ ਲਾਉਣ ਦਾ ਜਾਦੂ ਲੋਕਾਂ ਦੇ ਮਨਾਂ ਵਿੱਚ ਨਿਵਾਸ ਕਰ ਚੁੱਕਾ ਹੈ ਤੇ ਜਿਸ ਕਰਕੇ ਮੋਦੀ ਦਾ ਜਾਦੂ ਲੋਕਾਂ ਦੇ ਸਿਰ ਚੜ੍ਹਕੇ ਬੋਲ ਰਿਹਾ ਹੈ।

## 15 ਦਿਨ 'ਚ ਵੀਜ਼ਾ ਲਵਾਇਆ

**ਬਾਘਾਪੁਰਾਣਾ (ਮਨੀ ਸਿੰਗਲਾ)** ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਵੱਲੋਂ ਇਨਾਇਤ ਸੋਨੀ ਉਮਰ ਛੇ ਮਹੀਨੇ ਪੁੱਤਰੀ ਹਰਦੀਪ ਸੋਨੀ ਕੋਠੇ ਨਿਗਾਹਾ ਲੰਗੇਆਣਾ ਵਾਲੇ ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਸਿਰਫ 15 ਦਿਨਾਂ ਵਿੱਚ ਲਵਾ ਕੇ ਦਿੱਤੈ।ਇਸ ਮੌਕੇ ਇਨਾਇਤ ਸੋਨੀ ਦੇ ਪਰਵਾਰ ਵੱਲੋਂ ਸੰਸਥਾ ਦੇ ਹੈੱਡ ਦੇਵਾਸ਼ ਗੋਇਲ ਦਾ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਦੇ ਮਿਹਨਤੀ ਸਟਾਫ਼ ਦੀ ਤਾਰੀਫ਼ ਕੀਤੀ।

## ਮਦਰ ਟਰੇਸਾ ਸਕੂਲ ਦੇ ਬੱਚਿਆਂ ਨੇ ਲਏ ਚੰਗੇ ਅੰਕ

**ਮੂਨਕ (ਰਾਜਪਾਲ ਸਿੰਗਲਾ)** ਪਿੰਡ ਬੁਸਹੈਰਾ ਦੇ ਮਦਰ ਟੈਰੇਸਾ ਸਕੂਲ ਦੇ ਅੱਠਵੀਂ ਕਲਾਸ ਦੇ ਬੱਚਿਆਂ ਨੇ ਚੰਗੇ ਨੰਬਰ ਹਾਸਲ ਕਰਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੀ ਚੇਅਰਮੈਨ ਰਜਨੀ ਬਾਲਾ ਨੇ ਦੱਸਿਆ ਕਿ ਅੱਠਵੀਂ ਕਲਾਸ ਦੇ ਵਿੱਚੋਂ ਪਾਰਲ ਗੋਇਲ ਪੁੱਤਰੀ ਪ੍ਰਿਸ ਗੋਇਲ ਨੇ 600 ਵਿੱਚੋਂ 558 ਅੰਕ ਪ੍ਰਾਪਤ ਕੀਤੇ।ਇਸੀ ਤਰ੍ਹਾਂ ਗਗਨਦੀਪ ਕੌਰ ਪੁੱਤਰੀ ਸੁਰਿੰਦਰ ਸਿੰਘ 600 ਚੋਂ 550 ਅੰਕ ਪ੍ਰਾਪਤ ਕੀਤੇ।ਹਰਜੋਤ ਕੌਰ ਪੁੱਤਰੀ ਸੱਤਪਾਲ ਸਿੰਘ ਨੇ 600 ਚੋ 540 ਨੰਬਰ ਹਾਸਲ ਕੀਤੇ ਹਨ।ਇਸ ਬੱਚਿਆਂ ਦੀ ਕਾਮਯਾਬੀ ਵਿੱਚ ਜਿੱਥੇ ਮਿਹਨਤੀ ਸਟਾਫ਼ ਦਾ ਯੋਗਦਾਨ ਹੈ, ਉੱਥੇ ਪਰਵਾਰ ਦਾ ਵੀ ਅਹਿਮ ਯੋਗਦਾਨ ਰਿਹਾ ਹੈ।ਇਨ੍ਹਾਂ ਬੱਚਿਆਂ ਨੇ ਚੰਗੇ ਨੰਬਰ ਹਾਸਲ ਕੀਤੇ ਹਨ।ਉਨ੍ਹਾਂ ਕਿਹਾ ਬੱਚਿਆਂ ਦੀ ਮਿਹਨਤ ਵਿੱਚ ਅਧਿਆਪਕਾਂ ਦੇ ਨਾਲ ਨਾਲ ਪਰਵਾਰ ਦਾ ਅਹਿਮ ਯੋਗਦਾਨ ਹੁੰਦਾ ਹੈ।

## ਬੀ ਐੱਸ ਐੱਫ ਤੇ ਪੰਜਾਬ ਪੁਲਸ ਵੱਲੋਂ ਦੋ ਪਿਸਟਲ ਬਰਾਮਦ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਥਾਣਾ ਖਾਲੜਾ ਅਧੀਨ ਆਉਂਦੇ ਪਿੰਡ ਕਲਸੀਆਂ ਤੋਂ ਸਾਂਝੇ ਸਰਚ ਅਪਰੇਸ਼ਨ ਦੌਰਾਨ ਬੀਐੱਸਐੱਫ ਤੇ ਪੰਜਾਬ ਪੁਲਸ ਨੇ ਦੋ ਗਲਾਕ ਪਿਸਟਲ ਮੇਡ ਇਨ ਆਸਟ੍ਰੀਆ ਬਰਾਮਦ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।ਸੂਤਰਾਂ ਪਾਸੋਂ ਮਿਲੀ ਜਾਣਕਾਰੀ ਅਨੁਸਾਰ ਇੱਕ ਮਈ ਦੀ ਦੁਪਹਿਰ ਸਮਾਂ ਕਰੀਬ 3 ਕੁ ਵਜੇ ਜਸਵੰਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਕਲਸੀਆਂ ਖੁਰਦ ਦੇ ਖੇਤਾਂ ਵਿੱਚੋਂ ਬੀਐੱਸਐੱਫ ਤੇ ਥਾਣਾ ਖਾਲੜਾ ਦੀ ਪੁਲਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਦੋ ਗਲਾਕ ਪਿਸਟਲਾਂ ਨੂੰ ਬਰਾਮਦ ਕੀਤਾ ਹੈ।ਖਾਲੜਾ ਪੁਲਸ ਤੇ ਬੀਐੱਸਐੱਫ ਨੇ ਬਰਾਮਦ ਕੀਤੇ ਦੋਵਾਂ ਪਿਸਟਲਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਦੱਸਣਯੋਗ ਹੈ ਕਿ ਬਿਨਾਂ ਮੈਗਜ਼ੀਨਾਂ ਤੋਂ ਬਰਾਮਦ ਹੋਏ ਪਿਸਟਲਾਂ 'ਚੋਂ ਇੱਕ ਦਾ ਰੰਗ ਕਾਲਾ ਤੇ ਦੂਜੇ ਦਾ ਭੂਰਾ ਹੈ।

## ਹੰਸ ਰਾਜ ਹੰਸ ਨੇ ਕੀਤਾ ਚੋਣ ਪ੍ਰਚਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਲੋਕ ਸਭਾ ਹਲਕਾ ਫ਼ਰੀਦਕੋਟ ਤੋ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਪਦਮਸ੍ਰੀ ਹੰਸ ਰਾਜ ਹੰਸ ਦੇ ਹੱਕ ਵਿੱਚ ਸਾਬਕਾ ਜ਼ਿਲ੍ਹਾ ਪ੍ਰਧਾਨ ਮੱਖਣ ਜਿੰਦਲ ਤੇ ਸੀਨੀਅਰ ਆਗੂ ਭਾਰਤ ਭੂਸ਼ਨ ਗਰਗ ਦੀ ਅਗਵਾਈ ਵਿੱਚ ਘਰ-ਘਰ ਜਾ ਕੇ ਚੋਣ ਪ੍ਰਚਾਰ ਸ਼ੁਰੂ ਕਰ ਦਿੱਤਾ ਹੈ। ਇਸ ਚੋਣ ਪ੍ਰਚਾਰ ਦਾ ਆਰੰਭ ਸ਼ਹੀਦ ਭਗਤ ਸਿੰਘ ਕਲੋਨੀ ਤੋਂ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਉਮੀਦਵਾਰ ਨੂੰ ਜਿਤਾਉਣ ਉਹ ਆਪਣੀ ਪੂਰੀ ਵਾਹ ਲਾ ਦੇਣਗੇ। ਇਸ ਚੋਣ ਪ੍ਰਚਾਰ ਵਿੱਚ ਸਾਬਕਾ ਮੰਡਲ ਪ੍ਰਧਾਨ ਸੰਜੀਵ ਗਰਗ, ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਸੰਜੇ ਤੰਵਰ, ਸੋਸ਼ਲ ਮੀਡੀਆ ਸੂਬਾ ਸਹਿ ਸੰਯੋਜਕ ਅਤੁਲ ਗੋਇਲ, ਤਿਲਕ ਮੁਰਾਰੀ ਸਿੰਗਲਾ, ਮਹੇਸ਼ ਗਰਗ ਤੇ ਸਤ ਭੂਸ਼ਣ ਆਦਿ ਸ਼ਾਮਲ ਹੋਏ।

# ਪਤਨੀ ਤੋਂ ਤੰਗ ਆਏ ਪਤੀ ਵੱਲੋਂ ਖ਼ੁਦਕੁਸ਼ੀ, ਪਤਨੀ ਤੇ ਸੱਸ ਗ੍ਰਿਫ਼ਤਾਰ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਪਿੰਡ ਮਾੜੀਮੇਘਾ 'ਚ ਕਥਿਤ ਤੌਰ 'ਤੇ ਪਤਨੀ ਦੇ ਨਾਜਾਇਜ਼ ਸੰਬੰਧਾਂ ਤੋਂ ਦੁਖੀ ਹੋ ਕੇ ਪਤੀ ਵੱਲੋਂ ਜ਼ਹਿਰੀਲੀ ਦਵਾਈ ਪੀ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦੀ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਵੱਲੋਂ ਮ੍ਰਿਤਕ ਅੰਗਰੇਜ਼ ਸਿੰਘ (30) ਦੇ ਪਿਤਾ ਕਾਲਾ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮ੍ਰਿਤਕ ਨੌਜਵਾਨ ਦੀ ਪਤਨੀ ਚਰਨਜੀਤ ਕੌਰ ਤੇ ਸੱਸ ਦੇ ਖਿਲਾਫ ਮਾਮਲਾ ਦਰਜ ਕਰਕੇ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਖਾਲੜਾ ਪੁਲਸ ਨੂੰ ਦਰਜ ਕਰਵਾਏ ਬਿਆਨਾਂ 'ਚ ਮ੍ਰਿਤਕ ਅੰਗਰੇਜ਼ ਸਿੰਘ ਦੇ ਪਿਤਾ ਕਾਲਾ ਸਿੰਘ ਨਿਵਾਸੀ ਪਿੰਡ ਮਾੜੀਮੇਘਾ ਨੇ ਦੱਸਿਆ ਕਿ ਅੰਗਰੇਜ਼ ਸਿੰਘ ਦਾ ਵਿਆਹ ਚਰਨਜੀਤ ਕੌਰ ਪੁੱਤਰੀ ਰਵੇਲ ਸਿੰਘ ਵਾਸੀ ਪਿੰਡ ਤੂਤ ਜ਼ਿਲ੍ਹਾ ਤਰਨਤਾਰਨ ਨਾਲ ਹੋਇਆ ਸੀ।ਵਿਆਹ ਤੋਂ ਬਾਅਦ ਉਸ ਦੀ ਪਤਨੀ ਚਰਨਜੀਤ ਕੌਰ ਦੇ ਕਿਸੇ ਗੈਰ ਮਰਦ ਨਾਲ ਨਾਜਾਇਜ਼ ਸੰਬੰਧ ਬਣ ਗਏ ਤੇ ਜਦੋਂ ਇਸ ਗੱਲ ਦਾ ਪਤਾ ਅੰਗਰੇਜ਼ ਸਿੰਘ ਨੂੰ ਲੱਗਾ ਤਾਂ ਘਰ ਵਿੱਚ ਕਲੇਸ਼ ਹੋਣਾ ਸ਼ੁਰੂ ਹੋ ਗਿਆ।ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਉਸ ਦੇ ਪੁੱਤਰ ਨੇ ਅਨੇਕਾਂ ਵਾਰ ਆਪਣੀ ਸੱਸ ਬਿੰਦਰ ਕੌਰ ਨੂੰ ਘਰ ਬੁਲਾ ਕੇ ਚਰਨਜੀਤ ਨੂੰ ਸਮਝਾਉਣ ਲਈ ਕਿਹਾ ਸੀ, ਪ੍ਰੰਤੂ ਉਨ੍ਹਾਂ ਦੀਆਂ ਕੋਸ਼ਿਸ਼ਾਂ ਨਾਕਾਮ ਰਹੀਆਂ।ਕਾਲਾ ਸਿੰਘ ਨੇ ਦੱਸਿਆ ਕਿ ਬੀਤੇ ਕੱਲ੍ਹ ਸਵੇਰੇ ਸਮਾਂ ਕਰੀਬ 11 ਕੁ ਵਜੇ ਅੰਗਰੇਜ਼ ਸਿੰਘ ਦਾ ਆਪਣੀ ਪਤਨੀ ਨਾਲ ਨਾਜਾਇਜ਼ ਸੰਬੰਧਾਂ ਨੂੰ ਲੈ ਕੇ ਫਿਰ ਤੋਂ ਝਗੜਾ ਹੋ ਗਿਆ, ਜਿਸ ਦੀ ਸਾਰੀ ਜਾਣਕਾਰੀ ਉਸ ਨੇ ਆਪਣੀ ਸੱਸ ਨੂੰ ਫੋਨ ਰਾਹੀਂ ਦਿੱਤੀ, ਪਰ ਬਾਅਦ ਵਿਚ ਅੰਗਰੇਜ਼ ਸਿੰਘ ਨੇ ਕਣਕ 'ਚ ਪਾਉਣ ਵਾਲੀ ਜ਼ਹਿਰੀਲੀ ਦਵਾਈ ਨਿਗਲ ਲਈ, ਜਿਸ ਤੋਂ ਬਾਅਦ ਉਸ ਨੂੰ ਤੁਰੰਤ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿਚ ਲਿਜਾਇਆ ਗਿਆ,ਪਰ ਉਸ ਦੀ ਰਸਤੇ ਵਿਚ ਹੀ ਮੌਤ ਹੋ ਗਈ।ਇਸ ਮਾਮਲੇ ਸੰਬੰਧੀ ਥਾਣਾ ਮੁਖੀ ਖਾਲੜਾ ਇੰਸਪੈਕਟਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਕਾਲਾ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਮ੍ਰਿਤਕ ਅੰਗਰੇਜ਼ ਸਿੰਘ ਦੀ ਪਤਨੀ ਚਰਨਜੀਤ ਕੌਰ ਤੇ ਉਸ ਦੀ ਸੱਸ ਬਿੰਦਰ ਕੌਰ ਪਤਨੀ ਰਵੇਲ ਸਿੰਘ ਵਾਸੀ ਪਿੰਡ ਤੂਤ ਦੇ ਖ਼ਿਲਾਫ਼ ਮਾਮਲਾ ਦਰਜ ਕਰਨ ਮਗਰੋਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## ਸਿਟੀ ਪਾਰਕ ਗਰੁੱਪ ਆਫ਼ ਸੀਨੀਅਰ ਸਿਟੀਜ਼ਨ ਵੱਲੋਂ ਮੀਟਿੰਗ ਆਯੋਜਿਤ



**ਸੰਗਰੂਰ (ਪ੍ਰਵੀਨ ਸਿੰਘ)** ਸਿਟੀ ਪਾਰਕ ਨਾਭਾ ਗੇਟ ਸੰਗਰੂਰ ਵਿਖੇ ਸਿਟੀ ਪਾਰਕ ਗਰੁੱਪ ਆਫ਼ ਸੀਨੀਅਰ ਸਿਟੀਜ਼ਨ ਸੰਗਰੂਰ ਵੱਲੋਂ ਪ੍ਰਧਾਨ ਮਦਨ ਮੋਹਨ ਲੌਂਗੋਵਾਲੀਆ ਦੀ ਅਗਵਾਈ ਵਿੱਚ ਮਹੀਨਾਵਾਰ ਮੀਟਿੰਗ ਕੀਤੀ ਗਈ, ਜਿਸ ਵਿੱਚ ਪ੍ਰਿੰਸੀਪਲ ਸ਼ਿਆਮ ਲਾਲ ਸਿੰਗਲਾ ਵੱਲੋਂ ਸਾਰੇ ਗਰੁੱਪ ਮੈਂਬਰਾਂ ਨੂੰ ਸੁਨੇਹਾ ਲਾਉਂਦਿਆਂ ਕਿਹਾ ਗਿਆ ਕਿ ਸੇਵਾਮੁਕਤੀ ਦਾ ਅਰਥ ਕੇਵਲ ਸਰਕਾਰੀ, ਅਰਧ ਸਰਕਾਰੀ ਜਾਂ ਪ੍ਰਾਈਵੇਟ ਨੌਕਰੀ ਤੋਂ ਬੰਧਨ ਮੁਕਤ ਹੋਣਾ ਹੈ।ਜ਼ਿੰਦਗੀ ਨੂੰ ਸੋਹਣੇ ਅਤੇ ਸੁਚੱਜੇ ਢੰਗ ਨਾਲ਼ ਜੀਊਣ ਲਈ ਜੀਵਨ ਦੇ ਰੁਝੇਵੇਂ ਪਹਿਲਾਂ ਦੀ ਤਰ੍ਹਾਂ ਹੀ ਚੱਲਦੇ ਰਹਿਣੇ ਚਾਹੀਦੇ ਹਨ।ਇਸ ਦੇ ਨਾਲ਼ ਹੀ ਉਨ੍ਹਾਂ ਸਿਟੀ ਪਾਰਕ ਸੰਗਰੂਰ ਦੀਆਂ ਸਮੱਸਿਆਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਾਰਕ ਵਿੱਚ ਬਣੇ ਵਾਸ਼ਰੂਮਜ਼ ਬਹੁਤ ਹੀ ਮੰਦੀ ਹਾਲਤ ਵਿੱਚ ਹਨ।ਇਸ ਸੰਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਤੇ ਮਿਊਂਸਪਲ ਕਮੇਟੀ ਦੇ ਪ੍ਰਧਾਨ ਅਤੇ ਚੇਅਰਮੈਨ ਨੂੰ ਇੱਕ ਮੰਗ ਪੱਤਰ ਦੇਣਾ ਚਾਹੀਦਾ ਹੈ। ਇਸ ਮੌਕੇ ਅਪ੍ਰੈਲ ਮਹੀਨੇ ਵਿੱਚ ਫਾਲ ਕਰਦੇ ਮੈਂਬਰਾਂ ਈਸ਼ਮ ਸਿੰਘ ਬੇਦੀ, ਰਾਕੇਸ਼ ਕੁਮਾਰ ਗੁਪਤਾ, ਅਮਰ ਕੁਮਾਰ ਲਾਲੀ, ਡਾ. ਇਕਬਾਲ ਸਿੰਘ ਸਕਰੌਦੀ ਦਾ ਜਨਮ ਦਿਨ ਸਾਰੇ ਹਾਜ਼ਰ ਮੈਂਬਰਾਂ ਵੱਲੋਂ ਬਹੁਤ ਹੀ ਉਤਸ਼ਾਹ ਜਨਕ ਢੰਗ ਨਾਲ਼ ਮਨਾਇਆ ਗਿਆ।

ਇਨ੍ਹਾਂ ਦੇ ਗਲ਼ਾਂ ਵਿੱਚ ਹਾਰ ਪਾ ਕੇ ਜਨਮ ਦਿਨ ਨਾਲ਼ ਸੰਬੰਧਤ ਗੀਤ ਗਾਏ ਗਏ।ਈਸ਼ਮ ਸਿੰਘ ਬੇਦੀ ਤੇ ਹੇਮ ਰਾਜ ਨੇ ਦੋਸਤੀ ਨਾਲ਼ ਸੰਬੰਧਿਤ ਸ਼ੇਅਰੋ ਸ਼ਾਇਰੀ ਅਤੇ ਸੁਰ ਵਿੱਚ ਗ਼ੀਤ ਗਾ ਕੇ ਖ਼ੂਬ ਰੰਗ ਬੰਨ੍ਹਿਆ।ਪ੍ਰਹਿਲਾਦ ਸਿੰਘ ਤੇ ਬਹਾਦਰ ਸਿੰਘ ਰਾਉ ਨੇ ਆ ਰਹੀਆਂ ਲੋਕ ਸਭਾ ਚੋਣਾਂ ਲਈ ਆਪਸੀ ਸਾਂਝ ਸਦਭਾਵਨਾ ਤੇ ਭਾਈਚਾਰਕ ਏਕਤਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ।ਡਾ. ਇਕਬਾਲ ਸਿੰਘ ਨੇ ਕਿਹਾ ਕਿ ਹੁਣ ਸੇਵਾਮੁਕਤੀ ਉਪਰੰਤ ਸਾਡੇ ਸਾਰਿਆਂ ਕੋਲ ਏਨੀ ਕੁ ਵਿਹਲ ਜ਼ਰੂਰ ਹੈ ਕਿ ਉਸ ਸਮੇਂ ਵਿੱਚ ਅਸੀਂ ਆਪਣੀ ਹੌਬੀ ਅਨੁਸਾਰ ਹਾਰਮੋਨੀਅਮ ਵਜਾਉਣਾ ਸਿੱਖ ਸਕਦੇ ਹਾਂ, ਪੇਂਟਿੰਗ ਜਾਂ ਚਿੱਤਰਕਾਰੀ ਕਰ ਸਕਦੇ ਹਾਂ, ਕੋਈ ਸਾਹਿਤ ਸਿਰਜਣਾ ਕਰ ਸਕਦੇ ਹਾਂ, ਸਾਹਿਤ ਦੀ ਕੋਈ ਪੁਸਤਕ ਪੜ੍ਹ ਸਕਦੇ ਹਾਂ, ਯੋਗ ਸਾਧਨਾ ਤੇ ਸੈਰ ਕਰ ਸਕਦੇ ਹਾਂ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਜ਼ਿਲਾ ਮੈਜਿਸਟ੍ਰੇਟ ਡਾ. ਸੇਨੂ ਦੁੱਗਲ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ।ਇਹ ਪਾਬੰਦੀਆਂ 30 ਜੂਨ ਤੱਕ ਲਾਗੂ ਰਹਿਣਗੀਆਂ ਤੇ ਉਲੰਘਣਾ ਕਰਨ ਵਾਲਿਆਂ ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਪੈਂਦੀਆਂ ਸਾਰੀਆਂ ਸਰਕਾਰੀ ਇਮਾਰਤਾਂ ਤੇ ਪਾਣੀ ਦੀਆਂ ਟੈਂਕੀਆਂ ਉੱਪਰ ਆਮ ਜਨਤਾ/ਵਿਅਕਤੀਆਂ/ਪ੍ਰਦਸ਼ਨਕਾਰੀਆਂ ਨੂੰ ਚੜ੍ਹਨ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਉਨ੍ਹਾਂ ਜ਼ਿਲ੍ਹਾ ਫ਼ਾਜ਼ਿਲਕਾ ਦੀ ਹਦੂਦ ਅੰਦਰ ਪੈਂਦੀਆਂ ਸਾਰੀਆਂ ਸਰਕਾਰੀ ਇਮਾਰਤਾਂ ਤੇ ਪਾਣੀ ਦੀਆਂ ਟੈਂਕੀਆਂ ਦੀ ਸੁਰੱਖਿਆ ਲਈ ਸਬੰਧਤ ਮਹਿਕਮਿਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਅਧਿਕਾਰੀ/ਕਰਮਚਾਰੀ/ਚੌਂਕੀਦਾਰ ਦੀ 24 ਘੰਟੇ ਲਈ ਡਿਊਟੀ ਲਾਉਣ ਤਾਂ ਜੁ ਕਿਸੇ ਵੀ ਜਥੇਬੰਦੀ ਵੱਲੋਂ ਰੋਸ਼ ਪ੍ਰਦਰਸ਼ਨ ਦੀ ਕਾਰਵਾਈ ਨੂੰ ਰੋਕਿਆ ਜਾ ਸਕੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਸਬ ਜੇਲ੍ਹ ਫ਼ਾਜ਼ਿਲਕਾ ਦੇ 500 ਵਰਗ ਮੀਟਰ ਏਰੀਆ ਨੂੰ ਨੋ ਡਰੋਨ ਜ਼ੋਨ ਐਲਾਨਿਆ ਹੈ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਡਰੋਨ ਜੋ ਆਮ ਲੋਕਾਂ ਤੱਕ ਆਸਾਨੀ ਨਾਲ ਪਹੁੰਚ ਬਣਾ ਚੁਕਿਆ ਹੈ ਤੇ ਕੋਈ ਵੀ ਇਸ ਦੀ ਦੁਰਵਰਤੋਂ ਕਰਕੇ ਜੇਲ੍ਹਾਂ ਵਿੱਚ ਬੰਦ ਖਤਰਨਾਕ ਕੈਦੀਆਂ ਤੱਕ ਮੋਬਾਇਲ ਫੋਨ/ਡਰੱਗ/ਹਥਿਆਰ ਅਤੇ ਉਨ੍ਹਾਂ ਨੂੰ ਭੱਜਣ ਵਿੱਚ ਮਦਦ ਕਰਨ ਵਾਲੀ ਸਮੱਗਰੀ ਦੀ ਸਪਲਾਈ ਕਰ ਸਕਦਾ ਹੈ, ਜਿਸ ਲਈ ਜ਼ਿਲ੍ਹੇ ਅੰਦਰ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਅਜਿਹੇ ਸਖਤ ਕਦਮ ਚੁੱਕਣ ਦੀ ਲੋੜ ਹੈ।

ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਫਾਜ਼ਿਲਕਾ ਦੇ ਬਾਰਡਰ ਨੇੜਲੇ ਪਿੰਡਾਂ ਤੇ ਬੀ.ਪੀ.ਓਜ ਦੇ ਨੇੜੇ ਸ਼ਾਮ 6 ਵਜੇ ਤੋਂ ਸਵੇਰੇ 8 ਵਜੇ ਤੱਕ ਆਮ ਜਨਤਾ ਨੂੰ ਆਉਣ ਜਾਣ 'ਤੇ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ ਫੌਜ, ਬੀ.ਐਸ.ਐਫ਼, ਪੁਲਿਸ, ਠੇਕੇਦਾਰ 'ਤੇ ਉਹ ਮਜ਼ਦੂਰ ਜੋ ਮਿਲਟਰੀ ਏਰੀਆ ਵਿਚ ਮਜ਼ਦੂਰੀ ਦਾ ਕੰਮ ਕਰਦੇ ਹੋਣ ਜਾਂ ਸਮਰੱਥ ਅਧਿਕਾਰੀ ਵੱਲੋਂ ਜਾਰੀ ਪਰਮਿਟ 'ਤੇ ਲਾਗੂ ਨਹੀਂ ਹੋਣਗੇ।ਇੱਕ ਹੋਰ ਹੁਕਮ ਦੇ ਹੁਕਮ ਰਾਹੀਂ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਪੈਂਦੇ ਅੰਤਰਰਾਸ਼ਟਰੀ ਬਾਰਡਰ ਏਰੀਆ ਦੇ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ ਵਿੱਚ ਕਵਾਡ-ਕਾਪਟਰ/ਡਰੋਨ ਕੈਮਰੇ ਆਦਿ ਉਡਾਉਣ 'ਤੇ ਪਾਬੰਦੀ ਲਾਈ ਗਈ ਹੈ।

# ਬਿਜਲੀ ਕਾਮਿਆਂ ਵੱਲੋਂ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਸਿਜਦਾ



**ਤਰਨ ਤਾਰਨ (ਨਜ਼ਸ)**— ਮਜ਼ਦੂਰ ਜਮਾਤ ਦੇ ਪਵਿੱਤਰ ਅਤੇ ਜਿੱਤਾਂ ਦੇ ਪ੍ਰਤੀਕ ਦਿਹਾੜੇ ਮਈ ਦਿਵਸ ਦੇ ਮੌਕੇ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ ਨੰਬਰ 41 ਅਤੇ ਪਾਵਰਕਾਮ/ਟਰਾਂਸਕੋ ਪੈਨਸ਼ਨ ਯੂਨੀਅਨ ਦੇ ਆਗੂਆਂ ਅਤੇ ਵਰਕਰਾਂ ਨੇ ਸਾਂਝੇ ਤੌਰ ਤੇ ਵੱਖ-ਵੱਖ ਸਬ-ਡਵੀਜ਼ਨਾਂ ਨੌਸ਼ਹਿਰਾ ਪਨੂੰਆਂ, ਖਡੂਰ ਸਾਹਿਬ, ਕੈਰੋਂ, ਮਾਣੋਚਾਹਲ, ਪੱਟੀ, ਭਿੱਖੀਵਿੰਡ, ਫੋਕਲ ਪੁਆਇੰਟ, ਰਸੂਲਪੁਰ ਸਮੇਤ ਡਵੀਜ਼ਨ ਦਫਤਰਾਂ/ਗਰਿੱਡਾਂ ਤੇ ਲਾਲ ਝੰਡੇ ਝੁਲਾਉਣ ਉਪਰੰਤ ਪਾਵਰਕਾਮ ਦੇ ਸਥਾਨਕ ਸਰਕਲ ਦਫਤਰ ਅਤੇ ਪਾਵਰਕਾਮ/ਟਰਾਂਸਕੋ ਪੈਨਸ਼ਨ ਯੂਨੀਅਨ ਦੇ ਦਫਤਰਾਂ ਦੇ ਗੇਟਾਂ ਤੇ ਲਾਲ ਝੰਡੇ ਝੁਲਾਉਣ ਦੀ ਰਸਮ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਸੂਬਾ ਆਗੂ ਤਾਰਾ ਸਿੰਘ ਖਹਿਰਾ ਅਤੇ ਸਰਕਲ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਨੇ ਅਦਾ ਕਰਦਿਆਂ ਸ਼ਿਕਾਗੋ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਆਗੂਆਂ ਨੇ ਸਰਮਾਏਦਾਰ ਪੱਖੀ ਹਾਕਮ ਜਮਾਤਾਂ ਵੱਲੋਂ ਮਜ਼ਦੂਰ ਜਮਾਤ ਦਾ ਪੱਖ ਪੂਰਨ ਵਾਲੇ ਕਿਰਤ ਕਾਨੂੰਨਾਂ ਨੂੰ ਖਤਮ ਕਰਨ, ਕੰਮ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ, ਪੁਰਾਣੀ ਪੈਨਸ਼ਨ ਸਕੀਮ ਬੰਦ ਕਰਨ, ਪੱਕੇ ਰੁਜ਼ਗਾਰ ਦਾ ਖਾਤਮਾ ਕਰਨ, ਸਰਕਾਰੀ ਵਿਭਾਗਾਂ ਵਿੱਚ ਖਾਲੀ ਹੋ ਰਹੀਆਂ ਅਸਾਮੀਆਂ ਖਤਮ ਕਰਕੇ ਨਵੀਂ ਰੈਗੂਲਰ ਭਰਤੀ ਕਰਨ ਤੇ ਮੁਕੰਮਲ ਪਾਬੰਦੀ ਲਗਾ ਕੇ ਸਰਕਾਰੀ ਵਿਭਾਗਾਂ ਦੀ ਸਫ ਲਪੇਟਣ ਵਰਗੀਆਂ ਚਣੌਤੀਆਂ ਜੋ ਮਜ਼ਦੂਰ ਜਮਾਤ ਲਈ ਮੂੰਹ ਅੱਡ ਕੇ ਖੜੀਆਂ ਹਨ। ਮਿਹਨਤਕਸ਼ ਜਮਾਤ ਉਨ੍ਹਾਂ ਦਾ ਜਥੇਬੰਦਕ ਤਾਕਤ ਨਾਲ ਸਿਰੜੀ ਸੰਘਰਸ਼ ਕਰਕੇ ਟਾਕਰਾ ਕਰੇਗੀ ।ਇਹੋ ਮਈ ਦਿਵਸ ਦੇ ਸ਼ਹੀਦਾਂ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਹੋਵੇਗੀ।ਇਸ ਮੌਕੇ ਮੁਲਾਜ਼ਮ ਤੇ ਪੈਨਸ਼ਨਰ ਯੂਨੀਅਨ ਦੇ ਆਗੂਆਂ ਕਲਵਿੰਦਰ ਸਿੰਘ ਬਾਗੜੀਆਂ, ਲਖਵਿੰਦਰ ਸਿੰਘ ਬਹਿਲਾ, ਮੇਜਰ ਸਿੰਘ ਨਾਗੋਕੇ, ਬਲਜਿੰਦਰ ਸਿੰਘ ਪਲਾਸੌਰ, ਬਲਕਾਰ ਸਿੰਘ ਜੰਡੋਕੇ, ਸਰਬਜੀਤ ਸਿੰਘ ਜਵੰਦੇ, ਜਸਬੀਰ ਸਿੰਘ ਸੇਰੋਂ, ਰਾਜਿੰਦਰ ਕੁਮਾਰ ਜੋਸ਼ੀ, ਜਗਤਾਰ ਸਿੰਘ ਖਾਰਾ, ਕਰਮ ਸਿੰਘ ਝਬਾਲ, ਬਲਦੇਵ ਸਿੰਘ ਰਸੂਲਪੁਰ, ਸੁਖਦੇਵ ਸਿੰਘ ਚਾਹਲ, ਪ੍ਰਮਜੀਤ ਸਿੰਘ ਝਬਾਲ, ਦਵਿੰਦਰ ਸਿੰਘ ਸੇਰੋਂ, ਗੁਰਪਾਲ ਸਿੰਘ ਬੰਟੀ, ਮੇਜਰ ਸਿੰਘ ਪਨੂੰ, ਹਰਪ੍ਰੀਤ ਸਿੰਘ ਪਨੂੰ, ਜਗੀਰ ਸਿੰਘ ਜੱਗੀ ਆਦਿ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕੀਤਾ।

## ਡਾ. ਅਮਰ ਸਿੰਘ ਲੋਕ ਸਭਾ ਚੋਣਾਂ 'ਚ ਸ਼ਾਨਦਾਰ ਜਿੱਤ ਦਰਜ ਕਰਨਗੇ : ਜਗਵੀਰ ਸਲਾਣਾ

**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)** ਕਾਂਗਰਸ ਪਾਰਟੀ ਲੋਕ ਸਭਾ ਦੀਆਂ ਸਾਰੀਆਂ ਸੀਟਾਂ 'ਤੇ ਜਿੱਤ ਦਰਜ ਕਰੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਨੇ ਲੋਕ ਸਭਾ ਹਲਕਾ ਫ਼ਤਹਿਗੜ੍ਹ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾਕਟਰ ਅਮਰ ਸਿੰਘ ਦੇ ਹੱਕ 'ਚ ਪ੍ਰਚਾਰ ਕਰਦੇ ਹੋਏ ਵੱਖ-ਵੱਖ ਨੁੱਕੜ ਮੀਟਿੰਗਾਂ ਦੌਰਾਨ ਸੰਬੋਧਨ ਕਰਦੇ ਹੋਏ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਜਨਤਾ ਦਾ ਭਰੋਸਾ ਖੋ ਚੁੱਕੀ ਹੈ, ਜਿਸ ਕਾਰਨ ਅੱਜ ਹਰ ਵਰਗ 'ਚ ਸਰਕਾਰ ਦੇ ਪ੍ਰਤੀ ਨਾਰਾਜ਼ਗੀ ਹੈ।ਲੋਕ ਸਭਾ ਚੋਣਾਂ ਵਿੱਚ ਹਲਕਾ ਫ਼ਤਿਹਗੜ੍ਹ ਸਾਹਿਬ ਤੋਂ ਕਾਂਗਰਸ ਪਾਰਟੀ ਨੂੰ ਵੱਡੀ ਜਿੱਤ ਦਿਵਾਉਣ ਲਈ ਤੇ ਡਾ ਅਮਰ ਸਿੰਘ ਨੂੰ ਮੈਂਬਰ ਪਾਰਲੀਮੈਂਟ ਬਣਾਉਣ ਲਈ ਕਾਂਗਰਸ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ।ਉਨ੍ਹਾਂ ਦੀ ਵੱਡੀ ਲੀਡ ਨਾਲ ਜਿੱਤ ਦਰਜ ਕਰਾਈ ਜਾਵੇਗੀ।ਇਸ ਮੌਕੇ ਜਗਵੀਰ ਸਿੰਘ ਸਲਾਣਾ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਗੁਰਧਨਪੁਰ, ਕਾਮਰੇਡ ਸੁਖਦੇਵ ਸਿੰਘ ਟਿੱਬੀ, ਸਿਮਰਨਜੀਤ ਕੌਰ ਬਰੌਂਗਾ ਪ੍ਰਧਾਨ ਦਿਹਾਤੀ ਮਹਿਲਾ ਕਾਂਗਰਸ, ਸ਼ਿਵ ਕੁਮਾਰ ਗਰਗ, ਗੁਰਬਚਨ ਸਿੰਘ ਕਾਹਨਪੁਰਾ, ਪਰਮਜੀਤ ਕੌਰ ਬਰੌਂਗਾ, ਮੇਲਾ ਸਿੰਘ, ਪ੍ਰਵੀਨ ਬਰੌਂਗਾ, ਰਿਸ਼ਵ ਪਜਨੀ, ਗੁਰਪ੍ਰੀਤ ਗੁਰਧਨਪੁਰ, ਪੀ ਏ ਮਨਪ੍ਰੀਤ ਸਿੰਘ ਮਿੰਟਾ ਤੋਂ ਇਲਾਵਾ ਕਾਂਗਰਸ ਪਾਰਟੀ ਦੇ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

## ਭਾਜਪਾ ਤੇ 'ਆਪ' ਤੋਂ ਅੱਜ ਹਰ ਵਰਗ ਦੁਖੀ : ਡਾ. ਅਮਰ ਸਿੰਘ

**ਮੰਡੀ ਗੋਬਿੰਦਗੜ੍ਹ (ਲਖਵੀਰ ਸਿੰਘ, ਹਰਚਰਨ ਉੱਪਲ)** ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾਕਟਰ ਅਮਰ ਸਿੰਘ ਨੇ ਸ਼ਹਿਰ ਦੇ ਸੁੱਖ ਵਿਲਾ ਪੈਲੇਸ 'ਚ ਰੱਖੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਤੇ 'ਆਪ' ਸਰਕਾਰ ਤੋਂ ਅੱਜ ਹਰ ਵਰਗ ਦੁਖੀ ਹੈ।ਉਨ੍ਹਾਂ ਕਿਹਾ ਭਾਰਤ ਦੇਸ਼ ਦੇ ਪ੍ਰਧਾਨ ਕਿਹਾ ਸੀ ਕਿ ਅੱਛੇ ਦਿਨ ਆਉਣਗੇ, ਕਾਲਾ ਧਨ ਵਾਪਸ ਲਿਆਵਾਂਗੇ, ਘਰ-ਘਰ ਰੋਜ਼ਗਾਰ ਦਿੱਤਾ ਜਾਵੇਗਾ ਤੇ 15-15 ਲੱਖ ਹਰੇਕ ਵਿਅਕਤੀ ਦੇ ਬੈਂਕ ਖਾਤੇ ਵਿੱਚ ਆਉਣਗੇ।ਪਰ 9 ਸਾਲ ਦਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਅੱਛੇ ਦਿਨ ਨਹੀਂ ਆਏ।ਪਰ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਅੰਬਾਨੀ-ਅਡਾਨੀ ਪਰਵਾਰਾਂ ਦੇ ਅੱਛੇ ਦਿਨ ਆਏ ਹਨ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਦਿਨ ਪ੍ਰਤੀ ਦਿਨ ਮਹਿੰਗਾਈ ਵਧ ਰਹੀ ਹੈ। ਕੇਂਦਰ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ।ਦੇਸ਼ ਦੇ ਲੋਕ ਭੁੱਖਮਰੀ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਵਿਚ ਪੰਜਾਬ ਦਾ ਮਾਹੌਲ ਬਹੁਤ ਜਿਆਦਾ ਖਰਾਬ ਹੋ ਚੁੱਕਾ ਹੈ।ਕਾਨੂੰਨ ਵਿਵਸਥਾ ਖਤਮ ਹੋ ਚੁੱਕੀ ਹੈ।ਹਰ ਵਰਗ ਦੇ ਲੋਕ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਖ਼ਿਲਾਫ਼ ਸੜਕਾਂ 'ਤੇ ਪ੍ਰਦਰਸ਼ਨ ਕਰ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਨੇ ਸੱਤਾ 'ਚ ਆਉਣ ਦੇ ਸੁਪਨੇ ਲੈ ਕੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਵੱਲੋਂ ਲਿਖੇ ਸੰਵਿਧਾਨ 'ਚ ਬਦਲਾਅ ਦਾ ਬਿੱਲ ਲਿਆਉਣ ਦਾ ਸੋਚ ਰਹੀ ਹੈ, ਜਿਸ ਕਰਕੇ ਲੋਕ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਨੂੰ ਵੋਟ ਦੇ ਕੇ ਭਾਜਪਾ ਨੂੰ ਪਹਿਲਾਂ ਹੀ ਲਾਂਭੇ ਕਰ ਸੰਵਿਧਾਨ ਨੂੰ ਬਚਾਉਣਾ ਬੇਹੱਦ ਜ਼ਰੂਰੀ ਹੈ।

## ਉਦਯੋਗਪਤੀਆਂ ਨੇ ਮਾਸਟਰ ਪਲਾਨ ਤੇ ਫੋਕਲ ਪੁਆਇੰਟ ਬਣਾਉਣ ਦੀ ਕੀਤੀ ਮੰਗ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਸੰਗਰੂਰ ਚੈਂਬਰ ਆਫ ਕਾਮਰਸ ਦੀ ਧੂਰੀ ਸ਼ਾਖਾ ਦੀ ਅਹਿਮ ਮੀਟਿੰਗ ਲੰਘੀ ਸ਼ਾਮ ਚੈਂਬਰ ਦੇ ਪ੍ਰਧਾਨ ਦਰਸ਼ਨ ਸਿੰਘ ਧੰਨੋ ਵਾਲੇ ਦੀ ਅਗਵਾਈ ਹੇਠ ਹੋਈ। ਇਸ ਮੌਕੇ ਚੈਂਬਰ ਦੇ ਚੀਫ ਪੈਟਰਨ ਹਰਦੀਪ ਸਿੰਘ ਤੇ ਪੈਟਰਨ ਰਾਜਕੁਮਾਰ ਜਿੰਦਲ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।

ਇਸ ਮੌਕੇ ਚੈਂਬਰ ਦੇ ਜਨਰਲ ਸਕੱਤਰ ਅਮ੍ਰਿਤ ਗਰਗ ਰਿੰਕੂ ਨੇ ਸਮੂਹ ਮੈਂਬਰਾਂ ਦਾ ਸਵਾਗਤ ਕਰਨ ਤੋਂ ਉਪਰੰਤ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਿਹਤਰ ਵਿਕਾਸ ਲਈ ਇਕ ਮਾਸਟਰ ਪਲਾਨ ਤਿਆਰ ਕਰਕੇ ਲਾਗੂ ਕੀਤਾ ਜਾਵੇ, ਤਾਂ ਜੁ ਸ਼ਹਿਰ ਦਾ ਯੋਜਨਾਬੱਧ ਤਰੀਕੇ ਨਾਲ ਵਿਕਾਸ ਹੋ ਸਕੇ। ਉਨ੍ਹਾਂ ਇਸ ਮੌਕੇ ਇੰਡਸਟਰੀ ਲਈ ਇਕ ਫੋਕਲ ਪੁਆਇੰਟ ਬਨਾਓਣ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਨਵੀਂ ਇੰਡਸਟਰੀ ਲਗਾਓਣ 'ਚ ਅਸਾਨੀ ਹੋਵੇਗੀ, ਉੱਥੇ ਹੀ ਸੂਬੇ ਤੋਂ ਵਿਦੇਸ਼ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਵੀ ਇੱਥੇ ਹੀ ਰੋਜ਼ਗਾਰ ਮੁਹੱਈਆ ਕਰਾ ਕੇ ਬਾਹਰ ਜਾਣ ਤੋਂ ਰੋਕਣ 'ਚ ਮੱਦਦ ਮਿਲੇਗੀ।

ਉਨ੍ਹਾਂ ਇਸ ਤੋਂ ਇਲਾਵਾ ਬਿਜਲੀ ਬੋਰਡ ਨਾਲ ਸਬੰਧਤ ਮਸਲਿਆਂ ਨੂੰ ਚੁੱਕਦੇ ਹੋਏ ਕਿਹਾ ਕਿ ਜਦ ਤੋਂ ਇਸ ਦਾ ਗਠਨ ਹੋਇਆ ਹੈ, ਤਦ ਤੋਂ ਇਸ ਦੇ ਨਿਯਮਾਂ 'ਚ ਕੋਈ ਤਬਦੀਲੀ ਨਹੀ ਕੀਤੀ ਗਈ। ਉਨ੍ਹਾਂ ਸਮੇਂ ਦੇ ਅਨੁਸਾਰ ਉਦਯੋਗਾਂ ਨੂੰ ਦਿੱਤੇ ਜਾਣ ਵਾਲੇ ਐਸ.ਪੀ ਕੁਨੈਕਸ਼ਨ ਦੇ ਲੋਡ ਦੀ ਲਿਮਿਟ ਨੂੰ 20 ਕਿਲੋਵਾਟ ਤੋਂ ਵਧਾ ਕੇ 50 ਕਿਲੋਵਾਟ ਕਰਨ ਤੇ ਐਮ.ਐਸ ਕੁਨੈਕਸ਼ਨ ਦੀ ਲਿਮਿਟ ਨੂੰ 100 ਤੋਂ ਵਧਾਕੇ 200 ਕਿਲੋਵਾਟ ਕਰਨ ਦੀ ਮੰਗ ਵੀ ਕੀਤੀ। ਉਨ੍ਹਾਂ ਇੰਡਸਟਰੀ ਨੂੰ ਹੋਰਨਾਂ ਵਾਂਗ ਵੀ.ਡੀ.ਐਸ ਸਕੀਮ ਤਹਿਤ ਲਿਆਉਣ ਦੀ ਮੰਗ ਵੀ ਕੀਤੀ। ਮੀਟਿੰਗ 'ਚ ਚੈਂਬਰ ਦੇ ਵਿੱਤ ਸਕੱਤਰ ਸੁਨੀਲ ਕੁਮਾਰ ਬਬਲਾ ਨੇ ਸਰਕਾਰ ਤੋਂ ਨਵੀਂ ਇੰਡਸਟਰੀ ਸਥਾਪਤ ਕਰਨ ਲਈ ਐਨ.ਓ.ਸੀ ਅਤੇ ਸੀ.ਐਲ.ਯੂ ਦੀ ਪ੍ਰਕਿਰਿਆ ਨੂੰ ਜ਼ਿਲ੍ਹਾ ਪੱਧਰ 'ਤੇ ਮਨਜ਼ੂਰੀ ਦੇਣ ਤੇ ਇਸ ਪ੍ਰਕਿਰਿਆ ਨੂੰ ਸਰਲ ਬਣਾਉਣ ਦੀ ਮੰਗ ਕੀਤੀ। ਉਨ੍ਹਾਂ ਮੌਜੂਦਾ ਪ੍ਰਕਿਰਿਆ ਨੂੰ ਗੁੰਝਲਦਾਰ ਦੱਸਦੇ ਹੋਏ ਕਿਹਾ ਕਿ ਇਸ ਨੂੰ ਲੈ ਕੇ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਨਾ ਕਰਨਾ ਪੈਂਦਾ ਹੈ। ਇਸ ਮੌਕੇ ਚੈਂਬਰ ਦੇ ਚੇਅਰਮੈਨ ਜੀਵਨ ਜੈਨ ਨੇ ਦੱਸਿਆ ਕਿ ਸ਼ਹਿਰ ਅੰਦਰ ਸਥਿਤ ਮੁੱਖ ਰੇਲਵੇ ਫਾਟਕਾਂ ਦੇ ਜ਼ਿਆਦਾਤਰ ਸਮਾਂ ਬੰਦ ਰਹਿਣ ਕਾਰਣ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੁਸ਼ਕਿਲ ਨੂੰ ਧਿਆਨ 'ਚ ਰੱਖਦੇ ਹੋਏ ਚੈਂਬਰ ਵੱਲੋਂ ਇਨ੍ਹਾਂ ਫਾਟਕਾਂ 'ਤੇ ਸੋਲਰ ਕੈਮਰੇ ਲਵਾਏ ਗਏ ਹਨ ਅਤੇ ਇਸ ਦੇ ਲਿੰਕ ਸਾਰਿਆਂ ਨੂੰ ਭੇਜ ਦਿੱਤੇ ਜਾਣਗੇ, ਤਾਂ ਜੁ ਉਨ੍ਹਾਂ ਨੂੰ ਸ਼ਹਿਰ 'ਚ ਦਾਖਲ ਹੋਣ ਸਮੇਂ ਹੀ ਪਤਾ ਚੱਲ ਸਕੇ ਕਿ ਉਕਤ ਫਾਟਕ ਖੁੱਲ੍ਹੇ ਹਨ ਜਾਂ ਫੇਰ ਬੰਦ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੁਖ ਸਿੰਘ ਰਾਜੂ, ਮੁਨੀਸ਼ ਕੁਮਾਰ ਮੌਨੀ, ਪੁਨੀਤ ਤੇ ਗੋਪਾਲ ਕ੍ਰਿਸ਼ਨ ਆਦਿ ਵੀ ਮੌਜੂਦ ਸਨ।

# ...ਸਫ਼ਾ 1 ਦੇ ਬਾਕੀ

## ਮਈ ਦਿਵਸ ਇਨਕਲਾਬੀ...

ਆਏ ਹਨ। ਇੱਕ ਸੁਰੱਖਿਤ ਸਮਾਜ ਵਿੱਚ ਹੀ ਕਾਮਿਆਂ ਦੇ ਹੱਕਾਂ ਦੀ ਰਾਖੀ ਹੋ ਸਕਦੀ ਹੈ, ਕਿਉਂਕਿ ਮੋਦੀ ਸਰਕਾਰ ਨੰਗੇ-ਚਿੱਟੇ ਰੂਪ ਵਿੱਚ ਕਾਰਪੋਰੇਟ ਪੱਖੀ ਹੈ, ਇਸ ਲਈ ਉਸ ਨੂੰ ਗੱਦੀਓਂ ਲਾਹੁਣ ਦਾ ਕੰਮ ਪ੍ਰਮੁੱਖ ਬਣ ਗਿਆ ਹੈ।

ਜ਼ਿਲ੍ਹਾ ਏਟਕ ਦੇ ਪ੍ਰਧਾਨ ਵਿਜੇ ਕੁਮਾਰ ਨੇ ਮੰਗ ਕੀਤੀ ਕਿ ਘੱਟੋ-ਘੱਟ ਉਜਰਤ 26 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਏ, ਮਿਡ ਡੇ ਮੀਲ ਤੇ ਹੋਰ ਸਕੀਮ ਵਰਕਰਾਂ ਨੂੰ ਪੱਕਾ ਕੀਤਾ ਜਾਏ, ਠੇਕੇਦਾਰੀ ਪ੍ਰਬੰਧ ਖਤਮ ਕਰਕੇ ਹਰ ਖੇਤਰ ਵਿੱਚ ਪੱਕੇ ਮੁਲਾਜ਼ਮ ਭਰਤੀ ਕੀਤੇ ਜਾਣ। ਹਰ ਪਾਸਿਓਂ ਅਸਫਲ ਰਹਿਣ ਦੇ ਬਾਅਦ ਮੋਦੀ ਸਰਕਾਰ ਸਮਝ ਰਹੀ ਹੈ ਕਿ ਉਹ ਥੋਥੇ ਨਾਹਰੇ ਦੇ ਕੇ ਅਤੇ ਸਮਾਜ ਵਿੱਚ ਵੰਡੀਆਂ ਪਾ ਕੇ ਸੱਤਾ ਵਿੱਚ ਆ ਸਕਦੀ ਹੈ, ਪਰ ਇੰਜ ਨਹੀਂ ਹੋਣਾ, ਕਿਉਂਕਿ ਦੇਸ਼ ਵਾਸੀਆਂ ਨੂੰ ਹੁਣ ਉਹਨਾਂ ਦੀਆਂ ਕੋਝੀਆਂ ਹਰਕਤਾਂ ਬਾਰੇ ਸਮਝ ਆ ਗਈ ਹੈ।

ਐੱਮ ਐੱਸ ਭਾਟੀਆ ਜਨਰਲ ਸਕੱਤਰ ਨੇ ਕਿਹਾ ਕਿ ਮੋਦੀ ਸਰਕਾਰ ਦੇ ਸਮੇਂ ਦੇ ਦੌਰਾਨ ਕਾਰਪੋਰੇਟ ਘਰਾਣਿਆਂ ਦਾ 16 ਲੱਖ ਕਰੋੜ ਦਾ ਕਰਜ਼ਾ ਮਾਫ ਕੀਤਾ ਗਿਆ। ਇਹ ਪੈਸਾ ਆਮ ਲੋਕਾਂ ਦਾ ਹੈ। ਉਹਨਾ ਕਿਹਾ ਕਿ ਏਨੇ ਪੈਸੇ ਨਾਲ ਨਰੇਗਾ ਦਾ 25 ਸਾਲ ਦਾ ਬਜਟ ਚੱਲ ਸਕਦਾ ਹੈ। ਮੋਦੀ ਸਰਕਾਰ ਵੱਲੋਂ ਮਜ਼ਦੂਰਾਂ ਦੇ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਵਿੱਚ ਤਬਦੀਲ ਕਰਨ ਦੀ ਨਿਖੇਧੀ ਕਰਦੇ ਹੋਏ ਸ੍ਰੀ ਭਾਟੀਆ ਨੇ ਕਿਹਾ ਕਿ ਮਜ਼ਦੂਰ ਕਿਰਤ ਕਾਨੂੰਨਾਂ ਨੂੰ ਬਹਾਲ ਕਰਨ ਤੱਕ ਆਪਣੀ ਲੜਾਈ ਜਾਰੀ ਰੱਖਣਗੇ।

ਇਸ ਤੋਂ ਪਹਿਲਾਂ ਅਨੇਕਾਂ ਥਾਵਾਂ 'ਤੇ ਮੁਲਾਜ਼ਮਾਂ ਤੇ ਮਜ਼ਦੂਰਾਂ ਨੇ ਆਪਣੇ-ਆਪਣੇ ਅਦਾਰਿਆਂ ਵਿੱਚ ਝੰਡੇ ਝੁਲਾਏ ਤੇ ਰੈਲੀਆਂ ਕਰਨ ਉਪਰੰਤ ਏਟਕ ਦੇ ਸਾਂਝੇ ਸਮਾਗਮ ਵਿੱਚ ਸ਼ਾਮਲ ਹੋਏ।

ਹੋਰਨਾਂ ਤੋਂ ਇਲਾਵਾ ਡਾ: ਰਜਿੰਦਰਪਾਲ, ਬੀ ਐੱਸ ਔਲਖ, ਚਰਨ ਸਿੰਘ ਸਰਾਭਾ, ਗੁਰਮੇਲ ਮੈਲਡੇ, ਚਮਕੌਰ ਸਿੰਘ, ਡਾ: ਗੁਰਪ੍ਰੀਤ ਰਤਨ, ਡਾ: ਵਿਨੋਦ, ਰਛਪਾਲ ਸਿੰਘ, ਨਰਕੇਸ਼ਰ ਰਾਏ, ਸੁਰਿੰਦਰ ਸਿੰਘ ਬੈਂਸ ਬਲਕੌਰ ਸਿੰਘ, ਕੇਵਲ ਸਿੰਘ ਬਨਵੈਤ, ਪਰਵੀਨ ਕੁਮਾਰ, ਸੰਜੀਵ ਸ਼ਰਮਾ, ਰਛਪਾਲ ਸਿੰਘ, ਹਰਬੰਸ ਸਿੰਘ, ਕਾਮੇਸ਼ਵਰ ਯਾਦਵ ਤੇ ਅਜੀਤ ਜਵੱਦੀ ਨੇ ਵੀ ਸੰਬੋਧਨ ਕੀਤਾ।

**ਤਰਨ ਤਾਰਨ** : ਟਰੇਡ ਯੂਨੀਅਨ ਏਟਕ ਵੱਲੋਂ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਤਰਨ ਤਾਰਨ ਵਿਖੇ ਕੌਮਾਂਤਰੀ ਮਜ਼ਦੂਰ ਦਿਵਸ ਪਹਿਲੀ ਮਈ ਜ਼ਿਲ੍ਹਾ ਪੱਧਰ 'ਤੇ ਟਰੇਡ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਮਈ ਦਿਹਾੜੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਏਟਕ ਦੇ ਸੂਬਾਈ ਆਗੂ ਪ੍ਰਿਥੀਪਾਲ ਸਿੰਘ ਮਾੜੀਮੇਘਾ ਤੇ ਉੱਘੇ ਟਰੇਡ ਯੂਨੀਅਨ ਆਗੂ ਤਾਰਾ ਸਿੰਘ ਖਹਿਰਾ ਨੇ ਕਿਹਾ ਕਿ ਮਈ ਦਿਵਸ ਦੇ ਸਿਧਾਂਤ ਦੀ ਰੌਸ਼ਨੀ ਕਿਰਤੀਆਂ ਲਈ ਚਾਨਣ-ਮੁਨਾਰਾ ਹੈ।ਇਕੱਲੇ ਕੰਮ 'ਤੇ ਲੱਗੇ ਕਿਰਤੀਆਂ ਲਈ ਹੀ ਨਹੀਂ, ਇਹ ਦਿਹਾੜਾ ਇਹ ਸੇਧ ਦਿੰਦਾ ਹੈ ਕਿ ਹਰੇਕ ਵਿਅਕਤੀ ਨੂੰ ਪੱਕਾ ਰੁਜ਼ਗਾਰ ਵੀ ਦਿੱਤਾ ਜਾ ਸਕਦਾ ਹੈ। ਹੁਣ ਕਈਆਂ ਦੇ ਮਨਾਂ ਵਿੱਚ ਸਵਾਲ ਉੱਠਦਾ ਹੋਵੇਗਾ ਕਿ ਰੁਜ਼ਗਾਰ ਕਿਸ ਤਰ੍ਹਾਂ ਦਿੱਤਾ ਜਾ ਸਕਦਾ ਹੈ। ਇਹ ਸਵਾਲ ਉੱਠਣਾ ਵੀ ਜਾਇਜ਼ ਹੈ। ਕਿਸੇ ਸਮੇਂ ਰਾਜ ਕਰਦੀ ਧਿਰ ਕਿਰਤੀਆਂ ਤੋਂ ਲਗਾਤਾਰ 24-24 ਘੰਟੇ ਤੋਂ ਵੀ ਵਧੇਰੇ ਸਮਾਂ ਕੰਮ ਲੈਂਦੀ ਸੀ। ਕਿਰਤੀ ਕੰਮ ਕਰਦਿਆਂ ਆਪਣੇ ਕੰਮ ਕਰਨ ਵਾਲੀ ਜਗ੍ਹਾ 'ਤੇ ਹੀ ਰੋਟੀ-ਪਾਣੀ ਖਾਂਦਾ-ਪੀਂਦਾ ਸੀ। ਇਸ ਤਰ੍ਹਾਂ ਜਦੋਂ ਕਣਕ ਦੀ ਵਾਢੀ ਹੁੰਦੀ ਸੀ, ਵਾਢੇ ਭਾਵ ਕਣਕ ਵੱਢਣ ਵਾਲੇ ਵੀ ਇਸੇ ਤਰ੍ਹਾਂ ਕਰਦੇ ਸਨ। ਉਨ੍ਹਾਂ ਦੀ ਜਦੋਂ ਰੋਟੀ ਪਿੰਡਾਂ 'ਚੋਂ ਔਰਤਾਂ ਨੇ ਲੈ ਆਉਣੀ ਤੇ ਕਣਕ ਵੱਢਣੀ ਰੋਕ ਕੇ ਉਥੇ ਹੀ ਪੈਲੀ ਵਿੱਚ ਬੈਠ ਕੇ ਰੋਟੀ ਖਾ ਲੈਣੀ ਤੇ ਚਾਹ ਪੀ ਲੈਣੀ। ਜਿਉਂ-ਜਿਉਂ ਕਿਰਤੀ ਚੇਤਨ ਹੁੰਦਾ ਗਿਆ ਤੇ ਉਸ ਨੇ ਕੰਮ ਦਿਹਾੜੀ ਛੋਟੀ ਕਰਨ ਦਾ ਸੰਘਰਸ਼ ਲੜਿਆ ਤੇ ਜਿੱਤਾਂ ਪ੍ਰਾਪਤ ਕੀਤੀਆਂ। ਕਿਰਤੀਆਂ ਦੇ ਸੰਘਰਸ਼ ਅੱਗੇ ਮਾਲਕਾਂ ਨੇ ਝੁਕਦੇ ਹੋਏ ਕੰਮ ਦਿਹਾੜੀ ਸਮਾਂ 20 ਘੰਟੇ, 18 ਘੰਟੇ, 16 ਘੰਟੇ ਤੇ ਇਸ ਤਰ੍ਹਾਂ ਘਟਦੇ-ਘਟਦੇ 8 ਘੰਟੇ 'ਤੇ ਪਹੁੰਚ ਗਏ। ਇਹ ਕੰਮ ਦਿਹਾੜੀ ਘਟਣ ਦਾ ਪ੍ਰੋਸੈੱਸ ਇੱਕ-ਦੋ ਦਿਨਾਂ ਦਾ ਨਹੀਂ, ਇਹ ਤਾਂ ਸੈਂਕੜੇ ਸਾਲ ਲੱਗੇ ਸਨ। ਆਗੂਆਂ ਨੇ ਕਿਹਾ ਕਿ ਹੁਣ ਲੰਮਾ ਸਮਾਂ ਹੋ ਗਿਆ ਕੰਮ ਦਿਹਾੜੀ ਸਮਾਂ 8 ਘੰਟੇ 'ਤੇ ਹੀ ਟਿਕਿਆ ਹੈ। ਇਹ ਟਿਕਣ ਦਾ ਕਾਰਨ ਬੇਰੁਜ਼ਗਾਰੀ ਹੈ। ਜਿਹੜਾ ਕਿਰਤੀ ਕੰਮ 'ਤੇ ਲੱਗਾ ਹੈ, ਉਹ ਸੋਚਦਾ ਹੈ ਕੰਮ ਤੇ ਕਿਤੇ ਮਿਲਦਾ ਨਹੀਂ, ਇਸ ਲਈ ਕਿਉਂ ਕੰਮ ਦਿਹਾੜੀ ਛੋਟੀ ਕਰਨ ਦੇ ਸੰਘਰਸ਼ ਵਿੱਚ ਪੈਣਾ ਹੈ। ਇਹ ਹੀ ਕਿਰਤੀਆਂ ਦੀ ਗਲਤੀ ਹੈ, ਜੇ ਕੰਮ ਦਿਹਾੜੀ ਛੋਟੀ ਹੁੰਦੀ ਹੈ ਤੇ ਨਵੇਂ ਕਿਰਤੀਆਂ ਭਾਵ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਮਿਲੇਗਾ। ਜਿਹੜਾ ਕਿਰਤੀਆਂ ਅੱਗੇ ਬੇਰੁਜ਼ਗਾਰੀ ਦਾ ਹਊਆ ਹੈ, ਉਹ ਖ਼ਤਮ ਹੋ ਜਾਵੇਗਾ। ਜਦੋਂ ਨਵੇਂ ਕਿਰਤੀਆਂ ਨੂੰ ਕੰਮ ਮਿਲੇਗਾ, ਸਮਾਜ ਵਿਚ ਖੁਸ਼ਹਾਲੀ ਪਰਤੇਗੀ।ਇਸ ਲਈ ਅਜੋਕੇ ਟੈਕਨਾਲੋਜੀ ਦੇ ਯੁੱਗ ਵਿੱਚ ਕੰਮ ਦਿਹਾੜੀ ਸਮਾਂ ਘੱਟੋ-ਘੱਟ 6 ਘੰਟੇ ਕਰਨਾ ਅਤਿ ਜ਼ਰੂਰੀ ਹੈ।

ਇਸ ਮੌਕੇ ਆਗੂਆਂ ਜ਼ੋਰਦਾਰ ਅਪੀਲ ਕੀਤੀ ਕਿ ਗੁਰਦਿਆਲ ਸਿੰਘ ਖਡੂਰ ਸਾਹਿਬ ਨੂੰ ਵੋਟਾਂ ਪਾ ਕੇ ਕਾਮਯਾਬ ਕਰੋ। ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਉਮੀਦਵਾਰ ਗੁਰਦਿਆਲ ਸਿੰਘ ਨੇ ਕਿਹਾ ਕਿ ਜੇ ਮੈਂ ਪਾਰਲੀਮੈਂਟ ਵਿੱਚ ਪਹੁੰਚ ਜਾਂਦਾ ਹਾਂ ਤਾਂ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਦੀ ਆਵਾਜ਼ ਉਠਾਵਾਂਗਾ। ਦਾਤਰੀ ਸਿੱਟੇ ਵਾਲਾ ਬਟਨ ਦਬਾਅ ਕੇ ਮੈਨੂੰ ਕਾਮਯਾਬ ਬਣਾਓ।

ਸਮਾਗਮ ਨੂੰ ਅਧਿਆਪਕ ਯੂਨੀਅਨ ਦੇ ਆਗੂ ਬਲਕਾਰ ਸਿੰਘ ਵਲਟੋਹਾ, ਬਿਜਲੀ ਬੋਰਡ ਏਟਕ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਦਵਿੰਦਰ ਸੋਹਲ, ਕਾਰਜ ਸਿੰਘ ਕੈਰੋਂ, ਗੁਰਪ੍ਰੀਤ ਸਿੰਘ ਮਾੜੀਮੇਘਾ, ਦਵਿੰਦਰ ਸੋਹਲ , ਸੀਮਾ ਸੋਹਲ, ਅੰਮ੍ਰਿਤਪਾਲ ਸਿੰਘ ਤੇ ਰਜਵੰਤ ਸਿੰਘ ਬਾਗੜੀਆਂ ਨੇ ਵੀ ਸੰਬੋਧਨ ਕੀਤਾ।

**ਅੰਮ੍ਰਿਤਸਰ** : ਏਟਕ ਅਤੇ ਸੀਟੂ ਵੱਲੋਂ ਮਿਲ ਕੇ ਮਈ ਦਿਵਸ ਮਨਾਇਆ ਗਿਆ। ਵੱਖ-ਵੱਖ ਥਾਵਾਂ ਉਪਰ ਝੰਡੇ ਝੁਲਾਏ ਗਏ ਅਤੇ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿਚ ਮੁੱਖ ਤੌਰ 'ਤੇ ਮਿਲਕ ਪਲਾਂਟ ਵੇਰਕਾ, ਛੇਹਰਟਾ, ਪੁਤਲੀਘਰ, ਬਟਾਲਾ ਰੋਡ, ਢਪਈ ਰੋਡ ਆਦਿ ਵਰਨਣਯੋਗ ਹਨ। ਇਨ੍ਹਾਂ ਮੀਟਿੰਗਾਂ ਨੂੰ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਉਮੀਦਵਾਰ ਦਸਵਿੰਦਰ ਕੌਰ, ਅਮਰਜੀਤ ਸਿੰਘ ਆਸਲ ਤੇ ਸੁੱਚਾ ਸਿੰਘ ਅਜਨਾਲਾ ਆਦਿ ਨੇ ਸੰਬੋਧਨ ਕੀਤਾ।

**ਜਲੰਧਰ** : ਸ਼ਿਕਾਗੋ (ਅਮਰੀਕਾ) ਦੀ ਧਰਤੀ 'ਤੇ 1886 'ਚ ਸ਼ਹਾਦਤ ਪਾਉਣ ਵਾਲੇ ਮਜ਼ਦੂਰ ਜਮਾਤ ਦੇ ਕੌਮਾਂਤਰੀ ਅਨਮੋਲ ਹੀਰਿਆਂ ਨੂੰ ਸਿਜਦਾ ਕਰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਗੰਭੀਰ ਵਿਚਾਰ-ਚਰਚਾ ਕੀਤੀ ਗਈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਇਤਿਹਾਸ ਕਮੇਟੀ ਦੇ ਕਨਵੀਨਰ ਹਰਵਿੰਦਰ ਭੰਡਾਲ, ਮਿਊਜ਼ੀਅਮ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ, ਕਮੇਟੀ ਮੈਂਬਰ ਗੁਰਮੀਤ, ਦੇਖ-ਰੇਖ ਕਮੇਟੀ ਦੇ ਕਨਵੀਨਰ ਰਣਜੀਤ ਸਿੰਘ ਔਲਖ ਅਤੇ ਕਮੇਟੀ ਮੈਂਬਰ ਡਾ. ਤੇਜਿੰਦਰ ਵਿਰਲੀ ਅਤੇ ਆਡਿਟ ਕਮੇਟੀ ਮੈਂਬਰ ਦੇਵ ਰਾਜ ਨਈਅਰ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਹਾਲ ਦੀਆਂ ਸਰਗਰਮੀਆਂ ਨਾਲ ਜੁੜੇ ਪਰਮਜੀਤ ਸਿੰਘ ਸਮਰਾ ਨੇ ਇਸ ਮੌਕੇ ਵਿਚਾਰ-ਚਰਚਾ 'ਚ ਸ਼ਿਰਕਤ ਕੀਤੀ।

ਬੁਲਾਰਿਆਂ ਨੇ ਮਜ਼ਦੂਰਾਂ ਉਪਰ ਮੜ੍ਹੇ ਜਾ ਰਹੇ ਨਵੇਂ ਕਾਨੂੰਨਾਂ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਕਿ ਜਿਵੇਂ ਕਾਲ਼ੇ ਖੇਤੀ ਕਾਨੂੰਨਾਂ ਖ਼ਿਲਾਫ਼ ਲਾ-ਮਿਸਾਲ ਕਿਸਾਨ ਸੰਘਰਸ਼ ਹੋਇਆ ਅਤੇ ਚੱਲ ਰਿਹੈ, ਇਸ ਤਰ੍ਹਾਂ ਮਜ਼ਦੂਰਾਂ ਦੀ ਵਿਸ਼ਾਲ ਜਨਤਕ ਲਹਿਰ ਖੜ੍ਹੀ ਕਰਨਾ ਸਮੇਂ ਦੀ ਲੋੜ ਹੈ।

ਬੁਲਾਰਿਆਂ ਕਿਹਾ ਕਿ ਤਿੱਖੇ ਹੋਏ ਸਾਮਰਾਜੀ ਕਾਰਪੋਰੇਟ ਘਰਾਣਿਆਂ ਅਤੇ ਦੇਸੀ-ਬਦੇਸ਼ੀ ਕੰਪਨੀਆਂ ਦੇ ਸਿਕੰਜ਼ੇ ਅਤੇ ਫ਼ਿਰਕੂ ਫਾਸ਼ੀ ਹੱਲੇ ਦੀ ਦੋ-ਧਾਰੀ ਤਲਵਾਰ ਖ਼ਿਲਾਫ਼ ਜਨ-ਅੰਦੋਲਨ ਉਸਾਰਨਾ ਹੀ ਸਾਮਰਾਜ ਵਿਰੋਧੀ ਗ਼ਦਰ ਲਹਿਰ ਦੀ ਮਹਾਨ ਵਿਰਾਸਤ ਦਾ ਪਰਚਮ ਬੁਲੰਦ ਕਰਨਾ ਹੈ।

ਸਮਾਗਮ 'ਚ 5 ਮਈ ਕਾਰਨ ਮਾਰਕਸ ਦੇ ਜਨਮ ਦਿਹਾੜੇ 'ਤੇ ਕਮੇਟੀ ਵੱਲੋਂ ਹੋ ਰਹੇ ਸਮਾਗਮ ਨੂੰ ਸਫ਼ਲ ਕਰਨ ਲਈ ਲੋਕਾਂ ਨੂੰ ਸਮਾਗਮ 'ਚ ਸ਼ਿਰਕਤ ਕਰਨ ਦੀ ਅਪੀਲ ਕੀਤੀ ਗਈ।

## ਚਲਿੱਤਰ ਦਾ ਪਤਾ...

ਉਹ ਵਾਪਸ ਆ ਕੇ ਪੁਲਸ ਜਾਂਚ ਵਿਚ ਸ਼ਾਮਲ ਹੋਵੇਗਾ। ਸੱਚਾਈ ਸਭ ਦੇ ਸਾਹਮਣੇ ਆ ਜਾਵੇਗੀ।

ਸਾਂਸਦ ਪ੍ਰਜਵਲ ਹਾਸਨ ਲੋਕ ਸਭਾ ਸੀਟ 'ਤੇ ਪੋਲਿੰਗ ਖਤਮ ਹੋਣ ਤੋਂ ਬਾਅਦ ਲਾਪਤਾ ਹੋ ਗਿਆ ਸੀ ਤੇ ਉਸ ਦੇ ਜਰਮਨੀ ਵਿਚ ਹੋਣ ਦੀ ਗੱਲ ਕਹੀ ਜਾ ਰਹੀ ਹੈ। ਕਰਨਾਟਕ ਵਿਚ 14 ਸੀਟਾਂ ਲਈ ਵੋਟਾਂ ਪੈ ਚੁੱਕੀਆਂ ਹਨ ਤੇ ਰਹਿੰਦੀਆਂ 14 ਸੀਟਾਂ ਲਈ 7 ਮਈ ਨੂੰ ਪੈਣੀਆਂ ਹਨ। ਸੈਕਸ ਸਕੈਂਡਲ ਨੇ ਭਾਜਪਾ ਤੇ ਜਨਤਾ ਦਲ (ਸੈਕੂਲਰ) ਦੇ ਗਠਜੋੜ ਲਈ ਮੁਸੀਬਤ ਪੈਦਾ ਕੀਤੀ ਹੋਈ ਹੈ।

## ਵੋਟਾਂ ਦਾ ...

ਜਾਰੀ ਕਰ ਦਿੱਤੇ ਜਾਂਦੇ ਸਨ।

ਤ੍ਰਿਣਮੂਲ ਕਾਂਗਰਸ ਦੇ ਸਾਂਸਦ ਡੈਰੇਕ ਓ'ਬ੍ਰਾਇਨ ਨੇ ਦੋ ਗੇੜਾਂ ਵਿਚ ਪੋਲਿੰਗ ਵੇਲੇ ਜਿੰਨੀ ਫੀਸਦ ਦੱਸੀ ਗਈ ਸੀ, 30 ਅਪ੍ਰੈਲ ਨੂੰ ਜਾਰੀ ਫੀਸਦ ਵਿਚ 5 ਫੀਸਦ ਦਾ ਵਾਧਾ ਹੋ ਗਿਆ ਹੈ। ਇਹ ਮਾਮੂਲੀ ਗੱਲ ਨਹੀਂ।

ਪਹਿਲੇ ਗੇੜ ਵਿਚ 102 ਤੇ ਦੂਜੇ ਗੇੜ ਵਿਚ 88 ਸੀਟਾਂ ਲਈ ਪੋਲਿੰਗ ਹੋਈ ਸੀ। ਚੋਣ ਕਮਿਸ਼ਨ ਨੇ ਪਹਿਲੇ ਗੇੜ ਵਿਚ 60 ਫੀਸਦੀ ਤੇ ਦੂਜੇ ਵਿਚ 60.96 ਫੀਸਦੀ ਵੋਟਾਂ ਪੈਣ ਦੀ ਗੱਲ ਕਹੀ ਸੀ। ਹੁਣ ਕਿਹਾ ਹੈ ਕਿ ਪਹਿਲੇ ਗੇੜ ਵਿਚ 66.14 ਤੇ ਦੂਜੇ ਗੇੜ ਵਿਚ 66.71 ਫੀਸਦੀ ਪੋਲਿੰਗ ਹੋਈ।

## ਸੁਸ਼ੀਲ ਰਿੰਕੂ ਨੇ ਕੀਤੀਆਂ ਲੋਹੀਆਂ ਖਾਸ 'ਚ ਮੀਟਿੰਗਾਂ, ਕਿਸਾਨਾਂ ਵੱਲੋਂ ਜ਼ਬਰਦਸਤ ਵਿਰੋਧ




**ਲੋਹੀਆਂ ਖਾਸ, (ਗੀਨਾ ਸ਼ਰਮਾ, ਯੋਗੇਸ਼ਵਰ)**- ਲੋਕ ਸਭਾ ਦੀ ਆਮ ਚੋਣ -ਦੌਰਾਨ ਭਾਜਪਾ ਵਲੋਂ ਆਪ ਦੇ ਐੱਮ ਪੀ ਜੋ ਰਹੇ ਸੁਸ਼ੀਲ ਕੁਮਾਰ ਰਿੰਕੂ ਨੂੰ ਚੋਣ ਮੈਦਾਨ 'ਚ ਉਤਾਰਿਆ ਹੈ, ਜਿਨ੍ਹਾਂ ਵਲੋਂ ਲੋਹੀਆਂ ਇਲਾਕੇ 'ਚ ਵੱਖ ਵੱਖ ਮੀਟਿੰਗਾਂ ਕੀਤੀਆਂ ਗਈਆਂ। ਹਲਕਾ ਸ਼ਾਹਕੋਟ ਦੇ ਇੰਚਾਰਜ ਨਰਿੰਦਰਪਾਲ ਸਿੰਘ ਚੰਦੀ ਦੀ ਅਗਵਾਈ ਹੇਠ ਲੋਹੀਆਂ ਵਿਖੇ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸ਼ੰਮੀ ਖੈੜਾ ਦੇ ਗ੍ਰਹਿ ਵਿਖੇ ਆਯੋਜਿਤ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਜਿਹੜੇ ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ ਉਨ੍ਹਾਂ ਨੇ ਕੇਂਦਰ ਸਰਕਾਰ ਨਾਲ ਮਿਲ ਕੇ ਆਪਣੇ ਰਾਜ ਵਿੱਚ ਵਧੀਆ ਪ੍ਰਾਜੈਕਟ ਲਿਆਂਦੇ ਅਤੇ ਸਾਰੀਆਂ ਸਕੀਮਾਂ ਨੂੰ ਲਾਗੂ ਕਰਦਿਆਂ ਆਪੋ ਆਪਣੇ ਰਾਜ ਦਾ ਵਧੀਆ ਵਿਕਾਸ ਕੀਤਾ, ਪਰ ਜਿਥੇ ਵਿਰੋਧੀ ਸਰਕਾਰਾਂ ਹਨ, ਉਨ੍ਹਾਂ ਵਲੋਂ ਨਾ ਤਾਂ ਸਹਿਯੋਗ ਕੀਤਾ ਜਾਂਦਾ ਹੈ ਨਾ ਹੀ ਸਕੀਮਾਂ ਨੂੰ ਲਾਗੂ ਕੀਤਾ ਜਾਂਦਾ ਹੈ, ਜਿਸ ਕਾਰਨ ਵਿਕਾਸ ਵਿੱਚ ਖੜੋਤ ਬਣੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ ਡਬਲ ਇੰਜਣ ਦਾ ਰਾਹ ਪੱਧਰਾ ਕਰਨ ਲਈ ਭਾਜਪਾ ਨੂੰ ਵੱਧ ਤੋਂ ਵੱਧ ਸੀਟਾਂ ਦੇ ਕੇ ਕੇਂਦਰ ਵਿੱਚ ਆਪਣਾ ਯੋਗਦਾਨ ਪਾਓ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਸ਼ੰਮੀ ਖੇੜਾ, ਸ਼ਾਹਕੋਟ ਦੇ ਇੰਚਾਰਜ ਨਰਿੰਦਰਪਾਲ ਸਿੰਘ ਚੰਦੀ, ਮੰਡਲ ਪ੍ਰਧਾਨ ਸੁਨੀਲ ਸ਼ਰਮਾ, ਲੋਕੇਸ਼ ਵਿਚ ਜਨਰਲ ਸੈਕਟਰੀ, ਅਮਰਜੀਤ ਸਿੰਘ, ਸੁੱਚਾ ਸਿੰਘ ਜੌਹਣ ਸਮੇਤ ਹੋਰਾਂ ਨੇ ਸੰਬੋਧਨ ਕਰਦਿਆਂ ਭਾਜਪਾ ਨੂੰ ਵੱਧ ਤੋਂ ਵੱਧ ਵੋਟਾਂ ਭੁਗਤਾ ਕੇ ਜੇਤੂ ਬਣਾਉਣ ਦਾ ਅਹਿਦ ਕੀਤਾ। ਇਸ ਮੌਕੇ ਮੁਨੀਸ਼ ਧੀਰ ਪ੍ਰਧਾਨ ਦਿਹਾਤੀ, ਮੁਖਤਿਆਰ ਸਿੰਘ ਯੂ.ਪੀ. ਪ੍ਰਧਾਨ (ਸ਼ਹਿਰੀ), ਪਿਆਰੇ ਲਾਲ ਵਰਮਾ ਮੀਤ ਪ੍ਰਧਾਨ, ਰਮਨ ਕੁਮਾਰ ਸੱਦੀ ਪ੍ਰਧਾਨ ਟਰੇਡ ਸੈੱਲ ਲੋਹੀਆਂ, ਡਾ. ਅਨਿਲ ਕੌਸ਼ਲ, ਦਵਿੰਦਰ ਕਲੇਰ ਕੈਸ਼ੀਅਰ, ਪੰਕਜ ਢੀਂਗਰਾ, ਬਲਕਾਰ ਸਿੰਘ, ਸਰਬਜੀਤ ਸਿੰਘ, ਲਖਵੀਰ ਸ਼ਰਮਾ, ਅਰੁਣ ਬਾਂਸਲ ਸਮੇਤ ਹੋਰ ਸ਼ਹਿਰ ਵਾਸੀ ਵੀ ਹਾਜ਼ਰ ਸਨ। ਇਸ ਦੀ ਭਿਣਕ ਲੱਗਦਿਆਂ ਹੀ ਕਿਸਾਨ ਸੰਘਰਸ਼ ਕਮੇਟੀ (ਕੋਟਬੁੱਢਾ) ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਅਲੀਵਾਲ ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਸਲਵਿੰਦਰ ਸਿੰਘ ਜਾਣੀਆਂ ਦੀ ਅਗਵਾਈ ਹੇਠ ਕਿਸਾਨਾਂ ਵਲੋਂ ਜ਼ਬਰਦਸਤ ਵਿਰੋਧ ਜਤਾਇਆ ਗਿਆ, ਜਿਸ ਦੌਰਾਨ ਭਾਰੀ ਪੁਲਸ ਫੋਰਸ ਦੇ ਚਲਦੇ ਸ਼ਾਹਕੋਟ ਦੇ ਡੀ.ਐੱਸ.ਪੀ. ਅਮਨਦੀਪ ਸਿੰਘ ਅਤੇ ਥਾਣਾ ਮੁਖੀ ਬਖਸ਼ੀਸ਼ ਸਿੰਘ ਵਲੋਂ ਭਾਜਪਾ ਉਮੀਦਵਾਰ ਨਾਲ ਮਿਲਾਏ ਜਾਣ ਦੇ ਦੁਆਏ ਵਿਸ਼ਵਾਸ ਦੇ ਬਾਵਜੂਦ ਸੁਸ਼ੀਲ ਕੁਮਾਰ ਰਿੰਕੂ ਦੂਜੀ ਗਲੀ ਵਿੱਚ ਦੀ ਨਿਕਲ ਗਏ, ਜਿਸ ਨੂੰ ਲੈ ਕੇ ਕਿਸਾਨਾਂ ਨੇ ਜ਼ੋਰਦਾਰ ਨਾਹਰੇਬਾਜ਼ੀ ਕੀਤੀ।

ਇਸੇ ਤਰ੍ਹਾਂ ਪਿੰਡ ਦਾਰੇਵਾਲ ਅਤੇ ਪਿੰਡ ਫੁੱਲ ਵਿਖੇ ਮੀਟਿੰਗਾਂ ਨੂੰ ਸੰਬੋਧਨ ਕਰਨ ਗਏ ਭਾਜਪਾ ਉਮੀਦਵਾਰ ਦਾ ਕਿਸਾਨਾਂ ਵਲੋਂ ਜ਼ੋਰਦਾਰ ਵਿਰੋਧ ਕੀਤਾ ਗਿਆ ਹੈ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

**ਨਿਵਿਦਾ ਸੂਚਨਾ ਪੱਤਰ ਨੰ.:- 770-W/169/WA-1/FZR/770-W/169/WA-1/FZR/32-2024-25-ADEN-LDH** ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ ਅੰਤਮ ਮਿਤੀ 22.05.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਨਿਵਿਦਾ ਸੁਰੱਖਿਆ ਪੱਤਰ ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ ਤੇ ਨਥੀ ਕਰੇਗਾ।

**ਲੜੀ ਨੰਬਰ: 1** | **ਨਿਵਿਦਾ ਸੰਖਿਆ, ਮਿਤੀ : 32-2024-25-ADEN-LDH**

ਨਿਵਿਦਾ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਖੇਤਰਾਧਿਕਾਰ ਵਿਚ ਪੈਂਦੇ ਸਾਹਨੇਵਾਲ ਸਟੇਸ਼ਨ ਤੇ ਗੁਡਸ ਸ਼ੇਡ ਦਾ ਉਨਯਨ / ਸੁਧਾਰ ਦਾ ਕੰਮ ਕਰਨਾ।

| ਵਿਗਿਆਪਨ ਮੂਲ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|
| 4,18,51,221.92 | 60 ਦਿਨ | 06 ਮਹੀਨੇ |

ਨੋਟ 1. ਨਿਵਿਦਾ ਪਾਉਣ ਤੋਂ ਪਹਿਲੇ, ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 1308/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 21.05.2024 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ** |
| 29.04.2024/ 17:35 ਵਜੇ | 07.05.2024 | 21.05.2024/ 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 33-2024-25-ADEN-JUC | ਸਹਾਇਕ ਮੰਡਲ ਇੰਜੀਨੀਅਰ - ਜਲੰਧਰ ਸ਼ਹਿਰ ਦੇ ਅਧੀਨ ਅੰਮ੍ਰਿਤਸਰ - ਖੇਮਕਰਣ ਸੈਕਸ਼ਨ ਵਿਚ ਆਰਸੀਸੀ ਬਾਕਸ ਦੇ ਨਾਲ ਆਰਚ ਬ੍ਰਿਜ ਨੰਬਰ 113 ਦਾ ਪ੍ਰਤੀਸਥਾਪਨ ਅਤੇ ਜਲੰਧਰ ਸਿਟੀ - ਅੰਮ੍ਰਿਤਸਰ ਸੈਕਸ਼ਨ ਉਤੇ ਬ੍ਰਿਜ ਨੰਬਰ 23 (ਅਪ ਅਤੇ ਡਾਊਨ) ਲਾਇਨ ਅਤੇ 28 (ਸਾਈਡਿੰਗ) ਦੇ ਆਰਸੀਸੀ ਸਲੈਬ ਦੇ ਨਾਲ ਗਰਡਰਸ ਦਾ ਪ੍ਰਤੀਸਥਾਪਨ । |

| ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 1,20,72,835.52/- | 2,10,400.00/- | 60 ਦਿਨ | 08 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ:- "ਆਰਸੀਸੀ ਬ੍ਰਿਜ/ਸੀਮਿਤ ਉਚਾਈ ਸਬਵੇ ਕੰਮ" ।

ਨੋਟ: 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਨੰ: 33-2024-25-ADEN-JUC ਮਿਤੀ : 30.04.2024 1309/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਮਜ਼ਦੂਰਾਂ ਦੇ ਚੰਗੇਰੇ ਭਵਿੱਖ ਲਈ ਮੋਦੀ ਸਰਕਾਰ ਨੂੰ ਚੱਲਦਾ ਕਰਨ ਦਾ ਸੱਦਾ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-1886 ਮਈ ਦੇ ਮਹਾਨ ਸ਼ਹੀਦਾਂ ਨੂੰ ਯਾਦ ਕਰਦਿਆਂ ਸੀਟੀਯੂ (ਪੰਜਾਬ) ਤੇ ਰਿਟਾਇਰੀ ਮੁਲਾਜ਼ਮਾਂ ਵੱਲੋਂ ਜਥੇਬੰਦੀ ਦੇ ਦਫਤਰ 28, ਅਲਬਰਟ ਰੋਡ, ਅੰਮ੍ਰਿਤਸਰ ਵਿਖੇ ਸਰਵਣ ਸਿੰਘ ਨੈਸ਼ਨਲ ਰਬੜ ਕਾਰਪੋਰੇਸ਼ਨ ਦੇ ਆਗੂ ਅਤੇ ਰਿਟਾਇਰੀ ਮੁਲਾਜ਼ਮਾਂ ਦੇ ਆਗੂ ਸੁਖਦੇਵ ਰਾਜ ਕਾਲੀਆ ਵੱਲੋਂ ਸੀਟੀਯੂ (ਪੰਜਾਬ) ਦਾ ਝੰਡਾ ਝੁਲਾਇਆ ਗਿਆ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਕੱਠੇ ਹੋਏ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਸੀਟੀਯੂ (ਪੰਜਾਬ) ਸਟੇਟ ਦੇ ਆਗੂ ਜਗਤਾਰ ਸਿੰਘ ਕਰਮਪੁਰਾ, ਕ੍ਰਿਪਾਲ ਸਿੰਘ ਗਿੱਲ ਅਤੇ ਪ੍ਰੇਮ ਕੁਮਾਰ ਆਜ਼ਾਦ ਨੇ ਕਿਹਾ ਕਿ ਅੱਜ ਤੋਂ 138 ਸਾਲ ਪਹਿਲਾਂ 11000 ਕਾਰਖਾਨਿਆਂ ਵਿੱਚ ਹੜਤਾਲ ਕਰਕੇ 380000 ਮਜ਼ਦੂਰ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਇਕੱਠੇ ਹੋਏ ਸਨ ਅਤੇ ਅਮਰੀਕਾ ਦੀ ਮਜ਼ਦੂਰ ਵਿਰੋਧੀ ਜ਼ਾਲਮ ਸਰਕਾਰ ਨੇ ਸਰਮਾਏਦਾਰਾਂ ਦੇ ਹੱਕ 'ਚ ਭੁਗਤਦਿਆਂ 8 ਘੰਟੇ ਡਿਊਟੀ ਦੀ ਮੰਗ ਕਰਦੇ ਮਜ਼ਦੂਰਾਂ ਵੱਲੋਂ ਹੜਤਾਲ ਕਰਕੇ ਕੀਤੇ ਵੱਡੇ ਇਕੱਠ ਨੂੰ ਕੁਚਲਣ ਵਾਸਤੇ ਪੁਲਸ ਦੀਆਂ ਧਾੜਾਂ ਨੇ ਨਿਹੱਥੇ ਮਜ਼ਦੂਰਾਂ ਤੇ ਗੋਲੀਆਂ ਦਾ ਮੀਂਹ ਵਰ੍ਹਾ ਕੇ ਤੇ ਬੰਬ ਚਲਾ ਕੇ ਕਈ ਮਜ਼ਦੂਰਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਤੇ ਹਜ਼ਾਰਾਂ ਨੂੰ ਜ਼ਖਮੀ ਕਰ ਦਿੱਤਾ। ਫਿਰ 3 ਤੇ 4 ਮਈ ਨੂੰ ਹੋਏ ਇਕੱਠ ਤੇ ਬੰਬ ਚਲਾਏ ਗਏ ਜਿਸ ਵਿੱਚ 6 ਮਜ਼ਦੂਰ ਤੇ 7 ਪੁਲਸ ਵਾਲੇ ਮਾਰੇ ਗਏ ਅਤੇ ਅਨੇਕਾਂ ਜ਼ਖਮੀ ਕਰ ਦਿੱਤੇ ਗਏ। ਜ਼ਾਲਮ ਸਰਕਾਰ ਨੇ 4 ਮਜ਼ਦੂਰ ਆਗੂਆਂ ਨੂੰ ਫਾਂਸੀ ਲਗਾ ਦਿੱਤੀ। ਇਸ ਤੋਂ ਪਹਿਲਾਂ 8 ਘੰਟੇ ਦੀ ਡਿਊਟੀ ਦੀ ਮੰਗ ਨੂੰ ਲੈ ਕੇ ਕਈ ਦੇਸ਼ਾਂ ਵਿੱਚ ਜਲਸੇ ਮੁਜ਼ਾਹਰੇ ਕੀਤੇ ਗਏ ਸਨ ਅਤੇ ਆਸਟ੍ਰੇਲੀਆ ਦੇ ਮਜ਼ਦੂਰਾਂ ਨੇ ਸਰਮਾਏਦਾਰਾਂ ਵਿਰੁੱਧ ਸੰਘਰਸ਼ ਕਰਦਿਆਂ ਨਾਹਰਾ ਦਿੱਤਾ ਸੀ ਕਿ 8 ਘੰਟੇ ਡਿਊਟੀ, 8 ਘੰਟੇ ਆਰਾਮ ਤੇ 8 ਘੰਟੇ ਮੰਨੋਰੰਜਨ। ਉਕਤ ਆਗੂਆਂ ਨੇ ਅੱਗੇ ਕਿਹਾ ਕਿ ਮਜ਼ਦੂਰਾਂ ਵੱਲੋਂ ਕੁਰਬਾਨੀਆਂ ਦੇ ਕੇ ਬਣਵਾਏ ਗਏ ਲੇਬਰ ਕਾਨੂੰਨ ਮੋਦੀ ਸਰਕਾਰ ਨੇ ਤੋੜ ਕੇ 4 ਕੋਡ ਬਣਾ ਦਿੱਤੇ ਹਨ, ਜੋ ਕਿ ਮਜ਼ਦੂਰ ਵਿਰੋਧੀ ਹਨ। ਪੰਜਾਬ ਦੀ ਮਾਨ ਸਰਕਾਰ ਕੋਲੋਂ ਮੰਗ ਕੀਤੀ ਕਿ ਅਣਸਿੱਖੇ ਮਜ਼ਦੂਰ ਦੀ ਘੱਟੋ-ਘੱਟ ਤਨਖਾਹ 26000 ਰੁਪਏ ਕੀਤੀ ਜਾਵੇ ਅਤੇ ਮਾਰਚ 2024 ਦਾ ਰੋਕਿਆ ਮਹਿੰਗਾਈ ਇੰਡੈਕਸ ਤੁਰੰਤ ਜਾਰੀ ਕੀਤਾ ਜਾਵੇ। ਇਕੱਠੇ ਹੋਏ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ 2024 ਦੀਆਂ ਪਾਰਲੀਮੈਂਟ ਚੋਣਾਂ ਵਿੱਚ ਇੰਡੀਆ ਗਠਜੋੜ ਨੂੰ ਵੋਟਾਂ ਪਾ ਕੇ ਮੋਦੀ ਸਰਕਾਰ ਨੂੰ ਚੱਲਦਾ ਕਰੋ ਤਾਂ ਕਿ ਦੇਸ਼ ਵਿੱਚ ਇੰਡੀਆ ਗਠਜੋੜ ਦੀ ਸਰਕਾਰ ਬਣੇ ਤੇ ਲੋਕਾਂ ਨੂੰ ਫਾਸ਼ੀਵਾਦ ਤਾਕਤਾਂ, ਮਹਿੰਗਾਈ, ਬੇਕਾਰੀ, ਭ੍ਰਿਸ਼ਟਾਚਾਰ, ਕਤਲੋਗਾਰਤ, ਲੁੱਟਾਂ-ਖੋਹਾਂ ਤੇ ਨਸ਼ਿਆਂ ਤੋਂ ਲੋਕਾਂ ਨੂੰ ਛੁਟਕਾਰਾ ਮਿਲ ਸਕੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪਲਵਿੰਦਰ ਸਿੰਘ , ਗੁਰਮੀਤ ਮਾਨ ਵੇਰਕਾ, ਗੁਰਪ੍ਰੀਤ ਸਿੰਘ ਸੋਨੂੰ, ਬਲਵਿੰਦਰ ਸਿੰਘ ਹੈਪੀ ਸੋਹੀਆਂ ਕਲਾਂ, ਬਲਵਿੰਦਰ ਸਿੰਘ ਗੁੱਗ ਵੀ ਮੌਜੂਦ ਸਨ।

# ਪੱਤਰਕਾਰ ਭਾਈਚਾਰਾ ਅੱਜ ਆਪਣੀਆਂ ਮੰਗਾਂ ਨੂੰ ਲੈ ਕੇ ਕਰੇਗਾ ਰੋਸ ਮਾਰਚ : ਜਸਬੀਰ ਸਿੰਘ ਪੱਟੀ

ਅੰਮ੍ਰਿਤਸਰ (ਨ ਜ਼ ਸ)-ਪੱਤਰਕਾਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਲੰਮੇ ਸਮੇਂ ਤੋਂ ਸੰਘਰਸ਼ ਕਰਦੀ ਆ ਰਹੀ ਹੈ ਤੇ ਪੱਤਰਕਾਰਾਂ ਤੇ ਹੋ ਰਹੇ ਹਮਲਿਆਂ ਤੇ ਸਰਕਾਰਾਂ ਵੱਲੋਂ ਕੀਤੀਆਂ ਜਾ ਰਹੀਆਂ ਪੱਤਰਕਾਰਾਂ ਦੀਆਂ ਨਜਾਇਜ਼ ਗ੍ਰਿਫਤਾਰੀਆਂ ਦੇ ਸਬੰਧ ਵਿੱਚ 2 ਮਈ ਨੂੰ ਸਥਾਨਕ ਭੰਡਾਰੀ ਪੁਲ ਤੋਂ ਇੱਕ ਰੋਸ ਮਾਰਚ ਅੰਮ੍ਰਿਤਸਰ ਦੇ ਅੰਦਰੂਨੀ ਸ਼ਹਿਰ ਵਿੱਚ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਦੱਸਿਆ ਕਿ ਸਰਕਾਰ ਨੇ ਪੱਤਰਕਾਰਾਂ ਸਬੰਧੀ ਅਪਣਾਈ ਬੇਗਾਨਗੀ ਦੀ ਭਾਵਨਾ ਦਰਸਾਉਂਦੀ ਹੈ ਕਿ ਪੰਜਾਬ ਸਰਕਾਰ ਪੱਤਰਕਾਰਾਂ ਦੀਆਂ ਮੰਗਾਂ ਵੱਲ ਗੌਰ ਫੁਰਮਾਉਣ ਲਈ ਸੁਹਿਰਦ ਨਹੀਂ ਹੈ।ਪਹਿਲਾਂ ਇੱਕ ਦਿੱਲੀ ਦੀ ਪੱਤਰਕਾਰ 'ਤੇ ਝੂਠਾ ਕੇਸ ਦਰਜ ਕਰ ਦਿੱਤਾ ਜਿਹੜਾ ਅਦਾਲਤ ਵਿੱਚ ਜਾ ਕੇ ਖਲੋਅ ਨਹੀਂ ਸਕਿਆ।ਇਸੇ ਤਰ੍ਹਾਂ ਇੱਕ ਅਖਬਾਰ ਦੇ ਸੰਪਾਦਕ ਨੂੰ ਝੂਠੇ ਕੇਸ ਵਿੱਚ ਫਸਾਉਣ ਦਾ ਯਤਨ ਕੀਤਾ ਗਿਆ ਪਰ ਲੋਕ ਰੋਹ ਅੱਗੇ ਸਰਕਾਰ ਨੂੰ ਝੁਕਣਾ ਪਿਆ।ਇਸੇ ਤਰ੍ਹਾਂ ਹੁਣ ਚੰਡੀਗੜ੍ਹ ਦੇ ਸੋਸ਼ਲ ਮੀਡੀਆਂ ਰਾਹੀ ਪੱਤਰਕਾਰੀ ਕਰਨ ਵਾਲੇ ਪੱਤਰਕਾਰ ਨੂੰ ਗ੍ਰਿਫਤਾਰ ਕਰ ਲਿਆ ਹੈ ਜਦਕਿ ਪੰਜਾਬ ਨੂੰ ਲੁੱਟਣ ਤੇ ਕੁੱਟਣ ਵਾਲੇ ਅੱਜ ਵੀ ਸਰਕਾਰ ਨੂੰ ਮੂੰਹ ਚਿੜਾ ਰਹੇ ਹਨ ਤੇ ਕਈ ਚੋਣਾਂ ਵੀ ਲੜ ਰਹੇ ਹਨ।ਇਥੇ ਹੀ ਬੱਸ ਨਹੀਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਇੱਕ ਮੰਤਰੀ ਵੱਲੋਂ ਜਿਸ ਤਰੀਕੇ ਨਾਲ ਅਜਨਾਲੇ ਦੇ ਪੱਤਰਕਾਰਾਂ ਨੂੰ ਧਮਕਾਇਆ ਜਾ ਰਿਹਾ ਹੈ ਉਹ ਵੀ ਚਿੰਤਾ ਦਾ ਵਿਸ਼ਾ ਹੈ।ਪੱਤਰਕਾਰਾਂ 'ਤੇ ਹੋ ਰਹੇ ਹਮਲ੍ਹਿਆ ਨੂੰ ਲੈ ਕੇ ਐਸੋਸੀਏਸ਼ਨ ਨੇ 2 ਮਈ ਨੂੰ ਸਰਕਾਰ ਦੀਆਂ ਨੀਤੀਆਂ ਦੇ ਵਿਰੁੱਧ ਰੋਸ ਮਾਰਚ ਕੀਤਾ ਜਾਵੇਗਾ ਜਿਹੜਾ ਹਾਲ ਗੇਟ ਤੋਂ ਕੋਤਵਾਲੀ ਤੇ ਹੁੰਦਾ ਹੋਇਆ ਵਾਪਸ ਹਾਲ ਗੇਟ ਤੇ ਸਮਾਪਤ ਹੋਵੇਗਾ।ਸਮੂਹ ਪੱਤਰਕਾਰ ਭਾਈਚਾਰੇ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਧੜੇਬਾਜ਼ੀ ਤੋਂ ਉਪਰ ਉੱਠ ਕੇ ਇਸ ਰੋਸ ਮਾਰਚ ਵਿੱਚ ਭਾਗ ਲੈਣ ਤਾਂ ਕਿ ਸਰਕਾਰ 'ਤੇ ਪੱਤਰਕਾਰਾਂ ਦੀਆਂ ਤੁਰੰਤ ਪ੍ਰਵਾਨ ਕਰਨ ਲਈ ਦਬਾ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਸਰਕਾਰ ਤੇ ਕੋਈ ਅਸਰ ਨਹੀਂ ਹੁੰਦਾ ਤਾਂ ਪੰਜਾਬ ਸਰਕਾਰ ਮੰਤਰੀਆਂ ਦਾ ਘਿਰਾਉ ਕਰਨ ਦੇ ਨਾਲ ਨਾਲ ਮੁੱਖ ਮੰਤਰੀ ਭਗਵੰਤ ਮਾਨ ਦਾ ਵੀ ਕਾਲੀਆਂ ਝੰਡੀਆਂ ਨਾਲ ਸੁਆਗਤ ਕੀਤਾ ਜਾਵੇਗਾ ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਕੋਈ ਹੋਰ ਨਹੀਂ ਸਗੋਂ ਸਰਕਾਰ ਤੇ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ।ਪੱਤਰਕਾਰਾਂ ਵਿੱਚ ਧੜੇਬੰਦੀ ਪੈਦਾ ਕਰਕੇ ਐਕਰੀਡੇਸ਼ਨ ਤੇ ਪੀਲੇ ਸਰਕਾਰੀ ਕਾਰਡ ਬਣਾਉਣ ਵਿੱਚ ਵਿਤਕਰਾ ਕਰਨ ਲਈ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਜ਼ਿੰਮੇਵਾਰ ਹੈ ਜਿਸ ਦੇ ਤਬਾਦਲੇ ਦੀ ਵੀ ਮੰਗ ਕੀਤੀ ਜਾਂਦੀ ਹੈ ਜਿਹੜਾ ਆਪਣੇ ਆਪ ਨੂੰ ਰਾਜ ਸਭਾ ਦੇ ਮੈਂਬਰ ਰਾਘਵ ਚੱਢਾ ਦਾ ਬੰਦਾ ਹੋਣ ਦਾ ਦਾਅਵਾ ਕਰਦਾ ਹੈ ਤੇ ਲੰਮੇ ਸਮੇਂ ਤੋਂ ਨਾਦਰਸ਼ਾਹੀ ਇੱਟ ਲਗਾ ਕੇ ਅੰਮ੍ਰਿਤਸਰ ਵਿੱਚ ਬੈਠਾ ਹੈ।ਲੋਕਲ ਪੱਧਰ ਦੀਆਂ ਬਹੁਤ ਸਾਰੀਆਂ ਮੁਸ਼ਕਲਾਂ ਇੱਕ ਅਧਿਕਾਰੀ ਦੇ ਤਬਾਦਲੇ ਨਾਲ ਹੀ ਹੱਲ ਹੋ ਸਕਦੀਆ ਹਨ।ਚੋਣ ਕਮਿਸ਼ਨ ਵੀ ਪਤਾ ਨਹੀਂ ਕਿਹੜੀ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਕਿਉਂਕਿ ਕਈ ਪੁਲਸ ਅਧਿਕਾਰੀ ਹਾਲੇ ਵੀ ਆਪਣੇ ਗ੍ਰਹਿ ਜ਼ਿਲ੍ਹੇ ਵਿੱਚ ਬੈਠੇ ਹਨ ਤੇ ਕਈਆਂ ਉਪਰ ਤਾਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨਸ਼ਿਆਂ ਦੀ ਤਸਕਰੀ ਕਰਨ ਦੇ ਦੋਸ਼ ਲਗਾ ਚੁੱਕੇ ਹਨ। ਉਨ੍ਹਾਂ ਦਾ ਤਬਾਦਲਾ ਕਰਨ ਲਈ ਨਾ ਤਾਂ ਚੋਣ ਕਮਿਸ਼ਨ ਤੇ ਨਾ ਹੀ ਸਰਕਾਰ ਕੋਈ ਧਿਆਨ ਦੇ ਰਹੀ ਹੈ।

## ਕਾਰ ਨਾਲ ਟਕਰਾਉਣ 'ਤੇ ਮੋਟਰਸਾਈਕਲ ਚਾਲਕ ਦੀ ਮੌਤ

ਗੁਰਦਾਸਪੁਰ,(ਜਨਕ ਮਹਾਜਨ)- ਥਾਣਾ ਸਦਰ ਗੁਰਦਾਸਪੁਰ ਪੁਲਿਸ ਨੇ ਅਣਪਛਾਤੇ ਵਹੀਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦਲਜੀਤ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਭੰਡਾਲ ਨੇ ਦੱਸਿਆ ਕਿ ਮੇਰਾ ਭਤੀਜਾ ਲਵਪ੍ਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਭੰਡਾਲ ਜੋ ਆਪਣੇ ਮੋਟਰਸਾਈਕਲ ਨੰਬਰ ਪੀਬੀ 58 ਜੀ 4474 ਮਾਰਕਾ ਹੀਰੋ ਹਾਡਾ 'ਤੇ ਸਵਾਰ ਹੋ ਕੇ ਗੁਰਦਾਸਪੁਰ ਤੋਂ ਪਿੰਡ ਭੰਡਾਲ ਨੂੰ ਆ ਰਹਾ ਸੀ ਕਿ ਜਦੋਂ ਉਹ ਸਵੇਰੇ ਕਰੀਬ 10 ਵਜੇ ਦੇ ਅੱਡਾ ਜੌੜਾ ਛੱਤਰਾਂ ਨੇੜੇ ਪੈਟਰੋਲ ਪੰਪ 'ਤੇ ਪੁੱਜਾ ਤਾਂ ਅੱਗੇ ਜਾ ਰਹੀ ਕਾਰ ਨੇ ਇਕਦਮ ਬਰੇਕ ਮਾਰ ਦਿੱਤੀ ਅਤੇ ਮੋਟਰਸਾਈਕਲ ਸੰਤੁਲਨ ਵਿਗੜਨ ਕਰਕੇ ਸੜਕ 'ਤੇ ਡਿਗ ਗਿਆ ਜਿਸ ਕਰਕੇ ਉਸ ਦੇ ਭਤੀਜੇ ਦੇ ਕਾਫ਼ੀ ਸੱਟਾਂ ਲੱਗ ਗਈਆਂ। ਜ਼ਖ਼ਮੀ ਹਾਲਤ ਵਿਚ ਲਵਪ੍ਰੀਤ ਸਿੰਘ ਨੂੰ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਜਿਥੇ ਜ਼ਖਮਾਂ ਦੀ ਤਾਬ ਨਾ ਚਲਦਿਆਂ ਉਹ ਦਮ ਤੋੜ ਗਿਆ। ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਖ਼ਿਲਾਫ਼ ਜ਼ੇਰੇ ਧਾਰਾ 304 ਏ, 279, 427 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਗੈਰ-ਅਨੁਸੂਚਿਤ ਜਾਤੀ ਦੇ ਲੋਕਾਂ ਨੂੰ ਕਰਜ਼ੇ ਵੰਡਣ ਦਾ ਮਾਮਲਾ ਗਰਮਾਇਆ

ਵੇਰਕਾ, (ਹਰਬਿੰਦਰ ਸਿੰਘ ਰਾਣਾ)-ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਅੰਮ੍ਰਿਤਸਰ ਵੱਲੋਂ ਗੈਰ-ਅਨੁਸੂਚਿਤ ਜਾਤੀਆਂ ਦੇ ਵਿਅਕਤੀਆਂ ਨੂੰ ਕਰਜ਼ੇ ਅਦਾ ਕਰਨ ਦਾ ਗੈਰ-ਕਾਨੂੰਨੀ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜ਼ਿਲਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਅੰਮ੍ਰਿਤਸਰ ਪਲਵ ਸ੍ਰੇਸ਼ਟਾ ਨੇ ਦਫਤਰੀ ਪੱਤਰ ਨੰ: 692 ਮਿਤੀ 29 ਅਪ੍ਰੈਲ 2024 ਲਿਖਦੇ ਹੋਏ ਮਾਨਯੋਗ ਵਧੀਕ ਮੁੱਖ ਸਕੱਤਰ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ-ਗਿਣਤੀ ਵਿਭਾਗ ਪੰਜਾਬ ਪਾਸੋ ਉਪਰੋਕਤ ਗੰਭੀਰ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਇਸ ਬਾਬਤ ਪਲਵ ਸ੍ਰੇਸ਼ਟਾ ਨੇ ਦੱਸਿਆ ਕਿ ਇਸੇ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਜ਼ਿਲਾ ਮੈਨੇਜਰ ਨਿਰਮਲ ਸਿੰਘ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਕਿ ਜ਼ਿਲ੍ਹਾ ਮੈਨੇਜਰ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਅੰਮ੍ਰਿਤਸਰ ਵੱਲੋਂ ਸਾਲ 2014-2015 ਅਤੇ 2015-2016 ਵਿੱਚ ਗੈਰ-ਅਨੁਸੂਚਿਤ ਜਾਤੀਆਂ ਦੇ ਵਿਅਕਤੀਆਂ ਨੂੰ ਕਰਜ਼ਾ ਮੁਹੱਈਆ ਕਰਵਾਇਆ ਗਿਆ ਸੀ ਜਿਸ ਸਬੰਧੀ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ, ਇਹ ਜਾਂਚ ਤਹਿਸੀਲ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਅੰਮ੍ਰਿਤਸਰ-1 ਅਤੇ ਅਜਨਾਲਾ ਨੂੰ ਸੌਂਪ ਦਿੱਤੀ ਗਈ ਸੀ। ਪ੍ਰੰਤੂ ਜ਼ਿਲਾ ਮੈਨੇਜਰ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੂੰ ਪੱਤਰ ਲਿਖਣ ਦੇ ਬਾਵਜੂਦ ਜ਼ਿਲ੍ਹਾ ਮੈਨੇਜਰ ਵੱਲੋਂ ਲਗਭਗ 2 ਮਹੀਨਿਆਂ ਦਾ ਸਮਾਂ ਬੀਤ ਜਾਣ 'ਤੇ ਵੀ ਰਿਕਾਰਡ ਮੁਹੱਈਆ ਨਹੀਂ ਕਰਵਾਇਆ ਗਿਆ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਇਹ ਰਿਕਾਰਡ ਕਾਰਜਕਾਰੀ ਡਾਇਰੈਕਟਰ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਚੰਡੀਗੜ੍ਹ/ਮੁੱਖ ਦਫਤਰ ਵਿਖੇ ਭੇਜ ਦਿੱਤਾ ਜਾਂਦਾ ਹੈ, ਭਾਵ ਇਨ੍ਹਾਂ ਵੱਲੋਂ ਜ਼ਿਲ੍ਹਾ ਪੱਧਰ ਤੇ ਕੋਈ ਵੀ ਰਿਕਾਰਡ/ਦਸਤਾਵੇਜ਼ ਦੀ ਕਾਪੀ ਦਫਤਰ ਵਿਖੇ ਨਹੀਂ ਰੱਖੀ ਜਾਂਦੀ ਹੈ। ਜੋ ਕਿ ਗੰਭੀਰ ਮਾਮਲਾ ਹੈ। ਰਿਕਾਰਡ ਮੁਹੱਈਆ ਨਾ ਕਰਵਾਉਣ ਵਾਲੇ ਜਾਂ ਸਾਂਭ-ਸੰਭਾਲ ਵਿੱਚ ਅਸਫ਼ਲ ਰਹੇ ਜ਼ਿਲਾ ਮੈਨੇਜਰ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਅੰਮ੍ਰਿਤਸਰ ਵਿਰੁੱਧ ਬਣਦੀ ਯੋਗ ਕਾਰਵਾਈ ਕਰਨ ਦੇ ਨਾਲ-ਨਾਲ ਪ੍ਰਾਪਤ ਸ਼ਿਕਾਇਤ ਸੰਬੰਧੀ ਉੱਚ ਪੱਧਰੀ ਜਾਂਚ ਕਰਵਾਉਣੀ ਬਣਦੀ ਹੈ। ਸ਼ਿਕਾਇਤ ਕਰਤਾ ਸੇਵਾਮੁਕਤ ਜ਼ਿਲਾ ਮੈਨੇਜਰ ਨਿਰਮਲ ਸਿੰਘ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ, ਮਾਨਯੋਗ ਕੈਬਨਿਟ ਮੰਤਰੀ ਸਮਾਜਿਕ ਨਿਆਂ, ਅਧਿਕਾਰਤ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਸਰਕਾਰ ਅਤੇ ਡੀਜੀਪੀ ਵਿਜੀਲੈਂਸ ਬਿਊਰੋ ਪੰਜਾਬ ਪਾਸੋਂ ਗੈਰ-ਅਨੁਸੂਚਿਤ ਜਾਤੀਆਂ ਦੇ ਲੋਕਾਂ ਨੂੰ ਗੈਰ-ਸੰਵਿਧਾਨਕ ਢੰਗ ਨਾਲ ਗੈਰ-ਕਾਨੂੰਨੀ ਕਰਜ਼ੇ ਦੇਣ ਵਾਲੇ ਮੈਨੇਜਰ ਵਿਰੁੱਧ ਤੁਰੰਤ ਕਾਰਵਾਈ ਕਰਨ ਦੀ ਗੁਹਾਰ ਲਗਾਈ ਹੈ।

## ਨਾਜਾਇਜ਼ ਮਾਈਨਿੰਗ ਕਰਨ ਦੇ ਦੋਸ਼ ਹੇਠ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਪੁਰਾਣਾ ਸ਼ਾਲਾ ਪੁਲਸ ਵੱਲੋਂ ਮਾਈਨਿੰਗ ਦੇ ਦੋਸ਼ ਹੇਠ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਏਐੱਸਆਈ ਮਨਜੀਤ ਸਿੰਘ ਨੇ ਦੱਸਿਆ ਕਿ ਪਰਦੀਪ ਸਿੰਘ ਜੂਨੀਅਰ ਇੰਜੀਨੀਅਰ ਜਲ ਨਿਕਾਸ ਕਮ ਮਾਈਨਿੰਗ ਉਪ ਮੰਡਲ ਅਫਸਰ ਗੁਰਦਾਸਪੁਰ ਨੇ ਪੁਲਸ ਨੂੰ ਕੀਤੀ ਸ਼ਿਕਾਇਤ ਵਿਚ ਕਿਹਾ ਕਿ ਪਿੰਡ ਬਹਾਦਰ ਤੋਂ ਜਵਾਲਾਪੁਰ ਨੂੰ ਜਾਂਦੇ ਸਰਕਾਰੀ ਰਸਤੇ ਵਿਚ ਨਾਜਾਇਜ਼ ਮਾਈਨਿੰਗ ਦੇ ਸਬੰਧ ਵਿਚ ਸਰਕਾਰੀ ਰਸਤੇ ਦੀ ਕਟਾਈ ਕੀਤੀ ਗਈ ਹੈ। ਪੁਲਸ ਨੇ ਕਥਿਤ ਦੋਸ਼ੀ ਗੋਪੀ ਪੁੱਤਰ ਸ਼ਿਗਾਰਾ ਸਿੰਘ ਉਰਫ਼ ਕਾਲਾ ਵਾਸੀ ਬਹਾਦਰ ਦੇ ਖ਼ਿਲਾਫ਼ ਮਾਈਨਿੰਗ ਮਿਨਰਲ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਸਨਮੀਤ ਕੌਰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਤੇ ਰਾਜਪਾਲ ਵੱਲੋਂ ਸਨਮਾਨਿਤ




ਮਜੀਠਾ (ਸੋਇਮ ਆਨੰਦ)-ਬੀਐੱਸਸੀ ਨਰਸਿੰਗ ਸੈਸ਼ਨ 2019 ਤੋਂ 2023 ਦੇ ਏਮਜ਼ ਰਿਸ਼ੀਕੇਸ਼ ਵਿਖੇ ਹੋਏ ਚੌਥੇ ਡਿਗਰੀ ਵੰਡ ਸਮਾਗਮ ਦੌਰਾਨ ਭਾਰਤ ਦੀ ਮਹਿਲਾ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਵਲੋਂ ਪੰਜਾਬ ਦੇ ਜ਼ਿਲਾ ਅੰਮ੍ਰਿਤਸਰ ਅਤੇ ਹਲਕਾ ਮਜੀਠਾ ਵਿਚ ਪੈਂਦੇ ਪਿੰਡ ਚਾਚੋਵਾਲੀ ਦੀ ਰਹਿਣ ਵਾਲੀ ਸਨਮੀਤ ਕੌਰ ਨੂੰ ਏਮਜ਼ ਤੋਂ ਵਧੀਆ ਅੰਕਾਂ ਨਾਲ ਬੀਐੱਸਸੀ ਨਰਸਿੰਗ ਕਰਨ ਤੇ ਗੋਲਡ ਮੈਡਲ ਦੇ ਕੇ ਸਨਮਾਨਿਤ ਕੀਤਾ ਹੈ।ਇਸ ਸਬੰਧੀ ਸਨਮੀਤ ਕੌਰ ਦੇ ਦਾਦਾ ਕੈਪਟਨ ਗੁਰਬਖਸ਼ ਸਿੰਘ ਨੇ ਦੱਸਿਆ ਕਿ ਮੇਰੀ ਪੋਤਰੀ ਨਰਸਰੀ ਤੋਂ ਲੈ ਕੇ ਹੁਣ ਤੱਕ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਦੀ ਆਈ ਹੈ ਅਤੇ ਸਾਨੂੰ ਮਾਣ ਹੈ ਕਿ ਸਨਮੀਤ ਕੌਰ ਨੇ ਸਾਡਾ ਮਾਣ ਵਧਾ ਕੇ ਇਲਾਕੇ ਦਾ ਅਤੇ ਸਾਡਾ ਨਾਮ ਭਾਰਤ ਦੇਸ਼ ਵਿਚ ਰੌਸ਼ਨ ਕੀਤਾ ਹੈ।ਇਸ ਮੌਕੇ ਪਿੰਡ ਵਾਸੀਆਂ ਤੋਂ ਇਲਾਵਾ ਪਰਿਵਾਰ ਨੂੰ ਕਈ ਸਿਆਸੀ ਲੀਡਰ ਵਧਾਈਆਂ ਦੇਣ ਲਈ ਪਹੁੰਚ ਰਹੇ ਹਨ। ਇਸ ਮੌਕੇ ਲੜਕੀ ਦੇ ਪਿਤਾ ਨਵਤੇਜ ਸਿੰਘ ਫੌਜੀ ਤੇ ਮਾਤਾ ਮਲਕੀਤ ਕੌਰ ਨੇ ਦੱਸਿਆ ਕਿ ਇਹ ਸਭ ਸਵ. ਅਮਰਜੀਤ ਕੌਰ ਦੀ ਦੇਣ ਹੈ ਜੋ ਉਹ ਆਪਣੀ ਪੋਤਰੀ ਕੋਲੋਂ ਮਿਹਨਤ ਕਰਵਾਉਂਦੇ ਸਨ।ਇਸ ਮੌਕੇ ਗੁਰਭੇਜ ਸਿੰਘ, ਮਨੋਹਰ ਸਿੰਘ ਰੰਧਾਵਾ, ਕੁਲਜੀਤ ਕੌਰ, ਸਾਬਕਾ ਸਰਪੰਚ ਪ੍ਰਭਸ਼ਰਨ ਸਿੰਘ, ਸਮਸ਼ੇਰ ਸਿੰਘ, ਜਸਵੰਤ ਸਿੰਘ, ਹਰਪਾਲ ਸਿੰਘ, ਤਰਸੇਮ ਸਿੰਘ, ਬਲਦੇਵ ਸਿੰਘ, ਜਗਤਾਰ ਸਿੰਘ ਫੌਜੀ, ਜਗਬੀਰ ਸਿੰਘ ਬਾਊ, ਸੁਖਰਾਜ ਸਿੰਘ ਸੁੱਖ, ਜਸ਼ਨਜੋਤ ਸਿੰਘ, ਸੁਖਮੀਤ ਕੌਰ, ਪਾਲੀਪਰਵਾਜ਼ ਸਿੰਘ, ਰਵਾਬਦੀਪ ਕੌਰ ਆਦਿ ਹਾਜ਼ਰ ਸਨ।



ਡੀ ਐਸ ਪੀ (ਡੀ) ਹੁਸ਼ਿਆਰਪੁਰ ਸ਼ਿਵਦਰਸ਼ਨ ਸਿੰਘ ਵੱਲੋਂ ਪੰਜਾਬ ਪੁਲਸ ਵਿੱਚ ਨਿਭਾਈਆਂ ਚੰਗੀਆਂ ਸੇਵਾਵਾਂ ਲਈ ਗੌਰਵ ਯਾਦਵ ਡੀ ਜੀ ਪੀ ਪੰਜਾਬ ਵੱਲੋਂ ਡੀ ਜੀ ਪੀ ਡਿਸਕ ਲਗਾ ਕੇ ਸਨਮਾਨਤ ਕਰਦੇ ਹੋਏ ਸੁਰਿੰਦਰਾ ਲਾਂਬਾ ਐਸ ਐਸ ਪੀ ਹੁਸ਼ਿਆਰਪੁਰ। ਡੀ ਐਸ ਪੀ (ਡੀ) ਸ਼ਿਵਦਰਸ਼ਨ ਸਿੰਘ ਨੇ ਕਿਹਾ ਕਿ ਮਹਿਕਮੇ ਵੱਲੋਂ ਜੋ ਮੈਨੂੰ ਮਾਣ ਸਨਮਾਨ ਦਿੱਤਾ ਹੈ, ਮੈਂ ਹਮੇਸ਼ਾ ਆਪਣੀ ਡਿਊਟੀ ਹੋਰ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਕਰਾਂਗਾ।

## 2 ਕਿਲੋ ਦੀ ਰਸੌਲੀ ਕੱਢ ਕੇ ਬਚਾਈ ਮਰੀਜ਼ ਦੀ ਜਾਨ

ਝਬਾਲ (ਹਰਜਿੰਦਰ ਸਿੰਘ ਸੋਨੀ)-ਕਸਬਾ ਝਬਾਲ ਵਿਖੇ ਸਥਿਤ ਗੁਪਤਾ ਹਸਪਤਾਲ ਵਿੱਚ ਇੱਕ 14 ਸਾਲਾ ਬੱਚੀ ਦਾ ਸਫਲ ਅਪ੍ਰੇਸ਼ਨ ਕਰਕੇ ਉਸ ਨੂੰ ਨਵਾਂ ਜੀਵਨ ਦਾਨ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਗੁਪਤਾ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਤੇ ਉੱਘੇ ਸਰਜਨ ਡਾ. ਰਮਨ ਗੁਪਤਾ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਦੇ ਹਸਪਤਾਲ ਵਿਖੇ ਇੱਕ 14 ਸਾਲਾ ਬੱਚੀ ਜਸ਼ਨਪ੍ਰੀਤ ਕੌਰ ਪੁੱਤਰੀ ਕਸ਼ਮੀਰ ਸਿੰਘ ਵਾਸੀ ਖੈਰਦੀਨਕੇ ਜ਼ਿਲ੍ਹਾ ਤਰਨਤਾਰਨ ਆਈ ਜਿਸ ਦੇ ਪੇਟ 'ਚ ਕਾਫੀ ਵੱਡੀ ਰਸੌਲੀ ਸੀ ਤੇ ਪੂਰੇ ਪੇਟ ਵਿੱਚ ਫੈਲੀ ਹੋਈ ਸੀ। ਸਾਰੀਆ ਰਿਪੋਰਟਾਂ ਵੇਖਣ ਉਪਰੰਤ ਸਫਲ ਅਪ੍ਰੇਸ਼ਨ ਕਰਕੇ ਮਰੀਜ਼ ਦੇ ਪੇਟ ਵਿੱਚੋਂ 2 ਕਿਲੋ ਦੀ ਰਸੌਲੀ ਕੱਢ ਦਿੱਤੀ ਗਈ ਹੈ। ਮਰੀਜ਼ ਦੀ ਹਾਲਤ ਬਿਲਕੁਲ ਸਹੀ ਹੈ। ਸਫਲਤਾਪੂਰਵਕ ਅਪ੍ਰੇਸ਼ਨ ਹੋਣ ਤੇ ਮਰੀਜ਼ ਦੇ ਪ੍ਰੀਵਾਰ ਵੱਲੋਂ ਜਿੱਥੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ, ਉੱਥੇ ਹੀ ਡਾ. ਰਮਨ ਗੁਪਤਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾ. ਰਮਨ ਗੁਪਤਾ, ਡਾ. ਆਰ. ਪੀ. ਸਿੰਘ, ਡਾ. ਅਸ਼ਵਨੀ ਅਰੋੜਾ, ਬਲਦੇਵ ਸਿੰਘ, ਬਿਕਰਮ ਸਿੰਘ, ਕੰਵਲਜੀਤ ਕੌਰ, ਮਨਜੀਤ ਕੌਰ, ਰਾਜਬੀਰ ਕੌਰ ਆਦਿ ਹਾਜ਼ਰ ਸਨ।



## 'ਰਾਹਾਂ ਵਿੱਚ ਅੰਗਿਆਰ ਬੜੇ ਸੀ' ਦੀ ਨਿਵੇਕਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੰਜੋੜਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਜਾਬੀ ਲੇਖਕਾਂ ਦੀ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਪੰਜਾਬ ਨਾਟਸ਼ਾਲਾ ਵਿਖੇ ਸੁਖਵਿੰਦਰ ਅਮ੍ਰਿਤ ਦੇ ਜੀਵਨ ਤੇ ਅਧਾਰਿਤ ਨਾਟਕ 'ਰਾਹਾਂ ਵਿੱਚ ਅੰਗਿਆਰ ਬੜੇ ਸੀ' ਕਰਵਾਇਆ ਗਿਆ। ਰਾਜਵਿੰਦਰ ਸਮਰਾਲਾ ਦਾ ਲਿਖਿਆ ਅਤੇ ਅਕਸ ਰੰਗ ਮੰਚ ਸਮਰਾਲਾ ਦੀ ਇਸ ਨਿਵੇਕਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੰਜੋੜਿਆ। ਕਰੀਬ ਇਕ ਘੰਟਾ ਚਾਲੀ ਮਿੰਟ ਚੱਲੇ ਇਸ ਇਕ ਪਾਤਰੀ ਨਾਟਕ ਵਿੱਚ ਰੰਗ-ਮੰਚ ਅਦਾਕਾਰਾ ਨੂਰ ਕਮਲ ਵਲੋਂ ਨਿਭਾਈ ਭੂਮਿਕਾ ਨੂੰ ਦਰਸ਼ਕ ਸਾਹ ਰੋਕ ਕੇ ਵੇਖਦੇ ਰਹੇ ਅਤੇ ਵਾਰ ਵਾਰ ਅੱਖਾਂ ਪੂੰਝਦੇ ਰਹੇ। ਨਾਟਕ ਦੀ ਕਹਾਣੀ ਦਾ ਜ਼ਿਕਰ ਕਰਦਿਆਂ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਇਕਵੀਂ ਸਦੀ ਦੀ ਚਕਾਚੌਂਧ ਜੀਵਨ ਸ਼ੈਲੀ ਤੋਂ ਬਿਲਕੁਲ ਵਖਰੀ ਉਸ ਔਰਤ ਦੀ ਕਹਾਣੀ ਹੈ ਜਿਹੜੀ ਪਰਿਵਾਰਕ, ਸਮਾਜਿਕ ਅਤੇ ਆਰਥਿਕ ਤੌਰ ਦੀਆਂ ਕਈ ਦੁਸ਼ਵਾਰੀਆਂ ਦਾ ਸਾਹਮਣਾ ਕਰਦਿਆਂ ਕਿਤੇ ਵੀ ਟੁੱਟਦੀ ਖਿਲਰਦੀ ਨਹੀਂ ਬਲਕਿ ਸੰਘਰਸ਼ ਕਰਦੀ ਹੈ। ਨਾਟਕ ਵੇਖਣ ਲਈ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਕੇਂਦਰੀ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਡੀਆਂ ਸੰਸਥਾਵਾਂ ਨੂੰ ਪੰਜਾਬੀ ਰੰਗਮੰਚ ਨੂੰ ਉਤਸ਼ਾਹਿਤ ਕਰਨ ਲਈ ਕੇਂਦਰੀ ਸਭਾ ਵਾਂਗ ਸਾਰਥਿਕ ਉਪਰਾਲੇ ਕਰਨੇ ਚਾਹੀਦੇ ਹਨ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸਮਾਗਮ ਕਨਵੀਨਰ ਦੀਪ ਦੇਵਿੰਦਰ ਸਿੰਘ, ਕੋ-ਕਨਵੀਨਰ ਸ਼ੈਲਿੰਦਰਜੀਤ ਰਾਜਨ, ਰੰਗਕਰਮੀ ਅਤੇ ਫਿਲਮੀ ਕਲਾਕਾਰ ਜੋੜੀ ਹਰਦੀਪ ਗਿੱਲ, ਅਨੀਤਾ ਦੇਵਗਨ , ਕਮਲ ਦੁਸਾਂਝ, ਹਰਜੀਤ ਸਿੰਘ ਸੰਧੂ, ਵਜ਼ੀਰ ਸਿੰਘ ਰੰਧਾਵਾ, ਪ੍ਰਤੀਕ ਸਹਿਦੇਵ ਅਤੇ ਮੋਹਿਤ ਸਹਿਦੇਵ ਨੇ ਸ਼ਾਇਰਾ ਸੁਖਵਿੰਦਰ ਅਮ੍ਰਿਤ, ਨਾਟਕ ਦੇ ਲੇਖਕ ਰਾਜਵਿੰਦਰ ਸਮਰਾਲਾ ਅਤੇ ਅਦਾਕਾਰਾ ਨੂਰ ਕਮਲ ਨੂੰ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ।

## ਹਰਜਿੰਦਰ ਥਿੰਦ ਨੂੰ ਜਗਦੇਵ ਸਿੰਘ ਜੱਸੋਵਾਲ ਯਾਦਗਾਰੀ ਪੁਰਸਕਾਰ ਪ੍ਰਦਾਨ



ਬੁਤਾਲਾ (ਨਿਰਮਲ ਸਿੰਘ ਸੰਘਾ)-ਪਿਛਲੇ 40 ਸਾਲ ਤੋਂ ਕੈਨੇਡਾ ਵਿੱਚ ਰੇਡੀਓ ਪ੍ਰਸਾਰਨ ਦੇ ਪ੍ਰਮੁੱਖ ਪੇਸ਼ਕਾਰ ਹਰਜਿੰਦਰ ਥਿੰਦ ਨੂੰ ਗੁਰਦੇਵ ਨਗਰ ਵਿਖੇ ਸ. ਜਗਦੇਵ ਸਿੰਘ ਜੱਸੋਵਾਲ ਦੇ ਜਨਮ ਦਿਨ ਸਮਾਰੋਹ ਮੌਕੇ ਸ. ਜਗਦੇਵ ਸਿੰਘ ਜੱਸੋਵਾਲ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਸਨਮਾਨ ਪ੍ਰਦਾਨ ਕਰਨ ਦੀ ਰਸਮ ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਦੇ ਪ੍ਰਧਾਨ ਰਾਜੀਵ ਕੁਮਾਰ ਲਵਲੀ, ਅਮਰਿੰਦਰ ਸਿੰਘ ਜੱਸੋਵਾਲ ਜਨਰਲ ਸਕੱਤਰ, ਸਰਪ੍ਰਸਤਾਂ ਪਰਗਟ ਸਿੰਘ ਗਰੇਵਾਲ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਕ੍ਰਿਸ਼ਨ ਕੁਮਾਰ ਬਾਵਾ, ਪ੍ਰੋ. ਗੁਰਭਜਨ ਸਿੰਘ ਗਿੱਲ, ਰਘੁਬੀਰ ਸਿੰਘ ਘੁੰਨ (ਹਿਊਸਟਨ) ਅਮਰੀਕਾ, ਸੱਭਿਆਚਾਰਕ ਸੱਥ ਦੇ ਚੇਅਰਮੈਨ ਜਸਮੇਰ ਸਿੰਘ ਢੱਟ ਤੇ ਜੋਗਿੰਦਰ ਸਿੰਘ ਜੰਗੀ ਸਮਾਜਕ ਆਗੂ ਨੇ ਨਿਭਾਈ।

## ਜੀਆਰਡੀ ਕੌਨਵੈਂਟ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਸ਼ਾਨਦਾਰ ਨਤੀਜਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਜੀ. ਆਰ. ਡੀ. ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ 100% ਰਿਹਾ। ਸਾਇੰਸ ਗਰੁੱਪ ਦੀ ਨਵਨੀਤ ਕੌਰ ਨੇ 95% ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਸਿਮਰਨ ਕੌਰ, ਰਾਜਵਿੰਦਰ ਕੌਰ, ਮਹਿਕਪ੍ਰੀਤ ਕੌਰ, ਅਨੀਸ਼ਾ ਅਤੇ ਨਵਨੀਤ ਕੌਰ ਨੇ 94% ਨੰਬਰ ਲੈ ਕੇ ਦੂਜਾ ਸਥਾਨ ਅਤੇ ਰੋਬੀਨਾ, ਅਨੁਪ੍ਰੀਤ ਕੌਰ ਨੇ 92% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਨ੍ਹਾਂ ਤੋਂ ਇਲਾਵਾ ਨਵਜੋਤ ਕੌਰ, ਤਰੁਣਵੀਰ ਕੌਰ, ਮੀਨੂ, ਜਸਨਦੀਪ ਕੌਰ, ਪਰਮ, ਕਾਜਲ, ਮਨਮੀਤ, ਸੁਮਨ, ਅਰਸ਼ਪ੍ਰੀਤ ਸਿੰਘ, ਨੂਰਬੀਰ ਸਿੰਘ ਨੇ ਵੀ 90% ਤੋਂ ਉੱਪਰ ਅੰਕ ਪ੍ਰਾਪਤ ਕੀਤੇ ਹਨ। ਬਾਰ੍ਹਵੀਂ ਜਮਾਤ ਦੇ ਕਾਮਰਸ ਗਰੁੱਪ ਵਿੱਚੋਂ ਗੁਰਲੀਨ ਕੌਰ ਨੇ 93% ਨੰਬਰ ਲੈ ਕੇ ਪਹਿਲਾ ਸਥਾਨ ਹਾਸਿਲ ਕੀਤਾ। ਐਸਮੀਨ ਕੌਰ ਨੇ 91% ਨੰਬਰ ਲੈ ਕੇ ਦੂਜਾ ਸਥਾਨ ਅਤੇ ਨਵਨੀਤ ਕੌਰ, ਅਰਸ਼ਦੀਪ ਸਿੰਘ, ਹਰਪ੍ਰੀਤ ਸਿੰਘ ਅਤੇ ਗੁਰਸ਼ਾਨ ਸਿੰਘ, ਮਹਿਕਦੀਪ ਕੌਰ ਨੇ 90% ਨੰਬਰ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚੋਂ ਜੋਬਨਪ੍ਰੀਤ ਕੌਰ ਅਤੇ ਭਾਵਨਾ ਨੇ 90% ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਗੁਰਜਿੰਦਰ ਕੌਰ ਨੇ 88 % ਨੰਬਰ ਲੈ ਕੇ ਦੂਜਾ ਸਥਾਨ ਅਤੇ ਵਿਸ਼ਵਪ੍ਰੀਤ ਸਿੰਘ ਨੇ 85% ਨੰਬਰ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਰਹਿੰਦੇ ਵਿਦਿਆਰਥੀਆਂ ਨੇ 85% ਤੋਂ ਉੱਪਰ ਨੰਬਰ ਲੈ ਕੇ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਤੋਂ ਇਲਾਵਾ ਸਾਇੰਸ ਗਰੁੱਪ ਦੀ ਮਹਿਕਪ੍ਰੀਤ ਕੌਰ ਨੇ ਪੰਜਾਬੀ ਵਿਸ਼ੇ ਵਿੱਚੋਂ 100 ਵਿੱਚੋਂ 100 ਨੰਬਰ ਪ੍ਰਾਪਤ ਕੀਤੇ। ਪ੍ਰਿੰਸੀਪਲ ਗੁਰਦਰਸ਼ਨ ਬਜਾਜ ਨੇ ਨਤੀਜਾ ਬਹੁਤ ਵਧੀਆ ਆਉਣ ਦੀ ਖੁਸ਼ੀ ਵਿੱਚ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਦਾ ਮੂੰਹ ਵੀ ਮਿੱਠਾ ਕਰਵਾਇਆ। ਪ੍ਰਿੰ. ਗੁਰਦਰਸ਼ਨ ਬਜਾਜ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਜ਼ਿਆਦਾ ਮਿਹਨਤ ਕਰਨ ਲਈ ਪ੍ਰੇਰਿਆ ਅਤੇ ਕਿਹਾ ਕਿ ਇਹ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਪ੍ਰਿੰ. ਗੁਰਦਰਸ਼ਨ ਬਜਾਜ, ਐੱਮਡੀ ਸੰਤੋਸ਼ ਬਜਾਜ, ਅਧਿਆਪਕ ਗੁਰਜਿੰਦਰ ਸਿੰਘ, ਰਜਿੰਦਰ ਕੌਰ ਗੰਥਗੜ੍ਹ, ਰਜਿੰਦਰ ਕੌਰ ਧੂਰੀਆ, ਸੀਤਲ, ਜਸਦੀਪ, ਨੀਲਮ, ਭਾਵਨਾ, ਸਾਕਸ਼ੀ, ਜੋਤੀ, ਮਨਪ੍ਰੀਤ ਕੌਰ ਗੁੱਜਰਪੁਰਾ, ਮਨਪ੍ਰੀਤ ਕੌਰ, ਸੁਮਿਤ, ਪ੍ਰਭਜੋਤ ਕੌਰ, ਬਲਜਿੰਦਰ ਕੌਰ, ਹਰਜੋਤ ਕੌਰ, ਰਮਨਦੀਪ ਕੌਰ ਆਦਿ ਅਧਿਆਪਕ ਸ਼ਾਮਿਲ ਸਨ।

## ਦੁਕਾਨਾਂ ਅੱਗੇ ਪਾਰਕ ਕੀਤੀਆਂ ਗੱਡੀਆਂ ਤੋਂ ਦੁਕਾਨਦਾਰ ਪ੍ਰੇਸ਼ਾਨ, ਟਰੈਫ਼ਿਕ ਵਿਭਾਗ ਬੇਖਬਰ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਵਾਹਨ ਚਾਲਕਾਂ ਵਲੋਂ ਆਪਣੀ ਗੱਡੀਆਂ ਦੂਸਰੇ ਲੋਕਾਂ ਦੀਆਂ ਦੁਕਾਨਾਂ ਅੱਗੇ ਪਾਰਕਿੰਗ ਕੀਤੇ ਜਾਣ ਨਾਲ ਦੁਕਾਨਦਾਰਾਂ ਨੂੰ ਕਾਫ਼ੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਪਾਸੇ ਟਰੈਫ਼ਿਕ ਪੁਲਸ ਦਾ ਧਿਆਨ ਨਾ ਹੋਣ ਕਰਕੇ ਦੁਕਾਨਦਾਰਾਂ ਵਿਚ ਟਰੈਫ਼ਿਕ ਪੁਲਸ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਦੁਕਾਨਦਾਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਅੰਦਰ ਸੁੱਕੇ ਤਲਾਅ ਵਿਖੇ ਪਾਰਕਿੰਗ ਹੋਣ ਦੇ ਬਾਵਜੂਦ ਵੀ ਲੋਕਾਂ ਵਲੋਂ ਆਪਣੀਆਂ ਗੱਡੀਆਂ ਸੜਕਾਂ 'ਤੇ ਖੜੀਆਂ ਕਰਕੇ ਦੁਕਾਨਾਂ ਅੱਗੇ ਪਾਰਕਿੰਗ ਕਰ ਦਿੱਤੀਆਂ ਜਾਂਦੀਆਂ ਹਨ ਅਤੇ ਉਸ ਤੋਂ ਬਾਅਦ ਖ਼ੁਦ ਵਾਹਨ ਚਾਲਕ ਆਪਣੇ ਕੰਮ-ਕਾਜ ਲਈ ਅੱਗੇ-ਪਿੱਛੇ ਚਲੇ ਜਾਂਦੇ ਹਨ ਤੇ ਇਹ ਗੱਡੀਆਂ ਲੰਬਾ ਸਮਾਂ ਦੁਕਾਨਾਂ ਅੱਗੇ ਹੀ ਖੜ੍ਹੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ ਕਿ ਦੁਕਾਨਾਂ ਅੱਗੇ ਖੜੀਆਂ ਗੱਡੀਆਂ ਕਾਰਨ ਗਾਹਕਾਂ ਨੂੰ ਦੁਕਾਨਾਂ ਅੰਦਰ ਆਉਣ ਲਈ ਵੀ ਜਗ੍ਹਾ ਨਹੀਂ ਮਿਲਦੀ। ਉਨ੍ਹਾਂ ਕਿਹਾ ਇਹ ਸਾਰਾ ਕੁਝ ਟਰੈਫ਼ਿਕ ਵਿਭਾਗ ਦੀ ਢਿੱਲੀ ਕਾਰਗੁਜ਼ਾਰੀ ਦਾ ਨਤੀਜਾ ਹੈ ਜੋ ਵਾਹਨ ਚਾਲਕ ਬਿਨ੍ਹਾਂ ਟਰੈਫ਼ਿਕ ਪੁਲਸ ਦੇ ਡਰ ਤੋਂ ਦੁਕਾਨਾਂ ਅੱਗੇ ਗੱਡੀਆਂ ਪਾਰਕ ਕਰਕੇ ਚਲੇ ਜਾਂਦੇ ਹਨ। ਉਨ੍ਹਾਂ ਕਿਹਾ ਟਰੈਫ਼ਿਕ ਪੁਲਿਸ ਨੂੰ ਇਨ੍ਹਾਂ ਨਜਾਇਜ਼ ਗੱਡੀਆਂ ਪਾਰਕ ਕਰਨ ਵਾਲੇ ਚਾਲਕਾਂ ਨੂੰ ਸੁੱਕੇ ਤਲਾਅ ਵਿਖੇ ਗੱਡੀਆਂ ਪਾਰਕ ਕਰਨ ਲਈ ਆਦੇਸ਼ ਜਾਰੀ ਕਰਨੇ ਚਾਹੀਦੇ ਹਨ ਤਾਂ ਜੋ ਦੁਕਾਨਦਾਰਾਂ ਅਤੇ ਆਮ ਰਾਹਗੀਰਾਂ ਨੂੰ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

ਜ਼ਿਕਰਯੋਗ ਹੈ ਕਿ ਨਗਰ ਕੌਂਸਲ ਗੁਰਦਾਸਪੁਰ ਵਲੋਂ ਸੜਕ ਦੇ ਕੰਢਿਆਂ 'ਤੇ ਪੀਲੀਆਂ ਲਾਈਨਾਂ ਲਗਾਈਆਂ ਗਈਆਂ ਸਨ ਤਾਂ ਜੋ ਗੱਡੀਆਂ ਪੀਲੀ ਲਾਈਨ ਦੇ ਅੰਦਰ ਖੜੀਆਂ ਰਹਿਣ ਪਰ ਇਸ ਗੱਲ ਨੂੰ ਮੰਨਦਾ ਕੌਣ ਹੈ। ਸ਼ਹਿਰ ਵਾਸੀਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਵਿਚ ਖੜੀਆਂ ਰਹਿੰਦੀਆਂ ਗੱਡੀਆਂ ਪਾਰਕ ਵਿਚ ਖੜ੍ਹੀਆਂ ਕਰਨ ਦੇ ਢੁੱਕਵੇਂ ਕਦਮ ਚੁੱਕਣ ਲਈ ਸੰਬੰਧਿਤ ਮਹਿਕਮੇ ਨੂੰ ਨਿਰਦੇਸ਼ ਜਾਰੀ ਕੀਤੇ ਜਾਣ।

## ਮਜ਼ਦੂਰ ਜਮਾਤ ਦੀਆਂ ਦੁਸ਼ਮਣ ਤਾਕਤਾਂ ਦੀ ਅੱਖ ਹੁਣ ਮਜ਼ਦੂਰ ਨੂੰ ਮਿਲਦੀਆਂ ਸਹੂਲਤਾਂ 'ਤੇ: ਜਾਮਾਰਾਏ



ਤਰਨ ਤਾਰਨ/ਖਡੂਰ ਸਾਹਿਬ (ਪ੍ਰਿਤਪਾਲ ਸਿੰਘ, ਸਰਬਜੋਤ ਸਿੰਘ ਸੰਧਾ)-ਜਨਤਕ ਜਥੇਬੰਦੀਆਂ ਵੱਲੋਂ ਸ਼ਹੀਦ ਦੀਪਕ ਧਵਨ ਯਾਦਗਾਰੀ ਭਵਨ ਵਿਖੇ ਮਜ਼ਦੂਰ ਦਿਵਸ ਮਨਾਇਆ ਗਿਆ ।ਝੰਡਾ ਲਹਿਰਾਉਣ ਦੀ ਰਸਮ ਪਾਰਟੀ ਦੇ ਉਘੇ ਮਜ਼ਦੂਰ ਲਹਿਰ ਦੇ ਆਗੂ ਦਾਰਾ ਸਿੰਘ ਮੁੰਡਾ ਪਿੰਡ ਨੇ ਕੀਤੀ।ਇਸ ਮੌਕੇ ਵੱਖ-ਵੱਖ ਜਥੇਬੰਦੀਆ ਦੇ ਕਾਰਕੁੰਨਾਂ ਅਤੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਮਜ਼ਦੂਰ ਜਮਾਤ ਦੀ ਮਹਾਨ ਕੁਰਬਾਨੀ ਅਤੇ ਸੰਘਰਸ਼ ਸਦਕਾ ਅੱਠ ਘੰਟੇ ਦੀ ਦਿਹਾੜੀ ਦੀ ਮੰਗ ਤੋਂ ਸ਼ੁਰੂ ਹੋ ਕੇ ਰਾਜ ਸੱਤਾ ਦੀ ਪ੍ਰਾਪਤੀ ਦੇ ਹੱਕ ਤੱਕ ਪੁੱਜਾ।ਸਾਥੀ ਜਾਮਾਰਾਏ ਨੇ ਕਿਹਾ ਕਿ ਮਜ਼ਦੂਰ ਜਮਾਤ ਦੀਆਂ ਦੁਸ਼ਮਣ ਜਮਾਤਾ ਵੱਲੋ ਸਾਮਰਾਜੀ ਸੰਸਥਾਵਾ ਤੋਂ ਨਿਰਦੇਸ਼ਤ ਨਵਉਦਾਰਵਾਦੀ ਨੀਤੀਆਂ ਲਾਗੂ ਕਰਕੇ ਅੱਠ ਘੰਟੇ ਦੀ ਦਿਹਾੜੀ ਸਮੇਤ ਮਿਲਦੀਆਂ ਸਹੂਲਤਾ ਨੂੰ ਇੱਕ ਇੱਕ ਕਰਕੇ ਖੋਹਿਆ ਜਾ ਰਿਹਾ ਹੈ ਇਸ ਮੌਕੇ ਮੁਖਤਾਰ ਸਿੰਘ ਮੱਲਾ, ਮਨਜੀਤ ਸਿੰਘ ਬੱਗੂ, ਬਲਦੇਵ ਸਿੰਘ ਪੰਡੋਰੀ, ਬਲਜਿੰਦਰ ਸਿੰਘ ਦੋਬਲੀ, ਦਵਿੰਦਰ ਸਿੰਘ ਬਿੱਟੂ, ਅਜੀਤ ਸਿੰਘ ਤਰਨ ਤਾਰਨ, ਸੁਲੱਖਣ ਸਿੰਘ ਤੁੜ, ਕਰਮ ਸਿੰਘ ਪੰਡੋਰੀ, ਹਰਦੀਪ ਸਿੰਘ ਰਸੂਲਪੁਰ, ਜਸਬੀਰ ਸਿੰਘ ਵੈਰੋਵਾਲ, ਗੁਰਪ੍ਰਤਾਪ ਸਿੰਘ ਬਾਠ, ਗੁਰਭੇਜ ਸਿੰਘ ਭੱਟੀ, ਸਰਬਜੀਤ ਸਿੰਘ ਪੱਟੀ, ਰੇਸ਼ਮ ਸਿੰਘ ਫੈਲੋਕੇ, ਨਿਰਮਲ ਸਿੰਘ ਤਰਨ ਤਾਰਨ, ਜਸਬੀਰ ਕੌਰ ਤਰਨ ਤਾਰਨ, ਨਰਿੰਦਰ ਸਿੰਘ ਰਟੋਲ, ਜਸਪਾਲ ਸਿੰਘ ਝਬਾਲ, ਡਾਕਟਰ ਅਸ਼ਵਨੀ ਕੁਮਾਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਐੱਚਡੀਐੱਫਸੀ ਬੈਂਕ ਦੀ ਪੇਅਜ਼ੈਪ ਐਪ ਨੂੰ 'ਸੇਲੈਂਟ ਮਾਡਲ ਬੈਂਕ' ਐਵਾਰਡ ਮਿਲਿਆ

ਜਲੰਧਰ-ਐੱਚਡੀਐੱਫਸੀ ਬੈਂਕ ਦੀ ਮੋਬਾਈਲ ਐਪ ਪੇਅਜ਼ੈਪ ਨੂੰ 'ਸੇਲੈਂਟ ਮਾਡਲ ਬੈਂਕ' ਐਵਾਰਡ ਮਿਲਿਆ ਹੈ। ਸੇਲੈਂਟ ਮਾਡਲ ਬੈਂਕ ਅਵਾਰਡ ਸਮਾਰੋਹ ਵਿੱਚ ਭੁਗਤਾਨ ਇਨੋਵੇਸ਼ਨ ਦੀਆਂ ਸ਼੍ਰੇਣੀਆਂ ਵਿੱਚ ਐੱਚਡੀਐੱਫਸੀ ਬੈਂਕ ਦੇ ਪੇਅਜ਼ੈਪ ਨੂੰ ਪੁਰਸਕਾਰ ਦਿੱਤੇ ਗਏ। ਸੇਲੈਂਟ ਦੇ ਸਲਾਨਾ ਮਾਡਲ ਬੈਂਕ ਅਵਾਰਡ ਬੈਂਕਿੰਗ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਸਭ ਤੋਂ ਵਧੀਆ ਅਭਿਆਸਾਂ ਦਾ ਜਸ਼ਨ ਮਨਾਉਂਦੇ ਅਤੇ ਮੰਨਦੇ ਹਨ। ਪੇਅਜ਼ੈਪ ਦੁਨੀਆ ਭਰ ਦੇ 36 ਦੇਸ਼ਾਂ ਤੋਂ 140 ਨਾਮਜ਼ਦਗੀਆਂ ਵਿੱਚੋਂ ਚੁਣੇ ਗਏ 19 ਜੇਤੂਆਂ ਵਿੱਚੋਂ ਇੱਕ ਹੈ।

ਅਵਾਰਡ ਪ੍ਰਾਪਤ ਕਰਨ 'ਤੇ ਟਿੱਪਣੀ ਕਰਦੇ ਹੋਏ ਰਵੀ ਸੰਥਾਨਮ, ਗਰੁੱਪ ਹੈੱਡ ਚੀਫ ਮਾਰਕੀਟਿੰਗ ਅਫਸਰ ਅਤੇ ਹੈਡ-ਡਾਇਰੈਕਟ ਟੂ ਕੰਜ਼ਿਊਮਰ ਬਿਜ਼ਨਸ, ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਸੇਲੈਂਟ ਦੀ ਮਾਨਤਾ ਵਿਸ਼ਵ ਪੱਧਰੀ ਡਿਜੀਟਲ ਬੈਂਕਿੰਗ ਹੱਲ ਪ੍ਰਦਾਨ ਕਰਨ ਲਈ ਸਾਡੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਜੋ ਕਿ ਵਿਕਾਸ ਦੀਆਂ ਲੋੜਾਂ ਨੂੰ ਪੂਰਾ ਕਰਦੇ ਹਨ।

## ਟਰੱਕ ਦੀ ਲਪੇਟ 'ਚ ਆਉਣ ਨਾਲ ਮੋਟਰਸਾਈਕਲ ਸਵਾਰ ਦੀ ਮੌਤ, ਇੱਕ ਗੰਭੀਰ ਜ਼ਖਮੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਹਲਕਾ ਖੇਮਕਰਨ ਅਧੀਨ ਪੈਂਦੇ ਕਸਬਾ ਭਿੱਖੀਵਿੰਡ ਵਿਖੇ ਬੀਤੀ ਕੱਲ ਟਰੱਕ ਦੀ ਲਪੇਟ 'ਚ ਆਉਣ ਕਾਰਨ ਇੱਕ ਮੋਟਰਸਾਈਕਲ ਸਵਾਰ 60 ਸਾਲਾ ਬਜ਼ੁਰਗ ਵਿਅਕਤੀ ਦੀ ਮੌਤ ਹੋ ਜਾਣ ਦੀ ਦੁਖਦਾਈ ਖਬਰ ਸਾਹਮਣੇ ਆਈ ਹੈ ਜਦਕਿ ਮ੍ਰਿਤਕ ਵਿਅਕਤੀ ਦਾ ਭਰਾ ਗੰਭੀਰ ਰੂਪ ਵਿੱਚ ਜ਼ਖਮੀ ਦੱਸਿਆ ਜਾ ਰਿਹਾ ਹੈ। ਮ੍ਰਿਤਕ ਵਿਅਕਤੀ ਦੀ ਪਛਾਣ ਕੁਲਵਿੰਦਰ ਸਿੰਘ (60) ਪੁੱਤਰ ਮਸਤਾਨ ਸਿੰਘ ਵਾਸੀ ਸੁਰਸਿੰਘ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕੁਲਵਿੰਦਰ ਸਿੰਘ ਪੁੱਤਰ ਮਸਤਾਨ ਸਿੰਘ ਵਾਸੀ ਸੁਰਸਿੰਘ ਤੇ ਉਸ ਦਾ ਭਰਾ ਸੁਖਵਿੰਦਰ ਸਿੰਘ ਬੀਤੀ ਕੱਲ ਆਪਣੇ ਪਲਟੀਨਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਵਕਤ ਦੁਪਹਿਰ 12:30 ਵਜੇ ਦੇ ਕਰੀਬ ਸੁਰਸਿੰਘ ਤੋਂ ਭਿੱਖੀਵਿੰਡ ਦਾਣਾ ਮੰਡੀ ਵਿੱਚ ਜਾ ਰਹੇ ਸਨ। ਜਦੋਂ ਉਹ ਦਾਣਾ ਮੰਡੀ ਭਿੱਖੀਵਿੰਡ ਵੱਲ ਨੂੰ ਮੁੜੇ ਤਾਂ ਪਿੱਛੋਂ ਤੇਜ਼ ਰਫਤਾਰ ਨਾਲ ਆ ਰਹੇ ਟਰੱਕ ਦੀ ਲਪੇਟ ਵਿੱਚ ਆਉਣ ਕਾਰਨ ਕੁਲਵਿੰਦਰ ਸਿੰਘ ਦੀ ਮੌਕੇ ਤੇ ਹੀ ਮੌਤ ਹੋ ਗਈ ਤੇ ਸੁਖਵਿੰਦਰ ਸਿੰਘ ਗੰਭੀਰ ਜ਼ਖਮੀ ਹੋ ਗਿਆ। ਇਸ ਘਟਨਾ ਦਾ ਪਤਾ ਚੱਲਦਿਆਂ ਹੀ ਮੌਕੇ 'ਤੇ ਪਹੁੰਚੀ ਭਿੱਖੀਵਿੰਡ ਪੁਲਸ ਨੇ ਮ੍ਰਿਤਕ ਕੁਲਵਿੰਦਰ ਸਿੰਘ ਦੀ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਜ਼ਖਮੀ ਸੁਖਵਿੰਦਰ ਸਿੰਘ ਨੂੰ ਇਲਾਜ ਲਈ ਭਿੱਖੀਵਿੰਡ ਦੇ ਹਸਪਤਾਲ 'ਚ ਭੇਜ ਦਿੱਤਾ ਹੈ ਤੇ ਟਰੱਕ ਤੇ ਮੋਟਰਸਾਈਕਲ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉੱਧਰ ਇਸ ਦੁਖਦਾਈ ਘਟਨਾ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਭਿੱਖੀਵਿੰਡ ਦੇ ਏਐੱਸਆਈ ਰਣਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕੁਲਵਿੰਦਰ ਸਿੰਘ ਦੇ ਭਰਾ ਸੁਖਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਨੰਬਰ 48 ਆਈਪੀਸੀ ਦੀ ਧਾਰਾ 304ਏ, 427,337 ਤੇ 338 ਅਧੀਨ ਭਿੱਖੀਵਿੰਡ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਮ੍ਰਿਤਕ ਵਿਅਕਤੀ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪੱਟੀ ਵਿਖੇ ਭੇਜ ਕੇ ਫਰਾਰ ਹੋਏ ਟਰੱਕ ਡਰਾਈਵਰ ਦੀ ਭਾਲ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪੰਜਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਮਨਾਇਆ




ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚੀਫ਼ ਖ਼ਾਲਸਾ ਦੀਵਾਨ, ਅੰਮ੍ਰਿਤਸਰ ਦੀ ਸਰਪ੍ਰਸਤੀ ਹੇਠ ਸ਼ਰਧਾ ਭਾਵਨਾ ਦਾ ਜੋਸ਼ ਭਰਿਆ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਦੇ ਸਥਾਈ ਪ੍ਰਭਾਵ ਨੂੰ ਦਿਲੋਂ ਕਬੂਲਣ ਅਤੇ ਵਿਆਪਕ ਸਮਾਜ 'ਤੇ ਡੂੰਘੇ ਪ੍ਰਭਾਵ ਨੂੰ ਦਰਸਾਉਂਦੇ ਹੋਏ ਜਸ਼ਨ ਦੇ ਰੂਪ 'ਚ ਇੱਕ ਸੰਗੀਤਮਈ ਪਹਿਲੂ ਨੂੰ ਅਪਣਾ ਲਿਆ। ਸਕੂਲ ਦੀ ਬੈਂਡ ਟੀਮ ਨੇ ਸਥਾਨਕ ਭਾਈਚਾਰੇ ਦੁਆਰਾ ਆਯੋਜਿਤ ਨਗਰ ਕੀਰਤਨ ਵਿੱਚ ਹਿੱਸਾ ਲਿਆ, ਜਿਸ ਨੇ ਗੁਰੂ ਜੀ ਦੀਆਂ ਸਿੱਖਿਆਵਾਂ ਦੇ ਬ੍ਰਹਮ ਤੱਤ ਨੂੰ ਗੂੰਜਣ ਵਾਲੇ ਰੂਹ ਨੂੰ ਹਿਲਾ ਦੇਣ ਵਾਲੀਆਂ ਧੁਨਾਂ ਨਾਲ ਗਲੀਆਂ ਨੂੰ ਪ੍ਰਭਾਵਿਤ ਕੀਤਾ। ਸ. ਜਗਦੀਪ ਸਿੰਘ, ਮਾਨਯੋਗ ਸੰਗੀਤ ਅਧਿਆਪਕ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸਦੀਵੀ ਬੁੱਧੀ ਬਾਰੇ ਇੱਕ ਗਿਆਨ ਭਰਪੂਰ ਲੈਕਚਰ ਦਿੱਤਾ, ਹਾਜ਼ਰੀਨ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਦਇਆ, ਸਹਿਣਸ਼ੀਲਤਾ ਅਤੇ ਨਿਰਸਵਾਰਥ ਦੇ ਸਿਧਾਂਤਾਂ ਨੂੰ ਧਾਰਨ ਕਰਨ ਦੀ ਅਪੀਲ ਕੀਤੀ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ, ਅੰਮ੍ਰਿਤਸਰ ਦੇ ਵਧੀਕ ਆਨਰੇਰੀ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਮੈਂਬਰ ਇੰਚਾਰਜ ਹਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਵਿੱਚ ਲੀਨ ਹੋਣ ਦੀ ਅਪੀਲ ਕਰਦਿਆਂ ਬੁੱਧੀ ਅਤੇ ਦਇਆ ਦੀ ਪਰਿਵਰਤਨਸ਼ੀਲ ਸ਼ਕਤੀ ਤੇ ਜ਼ੋਰ ਦਿੱਤਾ। ਉਪ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਜੀ ਦੀ ਪਿਆਰ ਅਤੇ ਬਰਾਬਰੀ ਦੀ ਵਿਰਾਸਤ ਨੂੰ ਅੱਗੇ ਵਧਾਉਣ ਦੀ ਜ਼ਿੰਮੇਵਾਰੀ ਯਾਦ ਕਰਾਈ। ਮੈਂਬਰ ਇੰਚਾਰਜ ਰਣਦੀਪ ਸਿੰਘ ਨੇ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਲੈਣ ਦੀ ਮਹੱਤਤਾ ਤੇ ਜ਼ੋਰ ਦਿੱਤਾ।ਪ੍ਰਿੰ. ਰਣਜੀਤ ਕੌਰ ਭਾਟੀਆ ਨੇ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਅਮਲੀ ਰੂਪ 'ਚ ਜਿਊਣ ਲਈ ਪ੍ਰੇਰਿਤ ਕੀਤਾ।

## ਕਿਰਤੀ, ਕਾਮੇ, ਕਿਸਾਨ ਹੀ ਦੌਲਤ ਦੇ ਅਸਲੀ ਮਾਲਕ : ਕਾਮਰੇਡ ਸੀਮਾ ਸੋਹਲ



ਝਬਾਲ, (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)-ਹਰ ਸਾਲ ਦੀ ਤਰ੍ਹਾਂ ਅੱਜ ਪਹਿਲੀ ਮਈ ਦਾ ਮਹਾਨ ਦਿਨ ਸਥਾਨਕ ਕਾਮਰੇਡ ਸਵਰਨ ਸਿੰਘ ਸੋਹਲ ਭਵਨ ਵਿਖੇ ਦਵਿੰਦਰ ਸੋਹਲ ਦੀ ਅਗਵਾਈ ਵਿੱਚ ਮਨਾਇਆ ਗਿਆ।ਝੰਡਾ ਝੁਲਾਉਣ ਦੀ ਰਸਮ ਕਾਮਰੇਡ ਬਲਵਿੰਦਰ ਸਿੰਘ ਮੂਸੇ ਤੇ ਗੁਲਜ਼ਾਰ ਸਿੰਘ ਕੋਟ ਨੇ ਅਦਾ ਕੀਤੀ। ਇਸ ਮੌਕੇ ਸੀਮਾ ਸੋਹਲ ਨੇ ਕਿਹਾ ਕਿ ਪਹਿਲੀ ਮਈ ਮਜ਼ਦੂਰ ਦਿਵਸ ਮੌਕੇ ਅੱਜ ਸਭ ਮਿਹਨਤਕਸ਼ ਲੋਕਾਂ ਨੂੰ ਉੱਚੀ ਆਵਾਜ਼ ਵਿੱਚ ਬੋਲਣਾ ਚਾਹੀਦਾ ਹੈ ਕਿ ਇਸ ਧਰਤੀ ਤੇ ਜਿਹੜੇ ਦੌਲਤ ਦੇ ਢੇਰ ਲੱਗੇ ਹਨ, ਉਸਦੇ ਅਸਲੀ ਮਾਲਕ ਮਜ਼ਦੂਰ ਕਿਸਾਨ ਤੇ ਮਿਹਨਤਕਸ਼ ਲੋਕ ਹਨ ਪਰ ਪੂੰਜੀਵਾਦੀ ਰਾਜ ਪ੍ਰਬੰਧ ਹੋਣ ਕਾਰਨ ਕਾਰਪੋਰੇਟ ਘਰਾਣਿਆਂ ਨੇ ਮਿਹਨਤਕਸ਼ ਲੋਕਾਂ ਦੀ ਦੌਲਤ 'ਤੇ ਕਬਜ਼ਾ ਕੀਤਾ ਹੋਇਆ ਹੈ।ਅੱਜ ਮਿਹਨਤ ਕਰਨ ਵਾਲਾ ਜ਼ਿੰਦਗੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਰਸ ਰਿਹਾ ਹੈ, ਪਰ ਕਾਰਪੋਰੇਟ ਘਰਾਣੇ ਆਪਣੀ ਦੌਲਤ ਵਧਾਈ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਅੱਜ ਦੇਸ਼ ਵਿੱਚ ਭਾਜਪਾ ਸਰਕਾਰ ਲੋਕਾਂ ਦੀ ਦੌਲਤ ਅਡਾਨੀ ਅੰਬਾਨੀ ਦੇ ਹਵਾਲੇ ਕਰ ਰਹੀ ਹੈ ਅਤੇ ਲੋਕਾਂ ਨੂੰ ਧਰਮ ਦੇ ਨਾਂ 'ਤੇ ਵੰਡ ਰਹੀ ਹੈ, ਸੋ ਇਸਨੂੰ ਚਲਦਾ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਮੰਗ ਕੀਤੀ ਕਿ ਹਰ ਇੱਕ ਨੂੰ ਰੁਜ਼ਗਾਰ ਅਤੇ ਘੱਟੋ-ਘੱਟ ਮਿਹਨਤਾਨਾ 26000 ਰੁਪਏ ਕੀਤਾ ਜਾਵੇ।ਹਰ ਕਿਰਤੀ ਕਾਮੇ ਕਿਸਾਨ ਦੀ ਬੁੱਢਾਪਾ ਪੈਨਸ਼ਨ 10000 ਰੁਪਏ ਮਹੀਨਾ ਨਿਸ਼ਚਿਤ ਕੀਤੀ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਮਾ ਸੋਹਲ, ਗੁਰਸ਼ਰਨ ਸਿੰਘ ਬਾਬਾ, ਜਗਤਾਰ ਸਿੰਘ ਜੱਗਾ, ਅਰਵਿੰਦ ਗੁਪਤਾ, ਗਿਆਨ ਸਿੰਘ ਠੱਠਾ, ਬਲਵਿੰਦਰ ਕੌਰ ਰਾਣੀ, ਹਰੀਸ਼ ਸੋਹਲ, ਕੰਵਲਜੀਤ ਢਿੱਲੋਂ, ਬਖਤਾਵਰ ਸਿੰਘ ਸੈਕਟਰੀ, ਕੋਮਲ ਪ੍ਰੀਤ ਕੌਰ, ਜਥੇਦਾਰ ਅਮਰੀਕ ਸਿੰਘ, ਪੱਪੂ ਮਤੋਟੀਆ, ਘੁੱਗੀ ਚਾਹ ਵਾਲਾ, ਸ਼ਿੰਦਰ ਸਿੰਘ ਮੂਸੇ, ਬਿੰਨੂ ਮੂਸੇ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ

ਵੀਰਵਾਰ, 2 ਮਈ 2024

# ਸਿਆਸੀ ਆਗੂਆਂ ਦਾ ਕਾਲਾ ਚਿਹਰਾ

*ਕਰਨਾਟਕ ਦੇ ਹਾਸਨ ਤੋਂ ਲੋਕ ਸਭਾ ਸਾਂਸਦ, ਸਾਬਕਾ ਪ੍ਰਧਾਨ ਮੰਤਰੀ ਐੱਚ ਡੀ ਦੇਵਗੌੜਾ ਦੇ ਭਤੀਜੇ ਤੇ ਹਾਸਨ ਤੋਂ ਭਾਜਪਾ-ਜੇ ਡੀ ਐੱਸ ਦੇ ਸਾਂਝੇ ਉਮੀਦਵਾਰ ਪ੍ਰਜਵਲ ਰੇਵੰਨਾ ਦੇ ਸੈਕਸ ਵੀਡੀਓ ਵਾਇਰਲ ਹੋਣ ਤੋਂ ਬਾਅਦ ਦੇਸ਼ ਭਰ ਵਿੱਚ ਹਾਹਾਕਾਰ ਮਚੀ ਹੋਈ ਹੈ। ਰੇਵੰਨਾ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਦੀ ਆਈ ਡੀ ਉੱਤੇ 'ਮੋਦੀ ਦਾ ਪਰਵਾਰ' ਲਿਖਿਆ ਹੋਇਆ ਹੈ। ਹਾਸਨ ਲੋਕ ਸਭਾ ਸੀਟ 'ਤੇ 26 ਅਪ੍ਰੈਲ ਨੂੰ ਵੋਟਾਂ ਪਈਆਂ ਸਨ। ਉਸ ਤੋਂ ਇੱਕ ਦਿਨ ਪਹਿਲਾਂ 25 ਅਪ੍ਰੈਲ ਨੂੰ ਸੈਂਕੜਿਆਂ ਦੀ ਗਿਣਤੀ ਵਿੱਚ ਪੈਨਡਰਾਈਵ ਬੱਸ ਅੱਡਿਆਂ ਤੇ ਹੋਰ ਜਨਤਕ ਸਥਾਨਾਂ 'ਤੇ ਰੱਖ ਦਿੱਤੇ ਗਏ, ਜਿਨ੍ਹਾਂ ਵਿੱਚ ਰੇਵੰਨਾ ਦੇ ਸੈਕਸ ਵੀਡੀਓ ਸਨ। ਇਸ ਤੋਂ ਬਾਅਦ ਇਹ ਖੁਦ-ਬਖੁਦ ਲੋਕਾਂ ਤੱਕ ਪੁੱਜ ਗਏ। ਕਿਹਾ ਜਾਂਦਾ ਹੈ ਕਿ ਇਹ ਇੱਕ-ਦੋ ਵੀਡੀਓਜ਼ ਨਹੀਂ, 3000 ਦੇ ਕਰੀਬ ਹਨ। ਇਨ੍ਹਾਂ ਵੀਡੀਓਜ਼ ਵਿੱਚ ਜਿਨ੍ਹਾਂ ਔਰਤਾਂ ਦਾ ਜਿਨਸੀ ਸ਼ੋਸ਼ਣ ਹੋਇਆ, ਉਨ੍ਹਾਂ ਵਿੱਚ ਘਰ ਦੀਆਂ ਨੌਕਰਾਣੀਆਂ, ਪਾਰਟੀ ਦੀਆਂ ਵਰਕਰ, ਪੁਲਸ ਮੁਲਾਜ਼ਮ ਔਰਤਾਂ ਤੇ ਅਫਸਰਾਂ ਦੀਆਂ ਪਤਨੀਆਂ ਤੱਕ ਸ਼ਾਮਲ ਸਨ। ਪ੍ਰਜਵਲ ਵੀਡੀਓਜ਼ ਖੁਦ ਬਣਾਉਂਦਾ ਸੀ ਤਾਂ ਜੋ ਪੀੜਤ ਔਰਤਾਂ ਬਦਨਾਮੀ ਦੇ ਡਰ ਕਾਰਨ ਸ਼ਿਕਾਇਤ ਨਾ ਕਰਨ।*

*ਸਵਾਲ ਇਹ ਹੈ ਕਿ ਰੇਵੰਨਾ ਦੀਆਂ ਕਰਤੂਤਾਂ ਦੀ ਇੱਕ ਸਾਲ ਤੋਂ ਵੱਧ ਸਮੇਂ ਤੋਂ ਕਰਨਾਟਕ ਵਿੱਚ ਚਰਚਾ ਚੱਲ ਰਹੀ ਸੀ, ਇਸ ਦੇ ਬਾਵਜੂਦ ਉਸ ਨੂੰ ਉਮੀਦਵਾਰ ਬਣਾਇਆ ਗਿਆ ਤੇ ਖੁਦ ਪ੍ਰਧਾਨ ਮੰਤਰੀ ਉਸ ਦਾ ਪ੍ਰਚਾਰ ਕਰਨ ਲਈ ਪਹੁੰਚੇ ਸਨ। ਇਹੋ ਨਹੀਂ, ਪ੍ਰਧਾਨ ਮੰਤਰੀ ਨੇ ਸਟੇਜ ਉੱਤੇ ਬੁਲਾ ਕੇ ਪ੍ਰਜਵਲ ਰੇਵੰਨਾ ਤੇ ਉਸ ਦੇ ਪਿਤਾ ਐੱਚ ਡੀ ਰੇਵੰਨਾ ਨੂੰ ਥਾਪੜਾ ਦਿੱਤਾ ਸੀ, ਜਦੋਂਕਿ ਉਹ ਅਜਿਹਾ ਕਰਦੇ ਨਹੀਂ ਹਨ।*

*ਇਸ ਕੇਸ ਦਾ ਪਿਛੋਕੜ ਖੰਘਾਲੀਏ ਤਾਂ 1 ਜੂਨ 2023 ਨੂੰ ਪ੍ਰਜਵਲ ਨੇ ਬੈਂਗਲੂਰੂ ਦੀ ਅਦਾਲਤ ਵਿੱਚ 86 ਮੀਡੀਆ ਪਲੇਟਫਾਰਮਾਂ ਵਿਰੁੱਧ ਕੇਸ ਦਾਇਰ ਕਰਕੇ ਅਦਾਲਤ ਨੂੰ ਕਿਹਾ ਸੀ ਕਿ ਉਸ ਦੇ ਖਿਲਾਫ਼ ਕੁਝ ਐਡਿਟ ਵੀਡੀਓ ਸਰਕੂਲੇਟ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ। ਅਦਾਲਤ ਅਜਿਹੇ ਵੀਡੀਓ ਸਰਕੂਲੇਟ ਕਰਨ ਉੱਤੇ ਰੋਕ ਲਾਏ। ਮੀਡੀਆ ਦੇ ਨਾਲ-ਨਾਲ ਇਸ ਕੇਸ ਵਿੱਚ ਪ੍ਰਜਵਲ ਦੇ ਡਰਾਈਵਰ ਦਾ ਵੀ ਨਾਂਅ ਸੀ। ਇਸ ਡਰਾਈਵਰ ਨੇ ਪ੍ਰਜਵਲ ਕੋਲ 7 ਸਾਲ ਨੌਕਰੀ ਕਰਨ ਤੋਂ ਬਾਅਦ ਮਾਰਚ 2023 ਵਿੱਚ ਨੌਕਰੀ ਛੱਡ ਦਿੱਤੀ ਸੀ। ਦਸੰਬਰ 2023 ਵਿੱਚ ਇਸ ਕਾਰਤਿਕ ਨਾਂਅ ਦੇ ਡਰਾਈਵਰ ਨੇ ਹਾਸਨ ਦੇ ਪੁਲਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਾਈ ਸੀ ਕਿ 13 ਏਕੜ ਜ਼ਮੀਨ ਵਾਪਸ ਨਾ ਕਰਨ ਕਰਕੇ ਪ੍ਰਜਵਲ ਨੇ ਉਸ ਨੂੰ ਤੇ ਉਸ ਦੀ ਪਤਨੀ ਨੂੰ ਅਗਵਾ ਕਰ ਲਿਆ ਸੀ। ਇਸੇ ਦੌਰਾਨ ਕਾਰਤਿਕ ਨੇ ਭਾਜਪਾ ਆਗੂ ਐਡਵੋਕੇਟ ਦੇਵਰਾਜੇ ਗੌੜਾ ਰਾਹੀਂ ਪ੍ਰਜਵਲ ਵਿਰੁੱਧ ਅਦਾਲਤ ਵਿੱਚ ਕੇਸ ਕਰ ਦਿੱਤਾ। ਇਸ ਮੌਕੇ ਉਸ ਨੇ ਵਕੀਲ ਨੂੰ ਵੀਡੀਓਜ਼ ਵੀ ਦੇ ਦਿੱਤੇ ਸਨ।*

*ਜਨਵਰੀ 2024 ਵਿੱਚ ਇਨ੍ਹਾਂ ਵੀਡੀਓ ਦਾ ਜ਼ਿਕਰ ਤਦ ਆਇਆ, ਜਦੋਂ ਦੇਵਰਾਜੇ ਗੌੜਾ ਨੇ ਪ੍ਰਜਵਲ ਦੇ ਵਿਰੁੱਧ ਰਿਟ ਦਾਇਰ ਕਰਕੇ ਉਸ ਦੀ ਸਾਂਸਦੀ ਰੱਦ ਕਰਨ ਦੀ ਮੰਗ ਕੀਤੀ ਸੀ। ਕਰਨਾਟਕ ਹਾਈਕੋਰਟ ਨੇ ਪ੍ਰਜਵਲ ਨੂੰ ਡਿਸਕੁਆਲੀਫਾਈ ਕਰ ਦਿੱਤਾ ਸੀ, ਪਰ ਸੁਪਰੀਮ ਕੋਰਟ ਨੇ ਉਸ ਨੂੰ ਸਟੇਅ ਦੇ ਦਿੱਤਾ ਸੀ। ਦੇਵਰਾਜੇ ਗੌੜਾ ਨੇ 2023 ਦੀ ਵਿਧਾਨ ਸਭਾ ਚੋਣ ਲੜੀ ਸੀ, ਪਰ ਪ੍ਰਜਵਲ ਦੇ ਪਿਤਾ ਐਚ ਡੀ ਰੇਵੰਨਾ ਤੋਂ ਹਾਰ ਗਏ ਸਨ। ਦੇਵਰਾਜੇ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਭਾਜਪਾ ਦੇ ਸੂਬਾ ਪ੍ਰਧਾਨ ਵਿਜੇਂਦਰ ਨੂੰ ਚਿੱਠੀ ਲਿਖ ਕੇ ਕਿਹਾ ਸੀ ਕਿ ਹਾਸਨ ਤੋਂ ਪ੍ਰਜਵਲ ਨੂੰ ਟਿਕਟ ਨਾ ਦਿੱਤੀ ਜਾਵੇ। ਅਸਲ ਵਿੱਚ ਦੇਵਰਾਜੇ ਗੌੜਾ ਖੁਦ ਹਾਸਨ ਸੀਟ ਤੋਂ ਚੋਣ ਲੜਨਾ ਚਾਹੁੰਦੇ ਸਨ।*

*ਸਵਾਲ ਇਹ ਹੈ ਕਿ ਔਰਤਾਂ ਨਾਲ ਜਿਨਸੀ ਖੇਹ-ਖਰਾਬੀ ਦੇ ਏਡੇ ਵੱਡੇ ਸਕੈਂਡਲ ਨੂੰ ਸਿਆਸੀ ਆਗੂ ਕਿਸ ਤਰ੍ਹਾਂ ਦਬਾਉਂਦੇ, ਵਰਤਦੇ ਤੇ ਮਿੱਟੀ ਪਾਉਂਦੇ ਰਹੇ ਸਨ। ਪ੍ਰਧਾਨ ਮੰਤਰੀ ਤੋਂ ਅਜਿਹੇ ਮਸਲੇ 'ਤੇ ਕਿਸੇ ਸੰਵੇਦਨਾ ਦੀ ਆਸ ਰੱਖਣੀ ਤਾਂ ਉਨ੍ਹਾ ਨਾਲ ਬੇਇਨਸਾਫ਼ੀ ਹੋਵੇਗੀ। ਯਾਦ ਕਰੋ, ਜਦੋਂ ਪਹਿਲਵਾਨ ਕੁੜੀਆਂ ਮੈਡਲ ਜਿੱਤ ਕੇ ਪ੍ਰਧਾਨ ਮੰਤਰੀ ਨੂੰ ਮਿਲਣ ਪੁੱਜੀਆਂ ਸਨ ਤਾਂ ਉਨ੍ਹਾਂ ਆਪਣੇ ਨਾਲ ਹੁੰਦੀਆਂ ਜਿਨਸੀ ਵਧੀਕੀਆਂ ਦੀ ਸ਼ਿਕਾਇਤ ਕੀਤੀ ਸੀ, ਪਰ ਪ੍ਰਧਾਨ ਮੰਤਰੀ ਦੋਸ਼ੀਆਂ ਦਾ ਬਚਾਅ ਕਰਨ ਵਿੱਚ ਲੱਗੇ ਰਹੇ। ਮਨੀਪੁਰ ਵਿੱਚ ਜਦੋਂ ਦੋ ਔਰਤਾਂ ਨੂੰ ਬਲਾਤਕਾਰ ਕਰਨ ਬਾਅਦ ਨੰਗਿਆਂ ਘੁੰਮਾਇਆ ਗਿਆ ਤਾਂ ਉਨ੍ਹਾ ਸੰਸਦ ਵਿੱਚ ਨਿੰਦਾ ਦਾ ਇੱਕ ਸ਼ਬਦ ਤੱਕ ਨਾ ਬੋਲਿਆ। ਸੂਬਾ ਭਾਜਪਾ ਦੇ ਆਗੂ ਵੀ ਘੱਟ ਕਸੂਰਵਾਰ ਨਹੀਂ, ਜਿਨ੍ਹਾਂ ਇਸ ਘਿਨੌਣੇ ਅਪਰਾਧ 'ਤੇ ਮਿੱਟੀ ਪਾਉਣ ਦੀ ਕੋਸ਼ਿਸ਼ ਕੀਤੀ।*

*ਸਭ ਤੋਂ ਵੱਧ ਹੈਰਾਨੀ ਵਾਲੀ ਗੱਲ ਇਹ ਹੈ ਕਿ ਕਾਂਗਰਸ ਦੇ ਆਗੂਆਂ ਦਾ ਰਵੱਈਆ ਵੀ ਰੇਵੰਨਾ ਨੂੰ ਬਚਾਉਣ ਵਾਲਾ ਲਗਦਾ ਹੈ। ਕਾਂਗਰਸ ਦੇ ਮੁੱਖ ਮੰਤਰੀ ਸਿੱਧਰਮਈਆ ਦੀ ਅੱਖ ਉਦੋਂ ਖੁੱਲ੍ਹੀ, ਜਦੋਂ ਹਾਸਨ ਹਲਕੇ ਦੀ ਚੋਣ ਮੁੱਕ ਗਈ ਸੀ। ਐੱਚ ਡੀ ਰੇਵੰਨਾ ਵੋਕਾਲਿਗਾ ਭਾਈਚਾਰੇ ਦਾ ਵੱਡਾ ਲੀਡਰ ਹੈ। ਲਗਦਾ ਹੈ ਕਾਂਗਰਸ ਨੂੰ ਡਰ ਰਿਹਾ ਹੋਵੇਗਾ ਕਿ ਭਾਈਚਾਰਾ ਨਰਾਜ਼ ਨਾ ਹੋ ਜਾਵੇ। ਹੁਣ ਜਦੋਂ ਐਸ ਆਈ ਟੀ ਦਾ ਗਠਨ ਕੀਤਾ ਹੈ, ਦੋਸ਼ੀ ਜਰਮਨ ਭੱਜ ਗਿਆ ਹੈ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਔਰਤਾਂ ਵਿਰੁੱਧ ਵਾਪਰੀ ਇਸ ਸਭ ਤੋਂ ਵੱਡੀ ਤੇ ਘਿਨੌਣੀ ਘਟਨਾ ਨੇ ਸਾਡੇ ਸਿਆਸੀ ਤਾਣੇ-ਬਾਣੇ ਦਾ ਕਰੂਰ ਤੇ ਕਾਲਾ ਚਿਹਰਾ ਨੰਗਾ ਕਰਕੇ ਰੱਖ ਦਿੱਤਾ ਹੈ, ਜਿਸ ਨੇ ਸਾਰੇ ਦੇਸ਼ ਨੂੰ ਸ਼ਰਮਿੰਦਾ ਕੀਤਾ ਹੈ।*

**- ਚੰਦ ਫਤਿਹਪੁਰੀ**

# ਸੌਖਾ ਨਹੀਂ ਵਿਕਾਸਸ਼ੀਲ ਤੋਂ ਵਿਕਸਤ ਦੇਸ਼ ਬਣਨ ਦਾ ਸਫ਼ਰ



**ਗੁਰਮੀਤ ਸਿੰਘ ਪਲਾਹੀ**

ਦੁਨੀਆ ਵਿੱਚ ਇਸ ਸਮੇਂ ਸੰਯੁਕਤ ਰਾਸ਼ਟਰ ਸੰਘ ਅਨੁਸਾਰ ਗਿਆਰਾਂ ਦੇਸ਼, ਵਿਕਸਤ ਦੇਸ਼ ਹਨ। ਇਹਨਾ ਵਿੱਚ ਮੁੱਖ ਤੌਰ 'ਤੇ ਯੂਰਪੀ ਦੇਸ਼ ਹਨ, ਜਿਹੜੇ ਉਦਯੋਗਿਕ ਰੂਪ 'ਚ ਵਿਕਸਤ ਹਨ। ਭਾਰਤ ਨੇ ਜੇਕਰ ਵਿਕਾਸਸ਼ੀਲ ਦੇਸ਼ ਤੋਂ ਵਿਕਸਤ ਦੇਸ਼ ਬਨਣਾ ਹੈ ਤਾਂ ਉਸ ਨੂੰ ਔਖਾ ਸਫ਼ਰ ਤਹਿ ਕਰਨਾ ਹੋਵੇਗਾ।

ਭਾਰਤ ਨੇ 2047 ਤੱਕ ਵਿਕਸਤ ਦੇਸ਼ ਬਨਣ ਦਾ ਸੰਕਲਪ ਲਿਆ ਹੈ। ਮੌਜੂਦਾ ਚੋਣਾਂ 'ਚ ਵੀ ਹਾਕਮ ਧਿਰ ਭਾਜਪਾ ਵਿਕਸਤ ਦੇਸ਼ ਦੇ ਸੰਕਲਪ ਨੂੰ ਇੱਕ ਨਾਹਰੇ ਵਜੋਂ ਵਰਤ ਰਹੀ ਹੈ। ਜੇਕਰ ਭਾਰਤ ਨੇ 2047 ਤੱਕ ਵਿਕਸਤ ਦੇਸ਼ ਦਾ 'ਖਿਤਾਬ' ਪ੍ਰਾਪਤ ਕਰਨਾ ਹੈ ਤਾਂ ਉਸ ਨੂੰ ਲਗਾਤਾਰ 8 ਫੀਸਦੀ ਤੋਂ 9 ਫੀਸਦੀ ਸਾਲਾਨਾ ਵਿਕਾਸ ਦਰ ਪ੍ਰਾਪਤ ਕਰਨੀ ਪਵੇਗੀ। 10 ਅਪ੍ਰੈਲ 2024 ਨੂੰ ਏਸ਼ੀਆਈ ਵਿਕਾਸ ਬੈਂਕ ਨੇ ਸਾਲ 2024-25 ਲਈ ਭਾਰਤ ਦੀ ਜੀ ਡੀ ਪੀ ਦਰ 7 ਫੀਸਦੀ ਦਾ ਅਨੁਮਾਨ ਦਿੱਤਾ ਹੈ।

ਤਾਂ ਫਿਰ ਕਿਵੇਂ ਆਉਂਦੇ 23 ਸਾਲਾਂ 'ਚ ਭਾਰਤ ਆਪਣੀ ਪ੍ਰਤੀ ਜੀਅ ਔਸਤ ਸਾਲਾਨਾ ਆਮਦਨ 2600 ਡਾਲਰ ਤੋਂ ਵਧਾ ਕੇ 12000 ਡਾਲਰ ਕਰੇਗਾ? ਭਾਰਤ ਨੂੰ ਆਰਥਿਕ ਸੁਧਾਰਾਂ ਦੀ ਲੋੜ ਹੈ। ਭਾਰਤ ਨੂੰ ਖੇਤੀ ਅਤੇ ਮਜ਼ਦੂਰੀ ਸੁਧਾਰਾਂ 'ਚ ਅੱਗੇ ਵਧਣਾ ਹੋਏਗਾ। ਭਾਰਤ ਨੂੰ ਆਪਣਾ ਬੁਨਿਆਦੀ ਢਾਂਚਾ ਮਜ਼ਬੂਤ ਕਰਨਾ ਪਵੇਗਾ। ਭਾਰਤ ਵਿੱਚ ਸੰਸਕ੍ਰਿਤ ਅਤੇ ਰਾਸ਼ਟਰੀ ਵਿਕਾਸ ਦੇ ਮੁੱਲ ਸਥਾਪਤ ਕਰਨੇ ਹੋਣਗੇ। ਭਾਰਤ ਨੂੰ ਸਿੱਖਿਆ, ਸਿਹਤ ਦੇ ਖੇਤਰਾਂ 'ਚ ਗੁਣਾਂ ਪੱਖੋਂ ਪੈੜਾਂ ਪਾਉਣੀਆਂ ਪੈਣਗੀਆਂ ਅਤੇ ਸਭ ਤੋਂ ਵੱਧ ਇਹ ਕਿ ਉਸ ਨੂੰ ਦੇਸ਼ 'ਚੋਂ ਗਰੀਬੀ, ਭ੍ਰਿਸ਼ਟਾਚਾਰ ਖ਼ਤਮ ਕਰਕੇ ਸਿਆਸੀ ਸਥਿਰਤਾ ਨਾਲ ਅੱਗੇ ਕਦਮ ਪੁੱਟਣੇ ਹੋਣਗੇ। ਪਰ ਕੀ ਇਸ ਸਮੇਂ ਦੇਸ਼ ਦੇ ਮੌਜੂਦਾ ਹਾਲਤਾਂ ਵਿੱਚ 'ਦੇਸ਼ ਭਾਰਤ' ਇਹ ਚੁਣੌਤੀਆਂ ਪ੍ਰਵਾਨ ਕਰਨ ਲਈ ਤਿਆਰ ਹੈ?

ਸੰਯੁਕਤ ਰਾਸ਼ਟਰ ਸੰਘ ਵੱਲੋਂ ਜਾਰੀ ਕੀਤੀ ਗਈ ਮਾਨਵ ਵਿਕਾਸ ਸੂਚਾਂਕ (ਐਮ ਡੀ ਆਈ) ਰਿਪੋਰਟ ਅਨੁਸਾਰ ਭਾਰਤ 193 ਦੇਸ਼ਾਂ ਵਿੱਚੋਂ 134ਵੇਂ ਥਾਂ ਹੈ। ਵਿਸ਼ਵ ਖੁਸ਼ਹਾਲੀ ਰਿਪੋਰਟ 2024 'ਚ ਭਾਰਤ ਨੂੰ 143 ਦੇਸ਼ਾਂ ਵਿੱਚੋਂ 126ਵਾਂ ਥਾਂ ਮਿਲਿਆ ਹੈ। ਜੀ ਡੀ ਪੀ ਦੇ ਅਨੁਪਾਤ ਵਿੱਚ ਦੇਸ਼ ਦਾ ਖੋਜ ਅਤੇ ਵਿਕਾਸ ਖੇਤਰ ਵਿੱਚ ਕੁਲ ਖਰਚ ਕੇਵਲ 0.64 ਫੀਸਦੀ ਹੈ, ਜਦਕਿ ਵਿਸ਼ਵ ਪੱਧਰ 'ਤੇ ਇਹ ਅਨੁਪਾਤ 2.71 ਹੈ, ਜੋ ਕਿ ਵਿਸ਼ਵ ਪੱਧਰ 'ਤੇ ਕਾਫੀ ਘੱਟ ਹੈ। ਭਾਵੇਂ ਭਾਰਤ ਇਸ ਸਮੇਂ ਜੀ ਡੀ ਪੀ ਦੇ ਮੱਦੇਨਜ਼ਰ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥ ਵਿਵਸਥਾ ਹੈ, ਭਾਰਤ ਤੋਂ ਅੱਗੇ ਅਮਰੀਕਾ, ਚੀਨ, ਜਰਮਨ ਤੇ ਜਪਾਨ ਹਨ, ਪਰ ਦੇਸ਼ 'ਚ ਭੁੱਖਮਰੀ ਦੀ ਹਾਲਤ ਚਿੰਤਾਜਨਕ ਹੈ।

ਵਰਲਡ ਪਵਰਟੀ ਇੰਡੈਕਸ ਅਨੁਸਾਰ ਭੁੱਖਮਰੀ 'ਚ ਭਾਰਤ 125 ਦੇਸ਼ਾਂ ਵਿੱਚੋਂ 111ਵੇਂ ਥਾਂ 'ਤੇ ਹੈ। ਲੀਗ ਆਫ਼ ਨੈਸ਼ਨਲਜ਼ ਦੇ ਦੇਸ਼ਾਂ ਵਿੱਚ ਪ੍ਰਤੀ ਜੀਅ ਆਮਦਨ ਦੇ ਮਾਮਲੇ 'ਚ ਭਾਰਤ ਦੀ ਥਾਂ 139ਵੀਂ ਹੈ ਅਤੇ ਇਹ ਬਰਿਕਸ ਅਤੇ ਜੀ-20 ਦੇਸ਼ਾਂ 'ਚ ਇਸ ਮਾਮਲੇ 'ਚ ਫਾਡੀ ਹੈ।

ਭਾਵੇਂ ਕਿ ਕਿਹਾ ਇਹ ਵੀ ਜਾ ਰਿਹਾ ਹੈ ਕਿ ਪਿਛਲੇ ਦਹਾਕੇ 'ਚ ਗਰੀਬਾਂ ਦੀ ਗਿਣਤੀ 'ਚ ਭਾਰਤ 'ਚ ਕਮੀ ਆਈ ਹੈ ਅਤੇ ਇਕ ਰਿਪੋਰਟ ਅਨੁਸਾਰ ਭਾਰਤ 'ਚੋਂ 15 ਕਰੋੜ ਗਰੀਬ ਘਟੇ ਹਨ, ਪਰ 80 ਕਰੋੜ ਤੋਂ ਵੱਧ ਗਰੀਬ ਲੋਕਾਂ ਨੂੰ ਮੁਫ਼ਤ ਅਨਾਜ ਦੇਣਾ ਆਖ਼ਿਰ ਕੀ ਦਰਸਾਉਂਦਾ ਹੈ? ਕੀ ਇਹ ਭਾਰਤ ਦੇਸ਼ ਦੀ ਤਰੱਕੀ ਦਾ ਚਿੰਨ੍ਹ ਹੈ ਕਿ 19 ਕਰੋੜ ਤੋਂ ਵੱਧ ਔਰਤਾਂ ਸ਼ਸ਼ਕਤੀਕਰਨ ਦੇ ਮੌਕੇ ਦੀ ਭਾਲ ਵਿੱਚ ਹਨ, ਪਰ ਘਰੀਂ ਬੇਕਾਰ ਬੈਠੀਆਂ ਹਨ।

ਵਿਕਾਸ ਕੋਈ ਅੰਕੜਿਆਂ ਦੀ ਖੇਡ ਨਹੀਂ ਹੈ। ਨਾ ਹੀ ਵਿਕਾਸ ਹਿਸਾਬ ਦਾ ਸਵਾਲ ਦੋ ਤੇ ਦੋ ਚਾਰ ਹੈ। ਵਿਕਾਸ ਦਾ ਮੂਲ ਤਾਂ ਆਰਥਿਕ ਵਿੱਤੀ ਅਤੇ ਬੁਨਿਆਦੀ ਸੁਧਾਰਾਂ 'ਚ ਛੁਪਿਆ ਹੋਇਆ ਹੈ। ਵਿਕਾਸ ਦੀ ਰੂਪ-ਰੇਖਾ ਤਾਂ ਖੇਤੀ, ਬੁਨਿਆਦੀ ਢਾਂਚੇ, ਸਿੱਖਿਆ, ਰੁਜ਼ਗਾਰ, ਉਦਯੋਗ, ਸੇਵਾ ਖੇਤਰ, ਵਪਾਰ, ਊਰਜਾ ਦੇ ਨਵੇਂ ਸਾਧਨਾਂ ਦੀ ਵਰਤੋਂ, ਸਿਹਤ, ਗਰੀਬੀ 'ਚ ਕਮੀ, ਸੰਤੁਲਿਤ ਖੇਤਰੀ ਵਿਕਾਸ, ਪ੍ਰਭਾਵੀ ਨਿਆਂ ਵਿਵਸਥਾ ਜਿਹੇ ਮੁੱਦਿਆਂ 'ਤੇ ਟਿਕੀ ਹੋਈ ਹੈ ਅਤੇ ਇਸ ਤੋਂ ਵੀ ਵੱਧ ਦੇਸ਼ 'ਚ ਸਿਆਸੀ ਸਥਿਰਤਾ, ਵਿਕਾਸ ਨੂੰ ਹੁਲਾਰਾ ਦੇਣ 'ਚ ਸਹਾਈ ਹੁੰਦੀ ਹੈ।

ਇਸ ਸਮੇਂ ਵੇਖਣ ਵਾਲੀ ਗੱਲ ਤਾਂ ਇਹ ਹੈ ਕਿ ਕੀ ਭਾਰਤੀ ਅਰਥ ਵਿਵਸਥਾ ਬਾਹਰੀ ਝਟਕਿਆਂ ਨੂੰ ਸਹਿਣਯੋਗ ਹੋਈ ਹੈ? ਕਿਉਂਕਿ ਬਾਹਰੀ ਝਟਕਿਆਂ ਤੋਂ ਉਭਾਰ ਹੀ ਕਿਸੇ ਦੇਸ਼ ਦੇ ਟਿਕਾਊ ਵਿਕਾਸ ਲਈ ਸਹਾਈ ਹੁੰਦਾ ਹੈ। ਬਿਨਾਂ ਸ਼ੱਕ ਤੇਜ਼ੀ ਨਾਲ ਵਧਦੇ ਭਾਰਤੀ ਬਜ਼ਾਰ ਦੇ ਕਾਰਨ ਭਾਰਤ ਦੇ ਮੁਕਤ ਵਪਾਰ ਸਮਝੌਤੇ (ਐਫ ਟੀ ਏ) ਵਧ ਰਹੇ ਹਨ। ਪ੍ਰਵਾਸੀ ਭਾਰਤੀ ਲਗਾਤਾਰ ਬਾਹਰੋਂ ਧਨ ਭੇਜ ਰਹੇ ਹਨ, ਆਰਥਿਕ ਵਿਕਾਸ ਨੂੰ ਵੀ ਗਤੀ ਮਿਲ ਰਹੀ ਹੈ, ਪਰ ਦੇਸ਼ ਦੀ ਜੀ ਡੀ ਪੀ ਵਧਾਉਣ ਦੇ ਨਾਲ-ਨਾਲ ਕੀ ਪ੍ਰਤੀ ਜੀਅ ਆਮਦਨ ਅਤੇ ਆਮ ਆਦਮੀ ਦੀ ਖੁਸ਼ਹਾਲੀ 'ਤੇ ਇਸ ਦਾ ਅਸਰ ਪੈ ਰਿਹਾ ਹੈ?

ਕੁਝ ਤੱਥ ਵਿਚਾਰਨਯੋਗ ਹਨ। ਕੌਮੀ ਸਿਹਤ ਅਥਾਰਿਟੀ ਦਾ ਪੋਰਟਲ ਖੁਦ ਇਹ ਮੰਨਦਾ ਹੈ ਕਿ ਹਰੇਕ ਸਾਲ ਸਿਹਤ 'ਤੇ ਵਧ ਰਿਹਾ ਖ਼ਰਚ ਤਕਰੀਬਨ ਛੇ ਕਰੋੜ ਭਾਰਤੀਆਂ ਨੂੰ ਗਰੀਬੀ ਵੱਲ ਧੱਕ ਰਿਹਾ ਹੈ।

ਦੂਜਾ ਕਿਸਾਨ ਭਾਈਚਾਰੇ ਦੀਆਂ ਕਈ ਪੀੜ੍ਹੀਆਂ ਨੂੰ ਮੈਕਰੋ/ ਵਿਆਪਕ ਅਰਥਚਾਰੇ ਦੇ ਮਿਆਦ ਪੁਗਾ ਚੁੱਕੇ ਢਾਂਚੇ ਕਾਰਨ ਗਰੀਬੀ ਭੋਗਣੀ ਪੈ ਰਹੀ ਹੈ। ਆਮਦਨ ਵਿੱਚ ਖੜੋਤ ਦਿਖਾਈ ਦੇ ਰਹੀ ਹੈ।

ਦਿਹਾਤੀ ਉਜਰਤਾਂ ਪਿਛਲੇ 10 ਸਾਲਾਂ 'ਚ ਲੱਗਭੱਗ ਨਾ ਦੇ ਬਰਾਬਰ ਵਧੀਆਂ ਹਨ, ਜਿਸ ਕਾਰਨ ਲੋਕ ਗੈਰ-ਜ਼ਮਾਨਤੀ ਨਿੱਜੀ ਕਰਜ਼ਿਆਂ ਦਾ ਸ਼ਿਕਾਰ ਹੋ ਰਹੇ ਹਨ। ਵਧ ਰਹੇ ਵਿੱਤੀ ਦਬਾਅ, ਬੈਂਕ ਕਰਜ਼ਿਆਂ ਦੀ ਲੋੜ ਪੈਦਾ ਕਰ ਰਹੇ ਹਨ। ਕਿਸਾਨ ਆਪਣੇ ਖੇਤ ਗਿਰਵੀ ਰੱਖ ਰਹੇ ਹਨ। ਇਹ ਸਿਰਫ਼ ਅਸਮਾਨ ਛੂੰਹਦੇ ਖੁਰਾਕੀ ਖਰਚਿਆਂ ਕਾਰਨ ਨਹੀਂ, ਸਗੋਂ ਸਿਹਤ, ਸਿੱਖਿਆ ਅਤੇ ਅਵਾਸ 'ਤੇ ਨਿਰੰਤਰ ਵਧੇ ਖ਼ਰਚਿਆਂ ਦਾ ਨਤੀਜਾ ਹਨ।

ਵਿਸ਼ਵ ਬੈਂਕ ਵੱਲੋਂ ਭਾਰਤ ਨੂੰ 'ਲੋਅਰ ਮਿਡਲ ਇਨਕਮ ਗਰੁੱਪ' (ਹੇਠਲੇ ਮੱਧ ਆਮਦਨ ਗਰੁੱਪ) ਵਿੱਚ ਰੱਖਿਆ ਗਿਆ ਹੈ, ਜਿਸ ਦੀ ਪ੍ਰਤੀ ਨਿਵਾਸੀ ਔਸਤ ਆਮਦਨ ਘੱਟ ਹੈ ਅਤੇ ਵਧੀਆ ਸਿਹਤ ਸੇਵਾਵਾਂ ਅਤੇ ਉੱਚ ਸਿੱਖਿਆ ਦੀ ਪਹੁੰਚ ਅਤਿ ਸੀਮਤ ਹੈ। ਇੱਥੋਂ ਦੀ ਸਾਖਰਤਾ ਦਰ ਵਿਕਸਤ ਦੇਸ਼ ਦੇ ਮੁਕਾਬਲੇ ਘੱਟ ਹੈ ਅਤੇ ਦੇਸ਼ ਉਦਯੋਗਿਕ ਖੇਤਰ ਤੋਂ ਓਤਨਾ ਮਾਲੀਆ ਪੈਦਾ ਨਹੀਂ ਕਰਦਾ, ਜਿੰਨਾ ਸੇਵਾ ਖੇਤਰ ਤੋਂ ਕਰਦਾ ਹੈ।

ਵਿਕਸਤ ਦੇਸ਼ ਅਰਥਾਤ ਉਦਯੋਗਿਕ ਦੇਸ਼ ਉਹ ਗਿਣੇ ਜਾਂਦੇ ਹਨ, ਜਿਹਨਾ ਦੀ ਉੱਚੀ ਵਿਕਾਸ ਦਰ ਹੈ। ਜਿੱਥੇ ਅਧਿਕ ਵਿਕਸਤ ਲੋਕਤੰਤਰ ਹੈ ਅਤੇ ਜਿਹੜਾ ਸਭ ਤੋਂ ਵੱਧ ਇਨਸਾਫ਼-ਪਸੰਦ ਹੈ। ਇਸ ਸ਼੍ਰੇਣੀ ਵਿੱਚ ਦੁਨੀਆ ਦਾ ਸਭ ਤੋਂ ਪਹਿਲਾ ਦੇਸ਼ ਨਾਰਵੇ ਹੈ, ਜਿਸ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਵਾਲਾ ਨਿਆਂਇਕ ਦੇਸ਼ ਮੰਨਿਆ ਜਾਂਦਾ ਹੈ। ਅਮਰੀਕਾ, ਬਰਤਾਨੀਆ, ਜਾਪਾਨ, ਜਰਮਨੀ, ਕੈਨੇਡਾ, ਫਰਾਂਸ, ਰੂਸ, ਅਸਟਰੇਲੀਆ, ਇਟਲੀ, ਸਵੀਡਨ ਅਤੇ ਸਵਿੱਟਰਜ਼ਲੈਂਡ ਵੀ ਇਸੇ ਸ਼੍ਰੇਣੀ ਦੇ ਭਾਵ ਵਿਕਸਤ ਦੇਸ਼ ਹਨ।

ਭਾਵੇਂ ਆਈ ਐਮ ਐਫ ਦੇ ਅਨੁਸਾਰ ਭਾਰਤ ਦੀ ਇਸ ਵਕਤ ਜੀ ਡੀ ਪੀ 3.74 ਟ੍ਰਿਲੀਅਨ ਡਾਲਰ ਹੈ, ਪਰ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਨਿਆਂਇਕ ਦੇਸ਼ ਪੱਖੋਂ ਇਸ ਦੇਸ਼ 'ਤੇ ਪਿਛਲੇ ਇੱਕ ਦਹਾਕੇ ਤੋਂ ਲਗਾਤਾਰ ਸਵਾਲ ਉਠ ਰਹੇ ਹਨ।

ਦੇਸ਼ ਵਿਸ਼ਵ ਗੁਰੂ ਦਾ ਲਕਬ ਵਰਤ ਰਿਹਾ ਹੈ, ਪਰ ਮਹਿੰਗਾਈ, ਬੇਰੁਜ਼ਗਾਰੀ, ਆਰਥਿਕ ਨਾਬਰਾਬਰੀ ਦਾ ਸ਼ਿਕੰਜਾ ਦੇਸ਼ 'ਤੇ ਸਿਖ਼ਰਾਂ ਦਾ ਹੈ। ਨਫ਼ਰਤੀ ਵਰਤਾਰੇ, ਨਫ਼ਰਤੀ ਭਾਸ਼ਨ, ਧਰਮ ਧਰੁਵੀਕਰਨ ਦੀ ਸਿਆਸਤ ਨੇ ਦੇਸ਼ ਦਾ ਨਾਂਅ, ਲੋਕਤੰਤਰੀ ਕਦਰਾਂ-ਕੀਮਤਾਂ 'ਚ ਧੁੰਦਲਾ ਕੀਤਾ ਹੈ। ਦੇਸ਼ 'ਚ ਗਰੀਬਾਂ, ਦਲਿਤਾਂ, ਪੱਛੜਿਆਂ, ਆਦਿਵਾਸੀਆਂ, ਘੱਟ ਗਿਣਤੀਆਂ ਸਮੇਤ ਮੁਸਲਮਾਨਾਂ ਨਾਲ ਵਿਵਹਾਰ ਹਾਕਮਾਂ ਦੇ ਵੰਡ ਪਾਊ ਰਵੱਈਏ ਦੀ ਵੱਡੀ ਉਦਾਹਰਨ ਹਨ।

ਦੇਸ਼ ਵਿੱਚ ਜਿਸ ਢੰਗ ਨਾਲ ਫਿਰਕੂ ਨਫ਼ਰਤ, ਆਪਸੀ ਬੇਭਰੋਸਗੀ, ਸ਼ੱਕ-ਸ਼ੁਬਹਾ ਅਤੇ ਜ਼ਹਿਰ ਵਧ ਰਿਹਾ ਹੈ, ਉਹ ਕਿਸੇ ਵੀ ਨਿਆਂਇਕ ਮੁਲਕ ਵਿੱਚ ਤਰਕ ਸੰਗਤ ਨਹੀਂ, ਸਗੋਂ ਅਨਿਆਂ ਹੈ, ਬੇਇਨਸਾਫੀ ਹੈ।

ਦੇਸ਼ ਵਿੱਚ ਬਦਲਦੀਆਂ ਡਿਕਟੇਟਰਾਨਾ ਸਮੀਕਰਨਾਂ ਕਾਰਨ ਨਵੀਆਂ ਸਮੱਸਿਆਵਾਂ, ਮੁੱਦੇ ਅਤੇ ਪ੍ਰਸਥਿਤੀਆਂ ਪੈਦਾ ਹੋ ਰਹੀਆਂ ਹਨ। ਇਹ ਪ੍ਰਸਥਿਤੀਆਂ ਚਿੰਤਾਜਨਕ ਹਨ। ਇਹ ਕਿਸੇ ਵੀ ਵਿਕਾਸਸ਼ੀਲ ਦੇਸ਼ ਦੇ ਵਿਕਸਤ ਦੇਸ਼ ਦਾ ਪੈਂਡਾ ਤਹਿ ਕਰਨ ਲਈ ਵੱਡੀ ਰੁਕਾਵਟ ਹਨ। ਦੇਸ਼ 'ਚ ਘੱਟ-ਗਿਣਤੀਆਂ ਨੂੰ ਮਨ ਤੋਂ ਹੀ ਦੋ ਨੰਬਰ ਦੇ ਸ਼ਹਿਰੀ ਗਰਦਾਨ ਦੇਣਾ, ਗਰੀਬ ਗੁਰਬਿਆਂ ਦੀ ਸਾਰ ਨਾ ਲੈ ਕੇ ਧਨ ਕੁਬੇਰਾਂ ਦਾ ਪੱਖ ਪੂਰਨਾ, ਦੇਸ਼ ਦੀ ਕੁਦਰਤੀ ਅਤੇ ਸਰਕਾਰੀ ਸੰਪਤੀ ਕਾਰਪੋਰੇਟਾਂ ਹੱਥ ਸੌਂਪ ਕੇ ਦੇਸ਼ 'ਚ ਆਮ ਲੋਕਾਂ ਦੀ ਲੁੱਟ ਅਤੇ ਆਰਥਿਕ ਨਾ-ਬਰਾਬਰੀ ਦਾ ਰਾਹ ਪੱਧਰਾ ਕਰਨਾ, ਵਿਕਸਤ ਦੇਸ਼ ਵੱਲ ਵਧਣ ਵਾਲੇ ਕਦਮ 'ਚ ਜੰਜ਼ੀਰ ਪਾਉਣ ਸਮਾਨ ਹੈ।

ਬਿਨਾਂ ਸ਼ੱਕ ਦੇਸ਼ ਦੇ ਵਿਗਿਆਨਕਾਂ ਵੱਲੋਂ ਪੁਲਾੜੀ ਪੁਲਾਂਘਾਂ ਪੁੱਟੀਆਂ ਜਾ ਰਹੀਆਂ ਹਨ, ਆਰਟੀਫੀਸ਼ੀਅਲ ਇੰਟੈਲੀਜੈਂਸ, ਸੈਮੀਕੰਡਕਟਰ, ਊਰਜਾ ਅਤੇ ਨਵੇਂ ਤਕਨੀਕੀ ਵਿਕਾਸ ਕਾਰਨ ਦੇਸ਼ ਭਾਰਤ ਨੂੰ ਆਰਥਿਕ ਵਿਕਾਸ ਦੀ ਗਤੀ ਮਿਲ ਰਹੀ ਹੈ, ਪਰ ਭਾਰਤ ਦੇ ਪਿਛਲੇ 75 ਵਰ੍ਹਿਆਂ ਦੀਆਂ ਪ੍ਰਾਪਤੀਆਂ ਸੰਤੋਸ਼ਜਨਕ ਨਹੀਂ ਰਹੀਆਂ।

ਇਹਨਾਂ ਸਾਲਾਂ 'ਚ ਜਨਸੰਖਿਆ ਵਧੀ ਹੈ, ਜਿਸ ਨੇ ਵਿਕਰਾਲ ਰੂਪ ਧਾਰਿਆ ਹੋਇਆ ਹੈ। ਦੇਸ਼ ਦੀ ਅਰਥ ਵਿਵਸਥਾ ਸਿਰਫ ਖੇਤੀ 'ਤੇ ਹੀ ਨਿਰਭਰ ਰਹੀ ਹੈ, ਉਦਯੋਗ ਤੇ ਸੇਵਾ ਸੈਕਟਰ ਦਾ ਯੋਗਦਾਨ ਅਨੁਪਾਤਕ ਘਟ ਰਿਹਾ ਹੈ। ਇਹਨਾ ਸਾਲਾਂ 'ਚ ਭ੍ਰਿਸ਼ਟਾਚਾਰ ਵਧਿਆ ਹੈ ਅਤੇ ਟੈਕਨਾਲੌਜੀ ਵਰਤਣ 'ਚ ਅਸੀਂ ਪਿੱਛੇ ਰਹੇ ਹਾਂ। ਜ਼ਿੰਦਗੀ ਜਿਊਣ ਦੇ ਪੱਧਰ 'ਚ ਕੋਈ ਵਰਨਣਯੋਗ ਵਾਧਾ ਨਹੀਂ ਹੋਇਆ।

ਸਾਡੇ ਪਿੰਡਾਂ ਦੇ ਲੱਖਾਂ ਲੋਕ ਹੁਣ ਵੀ ਹਰ ਰੋਜ਼ ਭੁੱਖੇ ਸੌਂਦੇ ਹਨ ਅਤੇ ਸਕੂਲਾਂ, ਹਸਪਤਾਲਾਂ, ਸੜਕਾਂ ਜਿਹੀਆਂ ਬੁਨਿਆਦੀ ਲੋੜਾਂ ਤੋਂ ਵਿਰਵੇ ਹਨ। ਸ਼ਹਿਰਾਂ 'ਚ ਕਚਰੇ ਦੇ ਢੇਰ ਹਨ, ਪਾਣੀ, ਬਿਜਲੀ ਦਾ ਸੰਕਟ ਹਰ ਵੇਲੇ ਮੰਡਰਾਉਂਦਾ ਹੈ।

ਸਭ ਤੋਂ ਵੱਡੀ ਤ੍ਰਾਸਦੀ ਤਾਂ ਇਹ ਹੈ ਕਿ ਜਿਹਨਾ ਸਿਆਸਤਦਾਨਾਂ ਨੇ ਦੇਸ਼ ਦੀ ਦਿੱਖ ਸੁਆਰਨੀ ਹੈ, ਲੋਕਾਂ ਲਈ ਸੁਵਿਧਾਵਾਂ ਦਾ ਪ੍ਰਬੰਧ ਕਰਨਾ ਹੈ, ਉਹ ਰਾਜ ਨੇਤਾ ਬੱਸ 'ਮਾਈ ਬਾਪ', 'ਰਾਜੇ' ਬਨਣ ਵੱਲ ਤੁਰੇ ਹੋਏ ਹਨ।

ਵਿਕਸਤ ਦੇਸ਼ਾਂ ਦੇ ਲੋਕ ਆਪਣੇ ਜੀਵਨ ਨੂੰ ਬਿਹਤਰ ਬਣਾਉਣ ਦੀਆਂ ਮੰਗਾਂ ਤੇ ਵੋਟਾਂ ਦਿੰਦੇ ਹਨ, ਪਰ ਸਾਡੇ ਦੇਸ਼ ਦੇ ਲੋਕਾਂ ਨੂੰ 'ਧਰਮ ਧਰੁਵੀਕਰਨ' ਦੀ ਰਾਜਨੀਤੀ ਨਾਲ ਹਾਕਮਾਂ ਨੇ ਉਲਝਾਇਆ ਹੋਇਆ ਹੈ। ਇਸ ਲਈ ਸੰਯੁਕਤ ਰਾਸ਼ਟਰ ਸੰਘ, ਵਿਸ਼ਵ ਬੈਂਕ, ਵਿਸ਼ਵ ਵਪਾਰ ਸੰਗਠਨ ਅਤੇ ਵਿਸ਼ਵ ਆਰਥਿਕ ਮੰਚ ਜਿਹੀਆਂ ਏਜੰਸੀਆਂ ਵੱਲੋਂ ਹੇਠਲੀ ਮੱਧ ਆਮਦਨ ਵਰਗ ਵਾਲੇ ਦੇਸ਼ਾਂ ਦੀ ਸੂਚੀ 'ਚ ਸ਼ਾਮਲ ਭਾਰਤ ਵਰਗੇ ਦੇਸ਼ ਲਈ ਵਿਕਾਸਸ਼ੀਲ ਦੇਸ਼ ਤੋਂ ਵਿਕਸਤ ਦੇਸ਼ ਦੀ ਲਕੀਰ ਨੂੰ ਲੰਘਣਾ ਸੌਖਾ ਨਹੀਂ।

ਇਸ ਵੇਲੇ ਭਾਰਤੀ ਲੋਕਤੰਤਰ ਨੂੰ ਜਨਸੰਖਿਆ, ਨਿਆਂ ਸੰਬੰਧੀ, ਲੋਕਤੰਤਰੀ ਕਦਰਾਂ-ਕੀਮਤਾਂ ਸੰਬੰਧੀ ਚੁਣੌਤੀਆਂ ਹਨ। ਭਾਰਤੀ ਲੋਕਤੰਤਰ ਬਣੇ ਰਹਿਣ ਲਈ ਸੰਘਰਸ਼ ਕਰ ਰਹੇ ਹਨ।

ਭਾਰਤੀ ਇਸ ਆਸ 'ਚ ਬੈਠੇ ਹਨ ਕਿ ਉਹਨਾ ਨੂੰ ਨਿਰਪੱਖ ਤੌਰ 'ਤੇ ਵਿਗਸਣ ਦਾ ਮੌਕਾ ਮਿਲੇ ਅਤੇ ਉਹਨਾ 'ਤੇ ਕੁਝ ਵੀ ਜਬਰੀ ਨਾ ਥੋਪਿਆ ਜਾਵੇ, ਨਹੀਂ ਤਾਂ ਵਿਕਸਤ ਦੇਸ਼ ਦਾ ਦਰਜਾ ਪ੍ਰਾਪਤ ਕਰਨਾ ਦੇਸ਼ ਲਈ ਔਖਾ ਹੋ ਜਾਏਗਾ।

***ਸੰਪਰਕ : 98158-02070***

# ਡੇਰਿਆਂ ਦੀ ਰਾਜਨੀਤੀ 'ਚ ਦਖਲ-ਅੰਦਾਜ਼ੀ ਲੋਕਤੰਤਰ ਲਈ ਖਤਰਨਾਕ ਸਾਬਤ ਹੋ ਸਕਦੀ

**ਡਾ. ਸੰਦੀਪ ਘੰਡ**

ਡੇਰੇ ਸਾਡੀ ਵਿਰਾਸਤ ਦਾ ਹਿੱਸਾ ਹਨ ਡੇਰਿਆਂ ਦੇ ਗੱਦੀ ਨਸ਼ੀਨ ਵਿਅਕਤੀ ਪਿੰਡ ਦੀ ਭਾਈਚਾਰਕ ਸਾਂਝ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਅਤੇ ਪਿੰਡ ਦੇ ਸਾਂਝੇ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣ ਵਿੱਚ ਆਪਣੀ ਵੱਡੀ ਭੂਮਿਕਾ ਅਦਾ ਕਰਦੇ ਰਹੇ ਹਨ।ਹਰ ਪਿੰਡ ਵਿੱਚ ਇੱਕ ਜਾਂ ਦੋ ਡੇਰੇ ਅਜਿਹੇ ਹੁੰਦੇ ਸਨ ਜੋ ਬੱਚੇ ਦੇ ਜਨਮ ਤੋਂ ਲੈ ਕੇ ਉਸ ਦੇ ਮਰਨ ਤੱਕ ਆਪਣਾ ਯੋਗਦਾਨ ਪਾਉਂਦੇ ਰਹੇ।ਪਿੰਡਾਂ ਵਿੱਚ ਦੋ ਤਰ੍ਹਾਂ ਦੇ ਲੋਕ ਇਨ੍ਹਾਂ ਡੇਰਿਆਂ ਨਾਲ ਜੁੜੇ ਹੁੰਦੇ ਸਨ, ਇੱਕ ਤਾਂ ਉਹ ਜੋ ਕਹਿੰਦੇ ਸਨ ਕਿ ਇਹ ਡੇਰੇ ਵਿੱਚ ਕੰਮ ਚੋਰ ਵਿਅਕਤੀ ਮੁਫਤ 'ਚ ਆਪਣਾ ਤੋਰੀ ਫੁਲਕਾ ਚਲਾਉਂਦੇ ਅਤੇ ਆਮ ਤੌਰ 'ਤੇ ਵਿਹਲੜ ਲੋਕ ਹੀ ਇਨ੍ਹਾਂ ਕੋਲ ਆਉਂਦੇ ਸਨ।ਇਹਨਾਂ ਦਾ ਘੇਰਾ ਬਹੁਤ ਸੀਮਤ ਹੁੰਦਾ ਸੀ। ਪਿੰਡ 'ਚੋਂ ਦਾਲ-ਰੋਟੀ ਇਕੱਠੀ ਕਰਨਾ ਛਕਣਾ ਅਤੇ ਬੱਚਿਆਂ ਨੂੰ ਓਪਰੀ ਹਵਾ ਤੋਂ ਬਚਾਉਣ ਹਿੱਤ ਝਾੜਫੂਕ ਕਰਨਾ, ਪਰ ਕਈ ਡੇਰਿਆਂ ਕੋਲ ਕਮਾਈ ਦੇ ਸਾਧਨ ਡੇਰੇ ਦੇ ਨਾਂਅ 'ਤੇ ਜ਼ਮੀਨ-ਜਾਇਦਾਦ ਹੋਣ ਕਾਰਨ ਡੇਰੇ ਦੇ ਮੁਖੀ ਵੱਲੋਂ ਸਾਂਝੇ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣਾ।ਸਾਰਾ-ਸਾਰਾ ਦਿਨ ਭਗਤੀ ਵਿੱਚ ਲੀਨ ਲੋਕਾਂ ਦੇ ਚੰਗੇ ਕੰਮਾਂ ਲਈ ਹੱਥ ਹੌਲਾ ਕਰਨਾ, ਮੰਨਤ ਮੰਨੇ ਜਾਣ 'ਤੇ ਉਸ ਦੀ ਵਾਹ -ਵਾਹ ਪਿੰਡ ਦੇ ਹਰ ਕੋਨੇ ਜਾਂ ਦੂਜੇ ਪਿੰਡ ਤੱਕ ਵੀ ਯਾਨੀ ਡੇਰੇ ਇੱਥੋਂ ਤੱਕ ਸੀਮਤ ਸੀ।ਸਮੇਂ ਦੇ ਵੇਗ ਨਾਲ ਅਤੇ ਪਿੰਡਾਂ ਵਿੱਚ ਜਾਤੀਵਾਦ ਪ੍ਰਥਾ ਕਾਰਨ ਇਹਨਾਂ ਡੇਰਿਆਂ ਦੀ ਵੰਡ ਵੀ ਉਸੇ ਅਨੁਸਾਰ ਹੋਣ ਲੱਗੀ, ਜਿਸ ਦੀ ਜਗ੍ਹਾ ਬਾਅਦ ਵਿੱਚ ਵੱਖ-ਵੱਖ ਜਾਤੀਵਾਦ ਦੇ ਨਾਂਅ ਨਾਲ ਬਣੇ ਗੁਰਦੁਆਰੇ ਸਨ।ਲੋਕਾਂ ਦੇ ਪੜ੍ਹਨ ਨਾਲ ਲੱਗਣ ਲੱਗਿਆ ਕਿ ਸ਼ਾਇਦ ਜਾਤੀ ਪ੍ਰਥਾ ਵਾਲਾ ਕੋਹੜ ਚੁੱਕਿਆ ਜਾਵੇਗਾ, ਪਰ ਇਹ ਫਰਕ ਘਟਣ ਦੀ ਬਜਾਏ ਵਧਣ ਲੱਗਿਆ ਅਤੇ ਹੁਣ ਗੁਰਦੁਆਰੇ ਦੇ ਨਾਲ-ਨਾਲ ਸ਼ਮਸ਼ਾਨ ਘਾਟ ਵਿੱਚ ਜਾਤੀਆਂ ਅਨੁਸਾਰ ਹੋਂਦ 'ਚ ਆਏ।ਆਰਥਿਕ ਸਾਧਨ ਚੰਗੇ ਹੋਣ ਕਾਰਨ ਕਈ ਗੁਰੂ ਘਰਾਂ ਵਿੱਚ ਲੋਕਾਂ ਦੀ ਆਮਦ ਵਧਣ ਲੱਗੀ, ਪਰ ਬਾਅਦ ਵਿੱਚ ਇਸ ਵਿੱਚ ਵੀ ਜਾਤੀਵਾਦ ਭਾਰੂ ਰਿਹਾ ਜਿਸ ਨਾ ਨੀਵੀਂ ਜਾਤੀ ਦੇ ਲੋਕਾਂ ਨੂੰ ਗੁਰੂ ਘਰਾਂ ਵਿੱਚ ਜਾਣ ਤੋਂ ਵਰਜਿਆ ਜਾਣ ਲੱਗਿਆ।ਜਿਸ ਦਾ ਸਿੱਟਾ ਪਿੰਡਾਂ ਦੇ ਨਜਦੀਕ ਵੱਡੇ ਡੇਰਿਆਂ ਦੀ ਸਥਾਪਨਾ, ਜਿਸ ਦਾ ਮੁਖੀ ਬੇਸ਼ੱਕ ਆਮ ਸ਼੍ਰੇਣੀ ਵਿੱਚੋਂ ਹੁੰਦਾ ਪਰ ਉਸ ਵਿੱਚ ਸਾਰੀਆਂ ਜਾਤਾਂ ਨੂੰ ਬਰਾਬਰ ਦਾ ਸਮਝਿਆ ਜਾਣ ਲੱਗਾ।ਇਸ ਲਈ ਜਿਵੇਂ-ਜਿਵੇਂ ਇਹ ਡੇਰੇ ਵਧਣ ਲੱਗੇ, ਇਹਨਾਂ ਦਾ ਵਿਸਥਾਰ ਹੋਇਆ। ਆਮਦਨ ਦੇ ਸਾਧਨ ਵੱਧ ਹੋਏ, ਇਹਨਾਂ ਨੂੰ ਰਾਜਨੀਤਕ ਥਾਪੜਾ ਮਿਲਿਆ ਤਾਂ ਇਹਨਾਂ ਦੀ ਵੱਖਰੀ ਪਹਿਚਾਣ ਬਣ ਗਈ।

ਅਸਲੀਅਤ ਵਿੱਚ ਦੇਖਿਆ ਜਾਵੇ ਤਾਂ ਧਰਮ ਅਤੇ ਡੇਰਾਵਾਦ ਰਾਜਨੀਤੀ ਦਾ ਨਿਰਵਿਵਾਦ ਹਿੱਸਾ ਰਹੇ ਹਨ।ਸਿੱਖ ਧਰਮ ਵਿੱਚ ਮੀਰੀ-ਪੀਰੀ ਦੇ ਸਿਧਾਂਤ ਨੂੰ ਸ਼ੁਰੂ ਤੋਂ ਹੀ ਮਾਨਤਾ ਦਿੱਤੀ ਗਈ ਹੈ, ਪਰ ਸਿੱਖ ਧਰਮ ਦੀ ਰਾਜਨੀਤੀ ਕਿਸੇ ਡੇਰੇ ਦੀ ਬਜਾਏ ਅਕਾਲ ਤਖਤ ਤੋਂ ਮਿਲੇ ਹੁਕਮਾਂ ਅਨੁਸਾਰ ਚੱਲਦੀ ਸੀ ਅਤੇ ਇਹ ਹੁਕਮ ਕਿਸੇ ਵਿਅਕਤੀ ਨਾਲ ਸੰਬੰਧਤ ਨਾ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਓਟ-ਆਸਰਾ ਚੁੱਕਦੇ ਹੋਏ ਲਿਆ ਜਾਂਦਾ ਅਤੇ ਅਕਾਲ ਤਖਤ ਦਾ ਹੁਕਮ ਮੰਨਦੇ ਹੋਏ ਇਸ ਨੂੰ ਮਾਨਤਾ ਦਿੱਤੀ ਜਾਣ ਲੱਗੀ।ਬੇਸ਼ੱਕ ਪਿਛਲੇ ਕੁਝ ਸਮਿਆਂ ਵਿੱਚ ਅਕਾਲ ਤਖਤ ਵੱਲੋਂ ਦਿੱਤੇ ਗਏ ਹੁਕਮਾਂ ਨੂੰ ਰਾਜਨੀਤੀ ਤੋਂ ਪ੍ਰੇਰਿਤ ਸਮਝਿਆ ਜਾਂਦਾ ਰਿਹਾ, ਪਰ ਫਿਰ ਵੀ 1980 ਅਤੇ 1990 ਦੇ ਦਹਾਕੇ ਵਿੱਚ ਅਕਾਲ ਤਖਤ ਦਾ ਹੁਕਮ ਸੁਪਰੀਮ ਹੁੰਦਾ ਸੀ ਅਤੇ ਡੇਰਾਵਾਦ ਦੀ ਰਾਜਨੀਤੀ ਨਾ ਦੇ ਬਰਾਬਰ ਸੀ।

ਜਦੋਂ ਕਿ ਅਸੀਂ ਜਾਣਦੇ ਹਾਂ ਕਿ ਰਾਜਨੀਤੀ ਵਿੱਚ ਡੇਰਾਵਾਦ ਦੀ ਦਖਲ ਅੰਦਾਜ਼ੀ ਅਤੇ ਰਾਜਨੀਤੀ ਤੇ ਡੇਰਾਵਾਦ ਦਾ ਪ੍ਰਭਾਵ ਸਮਾਜ ਲਈ ਹਮੇਸ਼ਾ ਖਤਰੇ ਦੀ ਘੰਟੀ ਰਿਹਾ।ਵੋਟਾਂ ਸਮੇਂ ਦੰਗੇ ਹੁੰਦੇ ਹਨ ਅਤੇ ਉਹਨਾਂ ਦੰਗਿਆਂ ਦਾ ਲਾਭ ਰਾਜਨੀਤਕ ਪਾਰਟੀਆਂ ਲੈਂਦੀਆਂ ਹਨ।ਬੇਸ਼ੱਕ ਰਾਜਨੀਤੀ ਨਾਲ ਸੰਬੰਧਤ ਵੱਡੇ ਨੇਤਾ ਆਪਣੀਆਂ ਪਾਰਟੀਆਂ ਦੇ ਨੇਤਾਵਾਂ ਨੂੰ ਧਰਮ ਨਿਭਾਉਣ ਦੀਆਂ ਨਸੀਹਤਾਂ ਦਿੰਦੇ ਹਨ, ਪਰ ਨਸੀਹਤਾਂ ਦੇਣ ਵਾਲੇ ਨੂੰ ਕਿਵੇਂ ਪਾਸੇ ਕਰਨਾ ਅਤੇ ਉਸ ਨੂੰ ਕਿਵੇਂ ਝੂਠਾ ਸਾਬਿਤ ਕਰਨਾ ਇਹ ਵੀ ਉਹ ਭਲੀਭਾਂਤ ਜਾਣਦੇ ਹਨ।ਜਿਵੇਂ ਅਸੀਂ ਦੇਖਿਆ ਕਿ ਕਿਵੇਂ ਇੱਕ ਡੇਰੇ ਦੇ ਮੁਖੀ ਨੂੰ ਅਦਾਲਤ ਵੱਲੋਂ ਕਤਲ, ਬਲਾਤਕਾਰ ਵਰਗੇ ਕੇਸਾਂ ਵਿੱਚ ਸਜ਼ਾ ਸੁਣਾਈ ਜਾਂਦੀ, ਪਰ ਵੋਟਾਂ ਦੀ ਖਾਤਰ ਕਿਵੇਂ ਕਾਨੂੰਨ ਨੂੰ ਤੋੜ-ਮਰੋੜ ਕੇ ਵਾਰ-ਵਾਰ ਫਰਲੋ ਜਾਂ ਛੁੱਟੀ ਦਿੱਤੀ ਜਾਂਦੀ ਆਖਰ ਲੰਮੇ ਸਮੇਂ ਬਾਅਦ ਅਦਾਲਤ ਨੂੰ ਦਖਲ-ਅੰਦਾਜ਼ੀ ਕਰਕੇ ਨਵੇਂ ਤੋਂ ਨਵੇਂ ਹੁਕਮ ਕਰਨੇ ਪੈਂਦੇ ਹਨ।ਜਦੋਂ ਕਿਸੇ ਡੇਰੇ ਦੇ ਮੁਖੀ ਜਿਸ ਨੂੰ ਅਦਾਲਤ ਨੇ ਦੋਸ਼ੀ ਮੰਨ ਕੇ ਸਜ਼ਾ ਐਲਾਨੀ ਹੋਵੇ, ਪਰ ਉਸ ਵੱਲੋਂ ਕਰਵਾਏ ਜਾਂਦੇ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਹਰ ਰਾਜਨੀਤਕ ਪਾਰਟੀਆਂ ਦੇ ਨੇਤਾ ਸ਼ਾਮਲ ਹੁੰਦੇ ਹਨ ਤਾਂ ਅਸੀਂ ਕਿਵੇਂ ਕਹਿ ਸਕਦੇ ਹਾਂ ਕਿ ਪੁਲਸ ਜਾਂ ਜਿਲ੍ਹਾ ਪ੍ਰਸ਼ਾਸਨ ਕੋਈ ਕਾਰਵਾਈ ਕਰੇਗਾ।ਇਹ ਰਾਜਨੀਤਕ ਦਖਲ-ਅੰਦਾਜ਼ੀ ਨੂੰ ਅਤੇ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਲਿਆ।

ਅੱਜ-ਕੱਲ੍ਹ ਅਸੀਂ ਆਮ ਦੇਖ ਸਕਦੇ ਹਾਂ ਕਿ ਜਦੋਂ ਵਿਅਕਤੀ ਵਾਰ -ਵਾਰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਗੱਲ ਕਰਦਾ ਤਾਂ ਉਹ ਸਿੱਧੇ ਤੌਰ 'ਤੇ ਉਸ ਵਰਗ ਨੂੰ ਪ੍ਰਭਾਵਿਤ ਕਰਨਾ ਚਾਹੁੰਦਾ, ਜਦੋਂਕਿ ਇਸ ਗੱਲ ਨੂੰ ਹਰ ਆਮ ਤੋਂ ਆਮ ਨਾਗਰਿਕ ਵੀ ਇਹ ਸਮਝ ਰੱਖਦਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦੀ ਵਿਚਾਰਧਾਰਾ ਨੂੰ ਕਿਸੇ ਜਾਤੀਵਾਦ ਨਾਲੋਂ ਸਮਾਜਿਕ ਨਾਬਰਾਬਰੀ ਅਤੇ ਲੰਮੇ ਸਮੇਂ ਤੋਂ ਨਕਾਰੇ ਜਾ ਰਹੇ ਉਸ ਵਰਗ ਨਾਲ ਹੈ, ਜਿਨ੍ਹਾਂ ਨੂੰ ਆਰਥਿਕ ਕਾਰਣਾਂ ਕਰਕੇ ਹਰ ਸਮੇਂ ਪੱਖਪਾਤ ਹੀ ਕੀਤਾ ਜਾਂਦਾ ਰਿਹਾ ਹੈ, ਪਰ ਸਾਡੇ ਪਿੰਡਾਂ ਦੇ ਕੁਝ ਲੋਕਾਂ ਦੀ ਗੰਧਲੀ ਸੋਚ ਹਰ ਗੱਲ ਨੂੰ ਜਾਤੀਵਾਦ ਅਤੇ ਧਰਮ ਨਾਲ ਜੋੜ ਕੇ ਹੀ ਦੇਖਿਆ ਜਾਂਦਾ।ਪਿੰਡਾਂ ਦੇ ਗੁਰੂ ਘਰ ਜਿਸ ਵਿੱਚ ਸਵੇਰੇ-ਸ਼ਾਮ ਮਾਨਸ ਕੀ ਜਾਤ ਦਾ ਹੋਕਾ ਦਿੱਤਾ ਜਾਂਦਾ, ਪਰ ਅਸੀਂ ਦੇਖਦੇ ਹਾਂ ਕਿ ਪਿੰਡਾਂ ਵਿੱਚ ਗੁਰੂ ਘਰਾਂ ਅਤੇ ਉਹਨਾਂ ਦੀ ਸਥਾਪਨਾ ਹੀ ਜਾਤੀ ਅਧਾਰਤ ਹੈ।ਕਿਸੇ ਖਾਸ ਫਿਰਕੇ-ਜਾਤ ਨਾਲ ਸਬੰਧਤ ਗੁਰਦੁਆਰਾ, ਧਰਮਸ਼ਾਲਾ ਅਤੇ ਉਸ ਦਾ ਇਸਤੇਮਾਲ ਵੀ ਰਾਜਨੀਤਕ ਲੋਕ ਹਮੇਸ਼ਾ ਉਸੇ ਤਰ੍ਹਾਂ ਕਰਨਾ ਚਾਹੁੰਦੇ ਹਨ।ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸਾਡਾ ਮੁਲਕ ਲੰਮੇ ਸਮੇਂ ਤੱਕ ਗੁਲਾਮ ਰਿਹਾ, ਬੇਸ਼ੱਕ ਉਹ ਗੁਲਾਮੀ ਅੰਗਰੇਜ਼ਾਂ ਦੀ ਸੀ ਜਾਂ ਮੁਗਲਾਂ ਦੀ, ਉਸ ਦਾ ਸਭ ਤੋਂ ਜ਼ਿਆਦਾ ਨੁਕਸਾਨ ਉਹਨਾਂ ਲੋਕਾਂ ਨੂੰ ਵੱਧ ਹੋਇਆ ਜਿਨ੍ਹਾ ਦੇ ਆਰਥਿਕ ਹਲਾਤ ਠੀਕ ਨਹੀਂ ਸੀ।

ਜਦੋਂ ਸੰਤ ਰਾਮ ਉਦਾਸੀ ਕਹਿੰਦਾ ਕਿ ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ ਤਾਂ ਉਹ ਕਿਰਤੀ ਲੋਕਾਂ ਦੀ ਗੱਲ ਕਰਦਾ ਹੈ ਕਿ ਕਿਰਤੀ ਲੋਕਾਂ ਨਾਲ ਹਮੇਸ਼ਾ ਧੱਕਾ ਹੁੰਦਾ ਰਿਹਾ, ਜਿਸ ਕਾਰਨ ਉਹ ਸੂਰਜ ਨੂੰ ਵੀ ਉਲਾਂਭਾ ਦਿੰਦੇ ਹੋਏ ਕੰਮ ਕਰਨ ਵਾਲੇ ਲੋਕਾਂ ਦੇ ਵਿਹੜੇ ਵਿੱਚ ਮਘਣ ਦੀ ਗੱਲ ਕਰਦਾ।ਡੇਰਾਵਾਦ ਦਾ ਮੁੱਢ ਵੀ ਇੱਥੋਂ ਹੀ ਬੱਝਦਾ ਜਦੋਂ ਇੱਕ ਖਾਸ ਵਰਗ ਦੇ ਲੋਕਾਂ ਨੂੰ ਮੰਦਰ, ਗੁਰਦੁਆਰੇ ਜਾਣ ਤੋਂ ਰੋਕਿਆ ਜਾਵੇਗਾ ਤਾਂ ਸੁਭਾਵਿਕ ਹੈ ਕਿ ਕੁਝ ਧਰਮ ਦੇ ਠੇਕੇਦਾਰਾਂ ਉਹਨਾਂ ਨੂੰ ਆਪਣੇ ਨਾਲ ਜੋੜ ਹਿੱਤ ਬਰਾਬਰਤਾ ਦੀ ਗੱਲ ਕਰਕੇ ਉਹਨਾਂ ਨੂੰ ਡੇਰਿਆਂ ਵਿੱਚ ਵਿਸ਼ੇਸ਼ ਸਹੂਲਤਾਂ ਅਤੇ ਇੱਜ਼ਤ-ਮਾਣ ਦੀ ਗੱਲ ਕੀਤੀ ਜਾਂਦੀ।ਉਹ ਵਿਸ਼ੇਸ਼ ਵਰਗ ਮਹਿਸੂਸ ਕਰਦਾ ਕਿ ਉਹ ਲੋਕ ਹਨ ਜੋ ਮੇਰੇ ਹਨ, ਮੇਰੀ ਗੱਲ ਕਰਦੇ ਹਨ, ਮੇਰੇ ਬਾਰੇ ਸੋਚਦੇ ਹਨ।ਜੇ ਡੇਰਾ ਸੱਚਾ ਸੌਦਾ ਭਾਰਤੀ ਜਨਤਾ ਪਾਰਟੀ ਦੀ ਮਦਦ ਕਰਦਾ ਜਿਸ ਦੀ ਉਹਨਾਂ ਲਈ ਮਜ਼ਬੂਰੀ ਵੀ ਹੈ ਤਾਂ ਪੰਜਾਬ ਦੇ ਇੱਕ-ਦੋ ਹਲਕਿਆਂ 'ਤੇ ਅਸਰ ਪਾ ਸਕਦੀ ਹੈ, ਪਰ ਭਾਰਤੀ ਜਨਤਾ ਪਾਰਟੀ ਦਾ ਆਪਣਾ ਪੱਕਾ ਵੋਟ ਬੈਂਕ ਘੱਟ ਹੋਣ ਕਾਰਨ ਇਸ ਦਾ ਲਾਭ ਮਾਲਵਾ ਇਲਾਕੇ ਦੇ ਇੱਕ-ਦੋ ਜ਼ਿਲ੍ਹਿਆਂ ਅਤੇ ਦੁਆਬੇ ਦੇ ਇੱਕ-ਦੋ ਜ਼ਿਲ੍ਹਿਆਂ ਵਿੱਚ ਪੈ ਸਕਦਾ ਹੈ। ਇਸੇ ਤਰ੍ਹਾਂ ਡੇਰਾ ਬੱਲਾਂ ਅਤੇ ਡੇਰਾ ਰਾਧਾ ਸੁਆਮੀ ਜੋ ਖੁੱਲ੍ਹੇ ਰੂਪ ਵਿੱਚ ਕਿਸੇ ਨੂੰ ਹਮਾਇਤ ਨਹੀਂ ਕਰਦੇ ਵੱਲੋਂ ਕਿਵੇਂ ਮਦਦ ਕੀਤੀ ਜਾਂਦੀ। ਡੇਰਾ ਬੱਲਾਂ ਨਾਲ ਜੁੜੇ ਕਈ ਆਈ ਏ ਐਸ ਅਧਿਕਾਰੀ, ਜਿਨ੍ਹਾ ਦਾ ਸੰਬੰਧ ਭਾਜਪਾ ਨਾਲ ਹੈ, ਡੇਰਾ ਰਾਧਾ ਸੁਆਮੀ ਜਿਨ੍ਹਾਂ ਦੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਨਾਲ ਰਿਸ਼ਤੇਦਾਰੀ ਵੀ ਹੈ, ਦੀ ਮਦਦ ਕਿਨ੍ਹਾਂ ਨੂੰ ਮਿਲਦੀ।ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਆਰ ਆਗੂ ਅਮਿਤ ਸ਼ਾਹ ਦਾ ਰਾਧਾ ਸੁਆਮੀ ਮੁਖੀ ਨੂੰ ਮਿਲਣਾ, ਜਿਸ ਨਾਲ ਅਜੇ ਫੈਸਲਾ ਕਿਧਰ ਜਾਂਦਾ ਇਹ ਵੀ ਦੇਖਣਾ ਹੋਵੇਗਾ।ਅਜੇ ਪੰਜਾਬ ਦੀਆਂ ਚੋਣਾਂ ਵਿੱਚ ਲੰਮਾ ਸਮਾਂ ਹੈ ਤਕਰੀਬਨ ਇੱਕ ਮਹੀਨੇ ਦਾ ਸਮਾਂ ਪਾਰਟੀਆਂ ਦੇ ਗੱਠਜੋੜ ਜਾਂ ਆਪਸੀ ਸਮਝੌਤਾ ਕਿਧਰ ਨੂੰ ਰੁਖ ਕਰਦਾ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।ਜੇਕਰ ਅਖਰੀਲੇ ਦਿਨਾਂ ਵਿੱਚ ਭਾਰਤੀ ਜਨਤਾ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਕੋਈ ਸਮਝੌਤਾ ਕਰ ਜਾਂਦੀ ਹੈ ਤਾਂ ਡੇਰਾ ਸੱਚਾ ਸੌਦਾ ਅਤੇ ਡੇਰਾ ਰਾਧਾ ਸੁਆਮੀ ਅਤੇ ਡੇਰਾ ਸੱਚਖੰਡ ਬੱਲਾਂ ਦਾ ਵੋਟ ਬੈਂਕ ਕਿਧਰ ਨੂੰ ਜਾਂਦਾ ਜਿਸ ਨਾਲ ਸਮੀਕਰਨ ਬਦਲ ਸਕਦੇ ਹਨ।



ਇਸੇ ਲਈ ਅਸੀਂ ਦੇਖ ਸਕਦੇ ਹਾਂ ਕਿ ਭਾਰਤ ਵਿੱਚ ਡੇਰਿਆਂ ਦੀ ਗਿਣਤੀ ਅਤੇ ਰਾਜਨੀਤਕ ਲੋਕਾਂ ਦਾ ਡੇਰਿਆਂ ਨਾਲ ਜੋੜ-ਤੋੜ ਦਿਨੋ ਦਿਨ ਵਧਦਾ ਜਾ ਰਿਹਾ ਹੈ।ਬੇਸ਼ੱਕ ਸਾਰੇ ਡੇਰਿਆਂ ਦੇ ਮੁਖੀ ਮੋਹ ਮਾਇਆ ਦੇ ਤਿਆਗਣ ਦੀ ਗੱਲ ਕਰਦੇ, ਨਸ਼ਿਆਂ ਦੇ ਛੱਡਣ ਦੀ ਗੱਲ ਕਰਦੇ, ਪਰ ਡੇਰਿਆਂ ਦਾ ਮਾਇਆ ਜਾਲ ਜਿੰਨੀ ਤੇਜ਼ੀ ਨਾਲ ਵਧਿਆ ਅਤੇ ਵਧ ਰਿਹਾ ਉਸ ਨੂੰ ਦੇਖ ਕੇ ਇੰਝ ਮਹਿਸੂਸ ਹੁੰਦਾ ਕਿ ਜਿਵੇਂ ਸਾਡੇ ਡੇਰਿਆਂ ਵਿੱਚ ਸਰਕਾਰ ਨਾਲੋਂ ਵੱਧ ਵਿੱਤੀ ਸਾਧਨ ਹੋਣ।ਜਿਵੇਂ ਆਮ ਕਹਿ ਦਿੱਤਾ ਜਾਂਦਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਪੰਜਾਬ ਸਰਕਾਰ ਦੇ ਬਰਾਬਰ ਹੈ।

ਡੇਰਿਆਂ ਵਿੱਚ ਅਸਲੇ ਦਾ ਵੱਡੀ ਗਿਣਤੀ ਵਿੱਚ ਆਉਣਾ ਇੱਕ ਚਿੰਤਾ ਦਾ ਵਿਸ਼ਾ ਹੀ ਹੈ।ਇਸ ਤੋਂ ਇਲਾਵਾ ਡੇਰਿਆਂ ਦੇ ਮੁਖੀ ਨੂੰ ਜ਼ੈਡ ਪਲੱਸ ਸੁਰੱਖਿਆ ਦਾ ਮਿਲਣਾ ਇੰਝ ਲੱਗਦਾ, ਜਿਵੇਂ ਉਹਨਾਂ ਨੂੰ ਗਲਤ ਅਤੇ ਗੈਰ ਸਮਾਜਿਕ ਕੰਮਾਂ ਲਈ ਸਰਕਾਰੀ ਸਰਪ੍ਰਸਤੀ ਮਿਲ ਰਹੀ ਹੋਵੇ।ਡੇਰਿਆਂ ਵਿੱਚ ਨਸ਼ਾ ਮੁਕਤੀ ਦੀ ਗੱਲ ਵੀ ਕੀਤੀ ਜਾਂਦੀ ਅਤੇ ਕਿਹਾ ਜਾਂਦਾ ਕਿ ਡੇਰੇ ਵੱਲੋਂ ਵੱਡੀ ਗਿਣਤੀ ਵਿੱਚ ਨਸ਼ਾ ਮੁਕਤ ਕੀਤੇ ਗਏ, ਪਰ ਉਹ ਵਿਅਕਤੀ ਕੌਣ ਹਨ, ਕਿੱਥੇ ਰੱਖ ਕੇ ਉਹਨਾਂ ਦੇ ਨਸ਼ੇ ਛੁਡਾਏ ਗਏ, ਇਹ ਵੀ ਇੱਕ ਚਰਚਾ ਦਾ ਵਿਸ਼ਾ ਹੈ, ਪਰ ਇਸ ਵਿੱਚ ਵੀ ਕੋਈ ਸ਼ੱਕ ਨਹੀਂ ਕਿ ਨਸ਼ਿਆਂ ਦੀ ਆਮਦ ਵਿੱਚ ਵੀ ਡੇਰਾਵਾਦ ਦਾ ਵੱਡਾ ਰੋਲ ਹੈ।

ਜਦੋਂ ਹਰ ਡੇਰੇ ਦਾ ਰਾਜਨੀਤੀ 'ਤੇ ਡੂੰਘਾ ਪ੍ਰਭਾਵ ਹੋਵੇ ਅਤੇ ਟਿਕਟਾਂ ਦੀ ਵੰਡ ਸਮੇਂ ਵੀ ਡੇਰੇ ਦੇ ਪੈਰੋਕਾਰਾਂ ਅਤੇ ਰਿਸ਼ਤੇਦਾਰਾਂ ਨੂੰ ਟਿਕਟਾਂ ਦਿੱਤੀਆਂ ਜਾ ਰਹੀਆਂ ਹੋਣ।ਪੰਜਾਬ ਵਿੱਚ ਡੇਰਿਆਂ ਦੀ ਗਿਣਤੀ ਪੰਜਾਬ ਦੇ ਪਿੰਡਾਂ ਦੀ ਗਿਣਤੀ ਦੇ ਬਰਾਬਰ ਹੈ, ਪਰ ਮੁੱਖ ਤੌਰ 'ਤੇ ਜਿਹੜੇ ਡੇਰੇ ਪੰਜਾਬ ਅਤੇ ਦੇਸ਼ ਦੀ ਰਾਜਨੀਤੀ 'ਤੇ ਪ੍ਰਭਾਵ ਪਾ ਰਹੇ ਹਨ, ਉਹਨਾਂ ਵਿੱਚ ਸੱਚਾ ਸੌਦਾ ਸਿਰਸਾ ਅਤੇ ਸਲਾਬਤਪੁਰਾ, ਡੇਰਾ ਰਾਧਾ ਸੁਆਮੀ ਬਿਆਸ, ਡੇਰਾ ਸੱਚਖੰਡ ਬੱਲਾਂ (ਜਲੰਧਰ), ਦਿਵਿਯਾ ਜੋਤੀ ਜਾਗ੍ਰਿਤੀ ਸੰਸਥਾਨ, ਡੇਰਾ ਨੂਰਮਹਿਲ, ਬਾਬਾ ਪਿਆਰਾ ਸਿੰਘ ਭਨਿਆਰਾ ਤੋਂ ਇਲਾਵਾ ਅਜਿਹੇ ਡੇਰੇ, ਜਿਸ ਦੀ ਗੱਦੀ ਤਾਂ ਕਿਸੇ ਵਿਅਕਤੀ ਵਿਸ਼ੇਸ਼ ਕੋਲ ਹੈ, ਪਰ ਉਹ ਆਸਰਾ ਗੁਰੂ ਗ੍ਰੰਥ ਸਾਹਿਬ ਦਾ ਹੀ ਲੈਂਦੇ ਹਨ।

ਇਸ ਲਈ ਰਾਜਨੀਤਕ ਲੋਕਾਂ ਦਾ ਡੇਰਿਆਂ ਕੋਲ ਜਾਣਾ ਜਾਂ ਡੇਰਿਆਂ ਵਾਲਿਆਂ ਦਾ ਰਾਜਨੀਤਕ ਲੋਕਾਂ ਕੋਲ ਜਾਣਾ ਸਮਾਨ ਸ਼ਬਦ ਹਨ ਅਤੇ ਇੱਕ-ਦੂਜੇ ਦੇ ਹੱਕਾਂ ਦੀ ਪੂਰਤੀ ਕਰਦੇ ਹਨ।ਜੇਕਰ ਵੱਡੀ ਗਿਣਤੀ ਵਿੱਚ ਲੋਕਾਂ ਨਾਲ ਸੰਪਰਕ ਕਰਨ ਦੀ ਬਜਾਏ ਕੁਝ ਥਾਵਾਂ ਅਤੇ ਕੁਝ ਲੋਕਾਂ ਨਾਲ ਸ਼ਰਧਾ ਹੋਵੇ ਤਾਂ ਫਿਰ ਲੱਖਾਂ ਦੀ ਗਿਣਤੀ ਵਿੱਚ ਲੋਕਾਂ ਕੋਲ ਜਾਣ ਦੀ ਕੀ ਵਜ੍ਹਾ ਹੋ ਸਕਦੀ ਹੈ।ਇਸੇ ਤਰ੍ਹਾਂ ਸਰਕਾਰ ਵਿੱਚ ਆਪਣੇ ਦਬ-ਦਬੇ ਲਈ ਅਤੇ ਸਰਕਾਰ ਵਿੱਚ ਆਪਣਾ ਪ੍ਰਭਾਵ ਬਣਾਈ ਰੱਖਣ ਹਿੱਤ ਡੇਰੇ ਵਿੱਚ ਰਾਜਨੀਤਕ ਵਿੰਗ ਬਣਾਉਣਾ ਮਜ਼ਬੂਰੀ ਨਹੀਂ, ਬਹੁਤ ਵੱਡੀ ਜ਼ਰੂਰਤ ਬਣ ਜਾਂਦੀ, ਪਰ ਇੱਕ ਲੋਕਤੰਤਰ ਲਈ ਡੇਰਿਆਂ ਦੀ ਰਾਜਨੀਤਕ ਦਖਲ-ਅੰਦਾਜ਼ੀ ਕਿੰਨੀ ਖ਼ਤਰਨਾਕ ਹੈ, ਇਹ ਅਸੀਂ ਦੇਖ ਰਹੇ ਹਾਂ ਕਿ ਕਿਸ ਤਰ੍ਹਾਂ ਡੇਰੇ ਦੇ ਮੁਖੀਆਂ ਜਾਂ ਉਹਨਾਂ ਦੇ ਪੈਰੋਕਾਰਾਂ ਵੱਲੋਂ ਸਰਕਾਰ ਦੇ ਕੰਮਾਂ ਵਿੱਚ ਦਖਲ ਅੰਦਾਜ਼ੀ ਕਰਕੇ ਆਪਣੇ ਨਿੱਜੀ ਫਾਇਦੇ ਉਠਾਏ ਜਾਂਦੇ ਹਨ।ਇਸ ਲਈ ਰਾਜਨੀਤੀ ਵਿੱਚ ਪੜ੍ਹੇ-ਲਿਖੇ ਲੋਕਾਂ ਦਾ ਆਉਣਾ ਅਤੇ ਨਿਰਸਵਾਰਥ ਰਾਜਨੀਤੀ ਕਰਨਾ ਸਮੇਂ ਦੀ ਬਹੁਤ ਵੱਡੀ ਜ਼ਰੂਰਤ ਹੈ, ਪਰ ਅਜੇ ਇਸ ਦੇ ਚੱਕਰਵਿਊ 'ਚੋਂ ਨਿਕਲਣਾ ਮੁਸ਼ਕਲ ਅਤੇ ਨਾ-ਮੁਮਕਿਨ ਲੱਗਦਾ ਹੈ।

***ਮੋਬਾਈਲ : 94782-31000***

2-MAY-PAGE-5.qxd 5/1/2024 10:33 PM Page 1



# ਕਿੰਡਰ ਗਾਰਟਨ ਸਕੂਲ ਦੀਆਂ ਵਿਦਿਆਰਥਣਾਂ ਮੈਰਿਟ ਸੂਚੀ 'ਚ ਆਉਣ 'ਤੇ ਸਨਮਾਨਤ

**ਸਮਰਾਲਾ, (ਸੁਰਜੀਤ ਸਿੰਘ)** ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਦੀਆਂ ਦੀਆਂ ਵਿਦਿਆਰਥਣਾਂ ਦਾ ਨਾਂਅ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਦੀ ਮੈਰਿਟ ਸੂਚੀ ਵਿੱਚ ਆਉਣ ਤੇ ਸਕੂਲ ਵਲੋਂ ਉਨ੍ਹਾਂ ਨੂੰ ਬਕਾਇਦਾ ਤੌਰ 'ਤੇ ਫੁੱਲਾਂ ਦੇ ਹਾਰ ਪਾ ਕੇ ਅਤੇ ਬੁਕੇ ਦੇ ਕੇ ਸਨਮਾਨਤ ਕੀਤਾ ਗਿਆ।ਇਨ੍ਹਾਂ ਵਿੱਚੋਂ ਕਾਮਰਸ ਵਿਸ਼ੇ ਦੀ ਵਿਦਿਆਰਥਣ ਮਹਿਕਦੀਪ ਕੌਰ ਨੇ 500 ਵਿਚੋਂ 491(98.2%) ਅੰਕ ਲੈ ਕੇ ਪੰਜਾਬ ਭਰ 'ਚੋਂ 10ਵਾਂ ਸਥਾਨ ਅਤੇ ਬਲਾਕ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਤੇ ਆਰਟਸ ਵਿਸ਼ੇ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ 500 ਵਿਚੋਂ 487(97.4%) ਅੰਕ ਲੈ ਕੇ ਪੰਜਾਬ ਭਰ ਵਿਚੋਂ 14ਵਾਂ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਮੈਰਿਟ ਸੂਚੀ ਆਉਣ ਤੋ ਬਾਅਦ ਸਾਰੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਆਈ।

ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ (ਐਡਵੋਕੇਟ), ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਰਣਜੋਤ ਕੌਰ ਤੇ ਉਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ ਨੇ ਵਿਦਿਆਰਥਣਾਂ ਦਾ ਵਧੀਆਂ ਨਤੀਜਾ ਆਉਣ ਤੇ ਮਿਹਨਤੀ ਸਟਾਫ਼, ਸਾਰੇ ਹੀ ਵਿਦਿਆਰਥੀਆਂ ਤੇ ਉਨ੍ਹਾਂ ਦੇ ਪਰਵਾਰ ਨੂੰ ਵਧਾਈਆਂ ਦਿੱਤੀਆਂ।ਸਕੂਲ ਦੀ ਡਾਇਰੈਕਟਰ ਸਰਬਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਸਕੂਲ ਦੇ ਨਤੀਜੇ ਹਰ ਸਾਲ ਸ਼ਾਨਦਾਰ ਹੀ ਆਉਂਦੇ ਹਨ।ਉਨ੍ਹਾਂ ਕਿਹਾ ਕਿ ਇਹ ਮਿਹਨਤੀ ਟੀਚਰਾਂ ਦੀ ਮਿਹਨਤ ਅਤੇ ਸਕੂਲ ਦੇ ਸਖ਼ਤ ਅਨੁਸ਼ਾਸਨ ਦਾ ਸਿੱਟਾ ਹੈ।ਉਨ੍ਹਾਂ ਕਿਹਾ ਕਿ ਸਾਰੇ ਬੱਚੇ ਅੱਵਲ ਦਰਜੇ ਵਿਚ ਚੰਗੇ ਨੰਬਰ ਲੈ ਕੇ ਪਾਸ ਹੋਏ ਹਨ।ਉਨ੍ਹਾਂ ਕਿਹਾ ਕਿ ਸਕੂਲ ਨਾ ਸਿਰਫ਼ ਬੱਚਿਆਂ ਦੀ ਅਕਾਦਮਿਕ ਪੜ੍ਹਾਈ ਵੱਲ ਤਵੱਜੋਂ ਦਿੰਦਾ ਹੈ, ਬਲਕਿ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਬਪੱਖੀ ਵਿਕਾਸ ਨੂੰ ਮੁੱਖ ਰੱਖ ਕੇ ਪੜ੍ਹਾਈ ਕਰਾਉਂਦਾ ਹੈ।



# ਵੋਟ ਦੀ ਸਹੀ ਤੇ ਜਾਇਜ਼ ਵਰਤੋਂ ਕਰਨਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ : ਨੰਦ ਕੌਰ ਸੰਧੂ




**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਆਮ ਲੋਕਾਂ ਨੂੰ ਆਉਂਦੀਆਂ ਲੋਕ ਸਭਾ ਚੋਣਾਂ ਵਿਚ ਭਾਗ ਲੈਣ ਤੇ ਜਾਗ੍ਰਿਤ ਕਰਨ ਦੇ ਮੰਤਵ ਨਾਲ ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਅੱਜ 80 ਸਾਲ ਦੀ ਉਮਰ ਪਾਰ ਕਰ ਚੁੱਕੀਆਂ ਸੁਪਰ ਸੀਨੀਅਰ ਲੇਡੀ ਪੈਨਸ਼ਨਰਾਂ ਨਾਲ ਗੱਲਬਾਤ ਕੀਤੀ।ਜੁਵੇਲਾਇਨ ਕੋਰਟ ਆਫ਼ ਜਸਟਿਸ ਦੀ ਗੈਰ ਸਰਕਾਰੀ ਮੈਂਬਰ ਰਹੀ, ਸਮਾਜ ਸੇਵਿਕਾ ਅਤੇ ਸਿੱਖਿਆ ਸ਼ਾਸਤਰੀ ਨੰਦ ਕੌਰ ਸੰਧੂ ਨੇ ਲੋਕ ਸਭਾ ਚੋਣਾਂ ਵਿਚ ਸਮੂਹ ਵੋਟਰਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

ਮੈਡਮ ਸੰਧੂ ਨੇ ਅੱਗੇ ਕਿਹਾ ਕਿ ਵੋਟ ਦੀ ਸਹੀ ਤੇ ਜਾਇਜ਼ ਵਰਤੋਂ ਕਰਨਾ ਸਾਡੇ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ।ਇਸੇ ਤਰ੍ਹਾਂ ਮੈਡਮ ਨਿਰਮਲ ਵਿਨਾਇਕ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਪਰਿਵਾਰ ਸਮੇਤ ਵੋਟ ਪਾਉਣੀ ਚਾਹੀਦੀ ਹੈ।ਅਜਿਹਾ ਕਰਕੇ ਅਸੀਂ ਆਪਣਾ ਸੰਵਿਧਾਨਕ ਫ਼ਰਜ਼ ਅਦਾ ਕਰ ਸਕਦੇ ਹਾਂ।ਗੁਰੂ ਅੰਗਦ ਦੇਵ ਨਗਰ ਨਿਵਾਸੀ ਮੈਡਮ ਪੁਸ਼ਪਾ ਜੱਗਾ ਨੇ ਕਿਹਾ ਹੈ ਕਿ ਵੋਟ ਪਾਉਣ ਸਮੇਂ ਸਾਨੂੰ ਆਪਣੀ ਪੂਰੀ ਸਮਝਦਾਰੀ ਨਾਲ ਯੋਗ ਉਮੀਦਵਾਰ ਨੂੰ ਹੀ ਵੋਟ ਪਾਉਣੀ ਚਾਹੀਦੀ ਹੈ।ਇਸੇ ਤਰ੍ਹਾਂ ਬੂੜਾ ਗੁੱਜਰ ਰੋਡ ਨਿਵਾਸੀ ਮੈਡਮ ਭਗਵਾਨ ਦੇਵੀ ਨੇ ਕਿਹਾ ਕਿ ਚੋਣਾਂ ਦੇ ਦਿਨਾਂ ਵਿੱਚ ਆਪਣੀ ਮਿਲਵਰਤਨ ਤੇ ਸਮਾਜਿਕ ਰਿਸ਼ਤਿਆਂ ਵਿਚ ਕੋਈ ਕੁੜੱਤਣ ਨਹੀਂ ਆਉਣੀ ਚਾਹੀਦੀ।ਹਰੇਕ ਵੋਟ 'ਤੇ ਦੇਸ਼ ਦਾ ਭਵਿੱਖ ਨਿਰਭਰ ਕਰਦਾ ਹੈ, ਸਾਨੂੰ ਸਾਰਿਆਂ ਨੂੰ ਆਪਣੀ ਵੋਟ ਪਾਉਣੀ ਚਾਹੀਦੀ ਹੈ।

ਇਸੇ ਤਰ੍ਹਾਂ ਮੈਡਮ ਹਰਮੀਤ ਕੌਰ ਨੇ ਵੀ ਸਾਰਿਆਂ ਨੂੰ ਵੋਟ ਪਾਉਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਵੋਟਾਂ ਵਾਲੇ ਦਿਨ ਸਭ ਤੋਂ ਪਹਿਲਾ ਅਤੇ ਅਹਿਮ ਕੰਮ ਵੋਟ ਪਾਉਣਾ ਹੀ ਹੈ।ਸਾਨੂੰ ਸਾਰਿਆਂ ਨੂੰ ਵੋਟ ਪਾਉਣ ਦਾ ਕੰਮ ਸਭ ਤੋਂ ਪਹਿਲਾਂ ਕਰਨਾ ਚਾਹੀਦਾ ਹੈ।ਢੋਸੀਵਾਲ ਨੇ ਦੱਸਿਆ ਹੈ ਕਿ ਜਲਾਲਾਬਾਦ ਰੋਡ ਨਿਵਾਸੀ ਮੈਡਮ ਸੁਦੇਸ਼ ਕੁੱਬਾ ਨੇ ਕਿਹਾ ਕਿ ਵੋਟ ਪਾਉਣ ਦਾ ਅਧਿਕਾਰ ਸਾਡਾ ਸੰਵਿਧਾਨਕ ਹੱਕ ਹੈ ਅਤੇ ਸਾਨੂੰ ਇਸ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।ਇਸੇ ਤਰ੍ਹਾਂ ਬੈਂਕ ਰੋਡ ਨਿਵਾਸੀ ਮੈਡਮ ਰਾਕੇਸ਼ ਲੂਨਾ ਨੇ ਵੀ ਸਾਰਿਆਂ ਨੂੰ ਸਮੇਤ ਪਰਵਾਰ ਵੋਟ ਪਾਉਣ ਦੀ ਅਪੀਲ ਕੀਤੀ ਹੈ।

# ਪ੍ਰਿੰਸੀਪਲ ਡਾਇਟ ਫ਼ਰੀਦਕੋਟ ਦੇ ਮਾੜੇ ਵਤੀਰੇ ਖਿਲਾਫ਼ ਭਲਕੇ ਧਰਨਾ

**ਕੋਟਕਪੂਰਾ, (ਰਛਪਾਲ ਭੁੱਲਰ)** ਮਿਉਂਸਪਲ ਪਾਰਕ ਵਿੱਚ ਪ੍ਰਿੰਸੀਪਲ ਡਾਇਟ ਫ਼ਰੀਦਕੋਟ ਦੇ ਮਾੜੇ ਵਤੀਰੇ ਖਿਲਾਫ ਡੀ.ਟੀ.ਐੱਫ. ਕੋਟਕਪੂਰਾ ਵੱਲੋਂ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਇਹ ਮੁੱਦਾ ਵਿਚਾਰਿਆ ਗਿਆ ਕਿ ਪਿਛਲੇ ਕਾਫੀ ਸਮੇਂ ਤੋਂ ਡਾਇਟ ਪ੍ਰਿੰਸੀਪਲ ਫ਼ਰੀਦਕੋਟ ਡਾਇਟ ਦੇ ਸਮੂਹ ਸਟਾਫ਼ ਅਤੇ ਜ਼ਿਲ੍ਹੇ ਦੇ ਅਧਿਆਪਕਾਂ ਨੂੰ ਆਪਣੇ ਅੜੀਅਲ ਤੇ ਮਾੜੇ ਵਤੀਰੇ ਕਾਰਨ ਲਗਾਤਾਰ ਪ੍ਰੇਸ਼ਾਨ ਕਰ ਰਹੀ ਹੈ।ਉਸ ਦੇ ਮਾੜੇ ਤੇ ਹੰਕਾਰੀ ਵਤੀਰੇ ਸੰਬੰਧੀ ਸਮੂਹ ਸਟਾਫ਼ ਤੇ ਹੋਰ ਅਧਿਆਪਕ ਜਥੇਬੰਦੀਆਂ ਉਹਨਾਂ ਨਾਲ ਮੀਟਿੰਗ ਕਰ ਚੁੱਕੀਆਂ ਹਨ, ਪਰ ਪ੍ਰਿੰਸੀਪਲ ਟੱਸ ਤੋ ਮੱਸ ਨਹੀਂ ਹੋਏ।ਬਲਾਕ ਕੋਟਕਪੂਰਾ ਦੇ ਪ੍ਰਧਾਨ ਅਜਾਇਬ ਸਿੰਘ ਰਾਮਸਰ ਨੇ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਿੰਸੀਪਲ ਡਾਇਟ ਫ਼ਰੀਦਕੋਟ ਦੀ ਬਦਲੀ ਜ਼ਿਲ੍ਹੇ ਤੋਂ ਬਾਹਰ ਕੀਤੀ ਜਾਵੇ।ਇਸ ਸਮੇਂ ਬਲਾਕ ਕਮੇਟੀ ਦੇ ਜਨਰਲ ਸਕੱਤਰ ਅਮਨਦੀਪ ਸਿੰਘ ਨੇ ਦੱਸਿਆ ਕਿ 3 ਮਈ ਨੂੰ ਰੋਸ ਧਰਨਾ ਡਾਇਟ ਦੇ ਗੇਟ ਅੱਗੇ ਦਿੱਤਾ ਜਾਵੇਗਾ।ਇਸ ਮੌਕੇ ਗੁਰਮੀਤ ਸਿੰਘ ਜਲਾਲਾਬਾਦੀ , ਜਤਿੰਦਰ ਸਿੰਘ ਢਿੱਲਵਾਂ ਕਲਾਂ, ਰਾਜ ਕੁਮਾਰ ਟੋਨੀ, ਅਵਤਾਰ ਸਿੰਘ ਢਿੱਲਵਾਂ ਕਲਾਂ, ਅਮਨਪ੍ਰੀਤ ਸਿੰਘ ਤੇ ਤਿਲਕ ਰਾਜ ਹਾਜ਼ਰ ਸਨ।

# ਲੱਖਾਂ ਦੀ ਧੋਖਾਧੜੀ ਕਰਨ ਦੇ ਦੋਸ਼ ਹੇਠ ਪੰਜ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਬਸੀ ਪਠਾਣਾਂ ਦੇ ਇੱਕ ਵਿਅਕਤੀ ਨਾਲ ਸਟਾਕ ਮਾਰਕੀਟ ਵਿੱਚ ਇਨਵੈਸਟਮੈਂਟ ਦੇ ਨਾਂਅ 'ਤੇ ਕਰੀਬ 39 ਲੱਖ ਰੁਪਏ ਦੀ ਠੱਗੀ ਵੱਜਣ ਦਾ ਸਮਾਚਾਰ ਹੈ।ਸਾਹਿਲ ਕੁਮਾਰ ਨਾਮਕ ਵਿਅਕਤੀ ਨੇ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਦਿੱਤੀ ਗਈ ਸ਼ਿਕਾਇਤ 'ਚ ਦੋਸ਼ ਲਾਏ ਸਨ ਕਿ ਐਸ਼ਵਰਿਆ ਗੁਪਤਾ, ਕ੍ਰਿਸ਼ਨ ਕੁਮਾਰ, ਕ੍ਰਿਸ਼ਨ ਕੁਮਾਰ ਸਿੰਘ ਤੇ ਦੋ ਹੋਰ ਨਾਮਾਲੂਮ ਵਿਅਕਤੀਆਂ ਵੱਲੋਂ ਸਟਾਕ ਮਾਰਕੀਟ, ਆਈ ਪੀ ਓ ਬਲਾਕ ਤੇ ਗੀ ਸੇਲ ਸ਼ੇਅਰਾਂ ਵਿੱਚ 10 ਗੁਣਾ ਪੈਸਾ ਵਧਾਉਣ ਦਾ ਝਾਂਸਾ ਦੇ ਕੇ ਉਸ ਨਾਲ 39,79,120 ਰੁਪਏ ਦੀ ਧੋਖਾਧੜੀ ਕੀਤੀ ਗਈ ਹੈ।ਡੀ.ਐਸ.ਪੀ. ਬਸੀ ਪਠਾਣਾਂ ਵੱਲੋਂ ਕੀਤੀ ਗਈ ਸ਼ਿਕਾਇਤ ਦੀ ਪੜਤਾਲ ਉਪਰੰਤ ਮਾਮਲੇ 'ਚ ਮੁੱਕਦਮਾ ਦਰਜ ਕਰਨ ਦੇ ਦਿੱਤੇ ਗਏ ਹੁਕਮਾਂ 'ਤੇ ਐਸ਼ਵਰਿਆ ਗੁਪਤਾ, ਕ੍ਰਿਸ਼ਨ ਕੁਮਾਰ, ਕ੍ਰਿਸ਼ਨ ਕੁਮਾਰ ਸਿੰਘ ਅਤੇ ਦੋ ਹੋਰ ਨਾਮਾਲੂਮ ਵਿਅਕਤੀਆਂ ਵਿਰੁੱਧ ਥਾਣਾ ਬਸੀ ਪਠਾਣਾ ਵਿਖੇ ਅ/ਧ 406,420,120-ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਕਰਾ ਕੇ ਬਸੀ ਪਠਾਣਾਂ ਸਿਟੀ ਚੌਕੀ ਦੇ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਮਾਤਾ ਗੁਜਰੀ ਕਾਲਜ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਅਤੇ ਸੈਸ਼ਨ 2023-24 ਦੀ ਸਮਾਪਤੀ ਨੂੰ ਮੁੱਖ ਰੱਖਦਿਆਂ ਹੋਇਆਂ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸ੍ਰੀ ਜਪੁਜੀ ਸਾਹਿਬ ਦਾ ਸਮੂਹਿਕ ਪਾਠ ਕੀਤਾ ਗਿਆ।

ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਵਿਦਿਆਰਥੀ ਆਪਣੇ ਮਹਾਨ ਇਤਿਹਾਸ, ਵਿਰਾਸਤ ਅਤੇ ਸੱਭਿਆਚਾਰ ਤੋਂ ਜਾਣੂ ਹੋ ਕੇ ਤੇ ਆਪਣੇ ਅਧਿਆਪਕਾਂ ਤੇ ਮਾਪਿਆਂ ਦਾ ਆਗਿਆਕਾਰੀ ਬਣ ਕੇ ਜੀਵਨ ਵਿੱਚ ਸਫ਼ਲਤਾ ਦੀ ਪੌੜੀ ਚੜ੍ਹ ਕੇ ਸਚਿਆਰ ਬਣ ਸਕਦੇ ਹਨ।

ਇਸ ਮੌਕੇ ਕਾਲਜ ਦੇ ਸੰਗੀਤ ਵਿਭਾਗ ਅਤੇ ਦੂਸਰੇ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਤੰਤੀ ਸਾਜ਼ਾਂ ਰਾਹੀਂ ਇਲਾਹੀ ਕੀਰਤਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਕੀਰਤਨ ਕਰਨ ਵਾਲੇ ਇਨ੍ਹਾਂ ਵਿਦਿਆਰਥੀਆਂ ਨੇ ਮਾਤਾ ਗੁਜਰੀ ਕਾਲਜ ਦਾ ਨਾਮ ਖੇਤਰੀ, ਅੰਤਰ ਖੇਤਰੀ ਤੇ ਅੰਤਰਵਰਸਿਟੀ ਯੁਵਕ ਅਤੇ ਲੋਕ ਮੇਲਿਆਂ ਅਤੇ ਰਾਸ਼ਟਰੀ ਪੱਧਰ ਵਿਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਰੌਸ਼ਨ ਕੀਤਾ ਹੈ।ਇਸ ਤੋਂ ਇਲਾਵਾ ਕਾਲਜ ਦੇ 97 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਪ੍ਰਾਪਤ ਅੰਮ੍ਰਿਤਧਾਰੀ ਸਕਾਲਰਸ਼ਿਪ ਦੀ ਅੱਠ ਲੱਖ ਚਾਰ ਹਜ਼ਾਰ ਰੁਪਏ ਦੀ ਰਾਸ਼ੀ ਦੇ ਚੈੱਕ ਵੀ ਪ੍ਰਦਾਨ ਕੀਤੇ ਗਏ।

ਸਮਾਗਮ ਦੇ ਅਖੀਰ ਵਿੱਚ ਮਾਤਾ ਗੁਜਰੀ ਸਟਡੀ ਸਰਕਲ ਦੀ ਕਨਵੀਨਰ ਪ੍ਰੋ. ਮਨਮੋਹਨ ਕੌਰ ਨੇ ਸਮੂਹ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ, ਵਾਈਸ ਪ੍ਰਿੰਸੀਪਲ ਅਕੈਡਮਿਕ ਡਾ. ਹਰਵੀਨ ਕੌਰ, ਪ੍ਰੋ. ਬੀਰਇੰਦਰ ਸਿੰਘ ਸਰਾਓ, ਡਾ. ਗੁਰਬਾਜ ਸਿੰਘ, ਡਾ. ਜੁਝਾਰ ਸਿੰਘ, ਪ੍ਰੋ. ਗਗਨਦੀਪ ਸਿੰਘ, ਪ੍ਰੋ. ਹਰਬਿੰਦਰ ਸਿੰਘ, ਪ੍ਰੋ. ਬ੍ਰਹਮਜੋਤ ਕੌਰ ਤੇ ਪ੍ਰੋ. ਸ਼ਹਿਜੀਤ ਸਿੰਘ ਆਦਿ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।ਇਸ ਮੌਕੇ ਆਈਆਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਵੀ ਕੀਤਾ ਗਿਆ ਸੀ।

## ਕਾਤਰਾਂ

### ਖੁਸ਼ਪ੍ਰੀਤ ਕੌਰ ਨੇ ਜ਼ਿਲ੍ਹੇ 'ਚੋਂ ਪਹਿਲਾ ਤੇ ਪੰਜਾਬ 'ਚੋਂ 7ਵਾਂ ਰੈਂਕ ਕੀਤਾ ਹਾਸਲ



**ਬਰੇਟਾ (ਰੀਤਵਾਲ)** ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਰੇਟਾ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਸੁਖਦਰਸ਼ਨ ਸਿੰਘ ਵਾਸੀ ਖੁਡਾਲ ਕਲਾਂ ਨੇ 500 'ਚੋਂ 494 ਅੰਕ ਲੈ ਕੇ 98.80 ਫੀਸਦੀ ਅੰਕ ਪ੍ਰਾਪਤ ਕੀਤੇ। ਜ਼ਿਕਰਯੋਗ ਹੈ ਕਿ ਬਰੇਟਾ ਇਲਾਕੇ ਦੀ ਇਸ ਹੋਣਹਾਰ ਧੀ ਖੁਸ਼ਪ੍ਰੀਤ ਕੌਰ ਨੇ ਮਾਨਸਾ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਤੇ ਪੰਜਾਬ ਭਰ 'ਚੋਂ 7ਵਾਂ ਰੈਂਕ ਹਾਸਲ ਕਰਕੇ ਆਪਣੇ ਸਕੂਲ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ, ਜਦ ਇਸ ਪ੍ਰਾਪਤੀ ਨੂੰ ਲੈ ਕੇ ਖੁਸ਼ਪ੍ਰੀਤ ਕੌਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਮੈਨੂੰ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ। ਮੈਂ ਭਗਵਾਨ ਦਾ ਬਹੁਤ-ਬਹੁਤ ਧੰਨਵਾਦ ਕਰਦੀ ਹਾਂ, ਜਿਨ੍ਹਾਂ ਨੇ ਮੇਰੀ ਮਿਹਨਤ ਦਾ ਮੁੱਲ ਪਾ ਕੇ ਮੈਨੂੰ ਅੱਜ ਇਹ ਪ੍ਰਾਪਤੀ ਬਖਸ਼ੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਵਿੱਚ ਮੇਰੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਰਾਣੀ ਤੇ ਹੋਰ ਸਕੂਲ ਦੇ ਸਟਾਫ਼ ਤੇ ਮਾਪਿਆਂ ਦਾ ਅਹਿਮ ਰੋਲ ਹੈ। ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਮੈਂ ਅੱਗੇ ਸਿਵਲ ਸਰਵਿਸ 'ਚ ਚੰਗਾ ਅਫ਼ਸਰ ਬਣਨਾ ਚਾਹੁੰਦੀ ਹਾਂ।

### ਧੋਖਾਧੜੀ ਦੇ ਮਾਮਲੇ 'ਚ ਤਿੰਨ ਨੂੰ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਧੋਖਾਧੜੀ ਦੇ ਇੱਕ ਮਾਮਲੇ 'ਚ ਨਾਮਜ਼ਦ ਕੀਤੇ ਗਏ ਮਾਂ ਤੇ ਪੁੱਤਰ ਸਣੇ ਤਿੰਨ ਵਿਅਕਤੀਆਂ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਅਤੇ ਜ਼ੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਮਿਤੀ 5/2/18 ਨੂੰ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਅ/ਧ 420,406,120ਬੀ ਆਈ.ਪੀ.ਸੀ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਪੁਲਸ ਵੱਲੋਂ ਸੁਰਿੰਦਰ ਕੌਰ, ਜਤਿੰਦਰ ਸਿੰਘ ਅਤੇ ਲੇਖ ਰਾਜ ਨੂੰ ਨਾਮਜ਼ਦ ਕੀਤਾ ਗਿਆ ਸੀ।ਮਾਮਲੇ 'ਚ ਸ਼ਿਕਾਇਤਕਰਤਾ ਮਨਜੀਤ ਸਿੰਘ ਨੇ ਦੋਸ਼ ਲਗਾਏ ਸਨ ਕਿ ਉਪਰੋਕਤ ਵਿਅਕਤੀਆਂ ਵੱਲੋਂ ਉਸ ਨਾਲ ਜ਼ਮੀਨ ਵੇਚਣ ਦਾ ਸੌਦਾ ਕਰਕੇ ਉਸ ਤੋਂ 40 ਲੱਖ ਰੁਪਏ ਤਾਂ ਵਸੂਲ ਲਏ ਗਏ, ਪਰ ਉਸ ਜ਼ਮੀਨ ਦੀ ਰਜਿਸਟਰੀ ਉਸ ਦੇ ਨਾਂਅ ਕਰਾਉਣ ਦੀ ਬਜਾਏ ਕਿਸੇ ਹੋਰ ਦੇ ਨਾਮ ਕਰਵਾ ਕੇ ਉਸ ਨਾਲ ਧੋਖਾਧੜੀ ਕੀਤੀ ਗਈ।ਮਾਮਲੇ ਦੀ ਸੁਣਵਾਈ ਪੂਰੀ ਹੋਣ ਤੇ ਜੁਡੀਸ਼ੀਅਲ ਮੈਜਿਸਟ੍ਰੇਟ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਸੁਰਿੰਦਰ ਕੌਰ,ਜਤਿੰਦਰ ਸਿੰਘ ਅਤੇ ਲੇਖ ਰਾਜ ਵਾਸੀਆਨ ਸਰਹਿੰਦ ਮੰਡੀ ਨੂੰ ਮਾਮਲੇ 'ਚ ਅ/ਧ 420 ਆਈ.ਪੀ.ਸੀ. ਤਹਿਤ ਦੋਸ਼ੀ ਮੰਨਦੇ ਹੋਏ 2 ਸਾਲ ਕੈਦ ਬਾਮੁਸ਼ੱਕਤ, 2,000/- ਰੁਪਏ ਜ਼ੁਰਮਾਨਾ ਅਤੇ ਅ/ਧ 120-ਬੀ ਆਈ.ਪੀ.ਸੀ. ਤਹਿਤ ਦੋਸ਼ੀ ਮੰਨਦੇ ਹੋਏ 2 ਸਾਲ ਕੈਦ ਬਾਮੁਸ਼ੱਕਤ ਅਤੇ 2,000/- ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ।

### ਭਾਈ ਸਾਹਿਬ ਸਿੰਘ ਦਾ ਜਨਮ ਦਿਹਾੜਾ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)** ਫ਼ਿਰੋਜ਼ਪੁਰ ਦੇ ਗੁਰਦੁਆਰਾ ਸਾਰਾਗੜ੍ਹੀ ਵਿਖੇ 28 ਅਪ੍ਰੈਲ ਨੂੰ ਭਾਰਤੀ ਕਿਸਾਨ ਏਕਤਾ ਸੈਨ ਵੈਲਫੇਅਰ ਸਭਾ ਵੱਲੋਂ ਸੈਣ ਭਗਤ ਤੇ ਪੰਜ ਪਿਆਰਿਆਂ ਦੀ ਯਾਦ ਵਿੱਚ ਭਾਈ ਸਾਹਿਬ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਸੁਖਮਨੀ ਸਾਹਿਬ ਦੇ ਪਾਠ ਤੋਂ ਬਾਅਦ ਸਟੇਜ ਦੀ ਹਾਜ਼ਰੀ ਭਰਦੇ ਹੋਏ ਵੱਖ-ਵੱਖ ਬੁਲਾਰਿਆਂ ਨੇ ਹਾਜ਼ਰੀ ਭਰੀ, ਜਿਸ ਪ੍ਰਕਾਰ ਸਰਪੰਚ ਸੰਤੋਖ ਸਿੰਘ ਜਨਮ ਸਥਾਨ ਭਗਤ ਸੈਣ ਜੀ ਸੋਹਲ ਠੱਠੀ, ਮਨਜੀਤ ਸਿੰਘ ਸ਼ਿਮਲਾਪੁਰੀ ਲੁਧਿਆਣਾ, ਗੁਰਬਖ਼ਸ਼ ਸਿੰਘ ਫ਼ਰੀਦਕੋਟ, ਬਿੰਦਰ ਸਿੰਘ ਪੰਜਗਰਾਈਂ ਨੇ ਸੂਬੇ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਇਸ ਸਮੇਂ ਸਟੇਜ ਦੀ ਸੇਵਾ ਹਰਪਾਲ ਸਿੰਘ ਮਚਾਕੀ ਨੇ ਬਾਖੂਬੀ ਨਿਭਾਈ। ਸਭਾ ਦੇ ਸੂਬਾ ਪ੍ਰਧਾਨ ਡਾ. ਪ੍ਰਗਟ ਸਿੰਘ ਸਭਾ ਦੇ ਸੂਬਾ ਪ੍ਰਧਾਨ ਨੇ ਆਈ ਸੰਗਤ ਦਾ ਧੰਨਵਾਦ ਕੀਤਾ ਤੇ ਨੀਲਾ ਸਿੰਘ, ਫ਼ਰੀਦਕੋਟ ਬੂਟਾ ਸਿੰਘ ਰੱਤੀਰੋੜੀ, ਸਵਰਨ ਸਿੰਘ ਸ਼ਰੀਹ ਵਾਲਾ ਨੇ ਸਾਰੇ ਸਮਾਗਮ ਨੂੰ ਬੜੇ ਸੁਚੱਜੇ ਢੰਗ ਨਾਲ ਚਲਾਇਆ।

# ਸਿਹਤ ਵਿਭਾਗ ਨੇ ਸਰਵ ਹਿੱਤਕਾਰੀ ਸਕੂਲ 'ਚ ਕਰਾਇਆ ਕੁਇਜ਼ ਮੁਕਾਬਲਾ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਸਿਹਤ ਵਿਭਾਗ ਵੱਲੋਂ ਵਿਸ਼ਵ ਟੀਕਾਕਰਨ ਦਿਵਸ ਮੌਕੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਤੇ ਡੀਐਫਪੀਓ ਡਾ. ਕਵਿਤਾ ਸਿੰਘ ਦੀ ਯੋਗ ਅਗਵਾਈ ਵਿੱਚ ਸਰਵ ਹਿਤਕਾਰੀ ਸਕੂਲ ਵਿੱਚ ਵਿਸ਼ਵ ਟੀਕਾਕਰਨ ਮੌਕੇ ਵਿਦਿਆਰਥੀਆਂ ਵਿਚਾਲੇ ਕੁਇਜ਼ ਮੁਕਾਬਲਾ ਕਰਾਇਆ ਗਿਆ।ਇਸ ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਸਵਾਲਾਂ ਦੇ ਜਵਾਬ ਦਿੱਤੇ।ਇਸ ਮੁਕਾਬਲੇ ਦੌਰਾਨ ਸਕੂਲ ਪ੍ਰਿੰਸੀਪਲ ਮੈਡਮ ਮਧੂ ਸ਼ਰਮਾ, ਡੀਆਈਓ ਡਾ. ਐਡੀਸਨ ਐਰਿਕ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਵਿਨੋਦ ਕੁਮਾਰ ਤੇ ਸਕੂਲ ਮੈਨੇਜਰ ਅਸ਼ੋਕ ਮੌਂਗਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਡਾ. ਕਵਿਤਾ ਸਿੰਘ ਨੇ ਕਿਹਾ ਕਿ ਵਿਸ਼ਵ ਟੀਕਾਕਰਨ ਹਫ਼ਤਾ ਮਨਾਉਂਦਿਆਂ ਵਿਭਾਗ ਵੱਲੋਂ ਵੱਖ ਵੱਖ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾ ਰਹੇ ਹਨ, ਇਸੇ ਲੜੀ ਵਿਚ ਸਿਹਤ ਵਿਭਾਗ ਵੱਲੋਂ ਵਿਦਿਆਰਥੀਆਂ ਵਿਚਾਲੇ ਟੀਕਾਕਰਨ ਨਾਲ ਸਬੰਧਿਤ ਮੁਕਾਬਲਾ ਕਰਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਵਿਭਾਗ ਵੱਲੋਂ ਬੱਚਿਆਂ ਦੇ ਜਨਮ ਤੋਂ ਲੈ ਕੇ ਵੱਖ-ਵੱਖ ਸਮੇਂ ਦੌਰਾਨ ਲੱਗਣ ਵਾਲੇ ਟੀਕਿਆਂ ਸਬੰਧੀ ਸਵਾਲ ਪੁੱਛੇ ਗਏ।ਇਸ ਮੌਕੇ ਸਹੀ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।ਡਾ. ਕਵਿਤਾ ਨੇ ਕਿਹਾ ਕਿ ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਨਵਜੰਮੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਵੱਲੋਂ ਟੀਕਾਕਰਣ ਦੀ 50ਵੀਂ ਵਰੇਗੰਢ 'ਤੇ ਸਪੈਸ਼ਲ ਟੀਕਾਕਰਨ ਕੈਂਪਾਂ ਰਾਹੀਂ ਸਪੈਸ਼ਲ ਟੀਕਾਕਰਨ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸ ਸੰਬਧੀ ਸਮੂਹ ਪੇਂਡੂ ਸਿਹਤ ਬਲਾਕਾਂ ਅਤੇ ਅਰਬਨ ਫਾਜ਼ਿਲਕਾ, ਅਬੋਹਰ ਤੇ ਜਲਾਲਾਬਾਦ ਵਿਖੇ ਸਲਮ ਵਿਖੇ ਖਾਸ ਤੌਰ ਤੇ ਟੀਕਾਕਰਨ ਲਈ ਹਦਾਇਤਾਂ ਜਾਰੀ ਕੀਤੀ ਗਈ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਪੂਰੇ ਫ਼ਾਜ਼ਿਲਕਾ ਜ਼ਿਲ੍ਹੇ ਦੇ ਝੁੱਗੀ ਝੌਂਪੜੀ, ਸਲੱਮ ਤੇ ਅਰਬਨ ਏਰੀਏ ਵਿੱਚ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਦੇਸ਼ ਵਿਚ ਟੀਕਾਕਰਨ ਪ੍ਰੋਗਰਾਮ ਦੇ 50 ਸਾਲ ਪੂਰੇ ਹੋ ਗਏ ਹਨ।ਟੀਕਾਕਰਨ ਦੀ ਬਦੌਲਤ ਕਈ ਬੀਮਾਰੀਆਂ ਜਿਵੇਂ ਕਿ ਵੱਡੀ ਮਾਤਾ, ਪੋਲਿਓ ਆਦਿ ਤੋਂ ਮੁਕਤੀ ਪਾਈ ਗਈ ਹੈ। ਟੀਕਾਕਰਨ ਨਾਲ ਹੀ ਬਿਮਾਰੀਆਂ ਦੀ ਰੋਕਥਾਮ ਕੀਤੀ ਜਾ ਰਹੀ ਹੈ।

# ਵੋਟਰ ਜਾਗਰੂਕਤਾ ਸਬੰਧੀ ਹਾਰਵਰਡ ਸਕੂਲ 'ਚ ਸੈਮੀਨਾਰ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਚੋਣ ਕਮਿਸ਼ਨ ਭਾਰਤ ਸਰਕਾਰ ਦੀਆਂ ਹਦਾਇਤਾਂ ਤੇ ਐਸ.ਡੀ.ਐਮ ਹਰਕਮਲਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹਾਰਵਰਡ ਕਾਨਵੈਂਟ ਸਕੂਲ ਵਿੱਚ ਵੋਟਰ ਜਾਗਰੂਕਤਾ ਸਬੰਧੀ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ ਗਈ। ਐਸ.ਡੀ.ਐਮ ਨੇ ਦੱਸਿਆ ਕਿ ਆਮ ਤੌਰ 'ਤੇ ਵੇਖਣ ਵਿਚ ਆਉਂਦਾ ਹੈ ਕਿ ਲੋਕ ਨਾਗਰਿਕ ਵੋਟਾਂ ਵਾਲੇ ਦਿਨ ਵੋਟ ਦੇ ਅਧਿਕਾਰ ਦਾ ਇਸਤੇਮਾਲ ਨਹੀਂ ਕਰਦੇ, ਜਿਸ ਨਾਲ ਵੋਟ ਫ਼ੀਸਦੀ ਵਿੱਚ ਘਾਟਾ ਪੈਂਦਾ। ਚੰਗੇ ਲੋਕਤੰਤਰ ਦੇ ਨਿਰਮਾਣ ਲਈ ਹਰੇਕ ਨਾਗਰਿਕ ਦਾ ਵੋਟ ਪਾਉਣਾ ਬਹੁਤ ਜ਼ਰੂਰੀ ਹੁੰਦਾ ਹੈ। ਪ੍ਰਸ਼ਾਸਨ ਵੱਲੋਂ ਸੀਨੀਅਰ ਸਿਟੀਜਨ, ਦਿਵਿਆਂਗ, ਟਰਾਂਸਜੈਂਡਰ, ਨੌਜਵਾਨਾਂ ਨਾਲ ਵਿਸ਼ੇਸ਼ ਸੰਵਾਦ ਪ੍ਰੋਗਰਾਮ ਕੀਤੇ ਜਾ ਰਹੇ ਹਨ ਤਾਂ ਜੁ ਉਨ੍ਹਾਂ ਦੀ ਵੋਟਾਂ ਵਿੱਚ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਮਾਤਾ-ਪਿਤਾ ਦਾਦਾ-ਦਾਦੀ, ਭੈਣ -ਭਰਾ ਆਦਿ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਨ ਲਈ ਉਤਸ਼ਾਹਤ ਕੀਤਾ। ਸਵੀਪ ਨੋਡਲ ਅਫ਼ਸਰ ਸੰਜੀਵ ਕੁਮਾਰ ਨੇ ਦੱਸਿਆ ਕਿ ਪੰਜਾਬ ਵਿੱਚ ਇੱਕ ਜੂਨ 2024 ਨੂੰ ਚੋਣਾਂ ਵਾਲੇ ਦਿਨ ਚੋਣ ਕਮਿਸ਼ਨ ਵੱਲੋਂ ਵੋਟਰਾਂ ਲਈ ਸਹੂਲਤਾਂ ਜਿਵੇਂ ਕਿ ਸ਼ਬੀਲ, ਵੀਲਚੇਅਰ, ਮੈਡੀਕਲ ਸਹੂਲਤਾਂ ਆਦਿ ਦਿੱਤੀਆਂ ਜਾਣੀਆਂ ਹਨ ਤਾਂ ਜੁ ਕਿਸੇ ਵੀ ਵੋਟਰ ਨੂੰ ਕਿਸੇ ਕਿਸਮ ਦੀ ਵੋਟ ਪਾਉਣ ਸਮੇਂ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।




# ਖਹਿਰਾ ਭਾਰੀ ਬਹੁਮਤ ਨਾਲ ਜਿੱਤਣਗੇ ਚੋਣ : ਗੁਪਤਾ



**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਹੰਸ ਰਾਜ ਗੁਪਤਾ ਨੇ ਕਿਹਾ ਕਿ ਲੋਕ ਸਭਾ ਹਲਕਾ ਸੰਗਰੂਰ ਤੋਂ ਕਾਂਗਰਸੀ ਉਮੀਦਵਾਰ ਵਜੋਂ ਚੋਣ ਲੜ ਰਹੇ ਸੁਖਪਾਲ ਸਿੰਘ ਖਹਿਰਾ ਭਾਰੀ ਬਹੁਮਤ ਨਾਲ ਚੋਣ ਜਿੱਤ ਕੇ ਇੱਕ ਨਵਾਂ ਇਤਿਹਾਸ ਸਿਰਜਣਗੇ ਅਤੇ 'ਆਪ' ਵੱਲੋਂ ਆਪਣੀ ਰਾਜਧਾਨੀ ਕਹੇ ਜਾਂਦੇ ਜ਼ਿਲ੍ਹੇ ਵਿੱਚੋਂ 'ਆਪ' ਉਮੀਦਵਾਰ ਨੂੰ ਹਰਾ ਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਵੀ ਕਾਂਗਰਸ ਦੇ ਪੱਖ ਵਿੱਚ ਰਾਹ ਪੱਧਰਾ ਕਰਨਗੇ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਵੰਡੀਆਂ ਗਈਆਂ ਗਰੰਟੀਆਂ ਤੇ ਅਧੂਰੇ ਪਏ ਵਾਅਦਿਆਂ ਦਾ ਹਿਸਾਬ ਪੰਜਾਬ ਦੇ ਲੋਕ ਇਨ੍ਹਾਂ ਲੋਕ ਸਭਾ ਚੋਣਾਂ ਵਿੱਚ ਜ਼ਰੂਰ ਲੈਣਗੇ ਅਤੇ ਝੂਠੇ ਇਨਕਲਾਬ ਅਤੇ ਬਦਲਾਅ ਦੇ ਨਾਂਅ 'ਤੇ ਸੱਤਾ ਵਿੱਚ ਆਈ 'ਆਪ' ਸਰਕਾਰ ਨੂੰ ਇਹ ਸੋਚਣ ਲਈ ਮਜਬੂਰ ਕਰ ਦੇਣਗੇ ਕਿ ਜਨਤਾ ਨੂੰ ਬਹੁਤੀ ਦੇਰ ਬੇਵਕੂਫ ਨਹੀਂ ਬਣਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਕੇਵਲ ਕਾਂਗਰਸ ਹੀ ਅਜਿਹੀ ਪਾਰਟੀ ਹੈ, ਜੋ ਦੇਸ਼ ਨੂੰ ਵਿਕਾਸ ਵੱਲ ਲਿਜਾ ਸਕਦੀ ਹੈ ਅਤੇ ਦੇਸ਼ ਦੇ ਲੋਕ ਭਾਜਪਾ ਦੇ ਸੱਤਾ ਵਿੱਚ ਆਉਣ ਵਾਲੇ ਸਮੇਂ ਵਿੱਚ ਹਰ ਖੇਤਰ ਵਿੱਚ ਵਧੀ ਮਹਿੰਗਾਈ ਨੂੰ ਵੀ ਗੰਭੀਰਤਾ ਨਾਲ ਲੈ ਰਹੇ ਹਨ ਅਤੇ ਅੱਛੇ ਦਿਨ ਆਉਣ ਦੇ ਨਾਅਰਿਆਂ ਪ੍ਰਤੀ ਸੁਚੇਤ ਹੋ ਚੁੱਕੇ ਹਨ।

# ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਨੇ ਡਿਪਟੀ ਕਮਿਸ਼ਨਰ ਨਾਲ ਕੀਤੀ ਮੁਲਾਕਾਤ

## ਪਰਿਵਾਰਾਂ ਲਈ ਸਨਮਾਨ ਸਹੂਲਤਾਂ ਲਾਗੂ ਕਰਵਾਉਣ ਸਬੰਧੀ ਮਸਲੇ ਵਿਚਾਰੇ ਗਏ



**ਨਾਭਾ (ਵਰਿੰਦਰ ਵਰਮਾ)** ਦੇਸ ਦੀ ਆਜਾਦੀ ਲਈ ਅਹਿਮ ਯੋਗਦਾਨ ਪਾਉਣ ਵਾਲੇ ਦੇਸ ਭਗਤਾਂ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੂਬਾ ਪੱਧਰੀ ਜਥੇਬੰਦੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ ਨੰ 234 ਦੇ ਪਰਵਾਰਾਂ ਦੀ ਵਿਸ਼ੇਸ਼ ਇਕੱਤਰਤਾ ਮਿੰਨੀ ਸਕੱਤਰੇਤ ਵਿਖੇ ਹੋਈ, ਜਿਸ ਵਿੱਚ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਅਤੇ ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ ਨੇ ਸੁਤੰਤਰਤਾ ਸੰਗਰਾਮੀ ਪਰਵਾਰਾਂ ਨੂੰ ਮਿਲ ਰਹੀਆਂ ਸਨਮਾਨ ਸਹੂਲਤਾਂ ਸਬੰਧੀ ਇੱਕਤਰ ਹੋਏ ਮੈਂਬਰਾਂ ਨੂੰ ਜਾਣੂ ਕਰਾਇਆ। ਉਪਰੰਤ ਸੁਤੰਤਰਤਾ ਸੰਗਰਾਮੀ ਜਥੇਬੰਦੀ ਦੇ ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰੇ ਨਾਲ ਮੁਲਾਕਾਤ ਕੀਤੀ। ਆਗੂਆਂ ਨੇ ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਫਰੀਡਮ ਫਾਈਟਰ ਪਰਿਵਾਰਾਂ ਦੀਆਂ ਮੰਗਾਂ ਬਾਰੇ ਦੱਸਿਆ। ਆਗੂਆਂ ਵੱਲੋਂ ਜ਼ਿਲ੍ਹਾ ਪਟਿਆਲਾ ਅੰਦਰ ਸੁਤੰਤਰਤਾ ਸੰਗਰਾਮੀਆ ਦੀ ਯਾਦ ਨੂੰ ਸਮਰਪਤ ਦੇਸ਼ ਭਗਤ ਯਾਦਗਾਰ ਹਾਲ ਬਣਾਉਣ ਦੀ ਤਜਵੀਜ ਰੱਖੀ ਗਈ।

ਡਿਪਟੀ ਕਮਿਸ਼ਨਰ ਨੇ ਭਰੋਸਾ ਦਿਵਾਇਆ ਕਿ ਦੇਸ਼ ਭਗਤਾਂ ਸੁਤੰਤਰਤਾ ਸੰਗਰਾਮੀਆ ਦੀ ਬਦੌਲਤ ਹੀ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਆਜਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੂਰਾ ਮਾਣ ਸਨਮਾਨ ਦੇਣਾ ਯਕੀਨੀ ਬਣਾਇਆ ਜਾਵੇਗਾ ਅਤੇ ਸਰਕਾਰੀ ਦਫਤਰਾਂ ਵਿੱਚ ਪਰਿਵਾਰਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

# 21 ਸਾਲ ਦੀ ਨੌਕਰੀ ਦੌਰਾਨ ਕੱਚਾ ਹੀ ਰਿਟਾਇਰ ਹੋਇਆ ਡਰਾਈਵਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)** ਬਠਿੰਡਾ ਡਿੱਪੂ ਵਿੱਚੋਂ ਪਿਛਲੇ 21 ਸਾਲ ਬਤੌਰ ਡਰਾਈਵਰ ਨੌਕਰੀ ਕਰਨ ਤੋਂ ਬਾਅਦ ਇੱਕ ਮੁਲਾਜ਼ਮ ਕੱਚਾ ਰਿਟਾਇਰ ਹੋ ਕੇ ਖਾਲੀ ਹੱਥ ਘਰ ਨੂੰ ਜਾਣ ਲਈ ਮਜਬੂਰ ਹੋ ਕੇ ਨਿਕਲਿਆ।ਮਾੜੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਇਹ ਡਰਾਈਵਰ ਸਨ 2005 ਵਿੱਚ ਠੇਕੇਦਾਰੀ ਸਿਸਟਮ ਤਹਿਤ ਭਰਤੀ ਹੋਇਆ ਸੀ ਤੇ 21 ਸਾਲ ਦੇ ਸਫ਼ਰ ਦੌਰਾਨ ਕਿਸੇ ਵੀ ਸਰਕਾਰ ਨੇ ਇਸਦੀ ਸਾਰ ਨਹੀਂ ਲਈ ਤੇ ਅਖੀਰ ਕੱਚਾ ਹੀ ਰਿਟਾਇਰ ਹੋ ਗਿਆ।ਅੱਜ ਤੋਂ ਬਾਅਦ ਇਸ ਮੁਲਾਜ਼ਮ ਦਾ ਪੀ ਆਰ ਟੀ ਸੀ ਨਾਲ ਕੋਈ ਵਾਹ ਵਾਸਤਾ ਨਹੀਂ ਰਿਹਾ ਤੇ ਨਾ ਹੀ ਕੋਈ ਬਕਾਇਆ ਨਾ ਪੈਨਸ਼ਨ ਅਤੇ ਹੋਰ ਕੋਈ ਵੀ ਸਰਕਾਰੀ ਭੱਤੇ ਤੋਂ ਵਾਂਝਾ ਇਹ ਵਰਕਰ ਹੁਣ ਬੇਵੱਸ ਹੋ ਕੇ ਘਰ ਜਾਣ ਲਈ ਮਜਬੂਰ ਹੋ ਕੇ ਰਹਿ ਗਿਆ।

ਬਠਿੰਡਾ ਡਿੱਪੂ ਦੇ ਪ੍ਰਧਾਨ ਕੁਲਵੰਤ ਸਿੰਘ ਮਨੇਸ ਨੇ ਸਰਕਾਰਾਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਹਰ ਮਹੀਨੇ ਸਾਡੇ ਵਿਭਾਗ ਵਿਚੋਂ ਇੱਕ ਡਰਾਈਵਰ ਜਾਂ ਕੰਡਕਟਰ ਕੱਚਾ ਰਿਟਾਇਰ ਹੁੰਦਾ ਜਾ ਰਿਹਾ ਹੈ ਅਤੇ ਦੂਜੇ ਪਾਸੇ ਆਮ ਲੋਕਾਂ ਦੀ ਚੁਣੀ ਹੋਈ ਮਾਨ ਸਰਕਾਰ ਵੱਡੇ ਵੱਡੇ ਬੋਰਡ ਲਾ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਕਿ ਅਸੀਂ ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਚੁੱਕੇ ਹਾਂ, ਜੋ ਸਰਾਸਰ ਅਫ਼ਵਾਹ ਹੈ।ਸੱਚ ਤਾਂ ਇਹ ਹੈ ਕੇ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਤੇ ਹਰ ਫਰੰਟ ਤੋਂ ਫ਼ੇਲ ਹੁੰਦੀ ਨਜ਼ਰ ਆ ਰਹੀ ਹੈ।ਇਸ ਮੌਕੇ ਬਠਿੰਡਾ ਡਿੱਪੂ ਦੇ ਸਮੂਹ ਸਟਾਫ ਨੇ ਇਕੱਠੇ ਹੋ ਕੇ ਸਾਥੀ ਸ਼ਿੰਦਰਪਾਲ ਸਿੰਘ ਨੂੰ ਵਿਦਾਇਗੀ ਪਾਰਟੀ ਦਿੱਤੀ ਤੇ ਕੁਝ ਨਗਦ ਰਾਸ਼ੀ ਦੇ ਕੇ ਸਾਥੀ ਨੂੰ ਬਣਦਾ ਮਾਣ ਸਤਿਕਾਰ ਦਿੱਤਾ।

ਇਸ ਮੌਕੇ ਬਠਿੰਡਾ ਡਿਪੂ ਦੀਆਂ ਸਮੂਹ ਜਥੇਬੰਦੀਆਂ ਦੇ ਪ੍ਰਧਾਨ ਸਾਹਿਬਾਨਾਂ ਨੇ ਰਿਟਾਇਰਮੈਂਟ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ ਅਤੇ ਵਧ-ਚੜ੍ਹ ਕੇ ਯੋਗਦਾਨ ਪਾਇਆ।

# ਬਲਜਿੰਦਰ ਸਿੰਘ ਰੰਗਪੁਰੀ ਸਰਕਲ ਪ੍ਰਧਾਨ ਮੰਡੀ ਬਰੀਵਾਲਾ ਨਿਯੁਕਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜਥੇਬੰਦੀ ਦਾ ਵਿਸਥਾਰ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਪੂਰੀ ਵਫ਼ਾਦਾਰੀ ਅਤੇ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਵਾਲੇ ਸੀਨੀਅਰ ਆਗੂ ਬਲਜਿੰਦਰ ਸਿੰਘ ਰੰਗਪੁਰੀ ਨੂੰ ਮੁੜ ਤੋਂ ਸਰਕਲ ਪ੍ਰਧਾਨ ਮੰਡੀ ਬਰੀਵਾਲਾ ਵਜੋਂ ਜ਼ਿੰਮੇਵਾਰੀ ਸੌਂਪੀ ਗਈ।ਇਸ ਦੌਰਾਨ ਨਵ-ਨਿਯੁਕਤ ਸਰਕਲ ਪ੍ਰਧਾਨ ਬਲਜਿੰਦਰ ਸਿੰਘ ਰੰਗਪੁਰੀ ਦਾ ਸਿਰੋਪਾਓ ਦੇ ਕੇ ਸਨਮਾਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਪਾਰਟੀ ਪ੍ਰਤੀ ਸਮਰਪਤ ਭਾਵਨਾ, ਮਿਹਨਤ ਤੇ ਵਫ਼ਾਦਾਰੀ ਸਦਕਾ ਬਲਜਿੰਦਰ ਸਿੰਘ ਰੰਗਪੁਰੀ ਨੂੰ ਮੁੜ ਤੋਂ ਸਰਕਲ ਪ੍ਰਧਾਨ ਦਾ ਅਹੁਦਾ ਦੇ ਕੇ ਨਿਵਾਜਿਆ ਗਿਆ ਹੈ।

ਇਸ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਅਤੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਦਾ ਧੰਨਵਾਦ ਕਰਦਿਆਂ ਰੰਗਪੁਰੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਪ੍ਰਾਪਤੀਆਂ ਦਾ ਸੁਨੇਹਾ ਦੇਣ ਲਈ ਘਰ-ਘਰ ਤੱਕ ਪਹੁੰਚ ਕੀਤੀ ਜਾਵੇਗੀ।ਇਸ ਮੌਕੇ ਜਗਵੰਤ ਸਿੰਘ ਲੰਬੀਢਾਬ ਜਨਰਲ ਕੌਂਸਲ ਮੈਂਬਰ, ਹਰਪਾਲ ਸਿੰਘ ਪ੍ਰਧਾਨ ਸਰਕਲ ਥਾਂਦੇਵਾਲਾ, ਗੁਰਵਿੰਦਰ ਸਿੰਘ ਬਾਜਾ ਮਰਾੜ੍ਹ ਜ਼ਿਲ੍ਹਾ ਮੀਤ ਪ੍ਰਧਾਨ, ਸੀਨੀਅਰ ਅਕਾਲੀ ਆਗੂ ਰਮੀਜ ਰਿੰਪਾ ਖਾਨ, ਸੰਤ ਰਾਮ ਗੁੱਲੂ ਕੌਮੀ ਮੀਤ ਪ੍ਰਧਾਨ ਯੂਥ ਅਕਾਲੀ ਦਲ, ਕ੍ਰਿਸ਼ਨ ਕੁਮਾਰ ਕ੍ਰਾਂਤੀ, ਫ਼ਕੀਰ ਚੰਦ, ਕਾਲਾ ਸਿੰਘ ਫੌਜੀ, ਸੁਖਦੇਵ ਸਿੰਘ, ਰੌਸ਼ਨ ਲਾਲ ਰੋਸ਼ੀ, ਹਰਵਿੰਦਰ ਸਿੰਘ ਸ਼ੈਲੀ, ਵਿੱਕੀ, ਰਾਜਾ ਪ੍ਰਧਾਨ, ਗੁਰਵਿੰਦਰ ਸਿੰਘ ਮਾਹਲਾ, ਮੇਜਰ ਸਿੰਘ, ਸੰਜੀਵ ਚੌਧਰੀ, ਗੁਰਪ੍ਰੀਤ ਸਿੰਘ, ਰਾਜੂ ਮੱਕੜ, ਯੂਥ ਆਗੂ ਬੇਅੰਤ ਸਿੰਘ ਬਿੰਨੀ ਮਨੇਸ਼, ਜਸਪਾਲ ਸਿੰਘ ਛਾਬੜਾ ਪੀਏ, ਟੋਨੀ ਮੱਕੜ ਆਦਿ ਹਾਜ਼ਰ ਸਨ।

# ਸੰਜੀਵਨੀ ਕਾਲਜ ਆਫ਼ ਨਰਸਿੰਗ 'ਚ ਫਰੈਸ਼ਰ ਤੇ ਫੇਅਰਵੈੱਲ ਸਮਾਗਮ ਕਰਾਇਆ



**ਸਮਰਾਲਾ, (ਸੁਰਜੀਤ ਸਿੰਘ)** ਵਿੱਦਿਅਕ ਸੰਸਥਾ ਸੰਜੀਵਨੀ ਗਰੁੱਪ ਆਫ਼ ਨਰਸਿੰਗ ਦਾਊਦਪੁਰ ਵਿਖੇ ਫਰੈਸ਼ਰ ਅਤੇ ਫੇਅਰਵੈਲ ਸਮਾਗਮ ਅਯੋਜਿਤ ਕੀਤਾ ਗਿਆ। ਸਮਾਗਮ ਵਿੱਚ ਸੰਸਥਾ ਦੇ ਡਾਇਰੈਕਟਰ ਵਿਸ਼ਾਲ ਬਾਂਸਲ, ਪੰਕਜ ਬਾਂਸਲ, ਚੇਅਰਪਰਸਨ ਡਾ. ਪ੍ਰੇਮ ਲਾਲ ਬਾਂਸਲ, ਜਨਰਲ ਸੈਕਟਰੀ ਸੁਨੀਲ ਅਗਰਵਾਲ ਅਤੇ ਪ੍ਰਿੰਸੀਪਲ ਗਗਨਦੀਪ ਕੌਰ ਨੇ ਬਤੌਰ ਮੁੱਖ ਮਹਿਮਾਨ ਵਜੋ ਪੇਸ਼ ਹੋਏ। ਸਮਾਗਮ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਪ੍ਰੋਗਰਾਮ ਨੂੰ ਖਾਸ ਬਣਾਉਣ ਲਈ ਵਿਦਿਆਰਥੀ ਰੰਗ ਬਰੰਗੇ ਪਹਿਰਾਵੇ ਵਿੱਚ ਸਜ ਕੇ ਆਏ।

ਸਮਾਗਮ ਦੌਰਾਨ ਬਹੁਤ ਸਾਰੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਗਿੱਧਾ, ਭੰਗੜਾ, ਕਥਕ, ਸੋਲੋ ਡਾਂਸ ਸ਼ਾਮਿਲ ਸਨ। ਮੁੱਖ ਮਹਿਮਾਨਾਂ ਵਿੱਚ ਸ਼ਾਮਲ ਵੱਖ-ਵੱਖ ਬੁਲਾਰਿਆਂ ਨੇ ਪਾਸ ਹੋ ਚੁੱਕੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਮੀਦ ਪ੍ਰਗਟ ਕੀਤੀ ਕਿ ਉਹ ਇੱਥੋਂ ਸਿੱਖਿਆ ਹਾਸਲ ਕਰਕੇ ਆਪਣੀ ਜ਼ਿੰਦਗੀ ਵਿੱਚ ਉੱਚ ਮੁਕਾਮ ਹਾਸਲ ਕਰਨਗੇ। ਨਵੇਂ ਆਏ ਵਿਦਿਆਰਥੀਆਂ ਨੂੰ ਜੀ ਆਇਆਂ ਕਿਹਾ।

ਸਮਾਗਮ ਦੌਰਾਨ ਇਨਾਮ ਵੰਡ ਸਮਾਰੋਹ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮਿਸ ਫੇਅਰਵੈਲ ਹਰਸ਼ਪ੍ਰੀਤ ਕੌਰ ਤੇ ਮਿਸ ਫਰੈਸ਼ਰ ਕੀਰਤੀ ਮਿਸ਼ਾਲ, ਮਿਸਟਰ ਫੇਅਰਵੈਲ ਰਾਜਿੰਦਰ ਸਿੰਘ ਅਤੇ ਮਿਸਟਰ ਫਰੈਸ਼ਰ ਪ੍ਰਭਦੀਪ ਸਿੰਘ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸਮਾਗਮ ਵਿੱਚ ਪਹਿਲਾ ਰਨਰਅਪ ਹਰਮਨਜੋਤ, ਦੂਜਾ ਰਨਰਅਪ ਪ੍ਰਭਦੀਪ ਕੌਰ, ਪਹਿਲਾ ਰਨਰਅਪ ਅਕਾਸ਼ਦੀਪ ਸਿੰਘ, ਦੂਜਾ ਰਨਰਅਪ ਮਨਪ੍ਰੀਤ ਸਿੰਘ, ਪਹਿਲਾ ਰਨਰਅਪ ਅਮਨਜੋਤ ਕੌਰ, ਰਜਨੀ ਸ਼ਾਨਦਾਰ ਪ੍ਰੋਫੋਰਮੈਂਸ ਐਵਾਰਡ, ਕੋਮਲਪ੍ਰੀਤ ਕੌਰ, ਬੇਬੀ ਰਾਣੀ, ਹਸ਼ਨਪ੍ਰੀਤ, ਪਰਵਿੰਦਰ ਕੌਰ, ਲਵਜੋਤ ਕੌਰ, ਰੋਜੀ, ਦਵਿੰਦਰ, ਕਰਨਵੀਰ, ਤਰਨਵੀਰ ਅਤੇ ਹਰਜੋਤ ਸਿੰਘ ਨੂੰ ਵੀ ਇਨਾਮ ਦੇ ਕੇ ਸਨਮਾਨਿਤ ਕੀਤਾ।

ਸਮਾਗਮ ਦੇ ਅਖੀਰ ਵਿਦਿਆਰਥਣਾਂ ਵੱਲੋਂ ਪਾਈਆਂ ਗਈਆਂ ਪੰਜਾਬੀ ਲੋਕ ਬੋਲੀਆਂ, ਗਿੱਧੇ ਦੀਆਂ ਤਾੜੀਆਂ ਤੇ ਅੱਡੀ ਦੀਆਂ ਧਮਕਾਂ ਨਾਲ ਸਾਰਾ ਕਾਲਜ ਗੂੰਜ ਉੱਠਿਆ। ਸਮਾਗਮ ਵਿੱਚ ਗਗਨਦੀਪ ਕੌਰ, ਹਰਵਿੰਦਰ ਕੌਰ, ਮਨਦੀਪ ਕੌਰ, ਕੁਲਵਿੰਦਰ ਕੌਰ, ਜਸਪ੍ਰੀਤ ਕੌਰ ਆਦਿ ਤੋਂ ਇਲਾਵਾ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

# ਚੋਣਾਂ ਸੰਬੰਧੀ ਕਵਰੇਜ ਕਰਦੇ ਪੱਤਰਕਾਰ ਵੀ ਪੋਸਟਲ ਬੈਲਟ ਰਾਹੀਂ ਪਾ ਸਕਣਗੇ ਵੋਟ : ਡਾ. ਬੇਦੀ

**ਪਟਿਆਲਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਜ਼ਰੂਰੀ ਸੇਵਾਵਾਂ ਵਿੱਚ ਲੱਗੇ ਕਈ ਸਰਕਾਰੀ ਵਿਭਾਗਾਂ ਦੇ ਮੁਲਾਜਮਾਂ ਦੀਆਂ ਵੋਟਾਂ ਦਾ ਲਾਜ਼ਮੀ ਭੁਗਤਾਨ ਕਰਾਉਣ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਸੂਚੀ ਵਿੱਚ ਵੱਖ-ਵੱਖ ਵਿਭਾਗਾਂ ਸਮੇਤ ਚੋਣਾਂ ਸਮੇਂ ਮੀਡੀਆ ਕਵਰੇਜ਼ ਕਰਨ ਦੀ ਡਿਊਟੀ 'ਤੇ ਤਾਇਨਾਤ ਮੀਡੀਆ ਕਰਮੀਆਂ ਨੂੰ ਵੀ ਲੋਕ ਸਭਾ ਚੋਣਾਂ 2024 ਵਿੱਚ ਪੋਸਟਲ ਬੈਲਟ ਰਾਹੀਂ ਵੋਟ ਪਾਉਣ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ)-ਕਮ-ਨੋਡਲ ਅਫ਼ਸਰ ਲੋਕ ਸਭਾ ਚੋਣਾਂ ਡਾ. ਹਰਜਿੰਦਰ ਸਿੰਘ ਬੇਦੀ ਨੇ ਇਕ ਮੀਟਿੰਗ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਏ.ਡੀ.ਸੀ. (ਜ) ਮੈਡਮ ਕੰਚਨ ਤੇ ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਵੀ ਮੌਜੂਦ ਸਨ। ਏ.ਡੀ.ਸੀ. ਡਾ. ਬੇਦੀ ਨੇ ਇਸ ਮੌਕੇ ਜ਼ਰੂਰੀ ਸੇਵਾਵਾਂ ਵਿੱਚ ਸ਼ਾਮਲ ਪਟਿਆਲਾ ਜ਼ਿਲ੍ਹੇ ਦੇ ਇਨ੍ਹਾਂ ਸਾਰੇ ਵਰਗਾਂ ਦੀਆਂ ਵੋਟਾਂ ਪੋਸਟਲ ਬੈਲਟ ਦੀ ਸਹੂਲਤ ਨਾਲ ਪੁਆਉਣ ਲਈ ਫਾਰਮ 12 ਡੀ ਭਰਵਾਉਣ ਲਈ ਤਾਇਨਾਤ ਕੀਤੇ ਵੱਖ-ਵੱਖ ਨੋਡਲ ਅਫਸਰਾਂ ਨੂੰ ਪੂਰੀ ਪ੍ਰਕ੍ਰਿਆ ਤੋਂ ਜਾਣੂ ਕਰਾਇਆ। ਉਨ੍ਹਾਂ ਦੱਸਿਆ ਕਿ ਜ਼ਰੂਰੀ ਸੇਵਾਵਾਂ ਵਿੱਚ ਸ਼ਾਮਲ ਵਰਗਾਂ ਵਿੱਚ ਆਉਂਦੇ ਵੋਟਰਾਂ ਦੀਆਂ ਵੋਟਾਂ ਪੋਸਟਲ ਬੈਲਟ ਨਾਲ ਪੁਆਉਣ ਲਈ ਉਨ੍ਹਾਂ ਨੂੰ ਫਾਰਮ 12-ਡੀ ਭਰਨਾ ਪਵੇਗਾ, ਜਿਸ ਨੂੰ ਨੋਡਲ ਅਫਸਰਾਂ ਵੱਲੋਂ ਤਸਦੀਕ ਕਰਕੇ 7 ਮਈ ਨੂੰ ਜਾਰੀ ਹੋਣ ਵਾਲੇ ਵੋਟਾਂ ਦੇ ਨੋਟੀਫਿਕੇਸ਼ਨ ਦੇ 5 ਦਿਨਾਂ ਦੇ ਅੰਦਰ-ਅੰਦਰ ਯਾਨੀ 12 ਮਈ ਤੱਕ ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਜਾਂ ਰਿਟਰਨਿੰਗ ਅਫ਼ਸਰ ਕੋਲ ਪੁਚਾਉਣਾ ਲਾਜ਼ਮੀ ਹੋਵੇਗਾ। ਉਨ੍ਹਾਂ ਕਿਹਾ ਕਿ ਸਮੂਹ ਨੋਡਲ ਅਫ਼ਸਰ ਇਹ ਵੀ ਯਕੀਨੀ ਬਣਾਉਣਗੇ ਕਿ ਫਾਰਮ ਵਿੱਚ ਵੋਟਰ ਦਾ ਨਾਂਅ, ਵੋਟਰ ਕਾਰਡ ਦਾ ਨੰਬਰ, ਐਡਰੈੱਸ, ਵੋਟਰ ਸੂਚੀ ਵਿੱਚ ਵੋਟਰ ਦਾ ਸੀਰੀਅਲ ਨੰਬਰ ਦਰਜ ਕਰਾਉਣਗੇ ਤੇ ਇਸ ਦਾ ਰਿਕਾਰਡ ਆਪਣੇ ਦਫ਼ਤਰ ਵਿੱਚ ਵੀ ਰੱਖਣਗੇ।




# ਦੇਸ਼ ਭਗਤ ਗਲੋਬਲ ਸਕੂਲ ਦੇ ਬੱਚਿਆਂ ਨੇ ਧਾਰਮਿਕ ਪ੍ਰੀਖਿਆ 'ਚ ਮਾਰੀਆਂ ਮੱਲਾਂ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)** ਦੇਸ਼ ਭਗਤ ਯੂਨਾਈਟਿਡ ਗਰੁੱਪ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਨਵੰਬਰ 2023 ਵਿੱਚ ਸਿੱਖ ਮਿਸ਼ਨਰੀ ਕਾਲਜ ਰਜਿਸਟਰਡ (ਲੁਧਿਆਣਾ) ਵੱਲੋਂ ਇਕ ਧਾਰਮਿਕ ਪ੍ਰੀਖਿਆ ਲਈ ਗਈ, ਜਿਸ ਵਿੱਚ ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਵਧੀਆ ਅੰਕ ਲੈਣ ਵਾਲੇ ਵਿਦਿਆਰਥੀਆਂ ਨੇ ਸਨਮਾਨ ਹਾਸਿਲ ਕੀਤੇ।ਇਸ ਮੌਕੇ ਮੁੱਖ ਮਹਿਮਾਨ ਸੁਖਦਰਸ਼ਨ ਸਿੰਘ ਬੇਦੀ (ਰਿਟਾਇਰਡ ਡਿਪਟੀ ਡੀ ਈ ਓ), ਮਨਮੋਹਨ ਸਿੰਘ ਕਾਲੜਾ (ਰਿਟਾਇਰਡ ਪੰਜਾਬੀ ਅਧਿਆਪਕ), ਅਵਤਾਰ ਸਿੰਘ, ਬਲਵਿੰਦਰ ਸਿੰਘ, ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਦੇ ਪ੍ਰਿੰਸੀਪਲ ਮੁਨੀਸ਼ ਜੋਸ਼ੀ, ਦੇਸ਼ ਭਗਤ ਕੈਂਪਸ ਦੇ ਸੁਪਰਡੈਂਟ ਮੇਜਰ ਸਿੰਘ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼ ਦੇ ਵਾਈਸ ਪ੍ਰਿੰਸੀਪਲ ਮਨਜਿੰਦਰ ਕੌਰ, ਦੇਸ਼ ਭਗਤ ਕੈਂਪਸ ਦੇ ਅਕਾਊਂਟੈਂਟ ਨਵਦੀਪ ਸਿੰਘ, ਸੁਪਰਵਾਈਜ਼ਰ ਦਿਲਬਾਗ਼ ਸਿੰਘ ਬਾਗੀ ਤੇ ਸਕੂਲ ਦੇ ਸਮੂਹ ਸਟਾਫ ਮੈਂਬਰ ਮੌਜੂਦ ਸਨ।




ਉਨ੍ਹਾਂ ਅੱਵਲ ਰਹਿਣ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਇਸ ਦੇ ਨਾਲ ਨਾਲ ਸੁਖਦਰਸ਼ਨ ਸਿੰਘ ਬੇਦੀ ਨੇ ਬੱਚਿਆਂ ਨੂੰ ਸਿੱਖ ਧਰਮ ਬਾਰੇ ਜਾਣਕਾਰੀ ਦਿੱਤੀ ਤੇ ਅਗਲੇ ਸਾਲ ਇਸ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਤ ਕੀਤਾ।ਮਨਮੋਹਨ ਸਿੰਘ ਕਾਲੜਾ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਅਜਿਹੀ ਪ੍ਰੀਖਿਆ ਵੱਲ ਪ੍ਰੇਰਤ ਕਰਨਾ ਚਾਹੀਦਾ ਹੈ, ਜੋ ਉਨ੍ਹਾਂ ਨੂੰ ਪੱਛਮੀ ਸੱਭਿਅਤਾ ਤੋਂ ਦੂਰ ਕਰ ਸਕੇ ਤੇ ਆਪਣੀ ਸੱਭਿਅਤਾ ਨਾਲ ਜੋੜ ਸਕੇ।ਉਨ੍ਹਾਂ ਬੱਚਿਆਂ ਨੂੰ ਸਿੱਖ ਧਰਮ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਬਹੁਤ ਸਾਰੇ ਬੱਚਿਆਂ ਨੇ ਪ੍ਰੀਖਿਆ ਦੀ ਤਿਆਰੀ ਕਰਦੇ ਸਮੇਂ ਬਹੁਤ ਕੁਝ ਸਿੱਖਿਆ।

ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਭਰੋਸਾ ਦਿਵਾਇਆ ਕਿ ਅਸੀਂ ਅਗਲੇ ਸਾਲ ਤੋਂ ਸਾਡੇ ਬੱਚਿਆਂ ਦੀ ਹੋਰ ਵੀ ਵਧੀਆ ਤਿਆਰੀ ਕਰਵਾ ਕੇ ਪ੍ਰੀਖਿਆ ਦਿਵਾਵਾਂਗੇ ਤਾਂ ਜੁ ਸਾਡੇ ਬੱਚੇ ਵੀ ਉੱਚੀਆਂ ਪੁਜੀਸ਼ਨਾਂ ਲੈ ਕੇ ਆਪਣਾ, ਮਾਪਿਆਂ ਤੇ ਸਕੂਲ ਦਾ ਨਾਂਅ ਰੌਸ਼ਨ ਕਰਨ।

# 'ਪ੍ਰਭਾਵਕ ਮਾਰਕੀਟਿੰਗ : ਪ੍ਰਭਾਵਕਾਂ ਨੂੰ ਕਿਵੇਂ ਲੱਭਿਆ ਜਾਵੇ' ਬਾਰੇ ਵਰਚੁਅਲ ਮਾਹਰ ਭਾਸ਼ਣ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਬਾਬਾ ਫ਼ਰੀਦ ਕਾਲਜ ਦੇ ਮੈਨੇਜਮੈਂਟ ਵਿਭਾਗ ਨੇ ਪ੍ਰਭਾਵਕ ਮਾਰਕੀਟਿੰਗ ਦੀ ਮਹੱਤਤਾ ਤੇ ਪ੍ਰਭਾਵਕਾਂ ਨੂੰ ਲੱਭਣ ਲਈ ਰਣਨੀਤੀਆਂ 'ਤੇ ਕੇਂਦਰਤ ਇੱਕ ਵਰਚੁਅਲ ਮਾਹਿਰ ਭਾਸ਼ਣ ਦਾ ਆਯੋਜਨ ਕੀਤਾ। ਇਸ ਸੈਸ਼ਨ ਦਾ ਉਦੇਸ਼ ਸਮਕਾਲੀ ਮਾਰਕੀਟਿੰਗ ਅਭਿਆਸਾਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਭਾਵਕਾਂ ਦਾ ਲਾਭ ਉਠਾਉਣ ਬਾਰੇ ਮਾਰਕੀਟਿੰਗ ਵਿੱਚ ਮਾਹਿਰ ਬੀ.ਬੀ.ਏ. ਦੇ ਵਿਦਿਆਰਥੀਆਂ ਦੀ ਸਮਝ ਨੂੰ ਵਧਾਉਣਾ ਸੀ।

ਗੈਰੀ ਡਬਲਯੂ. ਰੋਲਿਨਸ ਕਾਲਜ ਆਫ਼ ਬਿਜ਼ਨਸ, ਯੂਨੀਵਰਸਿਟੀ ਆਫ਼ ਟੈਨਸੀ, ਯੂ.ਐਸ.ਏ. ਤੋਂ ਮੈਨੇਜਮੈਂਟ ਦੇ ਪ੍ਰੋਫੈਸਰ ਪੁਸ਼ਪਿੰਦਰ ਗਿੱਲ ਨੇ ਮਾਹਿਰ ਵਜੋਂ ਪ੍ਰਭਾਵਕ ਮਾਰਕੀਟਿੰਗ ਦੇ ਖੇਤਰ ਬਾਰੇ ਡੂੰਘੀ ਜਾਣਕਾਰੀ ਪ੍ਰਦਾਨ ਕੀਤੀ। ਆਪਣੇ ਖੋਜ ਤੇ ਉਦਯੋਗ ਦੇ ਤਜ਼ਰਬੇ ਦੇ ਆਧਾਰ 'ਤੇ ਉਨ੍ਹਾਂ ਨੇ ਉਪਭੋਗਤਾ ਦੇ ਵਿਵਹਾਰ ਤੇ ਬ੍ਰਾਂਡ ਧਾਰਨਾ ਨੂੰ ਆਕਾਰ ਦੇਣ ਵਿੱਚ ਪ੍ਰਭਾਵਕ ਭੂਮਿਕਾਵਾਂ ਦੀ ਵਿਆਖਿਆ ਕੀਤੀ। ਉਨ੍ਹਾਂ ਗੱਲਬਾਤ ਦੀ ਸ਼ੁਰੂਆਤ ਪ੍ਰਭਾਵਕ ਮਾਰਕੀਟਿੰਗ ਦੀ ਧਾਰਨਾ ਦੀ ਖੋਜ ਨਾਲ ਕੀਤੀ, ਜਿਸ ਵਿੱਚ ਰਵਾਇਤੀ ਇਸ਼ਤਿਹਾਰਬਾਜ਼ੀ ਤੋਂ ਪ੍ਰਚਾਰ ਦੇ ਇੱਕ ਵਧੇਰੇ ਪ੍ਰਮਾਣਿਕ ਤੇ ਦਿਲਚਸਪ ਰੂਪ ਵਿੱਚ ਪ੍ਰਭਾਵਕ ਮਾਰਕੀਟਿੰਗ ਦੇ ਵਿਕਾਸ 'ਤੇ ਜ਼ੋਰ ਦਿੱਤਾ। ਪ੍ਰੋਫੈਸਰ ਗਿੱਲ ਨੇ ਪ੍ਰਭਾਵਕ ਵਿਅਕਤੀ ਦੇ ਨਾਲ ਬ੍ਰਾਂਡ ਮੁੱਲਾਂ ਨੂੰ ਇਕਸਾਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਪ੍ਰਭਾਵਕਾਂ ਅਤੇ ਬ੍ਰਾਂਡਾਂ ਵਿਚਕਾਰ ਸਹਿਜੀਵ ਸਬੰਧਾਂ ਨੂੰ ਉਜਾਗਰ ਕੀਤਾ।

ਇਸ ਸੈਸ਼ਨ ਦਾ ਇੱਕ ਮਹੱਤਵਪੂਰਨ ਹਿੱਸਾ ਢੁੱਕਵੇਂ ਪ੍ਰਭਾਵਕਾਂ ਦੀ ਪਛਾਣ ਕਰਨ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਨੂੰ ਸਪੱਸ਼ਟੀਕਰਨ ਲਈ ਸਮਰਪਤ ਸੀ, ਜਿਸ ਦੌਰਾਨ ਪ੍ਰੋਫੈਸਰ ਗਿੱਲ ਨੇ ਵੱਖ-ਵੱਖ ਮਾਪਦੰਡਾਂ ਜਿਵੇਂ ਸਾਰਥਕਤਾ, ਪਹੁੰਚ, ਰੁਝੇਵੇਂ ਤੇ ਭਰੋਸੇਯੋਗਤਾ ਆਦਿ ਦੀ ਰੂਪ-ਰੇਖਾ ਦਿੱਤੀ। ਉਨ੍ਹਾਂ ਨੇ ਪ੍ਰਭਾਵਕ ਪ੍ਰਦਰਸ਼ਨ ਤੇ ਦਰਸ਼ਕ ਜਨਸੰਖਿਆ ਦਾ ਮੁਲਾਂਕਣ ਕਰਨ ਲਈ ਡੇਟਾ ਵਿਸ਼ਲੇਸ਼ਣ ਸਾਧਨਾਂ ਤੇ ਪਲੇਟਫਾਰਮਾਂ ਦਾ ਲਾਭ ਉਠਾਉਣ ਦੀ ਮਹੱਤਤਾ ਨੂੰ ਰੇਖਾਂਕਤ ਕੀਤਾ।

ਇਸ ਗੱਲਬਾਤ ਵਿੱਚ ਵੱਖ-ਵੱਖ ਉਦਯੋਗਾਂ ਵਿੱਚ ਸਫ਼ਲ ਪ੍ਰਭਾਵਕ ਮਾਰਕੀਟਿੰਗ ਮੁਹਿੰਮਾਂ ਨੂੰ ਦਰਸਾਉਣ ਵਾਲੇ ਅਸਲ-ਸੰਸਾਰ ਕੇਸ ਅਧਿਐਨ ਸ਼ਾਮਲ ਕੀਤੇ ਗਏ ਹਨ। ਇਨ੍ਹਾਂ ਕੇਸ ਅਧਿਐਨਾਂ ਨੇ ਇਸ ਗੱਲ ਦੀਆਂ ਠੋਸ ਉਦਾਹਰਣਾਂ ਪ੍ਰਦਾਨ ਕੀਤੀਆਂ ਕਿ ਕਿਵੇਂ ਬ੍ਰਾਂਡਾਂ ਨੇ ਬ੍ਰਾਂਡ ਦੀ ਦਿੱਖ ਨੂੰ ਵਧਾਉਣ, ਖਪਤਕਾਰਾਂ ਦੀ ਸ਼ਮੂਲੀਅਤ ਨੂੰ ਵਧਾਉਣ ਤੇ ਮਾਰਕੀਟਿੰਗ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਪ੍ਰਭਾਵਕਾਂ ਨਾਲ ਸਹਿਯੋਗ ਕੀਤਾ।

ਇਹ ਭਾਸ਼ਣ ਸੁਆਲ ਜਵਾਬ ਦੇ ਇੱਕ ਇੰਟਰੈਕਟਿਵ ਸੈਸ਼ਨ ਦੇ ਨਾਲ ਸਮਾਪਤ ਹੋਇਆ, ਜਿਸ ਦੌਰਾਨ ਵਿਦਿਆਰਥੀਆਂ ਨੂੰ ਪ੍ਰਭਾਵਕ ਮਾਰਕੀਟਿੰਗ ਦੇ ਖਾਸ ਪਹਿਲੂਆਂ 'ਤੇ ਸਪੱਸ਼ਟੀਕਰਨ ਲੈਣ ਅਤੇ ਲਾਗੂ ਕਰਨ ਵਿੱਚ ਚੁਣੌਤੀਆਂ ਦੀ ਭਾਲ ਕਰਨ ਬਾਰੇ ਮਾਹਿਰ ਸਲਾਹ ਪ੍ਰਦਾਨ ਕੀਤੀ ਗਈ। ਮੈਨੇਜਮੈਂਟ ਵਿਭਾਗ ਨੇ ਪ੍ਰੋਫ਼ੈਸਰ ਗਿੱਲ ਦਾ ਉਨ੍ਹਾਂ ਦੇ ਗਿਆਨ ਭਰਪੂਰ ਭਾਸ਼ਣ ਲਈ ਵਿਸ਼ੇਸ਼ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਅਜਿਹੇ ਹੋਰ ਸ਼ੈਸਨਾਂ ਦੀ ਉਮੀਦ ਜਤਾਈ।

# ਹੜਤਾਲੀ ਅਧਿਆਪਕਾਂ ਦੀ ਤਨਖਾਹ ਕੱਟਣ ਖ਼ਿਲਾਫ਼ ਡੀ ਟੀ ਐੱਫ ਵੱਲੋਂ ਪੰਜਾਬ ਭਰ 'ਚ ਅਰਥੀਆਂ ਫੂਕਣ ਦਾ ਐਲਾਨ

**ਮਾਨਸਾ (ਆਤਮਾ ਸਿੰਘ ਪਮਾਰ)** ਸੰਯੁਕਤ ਕਿਸਾਨ ਮੋਰਚੇ ਤੇ ਦੇਸ ਭਰ ਦੀਆਂ ਟਰੇਡ ਜਥੇਬੰਦੀਆਂ ਦੇ ਸੱਦੇ 'ਤੇ 16 ਫਰਵਰੀ ਦੀ ਹੜਤਾਲ ਵਿੱਚ ਭਾਗ ਲੈਣ ਵਾਲੇ ਅਧਿਆਪਕਾਂ ਵਿੱਚੋਂ ਕੁੱਝ ਅਧਿਆਪਕਾਂ ਦੀ ਤਨਖਾਹ ਕੱਟਣ ਦਾ ਮਸਲਾ ਹੋਰ ਭਖਦਾ ਨਜ਼ਰ ਆ ਰਿਹਾ ਹੈ।

ਡੈਮੋਕ੍ਰੇਟਿਕ ਟੀਚਰਜ ਫਰੰਟ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਇਸ ਮਸਲੇ 'ਤੇ 8 ਮਈ ਨੂੰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬ ਭਰ 'ਚ ਜ਼ਿਲ੍ਹਾ ਪੱਧਰੀ ਰੈਲੀਆਂ ਕਰਕੇ ਤਨਖਾਹ ਕੱਟਣ ਵਾਲੇ ਅਧਿਕਾਰੀਆਂ ਦੀ ਅਰਥੀ ਫੂਕਣ ਦਾ ਐਲਾਨ ਕੀਤਾ ਹੈ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਸਕੱਤਰ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਬਠਿੰਡਾ, ਸੰਗਰੂਰ, ਮਾਨਸਾ, ਮੁਕਤਸਰ, ਫ਼ਾਜ਼ਿਲਕਾ ਜ਼ਿਲ੍ਹਿਆਂ ਵਿੱਚ ਕ੍ਰਮਚਾਰੀਆਂ ਦੇ ਹੜਤਾਲ ਕਰਨ ਦੇ ਸੰਵਿਧਾਨਕ ਹੱਕ 'ਤੇ ਡਾਕਾ ਮਾਰਦਿਆਂ ਕੁੱਝ ਸਿੱਖਿਆ ਅਧਿਕਾਰੀਆਂ ਵੱਲੋਂ ਤਾਨਾਸ਼ਾਹੀ ਢੰਗ ਨਾਲ ਸਾਰੇ ਨਿਯਮਾਂ ਨੂੰ ਛਿੱਕੇ ਟੰਗਦਿਆਂ ਕੀਤੀ ਗਈ ਤਨਖਾਹ ਕਟੌਤੀ ਸਬੰਧੀ ਸੰਯੁਕਤ ਕਿਸਾਨ ਮੋਰਚੇ, 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਮੋਰਚੇ, ਭਰਾਤਰੀ ਮਜ਼ਦੂਰ, ਵਿਦਿਆਰਥੀ ਤੇ ਜਨਤਕ ਜਥੇਬੰਦੀਆਂ ਦੁਆਰਾ ਤਨਖਾਹ ਕੱਟਣ ਵਾਲੇ ਅਧਿਕਾਰੀਆਂ ਨਾਲ ਗੱਲਬਾਤ, ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਨ ਅਤੇ ਲੋੜ ਪੈਣ 'ਤੇ ਸੰਘਰਸ਼ ਵੀ ਕੀਤਾ ਜਾ ਰਿਹਾ ਹੈ, ਪ੍ਰੰਤੂ ਉਨ੍ਹਾਂ ਦੁਆਰਾ ਇਸ ਮਸਲੇ ਨੂੰ ਹੱਲ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ, ਜਿਸ ਕਰਕੇ ਜਥੇਬੰਦੀ ਵੱਲੋਂ ਉਕਤ ਫ਼ੈਸਲਾ ਲਿਆ ਗਿਆ ਹੈ।

ਇਹਨਾਂ ਮੁਜ਼ਾਹਰਿਆਂ ਵਿੱਚ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ, ਕੇਂਦਰੀ ਟਰੇਡ ਯੂਨੀਅਨਾਂ, ਮਜ਼ਦੂਰ ਸੰਗਠਨਾਂ, ਅਧਿਆਪਕ ਜਥੇਬੰਦੀਆਂ, ਜਨਤਕ ਜਮਹੂਰੀ ਜਥੇਬੰਦੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਨੂੰ ਹਿਮਾਇਤ ਕਰਨ ਦਾ ਸੱਦਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਅਧਿਕਾਰੀਆਂ ਨੇ ਤਨਖਾਹ ਕਟੌਤੀ ਵਾਪਸ ਨਾ ਲਈ ਤਾਂ ਜ਼ਿਲ੍ਹਾ ਪੱਧਰੀ ਸੰਘਰਸ਼ਾਂ ਤੋਂ ਬਾਅਦ ਮੀਟਿੰਗ ਕਰਕੇ ਚੋਣਾਂ ਤੋਂ ਪਹਿਲਾਂ ਸੂਬਾ ਪੱਧਰ ਦਾ ਸੰਘਰਸ਼ ਵਿੱਢਿਆ ਜਾਵੇਗਾ।

## ਕਤਲ ਕੇਸ 'ਚ ਲੋੜੀਂਦਾ ਵਿਅਕਤੀ ਜੀ.ਆਰ.ਪੀ. ਵੱਲੋਂ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕਰੀਬ ਚਾਰ ਮਹੀਨੇ ਪਹਿਲਾਂ ਮੋਹਾਲੀ ਨੇੜੇ ਰੇਲਵੇ ਟਰੈਕ 'ਤੇ ਕਤਲ ਕਰਕੇ ਸੁੱਟੇ ਗਏ ਦੋ ਨੌਜਵਾਨਾਂ ਦੇ ਮਾਮਲੇ 'ਚ ਲੋੜੀਂਦੇ ਅਕਸ਼ੇ ਨਾਮੀ ਨੌਜਵਾਨ ਨੂੰ ਜੀ.ਆਰ.ਪੀ. ਨੇ ਦੇਹਰਾਦੂਨ ਤੋਂ ਗ੍ਰਿਫਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਉਪਰੋਕਤ ਦਾਅਵਾ ਜੀ.ਆਰ.ਪੀ. ਥਾਣਾ ਸਰਹਿੰਦ ਦੇ ਐਸ.ਐਚ.ਓ. ਥਾਣੇਦਾਰ ਰਤਨ ਲਾਲ ਨੇ ਕੀਤਾ। ਉਨ੍ਹਾਂ ਦੱਸਿਆ ਕਿ 8 ਜਨਵਰੀ ਨੂੰ ਮੋਹਾਲੀ ਨੇੜੇ ਰੇਲਵੇ ਟਰੈਕ ਤੋਂ ਰਾਜ ਕਮਲ (20) ਤੇ ਮਨੀਸ਼ (19) ਵਾਸੀਆਨ ਪਿੰਡ ਜਗਤਪੁਰਾ (ਮੋਹਾਲੀ) ਦੀਆਂ ਲਾਸ਼ਾਂ ਬਰਾਮਦ ਹੋਈਆਂ ਸਨ, ਜਿਸ ਸਬੰਧੀ ਜੀ.ਆਰ.ਪੀ. ਥਾਣਾ ਸਰਹਿੰਦ ਵਿਖੇ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 302, 201, 34 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਕੀਤੀ ਗਈ ਤਫ਼ਤੀਸ਼ ਦੌਰਾਨ ਖੁਲਾਸਾ ਹੋਇਆ ਸੀ ਕਿ ਜਗਤਪੁਰਾ ਵਿਖੇ ਹੀ ਰਹਿ ਰਹੇ ਆਮਿਰ ਉਰਫ ਕਾਕੂ, ਸੁਖਦੇਵ ਕੁਮਾਰ ਉਰਫ ਰਾਹੁਲ, ਅਕਸ਼ੇ ਅਤੇ ਸਾਹਿਲ ਨੇ ਆਪਣੇ ਇੱਕ ਨਾਬਾਲਗ ਸਾਥੀ ਨਾਲ ਮਿਲ ਕੇ ਪਿੰਡ ਜਗਤਪੁਰਾ ਵਿਖੇ ਆਮਿਰ ਉਰਫ਼ ਕਾਕੂ ਦੇ ਕਮਰੇ 'ਚ ਤੇਜ਼ਧਾਰ ਹਥਿਆਰਾਂ ਨਾਲ ਪਹਿਲਾਂ ਰਾਜ ਕਮਲ ਤੇ ਮਨੀਸ਼ ਦਾ ਕਤਲ ਕੀਤਾ ਤੇ ਫਿਰ ਦੋਵਾਂ ਲਾਸ਼ਾਂ ਨੂੰ ਰੇਲਵੇ ਟਰੈਕ 'ਤੇ ਸੁੱਟ ਦਿੱਤਾ।

ਐਸ.ਐਚ.ਓ. ਰਤਨ ਲਾਲ ਨੇ ਦੱਸਿਆ ਕਿ ਇਸ ਮਾਮਲੇ 'ਚ ਲੋੜੀਂਦੇ ਸੁਖਦੇਵ ਕੁਮਾਰ ਉਰਫ਼ ਰਾਹੁਲ, ਆਮਿਰ ਉਰਫ ਕਾਕੂ ਤੇ ਇਨ੍ਹਾਂ ਦੇ ਇੱਕ ਨਾਬਾਲਗ ਸਾਥੀ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ, ਜਦੋਂ ਕਿ ਅਕਸ਼ੇ ਅਤੇ ਸਾਹਿਲ ਦੀ ਭਾਲ ਜਾਰੀ ਸੀ। ਐਸ.ਐਚ.ਓ. ਰਤਨ ਲਾਲ ਨੇ ਦੱਸਿਆ ਕਿ ਅਕਸ਼ੇ ਦੇ ਦੇਹਰਾਦੂਨ ਵਿਖੇ ਲੁਕੇ ਹੋਣ ਦੀ ਸੂਚਨਾ ਮਿਲੀ ਸੀ, ਜਿਸ 'ਤੇ ਸਹਾਇਕ ਥਾਣੇਦਾਰ ਸੁਗਰੀਵ ਚੰਦ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਦੇਹਰਾਦੂਨ ਵਿਖੇ ਛਾਪੇਮਾਰੀ ਕਰਦੇ ਹੋਏ ਅਕਸ਼ੇ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਵਿਅਕਤੀ ਨੂੰ ਮੋਹਾਲੀ ਦੀ ਅਦਾਲਤ 'ਚ ਪੇਸ਼ ਕੀਤਾ ਗਿਆ, ਜਿਸ ਨੂੰ ਅਦਾਲਤ ਨੇ ਤਿੰਨ ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜਣ ਦੇ ਹੁਕਮ ਦਿੱਤੇ।

# 'ਮਿਸ਼ਨ ਸਮਰੱਥ' ਸਰਕਾਰੀ ਸਿੱਖਿਆ ਦੇ ਘਾਣ ਦੀ ਕਵਾਇਦ : ਡੀ.ਟੀ.ਐੱਫ.

**ਤਲਵੰਡੀ ਸਾਬੋ (ਜਗਦੀਪ ਗਿੱਲ)** ਪ੍ਰਥਮ ਨਾਂਅ ਦੀ ਐਨ.ਜੀ.ਓ. ਦੀ ਸਹਾਇਤਾ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਚਲਾਇਆ ਜਾ ਰਿਹਾ 'ਮਿਸ਼ਨ ਸਮਰੱਥ' ਹੁਸ਼ਿਆਰ ਵਿਦਿਆਰਥੀਆਂ ਦੇ ਸਮੇਂ ਦੀ ਬਰਬਾਦੀ ਤੇ ਅਧਿਆਪਕਾਂ ਦੀ ਬੇਲੋੜੀ ਖੱਜਲ-ਖੁਆਰੀ ਦਾ ਸਬੱਬ ਬਣਦਾ ਜਾ ਰਿਹਾ ਹੈ। ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਰੇਸ਼ਮ ਸਿੰਘ ਤੇ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਵਿਦਿਆਰਥੀ ਦਾ ਸਰਵਪੱਖੀ ਵਿਕਾਸ ਹੁੰਦਾ ਹੈ, ਜਿਸਦੇ ਲਈ ਬੜੀ ਖੋਜ ਨਾਲ ਪਾਠਕ੍ਰਮ ਅਤੇ ਪੁਸਤਕਾਂ ਤਿਆਰ ਕੀਤੀਆਂ ਜਾਂਦੀਆਂ ਹਨ ਅਤੇ ਹੋਰ ਸਹਿ-ਵਿੱਦਿਅਕ ਗਤੀਵਿਧੀਆਂ ਉਲੀਕੀਆਂ ਜਾਂਦੀਆਂ ਹਨ, ਪ੍ਰੰਤੂ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਇਸ ਅਖੌਤੀ 'ਮਿਸ਼ਨ' ਰਾਹੀਂ ਸਿਰਫ ਅੱਖਰ ਤੇ ਅੰਕ ਗਿਆਨ ਦੇਣ ਤੱਕ ਸੀਮਤ ਰਹਿ ਕੇ ਹਰੇਕ ਵਿਦਿਆਰਥੀ ਦੇ ਸਰਵਪੱਖੀ ਸਿੱਖਿਆ ਲੈਣ ਦੇ ਬੁਨਿਆਦੀ ਅਧਿਕਾਰ ਦੀ ਉਲੰਘਣਾ ਕਰ ਰਹੀ ਹੈ, ਜੋ 2009 ਵਿੱਚ ਬਣੇ ਮੁਫ਼ਤ ਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਕਾਨੂੰਨ ਰਾਹੀਂ ਸੰਵਿਧਾਨਕ ਤੌਰ 'ਤੇ ਉਨ੍ਹਾਂ ਨੂੰ ਦਿੱਤਾ ਗਿਆ ਹੈ। ਅਸਲ ਵਿੱਚ ਪੰਜਾਬ ਸਰਕਾਰ ਅਜਿਹੇ ਗੈਰ-ਵਿਗਿਆਨਕ ਤੇ ਗੈਰ-ਸੰਵਿਧਾਨਕ ਪ੍ਰਾਜੈਕਟ ਚਲਾ ਕੇ ਆਪਣੀਆਂ ਨਾਕਾਮੀਆਂ ਨੂੰ ਛੁਪਾ ਰਹੀ ਹੈ। ਅਪ੍ਰੈਲ ਮਹੀਨਾ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਸਕੂਲਾਂ ਵਿਚ ਸਾਰੀਆਂ ਕਿਤਾਬਾਂ ਵੰਡੀਆਂ ਨਹੀਂ ਗਈਆਂ। ਵੱਡੀ ਗਿਣਤੀ ਵਿੱਚ ਅਧਿਆਪਕ ਚੋਣ ਡਿਊਟੀਆਂ 'ਤੇ ਸਕੂਲਾਂ ਵਿੱਚੋਂ ਬਾਹਰ ਕੱਢੇ ਹੋਏ ਹਨ। ਅਜਿਹੇ ਵਿੱਚ ਕੰਮ ਚਲਾਊ ਨੀਤੀ ਤਹਿਤ ਇਹ 'ਮਿਸ਼ਨ' ਚਲਾਇਆ ਜਾ ਰਿਹਾ ਹੈ ਅਤੇ ਅਧਿਆਪਕਾਂ 'ਤੇ ਬਿਨਾਂ ਕਿਤਾਬਾਂ ਤੋਂ ਬੱਚਿਆਂ ਨੂੰ ਪੜ੍ਹਾਉਣ ਲਈ ਜ਼ੋਰ ਪਾਇਆ ਜਾ ਰਿਹਾ ਹੈ। ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਅਤੇ ਮੀਤ ਪ੍ਰਧਾਨ ਵਿਕਾਸ ਗਰਗ ਨੇ ਦੋਸ਼ ਲਾਇਆ ਕਿ ਇਸ ਤਰ੍ਹਾਂ ਦੇ ਪ੍ਰੋਜੈਕਟਾਂ ਰਾਹੀਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੂੰ 'ਟ੍ਰੇਨਰਾਂ' ਦੇ ਰੂਪ ਵਿੱਚ ਸਕੂਲਾਂ ਵਿੱਚੋਂ ਬਾਹਰ ਕੱਢ ਕੇ ਪੜ੍ਹਾਈ ਦਾ ਨੁਕਸਾਨ ਤਾਂ ਕੀਤਾ ਹੀ ਜਾ ਰਿਹਾ ਹੈ, ਨਾਲ ਹੀ ਇਹ ਹੁਸ਼ਿਆਰ ਤੇ ਹੋਣਹਾਰ ਵਿਦਿਆਰਥੀਆਂ ਨੂੰ ਪੜ੍ਹਨ ਤੋਂ ਰੋਕ ਕੇ ਉਨ੍ਹਾਂ ਨੂੰ ਕਮਜ਼ੋਰ ਵਿਦਿਆਰਥੀਆਂ ਨਾਲ ਚੱਲਣ ਲਈ ਮਜਬੂਰ ਕਰਨ ਦੀ ਕਵਾਇਦ ਵੀ ਹੈ।



ਵਿੱਤ ਸਕੱਤਰ ਅਨਿਲ ਭੱਟ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜਥੇਬੰਦਕ ਸਕੱਤਰ ਕੁਲਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਅਸਲ ਵਿੱਚ ਮਿਸ਼ਨ ਸਮਰੱਥ ਵਿਵਾਦਤ 'ਪੜ੍ਹੋ ਪੰਜਾਬ' ਪ੍ਰਾਜੈਕਟ ਦੀ ਹੀ ਨਕਲ ਹੈ। ਇਹ ਇਸ ਪੱਖ ਤੋਂ 'ਪੜ੍ਹੋ ਪੰਜਾਬ' ਤੋਂ ਵੀ ਹੀਣਾ ਹੈ ਕਿ ਇਸ ਵਿੱਚ ਵਿਦਿਆਰਥੀ ਦੇ ਭਾਸ਼ਾ ਲਿਖਣ ਦੇ ਕੌਸ਼ਲ ਨੂੰ ਬਿਲਕੁਲ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਸਰਕਾਰੀ ਸਕੂਲਾਂ ਦਾ ਅਕਸ ਖਰਾਬ ਕਰਨ ਲਈ ਅਜਿਹੇ 'ਮਿਸ਼ਨ' ਵੀ ਜ਼ਿੰਮੇਵਾਰ ਹਨ। ਲੰਘੀ 25 ਅਪ੍ਰੈਲ ਨੂੰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਵੱਲੋਂ ਜ਼ਿਲ੍ਹਾ ਸੰਸਥਾਵਾਂ ਵਿੱਚ ਅਧਿਆਪਨ ਦੀ ਪੜ੍ਹਾਈ ਕਰ ਰਹੇ ਸਿਖਿਆਰਥੀ ਅਧਿਆਪਕਾਂ ਨੂੰ ਸਕੂਲਾਂ ਵਿਚ ਜਾ ਕੇ ਮਿਸ਼ਨ ਸਮਰੱਥ ਤਹਿਤ ਵਿਦਿਆਰਥੀਆਂ ਦੀ ਟੈਸਟਿੰਗ ਕਰਨ ਦੇ ਲਿਖਤੀ ਫੁਰਮਾਨ ਜਾਰੀ ਕੀਤੇ ਹਨ।

## ਪੁਲਸ ਪਬਲਿਕ ਸਕੂਲ 'ਚ ਮਨਾਇਆ ਮਜ਼ਦੂਰ ਦਿਵਸ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਥਾਨਕ ਪੁਲਸ ਪਬਲਿਕ ਸਕੂਲ ਵਿਖੇ 1 ਮਈ ਨੂੰ ਦੇਸ਼ ਭਰ 'ਚ ਮਨਾਏ ਜਾਣ ਵਾਲੇ ਮਜ਼ਦੂਰ ਦਿਵਸ ਨੂੰ ਸਮਰਪਤ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਮੌਕੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ ਤੇ ਨਾਚ ਪੇਸ਼ ਕੀਤੇ।ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਵਿਦਿਆਰਥੀਆਂ ਨੂੰ ਮਜ਼ਦੂਰ ਦਿਵਸ ਦੀ ਮੱਹਤਤਾ ਬਾਰੇ ਦੱਸਿਆ।ਇਸ ਦੌਰਾਨ ਉਨ੍ਹਾਂ ਸਕੂਲ ਵਿੱਚ ਕੰਮ ਕਰਦੇ ਦਰਜਾ ਚੌਥਾ ਦੇ ਕਰਮਚਾਰੀਆਂ ਨੂੰ ਜਿੱਥੇ ਵਧਾਈ ਦਿੱਤੀ, ਉਥੇ ਉਨ੍ਹਾਂ ਵੱਲੋਂ ਕੀਤੀ ਜਾਂਦੀ ਸਖਤ ਮਿਹਨਤ ਦੀ ਵੀ ਸ਼ਲਾਘਾ ਕੀਤੀ।

ਇਸ ਦੌਰਾਨ ਵਿਦਿਆਰਥੀਆਂ ਦੁਆਰਾ ਮਜ਼ਦੂਰ ਵਰਗ ਨੂੰ ਸਮਰਪਤ ਕੰਮ ਦੀ ਪੂਜਾ ਕਰਨ ਵਾਲੇ ਤੇ ਮਿਹਨਤ ਤੋਂ ਨਾ ਡਰਨ ਲਈ ਪ੍ਰੇਰਿਤ ਕਰਨ ਵਾਲੇ ਗਾਣੇ ਸੁਰੀਲੀ ਆਵਾਜ਼ 'ਚ ਪੇਸ਼ ਕੀਤੇ ਗਏ।ਇਸ ਦੌਰਾਨ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਵਾਲੇ ਮਜ਼ਦੂਰਾਂ ਦੀ ਮੱਹਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

## ਘਿਨਾਉਣੇ ਅਪਰਾਧਾਂ ਲਈ ਜ਼ਿੰਮੇਵਾਰਾਂ ਵਾਸਤੇ ਵੋਟਾਂ ਮੰਗਣ ਬਦਲੇ ਮੋਦੀ ਦਾ ਫੂਕਿਆ ਪੁਤਲਾ

**ਮਾਨਸਾ, (ਆਤਮਾ ਸਿੰਘ ਪਮਾਰ)** ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਨੇ ਢਾਈ ਹਜ਼ਾਰ ਤੋਂ ਵੱਧ ਔਰਤਾਂ ਨਾਲ ਰੇਪ ਤੇ ਹੋਰ ਕੁਕਰਮ ਕਰਨ ਵਾਲੇ ਐਨ ਡੀ ਏ ਦੇ ਇਕ ਅਤਿ ਘਿਨਾਉਣੇ ਉਮੀਦਵਾਰ ਪ੍ਰਜਵਲ ਰੇਵੰਨਾ ਲਈ ਚੋਣ ਪ੍ਰਚਾਰ ਕਰਨ ਬਦਲੇ ਪ੍ਰਧਾਨ ਮੰਤਰੀ ਮੋਦੀ ਦਾ ਪੁਤਲਾ ਸਾੜਿਆ ਅਤੇ ਮੰਗ ਕੀਤੀ ਕਿ ਜੇਕਰ ਪ੍ਰਧਾਨ ਮੰਤਰੀ ਵਿਚ ਨੈਤਿਕਤਾ ਦਾ ਕੋਈ ਅੰਸ਼ ਬਾਕੀ ਹੈ ਤਾਂ ਉਹ ਆਪਣੇ ਇਸ ਬੱਜਰ ਗੁਨਾਹ ਲਈ ਦੇਸ ਦੀਆਂ ਸਮੂਹ ਔਰਤਾਂ ਤੋਂ ਮੀਡੀਏ ਸਾਹਮਣੇ ਆ ਕੇ ਮਾਫੀ ਮੰਗਣ।



ਗੁਰੂ ਗੋਬਿੰਦ ਸਿੰਘ ਨਗਰ ਵਿਖੇ ਪ੍ਰਧਾਨ ਮੰਤਰੀ ਦਾ ਪੁਤਲਾ ਸਾੜਦਿਆਂ ਏਪਵਾ ਆਗੂਆਂ ਜਸਬੀਰ ਕੌਰ ਨੱਤ ਤੇ ਬਲਵਿੰਦਰ ਕੌਰ ਵੈਰਾਗੀ ਨੇ ਸਵਾਲ ਉਠਾਇਆ ਕਿ ਇਹ ਹੋ ਹੀ ਨਹੀਂ ਸਕਦਾ ਕਿ ਆਪਣੀਆਂ ਖੁਫੀਆ ਏਜੰਸੀਆਂ ਰਾਹੀਂ ਪੂਰੇ ਦੇਸ ਅਤੇ ਸੰਸਾਰ ਦੀ ਹਰ ਛੋਟੀ ਵੱਡੀ ਘਟਨਾ ਉਤੇ ਤਿੱਖੀ ਨਜ਼ਰ ਰੱਖਣ ਵਾਲੇ ਪ੍ਰਧਾਨ ਮੰਤਰੀ ਮੋਦੀ ਜੀ ਨੂੰ ਹਾਸਨ ਲੋਕ ਸਭਾ ਹਲਕੇ ਤੋਂ ਅਪਣੇ ਸਹਿਯੋਗੀ ਦਲ ਜੇਡੀ (ਐਸ) ਦੇ ਸਿਟਿੰਗ ਐਮ.ਪੀ ਤੇ ਮੌਜੂਦਾ ਉਮੀਦਵਾਰ ਪ੍ਰਜਵਲ ਰੇਵੰਨਾ ਦੀਆਂ ਹਜ਼ਾਰਾਂ ਘਿਨਾਉਣੀਆਂ ਕਰਤੂਤਾਂ ਬਾਰੇ ਕੋਈ ਜਾਣਕਾਰੀ ਨਾ ਹੋਵੇ। ਮੀਡੀਆ ਰਿਪੋਰਟਾਂ ਅਨੁਸਾਰ ਤਾਂ ਖੁਦ ਬੀਜੇਪੀ ਦੇ ਜ਼ਿਲ੍ਹਾ ਪ੍ਰਧਾਨ ਨੇ ਬੀਤੇ ਸਾਲ ਪਾਰਟੀ ਲੀਡਰਸ਼ਿਪ ਨੂੰ ਲਿਖੀ ਚਿੱਠੀ ਵਿੱਚ ਇਸ ਵਿਗੜੀ ਮਾਨਸਿਕਤਾ ਵਾਲੇ ਬੰਦੇ ਬਾਰੇ ਪੂਰੀ ਜਾਣਕਾਰੀ ਦਿੱਤੀ ਸੀ, ਪਰ ਤੀਜੀ ਵਾਰ ਸੱਤਾ ਵਿੱਚ ਆਉਣ ਦੇ ਲਾਲਚ ਵਿਚ ਉਸ ਦੇ ਸਭ ਅਮਾਨਵੀ ਕੁਕਰਮਾਂ ਨੂੰ ਨਜ਼ਰਅੰਦਾਜ਼ ਕਰਕੇ 14 ਅਪ੍ਰੈਲ ਨੂੰ ਮੋਦੀ ਨੇ ਇਸ ਉਮੀਦਵਾਰ ਲਈ ਵੋਟਾਂ ਮੰਗਦਿਆਂ ਹੁੱਬ ਕੇ ਕਿਹਾ ਸੀ, 'ਪ੍ਰਜਵਲ ਕੋ ਪੜੀ ਹਰ ਵੋਟ, ਮੋਦੀ ਕੋ ਮਜਬੂਤ ਕਰੇਗੀ।' ਜਦੋਂ ਕਿ ਅਪਣੇ ਘਰ ਕੰਮ ਕਰਦੀ ਔਰਤ ਵੱਲੋਂ ਉਸ ਖਿਲਾਫ਼ ਜਬਰ ਦਾ ਕੇਸ ਦਰਜ ਕਰਾਉਣ ਦੀ ਭਿਣਕ ਪੈਂਦਿਆਂ ਹੀ ਮੋਦੀ ਜੀ ਦਾ ਇਹ ਰੱਥਵਾਨ ਝੱਟ ਦੇਸ ਛੱਡ ਕੇ ਜਿਵੇਂ ਜਰਮਨ ਜਾ ਪੁੱਜਾ, ਉਹ ਵੀ ਕੇਂਦਰ ਸਰਕਾਰ ਦੀ ਮਿਲੀਭੁਗਤ ਤੋਂ ਬਗੈਰ ਸੰਭਵ ਨਹੀਂ ਹੈ।

ਏਪਵਾ ਨੇ ਕਰਨਾਟਕ ਸਰਕਾਰ ਅਤੇ ਨਿਆਂਪਾਲਿਕਾ ਤੋਂ ਇਹ ਵੀ ਮੰਗ ਕੀਤੀ ਹੈ ਕਿ ਇਸ ਘਿਨਾਉਣੇ ਮੁਜਰਮ ਨੂੰ ਜਲਦੀ ਦੇਸ ਵਾਪਸ ਲਿਆਂਦਾ ਜਾਵੇ ਅਤੇ ਜ਼ਿੰਦਗੀ ਭਰ ਲਈ ਕੈਦ ਦੀ ਸਖਤ ਸਜ਼ਾ ਸੁਣਾਈ ਜਾਵੇ।

## ਹੋਲੀ ਹਾਰਟ ਸਕੂਲ 'ਚ ਮਨਾਇਆ ਮਜ਼ਦੂਰ ਦਿਵਸ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਵਿੱਚ ਮਜ਼ਦੂਰ ਦਿਵਸ ਮਨਾਇਆ ਗਿਆ, ਜਿਸ ਵਿੱਚ ਛੋਟੇ ਬੱਚਿਆਂ ਨੇ ਕੁਝ ਪ੍ਰੋਗਰਾਮ ਪੇਸ਼ ਕੀਤੇ, ਜੋ ਮਜ਼ਦੂਰ ਦਿਵਸ ਦੀ ਮਹੱਤਤਾ ਨੂੰ ਦਰਸਾਉਂਦੇ ਸਨ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਡਰਾਈਵਰ ਤੇ ਕੰਡਕਟਰ ਨੂੰ ਸਨਮਾਨਤ ਕਰਦੇ ਹੋਏ ਤੋਹਫੇ ਦਿੱਤੇ ਤੇ ਬੱਚਿਆਂ ਨੂੰ ਮਜ਼ਦੂਰ ਦਿਵਸ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦੀ ਸ਼ੁਰੂਆਤ ਸਭ ਤੋਂ ਪਹਿਲਾਂ 1 ਮਈ 1886 ਨੂੰ ਅਮਰੀਕਾ ਵਿੱਚ ਹੋਈ। ਭਾਰਤ ਵਿੱਚ ਮਜ਼ਦੂਰ ਦਿਵਸ ਦੀ ਸ਼ੁਰੂਆਤ 1 ਮਈ 1923 ਨੂੰ ਹੋਈ ਸੀ। ਇਸ ਦਿਨ ਮਜ਼ਦੂਰਾਂ ਦੇ ਹਿੱਤਾਂ ਦੇ ਬਾਰੇ ਜਾਗਰੂਕਤਾ ਫੈਲਾਈ ਜਾਂਦੀ ਹੈ। ਦੁਨੀਆ ਦੇ ਲਗਭਗ 80 ਦੇਸ਼ਾਂ ਵਿੱਚ ਇਸ ਦਿਨ ਰਾਸ਼ਟਰੀ ਛੁੱਟੀ ਹੁੰਦੀ ਹੈ। ਮਜ਼ਦੂਰ ਸਾਡੇ ਸਮਾਜ ਦਾ ਇੱਕ ਮਹੱਤਵਪੂਰਨ ਅੰਗ ਹੈ। ਸਾਨੂੰ ਕਦੇ ਵੀ ਮਜ਼ਦੂਰਾਂ ਦੇ ਯੋਗਦਾਨ ਨੂੰ ਭੁੱਲਣਾ ਨਹੀਂ ਚਾਹੀਦਾ। ਇਸ ਸਮੇਂ ਸਕੂਲ ਸਟਾਫ ਹਾਜ਼ਰ ਸੀ।

## ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਬੀਜ ਡੀਲਰਾਂ ਦੀਆਂ ਦੁਕਾਨਾਂ ਤੋਂ ਭਰੇ ਸੈਂਪਲ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਸਾਉਣੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਮਿਆਰੀ ਬੀਜ ਉਪਲਬਧ ਕਰਵਾਉਣ ਦੇ ਮੰਤਵ ਨਾਲ ਮੁੱਖ ਖੇਤੀਬਾੜੀ ਅਫਸਰ ਸੰਦੀਪ ਕੁਮਾਰ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਖਮਾਣੋਂ ਬਲਾਕ ਦੇ ਬੀਜ ਡੀਲਰਾਂ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਤੇ ਸੈਂਪਲ ਇਕੱਤਰ ਕਰਕੇ ਟੈਸਟਿੰਗ ਲਈ ਲੈਬਾਰਟਰੀ ਨੂੰ ਭੇਜੇ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਸੰਦੀਪ ਕੁਮਾਰ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਸਾਉਣੀ ਦੇ ਸੀਜ਼ਨ ਦੌਰਾਨ ਮਿਆਰੀ ਬੀਜ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਤੇ ਗੈਰ-ਮਿਆਰੀ ਬੀਜ ਵੇਚਣ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਵੱਖ-ਵੱਖ ਬੀਜ ਡੀਲਰਾਂ ਦੀਆਂ ਦੁਕਾਨਾਂ ਤੋਂ ਸੈਂਪਲ ਭਰ ਕੇ ਟੈਸਟਿੰਗ ਲਈ ਲੈਬ ਵਿੱਚ ਭੇਜੀ ਗਈ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕਿਸਮ ਪੂਸਾ-44 ਬੀਜਣ ਤੋਂ ਗੁਰੇਜ ਕੀਤਾ ਜਾਵੇ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਖੇਤੀ ਮਾਹਰਾਂ ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਬਿਜਾਈ ਹੀ ਕੀਤੀ ਜਾਵੇ।ਉਨ੍ਹਾਂ ਦੱਸਿਆ ਕਿ ਸਿਫਾਰਸ਼ ਕੀਤੀਆਂ ਕਿਸਮਾਂ ਘੱਟ ਸਮੇਂ ਵਿੱਚ ਪੱਕ ਕੇ ਤਿਆਰ ਹੋ ਜਾਂਦੀਆਂ ਹਨ ਤੇ ਇਸ ਨਾਲ ਪਾਣੀ ਦੀ ਬੱਚਤ ਵੀ ਹੁੰਦੀ ਹੈ।ਉਨ੍ਹਾਂ ਕਿਸਾਨਾਂ ਨੂੰ ਇਹ ਅਪੀਲ ਵੀ ਕੀਤੀ ਕਿ ਬੀਜ ਪ੍ਰਾਪਤ ਕਰਨ ਸਮੇਂ ਦੁਕਾਨਦਾਰ ਤੋਂ ਬਿਲ ਜ਼ਰੂਰ ਲਿਆ ਜਾਵੇ।ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ (ਬੀਜ) ਡਾ: ਮੀਨਾ ਰਾਣੀ, ਖੇਤੀਬਾੜੀ ਵਿਕਾਸ ਅਫਸਰ ਡਾ: ਦਮਨ ਝਾਂਜੀ, ਪ੍ਰਿਤਪਾਲ ਸਿੰਘ ਤੇ ਮੁਖਤਿਆਰ ਸਿੰਘ ਮੌਜੂਦ ਸਨ।

## ਅਮਨ ਬਾਲਨ ਨੇ 'ਕਿਸ ਮੇਂ ਕਿਤਨਾ ਹੈ ਦਮ' ਦੇ ਅੰਤਿਮ ਪੜਾਅ 'ਚ ਕੀਤਾ ਪ੍ਰਵੇਸ਼

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ਼ਾਂਤੀ ਵਿੱਦਿਆ ਮੰਦਰ ਦੇ ਵਿਦਿਆਰਥੀ ਅਮਨ ਨੇ ਪ੍ਰਤਿਭਾ ਕਾ ਮਹਾਸੰਗਰਾਮ ਦੇ ਤਹਿਤ ਪ੍ਰੋਗਰਾਮ 'ਕਿਸ ਮੇਂ ਕਿਤਨਾ ਹੈ ਦਮ' ਦੇ ਅੰਤਿਮ ਪੜਾਅ 'ਚ ਪ੍ਰਵੇਸ਼ ਕਰ ਲਿਆ ਹੈ।ਅਮਨ ਨੇ ਏਲਨਾਬਾਦ (ਸਿਰਸਾ) ਵਿੱਚ ਮੁਕਾਬਲੇ ਦੇ ਪਹਿਲੇ ਦੋ ਗੇੜ ਪਾਸ ਕੀਤੇ ਤੇ ਫਿਰ 26 ਅਪ੍ਰੈਲ ਨੂੰ ਮੁੰਬਈ ਵਿੱਚ, ਉਸ ਨੇ ਪਲੇਬੈਕ ਗਾਇਕ ਤੇ ਸੰਗੀਤਕਾਰ ਹਿਮੇਸ਼ ਰੇਸ਼ਮੀਆ ਦੇ ਸ਼ਾਹਿਦ ਖਾਨ ਨਾਲ ਮੁਕਾਬਲਾ ਕੀਤਾ, ਜੋ ਹਿਮਾਚਲ ਦਾ ਰਹਿਣ ਵਾਲਾ ਹੈ, ਜਿਸ ਵਿੱਚ ਅਮਨ ਨੇ ਪਹਿਲੇ ਸਥਾਨ 'ਤੇ ਰਹਿ ਕੇ ਮੈਡਲ ਜਿੱਤਿਆ ਅਤੇ ਪੈਸੇ ਵੀ ਜਿੱਤੇ।ਹੁਣ ਉਸ ਦਾ ਫਾਈਨਲ ਮੁਕਾਬਲਾ ਮੋਹਾਲੀ ਵਿੱਚ ਹੋਵੇਗਾ।ਅਮਨ ਦੀ ਇਸ ਸ਼ਾਨਦਾਰ ਕਾਮਯਾਬੀ 'ਤੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਤੇ ਪ੍ਰਿੰਸੀਪਲ ਰਜਨੀ ਮਡਾਹਰ ਨੇ ਅਮਨ ਦੇ ਮਾਤਾ-ਪਿਤਾ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਭਵਿੱਖ 'ਚ ਵੀ ਅਜਿਹੀ ਵਧੀਆ ਕਾਰਗੁਜ਼ਾਰੀ ਲਈ ਸ਼ੁੱਭ-ਕਾਮਨਾਵਾਂ ਅਤੇ ਆਸ਼ੀਰਵਾਦ ਦਿੱਤਾ।ਉਨ੍ਹਾਂ ਕਿਹਾ ਕਿ ਅਜਿਹੇ ਹੋਣਹਾਰ ਵਿਦਿਆਰਥੀ ਹੀ ਆਪਣੇ ਸਕੂਲ, ਮਾਤਾ-ਪਿਤਾ ਤੇ ਦੇਸ਼ ਦਾ ਨਾਂ ਰੌਸ਼ਨ ਕਰਦੇ ਹਨ।ਉਨ੍ਹਾਂ ਕਿਹਾ ਇਸ ਪ੍ਰਤੀਯੋਗਤਾ ਲਈ ਅਮਨ ਨੂੰ ਜਦ ਵੀ ਸਕੂਲ ਵੱਲੋਂ ਕਿਸੇ ਵੀ ਤਰ੍ਹਾਂ ਦੀ ਮੱਦਦ ਦੀ ਜ਼ਰੂਰਤ ਹੋਵੇਗੀ ਅਸੀਂ ਹਰ ਸੰਭਵ ਸਹਾਇਤਾ ਦੇ ਲਈ ਤਿਆਰ ਹਾਂ ਤੇ ਉਸ ਦੇ ਨਾਲ ਹਾਂ।

## ਮਜ਼ਦੂਰ ਯੂਨੀਅਨ ਵੱਲੋਂ ਨਰੇਗਾ ਦਫ਼ਤਰ ਦਾ ਘਿਰਾਓ

**ਫ਼ਾਜ਼ਿਲਕਾ, (ਕ੍ਰਿਸ਼ਨ ਸਿੰਘ)** ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਵੱਲੋਂ ਨਰੇਗਾ ਦਫ਼ਤਰ ਦਾ ਘਿਰਾਓ ਕੀਤਾ ਗਿਆ। ਇਸ ਮੌਕੇ ਉਨ੍ਹਾਂ ਸਬੰਧਤ ਨਰੇਗਾ ਜੀਆਰਐਸ ਤੇ ਏਪੀਓ ਨੂੰ ਉਨ੍ਹਾਂ ਦੇ ਦਫਤਰਾਂ ਵਿੱਚ ਬੰਦ ਕਰਕੇ ਰੋਸ ਪ੍ਰਗਟ ਕੀਤਾ। ਇਸ ਦੌਰਾਨ ਉਨ੍ਹਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ ਗਈ।

ਇਸ ਮੌਕੇ ਨਰਿੰਦਰ ਢਾਬਾ, ਸੁਬੇਗ ਸਿੰਘ ਅਤੇ ਹੋਰ ਆਗੂਆਂ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਨਰੇਗਾ ਦਫਤਰ ਦੇ ਜੀਆਰਐਸ ਅਤੇ ਏਪੀਓ ਵੱਲੋਂ ਪਾਰਟੀਬਾਜ਼ੀ ਕਰਕੇ ਨਰੇਗਾ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਗਿਆ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਡੀਸੀ ਨੂੰ ਮੰਗ ਪੱਤਰ ਸੌਂਪਿਆ ਗਿਆ, ਜਿਸ ਤੋਂ ਬਾਅਦ ਡੀਸੀ ਫ਼ਾਜ਼ਿਲਕਾ ਵੱਲੋਂ ਭਰੋਸਾ ਦਿੱਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਡੀਸੀ ਖ਼ਿਲਾਫ਼ ਪੁਤਲਾ ਫੂਕ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਗਿਆ। ਜਦੋਂ ਇਸ ਮਾਮਲੇ ਨੂੰ ਲੈ ਕੇ ਉਨ੍ਹਾਂ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਜਾਣਾ ਸੀ ਤਾਂ ਡੀਸੀ ਦੇ ਹੁਕਮਾਂ 'ਤੇ ਸਬੰਧਤ ਜੀਆਰਐਸ ਤੇ ਏਪੀਓ ਖ਼ਿਲਾਫ਼ ਕਾਰਵਾਈ ਕਰਨ ਦੀ ਗੱਲ ਕਹੀ ਗਈ। ਇਸ ਦੇ ਬਾਵਜੂਦ ਉਹ ਦੋਵੇਂ ਮੁਲਾਜ਼ਮ ਅਜੇ ਵੀ ਆਪੋ-ਆਪਣੇ ਖੇਤਰਾਂ ਵਿੱਚ ਮੌਜੂਦ ਹਨ।



ਜਿਸ ਕਾਰਨ ਸਬੰਧਤ ਜੀਆਰਐਸ ਅਤੇ ਏਪੀਓ ਵੱਲੋਂ ਆਪਣੇ ਦਫਤਰਾਂ ਨੂੰ ਤਾਲੇ ਲਗਾ ਕੇ ਰੋਸ ਪਾਇਆ ਜਾ ਰਿਹਾ ਹੈ।

ਉਨ੍ਹਾਂ ਮੰਗ ਕੀਤੀ ਹੈ ਕਿ ਸਬੰਧਤ ਜੀਆਰਐਸ ਅਤੇ ਏਪੀਓ 'ਤੇ ਜਲਦੀ ਤੋਂ ਜਲਦੀ ਕਾਰਵਾਈ ਕੀਤੀ ਜਾਵੇ। ਇਸ ਤੋਂ ਇਲਾਵਾ ਨਰੇਗਾ ਤਹਿਤ ਰੁਜ਼ਗਾਰ ਮੰਗਣ ਵਾਲੇ ਨਰੇਗਾ ਮਜ਼ਦੂਰਾਂ ਨੂੰ ਉਸਾਰੀ ਦਾ ਕੰਮ ਦਿੱਤਾ ਜਾਵੇ।

ਇਸ ਸਬੰਧੀ ਜਦੋਂ ਸਬੰਧਤ ਜੀਆਰਐਸ ਸੁਭਾਸ਼ ਕੁਮਾਰ ਅਤੇ ਏਪੀਓ ਸੰਦੀਪ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ। ਆਪਣੇ ਅਹੁਦੇ 'ਤੇ ਬਰਕਰਾਰ ਰਹਿਣ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਅਜੇ ਤੱਕ ਉਨ੍ਹਾਂ ਨੂੰ ਪ੍ਰਸ਼ਾਸਨ ਵੱਲੋਂ ਕੋਈ ਲਿਖਤੀ ਹੁਕਮ ਨਹੀਂ ਮਿਲਿਆ ਹੈ। ਜਦੋਂ ਉਨ੍ਹਾਂ ਨੂੰ ਲਿਖਤੀ ਹੁਕਮ ਮਿਲਣਗੇ ਤਾਂ ਉਹ ਹੁਕਮਾਂ ਦੀ ਪਾਲਣਾ ਕਰਨਗੇ।

## ਮਦਰ ਇੰਡੀਆ ਸਕੂਲ ਦੇ ਪ੍ਰਿੰਸੀਪਲ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਮੈਰੀਲੈਂਡ ਸਟੇਟ ਯੂਨੀਵਰਸਿਟੀ, ਯੂਐਸਏ ਨੇ ਮਦਰ ਇੰਡੀਆ ਪਬਲਿਕ ਸਕੂਲ ਦੀ ਪ੍ਰਿੰਸੀਪਲ ਨੀਤਿਕਾ ਗੁਪਤਾ ਨੂੰ ਸਿੱਖਿਆ ਤੇ ਭਾਈਚਾਰਕ ਸਮਾਜਿਕ ਸੇਵਾਵਾਂ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਪੀਐਚਡੀ ਦੀ ਡਿਗਰੀ (ਆਨਰ) ਪ੍ਰਦਾਨ ਕੀਤੀ ਗਈ ਹੈ।ਇੰਦਰਾਪੁਰਮ ਹੈਬੀਟੇਟ ਸੈਂਟਰ, ਗਾਜ਼ੀਆਬਾਦ ਵਿੱਚ ਆਯੋਜਿਤ ਸਮਾਰੋਹ ਵਿੱਚ ਸ੍ਰੀ ਜਤਿੰਦਰ ਮਨੀ ਤ੍ਰਿਪਾਠੀ ਆਈਪੀਐਸ, ਸ੍ਰੀ ਅਤੁਲ ਚੌਧਰੀ ਆਈਆਰਐਸ, ਪਦਮ ਸ਼੍ਰੀ ਜਿਤੇਂਦਰ ਸਿੰਘ ਸ਼ੰਟੀ ਵਿਧਾਇਕ ਦਿੱਲੀ ਅਤੇ ਅਮਰੀਕਾ ਤੋਂ ਆਏ ਪਤਵੰਤੇ ਸੱਜਣਾਂ ਨੇ ਡਿਗਰੀ ਪ੍ਰਦਾਨ ਕੀਤੀ।ਇਹ ਵੱਕਾਰੀ ਸਨਮਾਨ ਅਕਾਦਮਿਕ ਤੇ ਸਮਾਜਿਕ ਸੇਵਾਵਾਂ ਦੇ ਖੇਤਰ ਵਿੱਚ ਅਕਾਦਮਿਕ ਉੱਤਮਤਾ ਅਤੇ ਨਵੀਨਤਾਕਾਰੀ ਅਗਵਾਈ ਨੂੰ ਮਾਨਤਾ ਦਿੰਦਾ ਹੈ।ਸਕੂਲ ਦੇ ਚੇਅਰਮੈਨ ਸ਼੍ਰੀ ਰਾਕੇਸ਼ ਗਰਗ ਅਤੇ ਡਾਇਰੈਕਟਰ ਸ਼੍ਰੀਮਤੀ ਡਾ. ਵੀਨਾ ਰਾਣੀ ਨੇ ਡਾਕਟਰ ਨੀਤਿਕਾ ਗੁਪਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਇਨ੍ਹਾਂ ਦੀ ਸਿੱਖਿਆ ਅਤੇ ਸਮਾਜਿਕ ਸੇਵਾਵਾਂ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ।ਸਟਾਫ਼ ਨੇ ਵੀ ਉਨ੍ਹਾਂ ਦੀ ਭਵਿੱਖ ਵਿੱਚ ਸਫ਼ਲਤਾ ਦੀ ਕਾਮਨਾ ਕੀਤੀ।

## ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਨੇ ਲਗਾਇਆ ਮੈਡੀਕਲ ਕੈਂਪ

**ਮਾਨਸਾ, (ਆਤਮਾ ਸਿੰਘ ਪਮਾਰ)**-ਮਾਲਵਾ ਖੇਤਰ ਦੀ ਸ੍ਰੀ ਗੁਰੂ ਰਵਿਦਾਸ ਚਰਨ ਛੋਹ ਗੰਗਾ ਇਤਿਹਾਸਕ ਸਥਾਨ ਪ੍ਰਬੰਧਕ ਕਮੇਟੀ ਨੇ ਡੇਰਾ ਗਿੱਲ ਪੱਤੀ ਬਠਿੰਡਾ ਵਿਖੇ ਮੁਫ਼ਤ ਮੈਡੀਕਲ ਕੈਂਪ ਸੰਗਤਾਂ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀਆਂ, ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਕਮੇਟੀਆਂ, ਭਗਵਾਨ ਵਾਲਮੀਕਿ ਪ੍ਰਬੰਧਕ ਕਮੇਟੀਆਂ ਨੇ ਸ਼ਿਰਕਤ ਕੀਤੀ।ਸੰਤ ਸੰਮੇਲਨ ਵਿੱਚ ਮੁੱਖ ਮਹਿਮਾਨ ਸ੍ਰੀ 108 ਸੰਤ ਨਿਰੰਜਨ ਦਾਸ ਜੀ ਮਹਾਰਾਜ ਪਹੁੰਚੇ।ਇਸ ਮੌਕੇ ਬਾਬਾ ਕਰਮ ਚੰਦ, ਡਾ. ਗਮਦੂਰ ਸਿੰਘ ਸ਼ੇਰ ਖਾਂ, ਮੇਵਾ ਸਿੰਘ ਮਹਿਮੀ, ਸੁਰਿੰਦਰ ਕੁਮਾਰ, ਅੰਮ੍ਰਿਤਪਾਲ ਬਰੇ ਨੇ ਸੰਗਤਾਂ ਦਾ ਸਵਾਗਤ ਕੀਤਾ।ਕੁਲਦੀਪ ਹਰਿਆਉ, ਸਤਨਾਮ ਸਿੰਘ ਲਹਿਰਾਂ, ਮਹਿੰਦਰ ਗੁਰਨੇ ਖੁਰਦ, ਗੁਰਦੀਪ ਸਿੰਘ ਵਰ੍ਹੇ ਨੇ ਕੈਂਪ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸੰਤ ਸੰਮੇਲਨ ਤੇ ਕੀਰਤਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੈਂਕੜਿਆਂ ਦੀ ਤਾਦਾਦ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਕੈਂਪ ਦੀ ਸਫਲਤਾ ਤੇ ਧੰਨਵਾਦ ਕਰਦੇ ਹੋਏ ਡਾ. ਗਮਦੂਰ ਸਿੰਘ ਸ਼ੇਰਖਾਂ ਨੇ ਕਿਹਾ ਕਿ ਸੰਗਤਾਂ ਤੇ ਮਰੀਜ਼ਾਂ ਲਈ ਖੂਨ ਦੀ ਪੂਰਤੀ ਲਈ ਮੈਡੀਕਲ ਕੈਂਪ ਅੱਜ ਦੀ ਮੁੱਖ ਲੋੜ ਹੈ ਅਤੇ ਅਜਿਹੇ ਸਮਾਜ ਭਲਾਈ ਦੇ ਕੰਮਾਂ ਲਈ ਉਨ੍ਹਾਂ ਦੀ ਸੰਸਥਾ ਹਮੇਸ਼ਾ ਸਹਿਯੋਗ ਕਰਦੀ ਰਹੇਗੀ।



## ਡਾ. ਅਮਰ ਸਿੰਘ ਨੂੰ ਟਿਕਟ ਮਿਲਣ 'ਤੇ ਵਰਕਰਾਂ 'ਚ ਭਾਰੀ ਉਤਸ਼ਾਹ



**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)**-ਲੋਕ ਸਭਾ ਚੋਣਾਂ ਵਿੱਚ ਹਲਕਾ ਫਤਿਹਗੜ੍ਹ ਸਾਹਿਬ ਤੋਂ ਕਾਂਗਰਸ ਪਾਰਟੀ ਨੂੰ ਵੱਡੀ ਜਿੱਤ ਦਿਵਾਉਣ ਲਈ ਵਰਕਰ ਪੂਰੀ ਤਰ੍ਹਾਂ ਸਰਗਰਮ ਹੋ ਗਈ, ਜਿਸ ਵਿੱਚ ਵਰਕਰਾਂ ਵੱਲੋਂ ਕਿਹਾ ਗਿਆ ਕਿ ਡਾ. ਅਮਰ ਸਿੰਘ ਨੂੰ ਮੈਂਬਰ ਪਾਰਲੀਮੈਂਟ ਬਣਾਉਣ ਲਈ ਕਾਂਗਰਸ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਵੱਡੀ ਲੀਡ ਨਾਲ ਜਿੱਤ ਦਰਜ ਕਰਵਾਈ ਜਾਵੇਗੀ।ਇਸ ਮੌਕੇ ਜਗਵੀਰ ਸਿੰਘ ਸਲਾਣਾ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਗੁਰਧਨਪੁਰ ਪ੍ਰਧਾਨ ਸਰਪੰਚ ਯੂਨੀਅਨ, ਕਾਮਰੇਡ ਸੁਖਦੇਵ ਸਿੰਘ ਟਿੱਬੀ, ਸਿਮਰਨਜੀਤ ਕੌਰ ਬਰੌਂਗਾ ਪ੍ਰਧਾਨ ਦਿਹਾਤੀ ਮਹਿਲਾ ਕਾਂਗਰਸ, ਸ਼ਿਵ ਕੁਮਾਰ ਗਰਗ, ਗੁਰਬਚਨ ਸਿੰਘ ਕਾਹਨਪੁਰਾ, ਪਰਮਜੀਤ ਕੌਰ ਬਰੌਂਗਾ, ਮੇਲਾ ਸਿੰਘ, ਪ੍ਰਵੀਨ ਬਰੌਂਗਾ, ਰਿਸਵ ਪਜਨੀ, ਗੁਰਪ੍ਰੀਤ ਗੁਰਧਨਪੁਰ, ਪੀ ਏ ਮਨਪ੍ਰੀਤ ਸਿੰਘ ਮਿੰਟਾ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਨਾਕੇਬੰਦੀ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਕੀਤੇ ਜਾ ਰਹੇ ਸਖਤ ਪ੍ਰਬੰਧਾਂ ਦੇ ਚਲਦਿਆਂ ਪੁਲਿਸ ਵੱਲੋਂ ਡੀਐਸਪੀ ਪਾਤੜਾਂ ਦਲਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਨਾਕੇਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਬਿਨਾਂ ਨੰਬਰ ਅਤੇ ਕਾਗ਼ਜ਼ਾਂ ਤੋਂ ਚੱਲਦੇ ਦਰਜਨਾਂ ਦੀ ਗਿਣਤੀ ਵਿੱਚ ਵਾਹਨਾਂ ਦੇ ਚਲਾਨ ਕੱਟਣ ਦੇ ਨਾਲ ਨਾਲ ਬੰਦ ਕੀਤਾ ਗਿਆ।



ਡੀਐਸਪੀ ਪਾਤੜਾਂ ਦਲਜੀਤ ਸਿੰਘ ਵਿਰਕ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਉੱਤੇ ਨਿਰਵਿਘਨ ਤੇ ਸ਼ਾਂਤੀਪੂਰਵਕ ਚੋਣਾਂ ਕਰਾਉਣ ਦੇ ਮਕਸਦ ਨਾਲ ਸਮਾਜ ਵਿਰੋਧੀ ਅਨਸਰਾਂ ਉੱਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਬ ਡਵੀਜ਼ਨ ਪਾਤੜਾਂ ਦੇ ਇਲਾਕੇ ਵਿੱਚ ਲੱਗਦੀ ਹਰਿਆਣਾ ਦੀ ਅੰਤਰਰਾਜੀ ਹੱਦ ਉੱਤੇ ਆਉਣ ਜਾਣ ਵਾਲਿਆਂ ਉੱਤੇ ਨਜ਼ਰ ਰੱਖਣ ਲਈ ਪੁਲਸ ਪਾਰਟੀਆਂ ਵੱਲੋਂ ਵਿਸ਼ੇਸ਼ ਨਾਕੇਬੰਦੀ ਕੀਤੀ ਜਾਂਦੀ ਹੈ।ਉਨ੍ਹਾਂ ਅਸਲਾ ਧਾਰਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੁਲਸ ਵੱਲੋਂ ਕੀਤੀਆਂ ਗਈਆਂ ਹਦਾਇਤਾਂ ਨੂੰ ਧਿਆਨ ਵਿੱਚ ਰੱਖਦਿਆਂ ਆਪਣੇ ਹਥਿਆਰ ਥਾਣਿਆਂ ਵਿੱਚ ਜਮਾਂ ਕਰਾਉਣ ਦੇ ਨਾਲ-ਨਾਲ ਆਉਣ ਜਾਣ ਲਈ ਵਰਤਣ ਵਾਲੇ ਵਾਹਨਾਂ ਲਈ ਨਿਯਮਾਂ ਅਨੁਸਾਰ ਕਾਗ਼ਜ਼ ਨਾਲ ਲੈ ਕੇ ਚੱਲਣ ਤਾਂ ਜੁ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਥਾਣਾ ਮੁਖੀ ਪਾਤੜਾਂ ਜਸਪ੍ਰੀਤ ਸਿੰਘ ਤੇ ਟ੍ਰੈਫ਼ਿਕ ਪੁਲਿਸ ਦੇ ਇੰਚਾਰਜ ਸੁਖਪਾਲ ਸਿੰਘ ਹਾਜ਼ਰ ਸਨ।

# ਜਾਤ-ਪਾਤ, ਧਰਮ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸਾਰੇ ਵਰਗਾਂ ਦੀ ਭਲਾਈ ਲਈ ਕੀਤਾ ਕੰਮ : ਮਾਨ



**ਸ਼ੇਰਪੁਰ/ਮਹਿਲ ਕਲਾਂ, (ਪ੍ਰਵੀਨ ਸਿੰਘ)** ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਨੇ ਹਲਕਾ ਮਹਿਲ ਕਲਾਂ ਦੇ ਦੌਰੇ ਦੌਰਾਨ ਸ਼ੇਰਪੁਰ, ਰਾਮਗੜ੍ਹ ਛੰਨਾ, ਕੁਰੜ ਤੇ ਹਮੀਦੀ ਵਿਖੇ ਸੰਗਤ ਦਰਸ਼ਨ ਕਰਕੇ ਲੋਕ ਹੱਕਾਂ ਦੀ ਰਾਖੀ, ਹਲਕੇ ਦੀ ਤਰੱਕੀ ਤੇ ਝੂਠੇ ਵਾਅਦੇ ਕਰਕੇ ਮੁੱਕਰਨ ਵਾਲੀਆਂ ਪਾਰਟੀਆਂ ਨੂੰ ਸਬਕ ਸਿਖਾਉਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦਾ ਸਾਥ ਦੇਣ ਦੀ ਅਪੀਲ ਕੀਤੀ।

ਵੱਖ-ਵੱਖ ਥਾਂਵਾਂ 'ਤੇ ਹੋਏ ਲੋਕਾਂ ਦੇ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਅਸੀਂ ਦੂਜੀਆਂ ਸਿਆਸੀ ਪਾਰਟੀਆਂ ਵਾਂਗੂ ਝੂਠੇ ਵਾਅਦੇ ਨਹੀਂ ਕਰਦੇ। ਅਸੀਂ ਤੁਹਾਨੂੰ ਭਰੋਸਾ ਦੁਆਉਂਦੇ ਹਾਂ ਕਿ ਤੁਹਾਡੇ ਹਰ ਦੁੱਖ-ਸੁੱਖ ਦੇ ਸਾਥੀ ਬਣ ਕੇ ਰਹਾਂਗੇ। ਕਿਸੇ ਨਾਲ ਵੀ ਕੋਈ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ, ਜੋ ਵਾਅਦੇ ਸਰਕਾਰਾਂ ਭੁੱਲ ਚੁੱਕੀਆਂ ਹਨ, ਉਨ੍ਹਾਂ ਨੂੰ ਦਬਾਅ ਪਾ ਕੇ ਪੂਰਾ ਕਰਵਾਉਣ ਦਾ ਯਤਨ ਕੀਤਾ ਜਾਵੇਗਾ।

ਮਾਨ ਨੇ ਆਪਣੇ ਪਿਛਲੇ ਦੋ ਸਾਲਾਂ ਦੀ ਕਾਰਗੁਜ਼ਾਰੀ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਉਨ੍ਹਾਂ ਨੇ ਜਾਤ-ਪਾਤ, ਧਰਮ ਅਤੇ ਪਾਰਟੀਬਾਜ਼ੀ ਤੋਂ ਉੱਪਰ ਉਠ ਕੇ ਸਾਰੇ ਵਰਗਾਂ ਦੀ ਭਲਾਈ ਲਈ ਕੰਮ ਕੀਤਾ ਹੈ। ਹਿੰਦੂ, ਮੁਸਲਿਮ, ਸਿੱਖ ਸਾਰੇ ਵਰਗਾਂ ਦੀ ਭਲਾਈ ਲਈ ਬਿਨਾਂ ਪੱਖਪਾਤ ਤੋਂ ਗ੍ਰਾਂਟਾ ਵੰਡੀਆਂ ਗਈਆਂ ਹਨ। ਪਿੰਡ-ਪਿੰਡ ਕੈਂਪ ਲਾ ਕੇ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪੁੱਜਦਾ ਕੀਤਾ ਗਿਆ ਹੈ। ਅੰਗਹੀਣਾਂ ਨੂੰ ਨਕਲੀ ਅੰਗ, ਮੋਟਰਰਾਈਜਡ ਟ੍ਰਾਈਸਾਈਕਲਾਂ ਤੇ ਹੋਰ ਸਹਾਇਕ ਉਪਕਰਨ ਵੰਡੇ ਗਏ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡ ਮੈਦਾਨ ਤਿਆਰ ਕਰਵਾਏ, ਵੱਡੇ ਪੱਧਰ 'ਤੇ ਜਿੰਮ ਅਤੇ ਖੇਡ ਕਿੱਟਾਂ ਵੰਡੀਆਂ ਗਈਆਂ। ਅਨੇਕਾਂ ਸੜਕਾਂ ਦੇ ਨਿਰਮਾਣ ਦਾ ਕੰਮ ਮੰਨਜ਼ੂਰ ਕਰਾਇਆ।

## ਦਸਮੇਸ਼ ਮਿਸ਼ਨ ਸਕੂਲ ਨੇ ਅੰਤਰਰਾਸ਼ਟਰੀ ਪੱਧਰ 'ਤੇ ਜਿੱਤੇ ਮੈਡਲ



**ਕੋਟਕਪੂਰਾ (ਰਛਪਾਲ ਭੁੱਲਰ)**-ਅੰਤਰਰਾਸ਼ਟਰੀ ਪੱਧਰ ਦੀ ਸੰਸਥਾ ਸਿਲਵਰ ਜ਼ੋਨ ਓਲੰਪੀਅਡ ਦੁਆਰਾ ਕਰਵਾਈਆਂ ਗਈਆਂ ਵੱਖ-ਵੱਖ ਵਿਸ਼ਿਆਂ ਦੀਆਂ ਪ੍ਰੀਖਿਆਵਾਂ ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੇ 10 ਵਿਦਿਆਰਥੀਆਂ ਨੇ ਗੋਲਡ ਮੈਡਲ ਹਾਸਲ ਕੀਤੇ ਹਨ।ਇਨ੍ਹਾਂ ਪ੍ਰੀਖਿਆਵਾਂ ਵਿੱਚ ਕੁੱਲ 23 ਵਿਦਿਆਰਥੀਆਂ ਨੇ ਭਾਗ ਲਿਆ ਸੀ।ਇਸ ਤੋਂ ਬਿਨਾਂ 3 ਵਿਦਿਆਰਥੀਆਂ ਨੇ ਸਿਲਵਰ ਮੈਡਲ ਅਤੇ 2 ਵਿਦਿਆਰਥੀਆਂ ਨੇ ਕਾਂਸੀ ਦੇ ਤਮਗੇ ਹਾਸਲ ਕੀਤੇ।ਇਨ੍ਹਾਂ ਪ੍ਰੀਖਿਆਵਾਂ ਵਿੱਚ ਗੁਰਜੀਤ ਸਿੰਘ, ਲੈਕਚਰਾਰ ਕੈਮਿਸਟਰੀ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਨ੍ਹਾਂ ਪ੍ਰਾਪਤੀਆਂ 'ਤੇ ਸਕੂਲ ਦੇ ਐੱਮ. ਡੀ. ਸ੍ਰ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸੋਮਾ ਦੇਵੀ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਨਾਲ ਵਿਦਿਆਰਥੀ ਭਵਿੱਖ ਵਿੱਚ ਹੋਣ ਵਾਲੀਆਂ ਪ੍ਰੀਖਿਆਵਾਂ ਲਈ ਸੰਪੂਰਨ ਤਿਆਰ ਹੁੰਦੇ ਹਨ।

# ਮਧੂਮੱਖੀ ਪਾਲਣ ਬਾਰੇ ਕਿੱਤਾ-ਮੁਖੀ ਸਿਖਲਾਈ ਕੋਰਸ ਕਰਾਇਆ

**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)** ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਮਧੂਮੱਖੀ ਪਾਲਣ ਦੇ ਧੰਦੇ ਨੂੰ ਪ੍ਰਫੁੱਲਤ ਕਰਨ ਬਾਰੇ ਇੱਕ ਪੰਜ-ਰੋਜ਼ਾ ਸਿਖਲਾਈ ਕੋਰਸ ਆਯੋਜਤ ਕੀਤਾ ਗਿਆ। ਇਹ ਸਿਖਲਾਈ ਕੋਰਸ ਵਿਸ਼ੇਸ਼ ਤੌਰ 'ਤੇ ਇੰਡੋ ਤਿੱਬਤੀ ਬਾਰਡਰ ਪੁਲਸ (ਆਈ.ਟੀ.ਬੀ.ਪੀ) ਦੇ ਅਧਿਕਾਰੀਆਂ ਅਤੇ ਜਵਾਨਾਂ ਲਈ ਕਰਾਇਆ ਗਿਆ, ਤਾਂ ਜੁ ਭਾਰਤ ਸਰਕਾਰ ਦੇ ਆਦੇਸ਼ ਅਨੁਸਾਰ ਆਈ.ਟੀ.ਬੀ.ਪੀ. ਕੈਂਪ ਵਿਚ ਮਧੂਮੱਖੀ ਪਾਲਣ ਦਾ ਕੰਮ ਸ਼ੁਰੂ ਕਰਾਇਆ ਜਾ ਸਕੇ ਅਤੇ ਫੋਰਸ ਦੇ ਅਧਿਕਾਰੀਆਂ ਅਤੇ ਜਵਾਨਾਂ ਦੀ ਸਿਹਤ ਬਰਕਰਾਰ ਰੱਖਣ ਲਈ ਉਨ੍ਹਾਂ ਨੂੰ ਸ਼ੁੱਧ ਸ਼ਹਿਦ ਉਪਲੱਬਧ ਕਰਵਾਇਆ ਜਾ ਸਕੇ।ਇਸ ਟ੍ਰੇਨਿੰਗ ਵਿੱਚ ਇੰਡੋ ਤਿੱਬਤੀ ਬਾਰਡਰ ਪੁਲਸ ਦੇ 30 ਅਧਿਕਾਰੀਆਂ ਅਤੇ ਜਵਾਨਾਂ ਨੇ ਹਿੱਸਾ ਲਿਆ।ਸਿਖਲਾਈ ਦੇ ਕੋਰਸ ਕੁਆਰਡੀਨੇਟਰ ਡਾ. ਹਰਦੀਪ ਸਿੰਘ ਸਭਿਖੀ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਜਾਣਕਾਰੀ ਦਿੱਤੀ ਕਿ ਮਧੂਮੱਖੀ ਪਾਲਣ ਇਕ ਅਜਿਹਾ ਲਾਹੇਵੰਦ ਧੰਦਾ ਹੈ ਜਿਸ ਨੂੰ ਘੱਟ ਖਰਚੇ ਨਾਲ ਸ਼ੁਰੂ ਕਰਕੇ ਜਲਦੀ ਆਮਦਨ ਕਮਾਈ ਜਾ ਸਕਦੀ ਹੈ।



ਇਸ ਧੰਦੇ ਲਈ ਜ਼ਿਆਦਾ ਸਮਾਂ ਜਾਂ ਮਿਹਨਤ ਦੀ ਜ਼ਰੂਰਤ ਨਾ ਹੋਣ ਕਰਕੇ ਇਸ ਨੂੰ ਪੁਲਿਸ ਫੋਰਸ ਦੇ ਜਵਾਨ ਆਪਣੀ ਡਿਊਟੀ ਦੇ ਨਾਲ-ਨਾਲ ਵੀ ਅਸਾਨੀ ਨਾਲ ਕਰ ਸਕਦੇ ਹਨ।ਇਸ ਸਿਖਲਾਈ ਕੋਰਸ ਵਿਚ ਡਾ. ਗੁਰਉਪਦੇਸ਼ ਕੌਰ, ਇੰਚਾਰਜ, ਕੇ.ਵੀ.ਕੇ, ਪਟਿਆਲਾ ਨੇ ਆਏ ਹੋਏ ਜਵਾਨਾਂ ਨੂੰ ਚੰਗੀ ਸਿਹਤ ਬਰਕਰਾਰ ਰੱਖਣ ਲਈ ਸ਼ਹਿਦ ਦੀ ਭੂਮਿਕਾ ਬਾਰੇ ਦੱਸਦਿਆਂ ਹੋਇਆ ਇਸ ਨੂੰ ਆਪਣੀ ਰੋਜ਼ਾਨਾ ਖੁਰਾਕ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਤੇ ਜੰਮੇ ਹੋਏ ਸ਼ਹਿਦ ਦੀ ਗੁਣਵੱਤਾ ਬਾਰੇ ਚਾਨਣਾ ਪਾਇਆ। ਡਾ. ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ) ਨੇ ਮਧੂਮੱਖੀਆਂ ਲਈ ਲੋੜੀਂਦੇ ਫੁੱਲ-ਫਲਾ ਕੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾ. ਗੁਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਜਵਾਨਾਂ ਨਾਲ ਆਰਗੈਨਿਕ ਸ਼ਹਿਦ ਤਿਆਰ ਕਰਨ ਦੇ ਨੁਕਤੇ ਸਾਂਝੇ ਕੀਤੇ।ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ) ਨੇ ਸ਼ਹਿਦ ਦੀ ਪ੍ਰੋਸੈਸਿੰਗ, ਪੈਕਿੰਗ ਤੇ ਲੇਬਲਿੰਗ ਦੀ ਤਕਨੀਕ ਬਾਰੇ ਸਿਖਲਾਈ ਦਿੱਤੀ।

ਇਸ ਟ੍ਰੇਨਿੰਗ ਵਿੱਚ ਡਾ. ਜੀ.ਪੀ.ਐਸ. ਸੋਢੀ, ਵਧੀਕ ਨਿਰਦੇਸ਼ਕ (ਪਸਾਰ ਸਿੱਖਿਆ), ਪੀ.ਏ.ਯੂ., ਲੁਧਿਆਣਾ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਅਤੇ ਆਈ.ਟੀ.ਬੀ.ਪੀ. ਦੇ ਅਧਿਕਾਰੀਆਂ ਤੇ ਜਵਾਨਾਂ ਵੱਲੋਂ ਦੇਸ਼ ਦੀ ਸੁਰੱਖਿਆ ਕਰਨ ਵਿਚ ਪਾਏ ਜਾਂਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਮਧੂਮੱਖੀ ਪਾਲਣ ਦੁਆਰਾ ਭਾਰਤ ਦੀ ਪੋਸ਼ਣ ਸੁਰੱਖਿਆ ਵਿਚ ਵੀ ਹਿੱਸਾ ਪਾਉਣ ਲਈ ਪ੍ਰੇਰਿਤ ਕੀਤਾ।

# ਰੋੜੂਆਣਾ 'ਚ ਈਥਾਨੋਲ ਦੀ ਫੈਕਟਰੀ ਦੇ ਵਿਰੋਧ 'ਚ ਇਲਾਕਾ ਨਿਵਾਸੀਆਂ ਲਗਾਇਆ ਧਰਨਾ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਬਲਾਕ ਨੂਰਪੁਰ ਬੇਦੀ ਦੇ ਪਿੰਡ ਰੋੜੂਆਣਾ ਵਿੱਚ ਲੱਗ ਰਹੀ ਈਥਾਨੋਲ ਦੀ ਫੈਕਟਰੀ ਦੀਆਂ ਚੱਲ ਰਹੀਆਂ ਚਰਚਾਵਾਂ ਨੂੰ ਲੈ ਕੇ ਕਿਰਤੀ ਕਿਸਾਨ ਮੋਰਚਾ ਰੂਪਨਗਰ ਅਤੇ ਇਲਾਕੇ ਦੀਆਂ ਸਮੂਹ ਜਥੇਬੰਦੀਆਂ ਵਲੋਂ ਉਕਤ ਫੈਕਟਰੀ ਦੀ ਬਣ ਰਹੀ ਇਮਾਰਤ ਲਾਗੇ ਫੈਕਟਰੀ ਦੇ ਵਿਰੋਧ ਵਿੱਚ ਧਰਨਾ ਲਗਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਮੋਰਚਾ ਦੇ ਪ੍ਰਧਾਨ ਵੀਰ ਸਿੰਘ ਬੜ੍ਹਵਾ ਨੇ ਕਿਹਾ ਕਿ ਫੈਕਟਰੀ ਦੇ ਮਾਲਕ ਵਲੋਂ ਸੜਕ ਦੇ ਕਿਨਾਰੇ ਅਮੂਲ ਮਿਲਕ ਪਲਾਂਟ ਦਾ ਸਾਈਨ ਬੋਰਡ ਲਗਾ ਕਿ ਕੋਈ ਈਥਾਨੋਲ ਦੀ ਫੈਕਟਰੀ ਲਗਾਈ ਜਾ ਰਹੀ ਹੈ ਜੋ ਇਲਾਕੇ ਲਈ ਬਹੁਤ ਹੀ ਖ਼ਤਰਨਾਕ ਸਿੱਧ ਹੋਵੇਗੀ। ਇਸ ਲਈ ਇਸ ਫੈਕਟਰੀ ਨੂੰ ਕਿਸੇ ਵੀ ਹੱਦ ਤੱਕ ਨਹੀਂ ਲੱਗਣ ਦਿੱਤਾ ਜਾਵੇਗਾ। ਇਸ ਮੌਕੇ ਸਮਾਜ ਸੇਵੀ ਗੌਰਵ ਰਾਣਾ ਨੇ ਕਿਹਾ ਦਕ ਜਿਥੇ ਇਹ ਇਲਾਕੇ ਵਿੱਚ ਗੈਰਕਾਨੂੰਨੀ ਮਾਈਨਿੰਗ ਹੋਣ ਨਾਲ ਇਲਾਕਾ ਪਹਿਲਾ ਹੀ ਪ੍ਰੇਸ਼ਾਨੀਆਂ ਨਾਲ ਜੂਝ ਰਿਹਾ ਹੈ ਉੱਥੇ ਉਕਤ ਫੈਕਟਰੀ ਦੇ ਲੱਗ ਜਾਣ ਕਾਰਨ ਇਲਾਕੇ ਦੀਆਂ ਆਉਣ ਵਾਲਿਆਂ ਨਸਲਾਂ ਵੀ ਤਬਾਹ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਜੇਕਰ ਸਾਨੂੰ ਇਹ ਖ਼ਤਰਨਾਕ ਫੈਕਟਰੀ ਨੂੰ ਬੰਦ ਕਰਵਾਉਣ ਲਈ ਕੁਰਬਾਨੀ ਵੀ ਦੇਣੀ ਪਈ ਤਾਂ ਵੀ ਤਿਆਰ ਹਨ ਪਰ ਫੈਕਟਰੀ ਚੱਲਣ ਨਹੀਂ ਦੇਵਾਂਗੇ। ਉਨ੍ਹਾਂ ਕਿਹਾ ਕੇ ਆਸਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਕਿਸੇ ਹੋਰ ਕਾਰੋਬਾਰ ਦਾ ਪ੍ਰੋਜੈਕਟ ਦੱਸ ਕੇ ਹਨੇਰੇ ਵਿੱਚ ਰੱਖਿਆ ਜਾ ਰਿਹਾ ਹੈ ਜਿਸ ਕਰਕੇ ਇਲਾਕਾ ਨਿਵਾਸੀਆਂ ਵਲੋਂ ਪਾਰਟੀਬਾਜ਼ੀ ਨੂੰ ਛੱਡ ਕੇ ਇਲਾਕੇ ਦੀ ਖੁਸ਼ਹਾਲੀ ਲਈ ਫੈਕਟਰੀ ਨੂੰ ਬੰਦ ਕਰਵਾਉਣ ਲਈ ਧਰਨਾ ਲਗਾਇਆ ਗਿਆ। ਇਸ ਸੰਘਰਸ਼ ਲਈ ਫੋਰਮ ਕੀਤੀ 11 ਮੈਂਬਰੀ ਕਮੇਟੀ ਨੇ ਫੈਸਲਾ ਲਿਆ ਕਿ ਮਈ ਤੋਂ ਲਗਾਤਾਰ ਆਸਪਾਸ ਦੇ ਪਿੰਡਾਂ 'ਚ ਇਸ ਈਥਾਨੋਲ ਫੈਕਟਰੀ ਨਾਲ ਹੋਣ ਵਾਲੇ ਨੁਕਸਾਨ ਦੀ ਜਾਣਕਾਰੀ ਦੇਣ ਲਈ ਜਾਗਰੂਕਤਾ ਰੈਲੀਆਂ ਕੀਤੀਆਂ ਜਾਣਗੀਆਂ। ਅੱਜ ਬਾਅਦ ਦੁਪਹਿਰ ਕਰੀਬ ਢਾਈ ਵਜੇ ਉਸ ਵੇਲੇ ਮਾਹੌਲ ਤਨਾਅਪੂਰਨ ਬਣ ਗਿਆ ਜਦੋਂ ਐਸ ਡੀ ਐਮ ਅਨੰਦਪੁਰ ਸਾਹਿਬ ਨੇ ਧਰਨਾਕਾਰੀਆਂ ਨੂੰ ਤੁਰੰਤ ਇਥੋਂ ਧਰਨਾ ਖਤਮ ਕਰਨ ਲਈ ਕਿਹਾ। ਇਸ ਧਰਨੇ ਦੀ ਸੂਚਨਾ ਮਿਲਣ 'ਤੇ ਪੁਲਸ ਪ੍ਰਸ਼ਾਸਨ ਵੀ ਹਰਕਤ ਵਿੱਚ ਆ ਕੇ ਧਰਨੇ ਵਾਲੀ ਜਗ੍ਹਾ 'ਤੇ ਇਕੱਠਾ ਹੋ ਗਿਆ। ਧਰਨੇ ਵਿੱਚ ਪਹੁੰਚੇ ਹਲਕਾ ਵਿਧਾਇਕ ਦਿਨੇਸ਼ ਚੱਢਾ ਨੇ ਇਲਾਕਾ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਮੈਂ ਆਪਣੇ ਇਲਾਕੇ ਦੇ ਲੋਕਾਂ ਨਾਲ ਧੋਖਾ ਨਹੀਂ ਹੋਣ ਦੇਵਾਂਗਾ ਅਤੇ ਫੈਕਟਰੀ ਦੇ ਮਾਲਕਾਂ ਨਾਲ ਇਲਾਕੇ ਦੇ ਮੋਹਤਬਰ ਵਿਅਕਤੀਆਂ ਨਾਲ ਗੱਲਬਾਤ ਕਰਕੇ ਹੀ ਅਗਲੀ ਕਾਰਵਾਈ ਤੱਕ ਬਿਲਡਿੰਗ ਦੀ ਉਸਾਰੀ ਦਾ ਕੰਮ ਬੰਦ ਕਰਵਾਉਣ ਲਈ ਪੁਲਸ ਪ੍ਰਸ਼ਾਸਨ ਨੂੰ ਹਦਾਇਤ ਕੀਤੀ। ਖ਼ਬਰ ਲਿਖੇ ਜਾਣ ਤੱਕ ਧਰਨਾ ਜਾਰੀ ਰਿਹਾ। ਇਸ ਧਰਨੇ ਨੂੰ ਹਲਕਾ ਵਿਧਾਇਕ ਦਿਨੇਸ਼ ਚੱਢਾ, ਵੀਰ ਸਿੰਘ ਬੜ੍ਹਵਾ ਪ੍ਰਧਾਨ ਕਿਰਤੀ ਕਿਸਾਨ ਮੋਰਚਾ, ਸਮਾਜ ਸੇਵੀ ਗੌਰਵ ਰਾਣਾ, ਡਾਕਟਰ ਦਵਿੰਦਰ ਬਜਾੜ੍ਹ, ਬਾਬਾ ਸੋਹਣ ਸਿੰਘ, ਮੰਗਲ ਸਿੰਘ ਗਿੱਲ, ਸਰਪੰਚ ਸ਼ਿੰਗਾਰਾ ਸਿੰਘ ਹੀਰਪੁਰ, ਜਰਨੈਲ ਸਿੰਘ ਗੰਨੂਰਾਂ, ਸਰਪੰਚ ਭਾਗ ਸਿੰਘ ਡੂਮੇਵਾਲ, ਚੌਧਰੀ ਹੁਸਨ ਚੰਦ ਚੌਹਾਨ, ਦਰਬਾਰਾ ਸਿੰਘ ਬਾਲਾ, ਸੁੱਚਾ ਸਿੰਘ ਮੰਡੇਰ, ਸ਼ਿੰਦ ਪਾਲ ਰੋੜੂਆਣਾ, ਚੌਧਰੀ ਕਮਲਜੀਤ ਰੋੜੂਆਣਾ, ਨੰਦ ਲਾਲ, ਹਰਮੇਸ਼ ਸਿੰਘ ਠੋਡਾ, ਨਰੇਸ਼ ਸਿੰਘ, ਮੰਗਲ ਸਿੰਘ ਗਿੱਲ,ਆਦਿ ਨੇ ਸੰਬੋਧਨ ਕੀਤਾ

# ਜੀ ਜੀ ਐੱਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਲਖਿੰਦਰ (ਮਿਆਣੀ) ਦਾ ਨਤੀਜਾ 100 ਫੀਸਦੀ ਰਿਹਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਕਲਾਸ ਦੇ ਨਤੀਜੇ ਵਿੱਚ ਗੁਰੂ ਗੋਬਿੰਦ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਲਖਿੰਦਰ ਮਿਆਣੀ ਦਾ ਸਾਇੰਸ ਅਤੇ ਆਰਟਸ ਦਾ ਨਤੀਜਾ 100% ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਕੁਲਦੀਪ ਰਾਜ ਨੇ ਦੱਸਿਆ ਕਿ ਸਾਇੰਸ ਗਰੁੱਪ 'ਚੋਂ ਅਮਰਜੋਤ ਸਿੰਘ ਪੁੱਤਰ ਅਵਨਿੰਦਰ ਸਿੰਘ ਨੇ 438/500 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ, ਮਨਦੀਪ ਕੌਰ ਪੁੱਤਰੀ ਸੁੱਖਵਿੰਦਰ ਸਿੰਘ 421/500 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਦੂਸਰਾ ਤੇ ਰਵਿੰਦਰ ਸਿੰਘ ਪੁੱਤਰ ਭਗਵਾਨ ਸਿੰਘ 417/500 ਨੇ ਅੰਕ ਪ੍ਰਾਪਤ ਕਰਕੇ ਸਕੂਲ ਚੋਂ ਤੀਸਰਾ ਸਥਾਨ ਹਾਸਲ ਕੀਤਾ ਇਸੇ ਤਰ੍ਹਾਂ ਹੀ ਆਰਟਸ ਗਰੁੱਪ ਵਿੱਚ ਅਮਰਜੀਤ ਕੌਰ ਪੁੱਤਰੀ ਲਖਵਿੰਦਰ ਸਿੰਘ 420/500 ਅੰਕ ਪ੍ਰਾਪਤ ਕਰਕੇ ਪਹਿਲਾ, ਗਗਨਦੀਪ ਸਿੰਘ 414 /500 ਅੰਕ ਪ੍ਰਾਪਤ ਕਰਕੇ ਦੂਸਰਾ ਤੇ ਮਨਪ੍ਰੀਤ ਕੌਰ ਪੁੱਤਰੀ ਜਰਨੈਲ ਸਿੰਘ 410/500 ਸਕੂਲ ਚੋਂ ਤੀਸਰਾ ਸਥਾਨ ਹਾਸਲ ਕੀਤਾ। ਇਸ ਸਮੇਂ ਪ੍ਰਿੰਸੀਪਲ ਕੁਲਦੀਪ ਰਾਜ ਤੇ ਸਮੂਹ ਸਟਾਫ ਮੈਂਬਰਾਂ ਨੇ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਚੰਗੇ ਅੰਕ ਪ੍ਰਾਪਤ ਕਰਕੇ ਪਾਸ ਹੋਏ ਵਿਦਿਆਰਥੀਆਂ ਦੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ ਹੈ। ਇਸ ਮੌਕੇ ਦਵਿੰਦਰ ਸਿੰਘ ਲਾਡੀ, ਮੈਡਮ ਹਰਜਿੰਦਰ ਕੌਰ ,ਮੈਡਮ ਸੁਖਦੀਪ ਕੌਰ , ਗੁਰਮੀਤ ਕੌਰ, ਜਸਵਿੰਦਰ ਕੌਰ, ਪ੍ਰਭਜੋਤ ਕੌਰ, ਸ਼ਰਨਜੀਤ ਕੌਰ, ਸਤਵਿੰਦਰ ਕੌਰ ਅਤੇ ਹੋਰ ਸਟਾਫ ਮੈਂਬਰ ਵੀ ਹਾਜਰ ਸਨ।

# ਜਲਵੇਹੜਾ 'ਚ ਸਾਲਾਨਾ ਸੰਤ ਸਮਾਗਮ ਤੇ ਧਾਰਮਿਕ ਸਮਾਗਮ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਜਲਵੇਹੜਾ ਕੁਟੀਆ ਸੰਤ ਬਾਬਾ ਹਜ਼ਾਰਾ ਸਿੰਘ ਅਤੇ ਡੇਰਾ ਸੁੱਚਾ ਦਰਬਾਰ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਲਾਨਾ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ 3 ਮਈ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੇਵਾਦਾਰ ਬਾਬਾ ਹਰਭਜਨ ਸਿੰਘ ਮਾਲਕਪੁਰ, ਪ੍ਰਿੰਸੀਪਲ ਅਸ਼ੋਕ ਕੁਮਾਰ ਪਰਮਾਰ ਪਾਸ਼ਟਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 3 ਮਈ ਸਮਾਗਮ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਸੰਤ ਮਹਾਂਪੁਰਸ਼, ਰਾਗੀ, ਢਾਡੀ ਜਥੇ, ਕਵੀਸ਼ਰੀ ਜਥੇ, ਪ੍ਰਚਾਰਕ ਗੁਰਇਤਿਹਾਸ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਸਤਵਿੰਦਰ ਪਾਲ ਕੁੱਕੀ ਨੂੰ ਅੰਤਿਮ ਸ਼ਰਧਾਂਜਲੀ



ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )- ਪੱਤਰਕਾਰ ਲਵਲੀ ਦੇ ਮਾਮਾ ਸਵਰਗੀ ਸਤਵਿੰਦਰ ਪਾਲ ਕੁੱਕੀ (ਯੂ ਐੱਸ ਏ) ਦਾ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਹਰਿਸਰ ਸਾਹਿਬ, ਮੁਹੱਲਾ ਕਿਲਾ ਨੂਰਮਹਿਲ ਵਿਖੇ ਹੋਇਆ। ਸਤਵਿੰਦਰ ਪਾਲ ਕੁੱਕੀ ਦੇ ਨਮਿਤ ਰੱਖੇ ਗਏ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਹਲਕਾ ਨਕੋਦਰ ਦੇ ਐਮ.ਐਲ.ਏ ਇੰਦਰਜੀਤ ਕੌਰ ਮਾਨ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਇੰਚਾਰਜ ਡਾ. ਨਵਜੋਤ ਸਿੰਘ ਦਹੀਆ, ਜ਼ਿਲ੍ਹਾ ਜਲੰਧਰ ਭਾਜਪਾ ਦੇ ਪ੍ਰਧਾਨ ਮਨੀਸ਼ ਧੀਰ, ਕੌਂਸਲਰ ਜੰਗ ਬਹਾਦਰ ਕੋਹਲੀ, ਕੌਂਸਲਰ ਅਨਿਲ ਮੈਹਨ, ਕੌਂਸਲਰ ਦੀਪਕ ਕੁਮਾਰ ਦੀਪੂ, ਕੌਂਸਲਰ ਰਾਜੀਵ ਮਿਸਰ, ਟਰੇਡ ਵਿੰਗ ਜੁਆਇੰਟ ਸਕੱਤਰ ਪੰਜਾਬ ਆਪ ਅਸ਼ਵਨੀ ਕੋਹਲੀ ਨਕੋਦਰ, ਪੱਤਰਕਾਰ ਭਾਈਚਾਰਾ, ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਜਥੇਬੰਦੀਆਂ ਨੇ ਇਸ ਮੌਕੇ ਕੁੱਕੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਲੇਬਰ ਡੇ ਮਨਾਇਆ

**ਕਪੂਰਥਲਾ,( ਹਨੀ )**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਦੀ ਅਗਵਾਈ ਵਿੱਚ ਲੇਬਰ ਡੇ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਐਨ ਸੀ ਸੀ ਕੈਡਿਟਸ ਨੇ ਆਪਣੇ ਹੱਥੀਂ ਉਪਹਾਰ ਤਿਆਰ ਕਰਕੇ ਸਕੂਲ ਦੇ ਡਰਾਈਵਰਾਂ ਅਤੇ ਕਿਰਤੀਆਂ ਨੂੰ ਤੋਹਫੇ ਵਜੋਂ ਦਿੱਤੇ । ਇਸ ਦੌਰਾਨ ਅਦਾਰੇ ਵੱਲੋਂ ਵੀ ਉਨ੍ਹਾਂ ਨੂੰ ਲੇਬਰ ਡੇ ਦੇ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਿਰਤੀਆਂ ਅਤੇ ਡਰਾਈਵਰਾਂ ਦੀਆਂ ਦੌੜਾਂ ਲਗਵਾਈਆਂ ਗਈਆਂ ਅਤੇ ਵੱਖ ਵੱਖ ਖੇਡਾਂ ਵੀ ਕਰਵਾਈਆਂ ਗਈਆਂ । ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਉੱਨਤੀ ਵਿਚ ਮਿਹਨਤੀ ਤੇ ਕਿਰਤੀਆਂ ਦਾ ਵੱਡਾ ਯੋਗਦਾਨ ਹੁੰਦਾ ਹੈ । ਇਸ ਦੌਰਾਨ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਕਿਹਾ ਕਿ ਸਾਨੂੰ ਕਦੇ ਵੀ ਮਿਹਨਤਕਸ਼ਾਂ ਦਾ ਹੱਕ ਨਹੀਂ ਰੱਖਣਾ ਚਾਹੀਦਾ ਅਤੇ ਉਨ੍ਹਾਂ ਨੂੰ ਦੂਜਿਆਂ ਵਾਂਗ ਸਨਮਾਨ ਦੇਣਾ ਚਾਹੀਦਾ ਹੈ ।



# ਕਮਿਸ਼ਨਰੇਟ ਪੁਲਸ ਨੇ ਕਾਨੂੰਨ ਤੋੜਨ ਵਾਲਿਆਂ ਖ਼ਿਲਾਫ਼ ਕਾਰਵਾਈ ਕੀਤੀ ਤੇਜ਼



**ਜਲੰਧਰ ( ਸ਼ੈਲੀ ਐਲਬਰਟ)**- ਕਮਿਸ਼ਨਰੇਟ ਪੁਲਸ ਜਲੰਧਰ ਜਨਤਕ ਸੁਰੱਖਿਆ ਲਈ ਮੋਡੀਫਾਈਡ ਸਾਈਲੈਂਸਰਾਂ ਦੀ ਵਰਤੋਂ ਕਰਨ ਵਾਲਿਆਂ ਖਿਲਾਫ ਸਰਗਰਮੀ ਨਾਲ ਮੁਕਾਬਲਾ ਕਰ ਰਹੀ ਹੈ, ਨਾਲ ਹੀ ਛੇੜਛਾੜ, ਕਾਨੂੰਨ ਦੀ ਉਲੰਘਣਾ ਵਾਲੇ ਮੁੱਦਿਆਂ ਨੂੰ ਹੱਲ ਕਰ ਰਹੀ ਹੈ। ਕੁਝ ਦਿਨ ਪਹਿਲਾਂ, ਕਮਿਸ਼ਨਰੇਟ ਪੁਲਿਸ ਨੇ ਨਿਯਮਾਂ ਨੂੰ ਲਾਗੂ ਕਰਨ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਰੋਕਣ ਲਈ ਆਪਣੀ ਵਚਨਬੱਧਤਾ ਨੂੰ ਦਰਸਾਉਂਦੇ ਹੋਏ, ਮੋਡੀਫਾਈਡ ਸਾਈਲੈਂਸਰ ਵਾਲੇ 50 ਮੋਟਰਸਾਈਕਲਾਂ ਨੂੰ ਜ਼ਬਤ ਕੀਤਾ ਸੀ।ਇਸ ਤੋਂ ਇਲਾਵਾ, ਮੋਡੀਫਾਈਡ ਸਾਈਲੈਂਸਰਾਂ ਦੀ ਨਿਰੰਤਰ ਵਰਤੋਂ ਲਈ ਗੰਭੀਰ ਕਾਨੂੰਨੀ ਪ੍ਰਭਾਵਾਂ ਨੂੰ ਉਜਾਗਰ ਕਰਦੇ ਹੋਏ ਪੁਲਸ ਨੇ ਚੇਤਾਵਨੀਆਂ ਵੀ ਜਾਰੀ ਕੀਤੀਆਂ ਸਨ।30 ਅਪ੍ਰੈਲ ਨੂੰ ਪੁਲਸ ਨੇ ਸ਼ਹਿਰ ਭਰ ਵਿੱਚ ਸਖ਼ਤ ਬੈਰੀਕੇਡਿੰਗ ਅਤੇ ਨਾਕਾਬੰਦੀ ਕਰਕੇ ਆਪਣੀ ਕਾਰਵਾਈ ਤੇਜ਼ ਕਰ ਦਿੱਤੀ। ਇਨ੍ਹਾਂ ਉਪਾਵਾਂ ਦੇ ਨਤੀਜੇ ਵਜੋਂ ਤਿੰਨ ਮਕੈਨਿਕਾਂ ਸਮੇਤ ਅੱਠ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਵਿਰੁੱਧ ਐਫ ਆਈ ਆਰ ਦਰਜ ਕੀਤੀ ਗਈ। ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਖਾਸ ਤੌਰ 'ਤੇ ਕੇਂਦਰੀ ਸਬ-ਡਵੀਜ਼ਨ ਵਿੱਚ ਤਿੰਨ, ਪੱਛਮੀ ਕੈਂਟ ਸਬ-ਡਵੀਜ਼ਨਾਂ ਵਿੱਚ ਦੋ-ਦੋ ਅਤੇ ਉੱਤਰੀ ਸਬ ਡਵੀਜ਼ਨ ਵਿੱਚ ਇੱਕ ਐਫ ਆਈ ਆਰ ਦਰਜ ਕੀਤੀਆਂ ਗਈਆਂ ਹਨ।

# ਢਾਡੀ ਹਰਵਿੰਦਰ ਕੌਰ ਖਾਲਸਾ ਦਾ ਇੰਗਲੈਂਡ ਤੋਂ ਪਰਤਣ 'ਤੇ ਭਰਵਾਂ ਸਵਾਗਤ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ )**- ਬੀਬੀ ਹਰਵਿੰਦਰ ਕੌਰ ਖਾਲਸਾ ਦਾ ਇੰਗਲੈਂਡ ਤੋਂ ਪਰਤਣ 'ਤੇ ਪਿੰਡ ਤਖਤਗੜ੍ਹ ਵਿਖੇ ਪਹੁੰਚਣ 'ਤੇ ਪਿੰਡ ਵਾਸੀਆਂ ਵੱਲੋਂ ਢੋਲ ਢਮੱਕੇ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਬੀਬੀ ਹਰਵਿੰਦਰ ਕੌਰ ਖਾਲਸਾ ਨੇ ਦੱਸਿਆ ਕਿ ਉਹ ਢਾਡੀ ਜਥੇ ਸਮੇਤ ਕਰੀਬ ਸਾਢੇ ਪੰਜ ਮਹੀਨੇ ਪਹਿਲਾਂ ਇੰਗਲੈਂਡ ਵਿਖੇ ਗਈ ਸੀ। ਇਸ ਢਾਡੀ ਜਥੇ ਵਿੱਚ ਪਰਮਜੀਤ ਸਿੰਘ ਪ੍ਰਚਾਰਕ, ਬੀਬੀ ਅਮਰਜੀਤ ਕੌਰ ਖਾਲਸਾ, ਪਰਮਜੀਤ ਸਿੰਘ ਸਾਰੰਗੀ ਮਾਸਟਰ ਅਤੇ ਉਹ ਖੁਦ ਸਨ। ਉਨ੍ਹਾਂ ਦੱਸਿਆ ਕਿ ਉਹ ਇੰਗਲੈਂਡ ਵਿਖੇ ਸਾਢੇ ਪੰਜ ਮਹੀਨੇ ਰਹੇ ਜਿੱਥੇ ਉਨ੍ਹਾਂ ਨੇ ਵੱਖ-ਵੱਖ ਗੁਰਦੁਆਰਿਆਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਅਤੇ ਸਿੱਖੀ ਇਤਿਹਾਸ ਤੋਂ ਲੋਕਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਇੰਗਲੈਂਡ ਵਿਖੇ ਵੱਖ ਵੱਖ ਗੁਰਦੁਆਰਿਆਂ ਵਿੱਚ ਉਨ੍ਹਾਂ ਨੂੰ ਭਰਵਾਂ ਸਨਮਾਨ ਦਿੱਤਾ ਗਿਆ। ਉਨਾਂ ਦੱਸਿਆ ਕਿ ਉਥੋਂ ਦੇ ਲੋਕਾਂ ਨੇ ਵੀ ਸਿੱਖੀ ਇਤਿਹਾਸ ਨੂੰ ਉਤਸ਼ਾਹ ਨਾਲ ਸੁਣਿਆ ਤੇ ਸਾਨੂੰ ਪੂਰਾ ਸਨਮਾਨ ਦਿੱਤਾ। ਇਸ ਮੌਕੇ ਸੰਬੋਧ ਕੁਮਾਰ, ਕੈਪਟਨ ਮੋਹਨ ਸਿੰਘ, ਬਲਵੀਰ ਸਿੰਘ, ਨਵਜੋਤ ਸਿੰਘ, ਨਵਨੀਤ ਕੌਰ, ਇੰਦਰਜੀਤ ਕੌਰ, ਕ੍ਰਿਸ਼ਨ ਕੁਮਾਰ, ਪਨੀਤ ਸ਼ਰਮਾ, ਕਮਲ ਸ਼ਰਮਾ, ਹਰਗੋਪਾਲ, ਹਰਵਿੰਦਰ ਕੌਰ, ਬਲਵਿੰਦਰ ਕੌਰ, ਅਮਨਦੀਪ ਕੌਰ, ਕੋਮਲ ਸਰਮਾ, ਬਲਵੀਰ ਸਿੰਘ, ਮਨਿੰਦਰਜੀਤ ਸਿੰਘ, ਨੰਬਰਦਾਰ ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਫਿਲੌਰ 'ਚ ਮਈ ਦਿਵਸ ਮਨਾਇਆ




**ਫਿਲੌਰ(ਨਿਰਮਲ)**- ਇਥੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਮਈ ਦਿਵਸ ਮਨਾਇਆ ਗਿਆ। ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐੱਮ ਓ) ਵਲੋਂ ਸਥਾਨਕ ਨਵਾਂਸ਼ਹਿਰ ਰੋਡ 'ਤੇ ਇਕੱਠੇ ਹੋ ਕੇ ਮਈ ਦਿਵਸ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਆਗੂਆਂ ਕਿਹਾ ਕਿ ਦੇਸ਼ ਦੇ ਹਾਕਮਾਂ ਵਲੋਂ ਅੱਠ ਘੰਟੇ ਦੀ ਦਿਹਾੜੀ ਤੋਂ ਬਾਰਾਂ ਘੰਟੇ ਦੀ ਦਿਹਾੜੀ ਕਰਨਾ ਹੀ ਮਜ਼ਦੂਰ ਵਿਰੋਧੀ ਕਦਮ ਹੈ। ਮੌਜੂਦਾ ਸਰਕਾਰ ਵਲੋਂ ਲਗਾਤਾਰ ਮਜ਼ਦੂਰਾਂ 'ਤੇ ਹਮਲੇ ਕੀਤੇ ਜਾ ਰਹੇ ਹਨ, ਹਰ ਕੰਮ ਕਿੱਤੇ ਦੀ ਧਰਮ ਦੇ ਅਧਾਰਤ ਵੰਡ ਪਾ ਕੇ ਲੋਕਾਂ ਨੂੰ ਆਪਸ 'ਚ ਲੜਾਇਆ ਜਾ ਰਿਹਾ ਹੈ।ਆਗੂਆਂ ਕਿਹਾ ਕਿ ਸੰਸਾਰੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਰੁਜ਼ਗਾਰ ਦੇ ਮੌਕੇ ਘਟਾਏ ਜਾ ਰਹੇ ਹਨ, ਨਵੇਂ ਛੋਟੇ ਮੋਟੇ ਰੁਜ਼ਗਾਰ ਠੇਕੇ ਅਧਾਰਤ ਦਿੱਤੇ ਜਾ ਰਹੇ ਹਨ, ਜਿਸ ਨਾਲ ਸ਼ਹਾਦਤਾਂ ਨਾਲ ਅੱਠ ਘੰਟੇ ਵਾਲੀ ਮਨਾਈ ਹੋਈ ਜਿੱਤ ਨੂੰ ਵੀ ਰੋਲਿਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਲਗਾਤਾਰ ਕਿਸਾਨ, ਮਜ਼ਦੂਰ, ਮਲਾਜ਼ਮ, ਨੌਜਵਾਨ, ਔਰਤ, ਵਿਦਿਆਰਥੀ ਵਿਰੋਧੀ ਕੰਮ ਕਰ ਰਹੀ ਹੈ, ਜਿਸ ਤੋਂ ਸੁਚੇਤ ਹੋਣ ਦੀ ਲੋੜ ਹੈ।ਇਕੱਠ ਨੂੰ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਜੀ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ, ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਪ੍ਰਧਾਨ ਜਰਨੈਲ ਫਿਲੌਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ, ਕਰਨੈਲ ਸੰਧੂ, ਬਲਵਿੰਦਰ ਕੁਮਾਰ, ਤਾਰਾ ਸਿੰਘ ਬੀਕਾ, ਕੁਲਦੀਪ ਵਾਲੀਆਂ, ਨਿਰਮੋਲਕ ਸਿੰਘ ਹੀਰਾ, ਪ੍ਰਸ਼ੋਤਮ ਫਿਲੌਰ ਨੇ ਸੰਬੋਧਨ ਕੀਤਾ।ਇਸ ਮੌਕੇ ਨੌਜਵਾਨ ਸਭਾ ਦੇ ਤਹਿਸੀਲ ਪ੍ਰਧਾਨ ਗੁਰਦੀਪ ਗੋਗੀ, ਸਕੱਤਰ ਮੱਖਣ ਸੰਗਰਾਮੀ, ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਸਕੱਤਰ ਮੇਜਰ ਫਿਲੌਰ, ਜਮਹੂਰੀ ਕਿਸਾਨ ਸਭਾ ਦੇ ਤਹਿਸੀਲ ਪ੍ਰਧਾਨ ਕੁਲਦੀਪ ਫਿਲੌਰ, ਕੁਲਦੀਪ ਕੌੜਾ, ਸਰਬਜੀਤ ਕੌਰ ਰਾਣੀ, ਕਮਲਜੀਤ ਕੌਰ, ਆਸ਼ਾ ਰਾਣੀ ਆਦਿ ਵੀ ਹਾਜ਼ਰ ਸਨ। ਇਸ ਉਪਰੰਤ ਦਿੱਲੀ ਕਿਸਾਨ ਮੋਰਚੇ ਦੇ ਸ਼ਹੀਦਾਂ ਦੀ ਯਾਦਗਰ 'ਤੇ ਸੂਹਾ ਝੰਡਾ ਝੁਲਾਇਆ ਗਿਆ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਢੇਸੀ ਨੇ ਧੰਨਵਾਦ ਕੀਤਾ।

# ਅੱਜ ਵੀ ਬਹੁਤ ਯਾਦ ਆਉਂਦੇ ਨੇ ਉਹ ਦਿਨ : ਪ੍ਰਿੰਸੀਪਲ ਡਾ. ਜਗਰੂਪ ਸਿੰਘ

**ਜਲੰਧਰ (ਸ਼ੈਲੀ ਐਲਬਰਟ)**- ਪਲੈਟੀਨਮ ਜੁਬਲੀ ਸਾਲ ਦੌਰਾਨ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਪੁਰਾਣੇ ਵਿਦਿਆਰਥੀ ਅੱਜ ਵੀ ਕਾਲਜ ਵਿੱਚ ਬਿਤਾਏ ਹੋਏ ਦਿਨ ਯਾਦ ਕਰਕੇ ਭਾਵੁਕ ਹੋ ਉਠਦੇ ਹਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਥਾਪਨਾ ਦੇ ਸੱਤਰ ਵਰ੍ਹੇ ਪੂਰੇ ਹੋਣ 'ਤੇ ਸਭ ਨੂੰ ਮੁਬਾਰਕਬਾਦ ਦਿੱਤੀ ਤੇ ਨਾਲ ਹੀ ਕਾਲਜ ਨਾਲ ਜੁੜੀਆਂ ਉਨ੍ਹਾਂ ਦੀਆਂ ਪੁਰਾਣੀਆਂ ਯਾਦਾਂ ਨੂੰ ਲੜੀਬੱਧ ਕਰਕੇ ਸੁਵੀਨਾਰ ਦੇ ਰੂਪ ਵਿੱਚ ਛਾਪਣ ਦਾ ਵੀ ਬੀੜਾ ਚੁਕਿਆ ਹੈ ।



ਚੰਦਰ ਮੋਹਨ ਸੇਖੜੀ:- ਇਨ੍ਹਾਂ ਨੇ 1982-1985 ਵਿੱਚ ਮੇਹਰਚੰਦ ਪੋਲੀਟੈਕਨਿਕ ਤੋਂ ਸਿਵਲ ਦਾ ਡਿਪਲੋਮਾ ਕੀਤਾ ਤੇ ਜੇ ਈ ਦੇ ਤੌਰ 'ਤੇ ਆਰ.ਸੀ.ਐਫ ਕਪੂਰਥਲਾ ਤੋਂ ਕਰੀਅਰ ਸ਼ੁਰੂ ਕੀਤਾ।ਐਕਸੀਅਨ, ਡਿਪਟੀ ਚੀਫ਼ ਇੰਜੀਨੀਅਰ ਹੁੰਦੇ ਹੋਏ 29 ਜਨਵਰੀ 2024 ਨੂੰ ਭੁਵਨੇਸ਼ਵਰ ਵਿਖੇ ਚੀਫ ਇੰਜੀਨੀਅਰ (ਰੇਲਵੇ) ਬਣੇ। ਇਨ੍ਹਾਂ ਨੇ ਅਨੇਕਾਂ ਐਵਾਰਡ ਜਿੱਤੇ ਤੇ ਅੱਜ ਵੀ ਆਪਣੀਆਂ ਪ੍ਰਾਪਤੀਆਂ ਦਾ ਸੇਹਰਾ ਮੇਹਰਚੰਦ ਪੋਲੀਟੈਕਨਿਕ ਨੂੰ ਦਿੰਦੇ ਹਨ

ਪ੍ਰੇਮ ਦਿਆਲ ਸ਼ਰਮਾ:- ਇਨ੍ਹਾਂ ਨੇ 1963 ਵਿੱਚ ਮੇਹਰਚੰਦ ਪੋਲੀਟੈਕਨਿਕ ਤੋਂ ਇਲੈਕਟ੍ਰੀਕਲ ਦਾ ਡਿਪਲੋਮਾ ਕੀਤਾ। ਕ੍ਰਿਕਟ ਅਤੇ ਬੈਡਮਿੰਟਨ ਦੇ ਕੈਪਟਨ ਰਹੇ।ਪ੍ਰਤਾਪ ਸਿੰਘ ਕੈਰੋਂ ਤੋਂ ਬੈਸਟ ਆਲ ਰਾਊਂਡਰ ਸਟੂਡੈਂਟ ਦਾ ਐਵਾਰਡ ਮਿਲਿਆ। ਆਰਡੀਨੈਂਸ ਫੈਕਟਰੀ , ਭਾਰਤੀ ਰੇਲਵੇ ਵਿੱਚ ਕੰਮ ਕੀਤਾ। ਐਕਸੀਅਨ ਬਣੇ, ਐਸ.ਈ ਬਣੇ, ਚੀਫ ਇੰਜੀਨੀਅਰ ਬਣੇ, ਜਨਰਲ ਮੈਨੇਜਰ ਬਣੇ ਤੇ ਫਿਰ ਐਕਸੀਕਿਊਟਿਵ ਡਾਇਰੈਕਟਰ ਬਣ ਕੇ ਰਿਟਾਇਰ ਹੋਏ।ਮੇਹਰਚੰਦ ਕਾਲਜ ਦਾ ਨਾਂ ਸੁਣ ਕੇ ਉਨ੍ਹਾਂ ਦੀਆਂ ਅੱਖਾਂ ਵਿੱਚ ਹੰਝੂ ਆ ਜਾਂਦੇ ਹਨ।

ਨਰਿੰਦਰ ਸ਼ਰਮਾ:- ਇਨ੍ਹਾਂ ਨੇ 1966 ਵਿਚ ਮੇਹਰਚੰਦ ਤੋਂ ਮਕੈਨੀਕਲ ਦਾ ਡਿਪਲੋਮਾ ਕੀਤਾ। ਇਸੇ ਕਾਲਜ ਵਿਚ ਲੈਕਚਰਾਰ ਰਹੇ। ਬਿਜਲੀ ਬੋਰਡ ਨਾਲ 1976 ਵਿਚ ਐਸ.ਡੀ.ਓ ਦੇ ਤੌਰ 'ਤੇ ਜੁੜੇ ਤੇ ਐਸ ਈ ਬਣ ਕੇ 2004 ਵਿਚ ਰਿਟਾਇਰ ਹੋਏ। ਤਲਵਾੜੇ ਦਾ ਹਾਈਡਰੋ ਪਾਵਰ ਪਲਾਂਟ ਇਨ੍ਹਾਂ ਦੀ ਦੇਖ- ਰੇਖ ਵਿਚ ਬਣਿਆ ਹੈ। ਜਦੋਂ ਵੀ ਮੇਹਰਚੰਦ ਪੋਲੀਟੈਕਨਿਕ ਦੇ ਅੱਗੋਂ ਲੰਘਦੇ ਹਨ, ਸ਼ਰਧਾ ਨਾਲ ਸਿਰ ਝੁਕ ਜਾਂਦਾ ਹੈ।

ਮਨੋਜ ਕੁਮਾਰ ਛੁਰਾ:- ਇਨ੍ਹਾਂ ਨੇ 1985 ਵਿੱਚ ਮਕੈਨੀਕਲ ਦਾ ਡਿਪਲੋਮਾ ਮੇਹਰਚੰਦ ਪੋਲੀਟੈਕਨਿਕ ਤੋਂ ਕੀਤਾ। ਫਿਰ ਸਫ਼ਲਤਾ ਦੀਆਂ ਪੌੜੀਆਂ ਚੜ੍ਹਦੇ ਗਏ। ਆਸਟਰੇਲੀਆ ਤੋਂ ਮਾਸਟਰਜ਼ ਕੀਤੀ ਤੇ ਫਿਰ ਆਈ.ਬੀ.ਐਮ, ਫਿਲਿਪਸ, ਲੀਨੋਵੋ, ਐਪਲ ਵਰਗੀਆ ਫਰਮਾਂ ਨਾਲ ਕੰਮ ਕੀਤਾ ਤੇ ਹੁਣ ਏਸ਼ੀਆ, ਯੂ .ਐਸ. ਏ ਤੇ ਯੂਰੋਪ ਵਿੱਚ ਹਾਲਸਿਮ ਕੰਪਨੀ ਨਾਲਜੁੜੇ ਹਨ। ਸਵਿਟਜ਼ਰਲੈਂਡ ਵਿੱਚ ਰਹਿ ਰਹੇ ਹਨ।ਉਹ ਅੱਜ ਵੀ ਆਪਣੀ ਮਜ਼ਬੂਤ ਨੀਂਹ ਦਾ ਸਿਹਰਾ ਮੇਹਰਚੰਦ ਪੋਲੀਟੈਕਨਿਕ ਨੂੰ ਦਿੰਦੇ ਹਨ।

ਵਾਸਦੇਵ ਸ਼ਰਮਾ:- ਇਨ੍ਹਾਂ ਨੇ 1964 ਵਿੱਚ ਸਿਵਲ ਦਾ ਡਿਪਲੋਮਾ ਮੇਹਰਚੰਦ ਪੋਲੀਟੈਕਨਿਕ ਤੋਂ ਕੀਤਾ। ਪੀ.ਡਬਲਯੂ.ਡੀ ਬੀ.ਐਂਡ ਆਰ ਵਿਚ ਉਵਰਸੀਅਰ ਬਣੇ ਤੇ ਐਸ.ਡੀ.ਈ ਬਣ ਕੇ ਰਿਟਾਇਰ ਹੋਏ। ਇਸ ਉਪਰੰਤ ਪੀ.ਟੀ.ਯੂ ਵਿਚ ਐਕਜ਼ੀਕਿਊਟਿਵ ਇੰਜੀਨੀਅਰ ਦੇ ਤੌਰ 'ਤੇ ਕੰਮ ਕੀਤਾ।ਪੂਰੀ ਨੌਕਰੀ ਦੌਰਾਨ ਯੂਨੀਅਨ ਲੀਡਰ ਵਜੋਂ ਮੁਲਾਜ਼ਮਾਂ ਦੀਆਂ ਮੰਗਾਂ ਲਈ ਜੱਦੋਜਹਿਦ ਕੀਤੀ। ਅਜੇ ਵੀ 80 ਸਾਲਾਂ ਤੋਂ ਉਪਰ ਹਨ ਪਰ ਸੰਘਰਸ਼ ਜਾਰੀ ਹੈ।ਕਾਲਜ ਨੂੰ ਆਪਣੀ ਮਾਂ ਦਾ ਦਰਜਾ ਦਿੰਦੇ ਹਨ ।

# 63 ਲੱਖ ਰੁਪਏ ਦੇ ਹੀਰੇ ਦੇ ਗਹਿਣੇ ਬਗੈਰ ਬਿੱਲ ਤੋਂ ਦੋ ਕਾਰ ਸਵਾਰ ਕਾਬੂ



**ਫਿਲੌਰ (ਨਿਰਮਲ)**- ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵਨਜੀਤ ਸਿੰਘ, ਉਪ ਪੁਲਸ ਕਪਤਾਨ ਸਬ ਡਵੀਜ਼ਨ ਫਿਲੌਰ ਨੇ ਦੱਸਿਆ ਕਿ 28 ਅਪ੍ਰੈਲ ਨੂੰ ਇੰਸਪੈਕਟਰ ਨੀਰਜ ਕੁਮਾਰ ਮੁੱਖ ਅਫਸਰ ਥਾਣਾ ਫਿਲੌਰ ਅਤੇ ਸਬ ਇੰਸਪੈਕਟਰ ਗੁਰਸਰਨ ਸਿੰਘ ਇੰਚਾਰਜ ਹਾਈਟੈਕ ਨਾਕਾ ਸਤਲੁਜ ਪੁਲ ਫਿਲੌਰ ਵੱਲੋਂ ਸੀਨੀਅਰ ਅਫਸਰਾਨ ਦੇ ਹੁਕਮਾਂ ਅਨੁਸਾਰ ਕਾਰਵਾਈ ਕਰਦੇ ਹੋਏ ਸਪੈਸ਼ਲ ਨਾਕਾਬੰਦੀ/ਸਰਚ ਆਪ੍ਰੇਸ਼ਨ ਦੌਰਾਨ ਹਾਈਟੈਕ ਨਾਕਾ ਸਤਲੁਜ ਪੁਲ ਫਿਲੌਰ ਤੋਂ ਚੈਕਿੰਗ ਦੌਰਾਨ ਇੱਕ ਅਲਟੋ ਕਾਰ -06—7655 ਨੂੰ ਸ਼ੱਕ ਦੀ ਬਿਨਾਹ ਤੇ ਰੋਕ ਕੇ ਚੈੱਕ ਕੀਤਾ ਜਿਸ ਵਿੱਚੋਂ 2 ਵਿਅਕਤੀਆ ਪਾਸੋਂ ਗੱਡੀ ਦੀ ਤਲਾਸ਼ੀ ਦੌਰਾਨ ਇਨ੍ਹਾਂ ਦੇ ਕਬਜ਼ੇ ਵਿੱਚੋਂ 891.75 ਗ੍ਰਾਮ ਸੋਨੇ ਅਤੇ ਡਾਇਮੰਡ ਦੇ ਗਹਿਣੇ ਬਰਾਮਦ ਹੋਏ। ਮੌਕਾ ਤੇ ਦੋਨੋਂ ਵਿਅਕਤੀ ਇਨ੍ਹਾਂ ਗਹਿਣਿਆਂ ਦੀ ਮਾਲਕੀਅਤ ਸਬੰਧੀ ਕੋਈ ਵੀ ਦਸਤਾਵੇਜ਼ੀ ਸਬੂਤ ਪੇਸ਼ ਨਹੀ ਕਰ ਸਕੇ, ਜਿਸ 'ਤੇ ਇਨ੍ਹਾਂ ਦੋਨੋਂ ਵਿਅਕਤੀਆ ਨੂੰ ਸਮੇਤ ਉਕਤ ਨੰਬਰੀ ਕਾਰ ਅਤੇ 891.75 ਗ੍ਰਾਮ ਸੋਨੇ ਅਤੇ ਡਾਇਮੰਡ ਦੇ ਗਹਿਣਿਆਂ ਦੇ ਅਗਲੀ ਕਾਰਵਾਈ ਅਮਲ ਵਿੱਚ ਲਿਆਉਣ ਲਈ ਅਧਿਕਾਰੀ ਡੀ.ਐਸ.ਚੀਮਾ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ ਜਲੰਧਰ ਦੇ ਅਗਲੀ ਕਾਰਵਾਈ ਅਮਲ ਵਿੱਚ ਲਿਆਉਣ ਲਈ ਹਵਾਲੇ ਕੀਤਾ। ਜੋ ਬਰਾਮਦ ਗਹਿਣਿਆਂ ਦੀ ਅੰਦਾਜ਼ਨ ਕੀਮਤ ਕਰੀਬ 63 ਲੱਖ ਰੁਪਏ ਬਣਦੀ ਹੈ।

# ਜਥੇਦਾਰ ਸੁਲੱਖਣ ਸਿੰਘ ਦੀ ਨੂੰਹ ਅਮਨਪ੍ਰੀਤ ਕੌਰ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਸ਼ਾਹਕੋਟ (ਗਿਆਨ ਸੈਦਪੁਰੀ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੂਬਾ ਆਗੂ ਅਤੇ ਹਲਕਾ ਸ਼ਾਹਕੋਟ ਦੇ ਇੰਚਾਰਜ ਜਥੇਦਾਰ ਸੁਲੱਖਣ ਸਿੰਘ ਸ਼ਾਹਕੋਟ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦ ਉਨ੍ਹਾਂ ਦੀ ਨੂੰਹ ਅਮਨਪ੍ਰੀਤ ਕੌਰ (28) ਪਤਨੀ ਜਸਪਾਲ ਸਿੰਘ (ਮਿੰਟੂ) ਸੰਖੇਪ ਬਿਮਾਰੀ ਉਪਰੰਤ ਜਲੰਧਰ ਦੇ ਇਕ ਹਸਪਤਾਲ ਵਿਚ ਬੀਤੀ ਰਾਤ ਸਦੀਵੀ ਵਿਛੋੜਾ ਦੇ ਗਏ। ਉਨ੍ਹਾ ਦਾ ਅੰਤਿਮ ਸੰਸਕਾਰ ਅੱਜ ਇੱਥੋਂ ਦੇ ਮੋਗਾ ਰੋਡ 'ਤੇ ਸਥਿਤ ਸਵਰਗ ਆਸ਼ਰਮ ਵਿਖੇ ਬੜੇ ਹੀ ਗਮਗੀਨ ਮਾਹੌਲ ਵਿਚ ਕਰ ਦਿੱਤਾ ਗਿਆ। ਉਨ੍ਹਾਂ ਦੇ ਪਤੀ ਜਸਪਾਲ ਸਿੰਘ ਮਿੰਟੂ ਨੇ ਚਿਖਾ ਨੂੰ ਅਗਨੀ ਦਿਖਾਈ। ਇਥੇ ਦੱਸਣਯੋਗ ਹੈ ਕਿ ਅਮਨਪ੍ਰੀਤ ਕੌਰ ਦਾ ਪਤੀ ਜਸਪਾਲ ਸਿੰਘ ਉਸ ਨੂੰ ਵਿਦੇਸ਼ ਲਿਜਾਣ ਲਈ ਯੂ.ਕੇ. ਤੋਂ ਪੰਜਾਬ ਆਇਆ ਹੋਇਆ ਸੀ ਕਿ ਇਹ ਭਾਣਾ ਵਰਤ ਗਿਆ। ਅੰਤਿਮ ਸੰਸਕਾਰ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਗੁਲਜ਼ਾਰ ਸਿੰਘ ਥਿੰਦ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਹਰਦੇਵ ਸਿੰਘ ਬਦੇਸ਼ਾ ਸਾਬਕਾ ਐੱਮ.ਸੀ., ਜਥੇ. ਚਰਨ ਸਿੰਘ ਸਿੱਧੜ ਸਰਕਲ ਪ੍ਰਧਾਨ ਅਕਾਲੀ ਦਲ (ਬ), ਬਲਦੇਵ ਸਿੰਘ ਚੱਠਾ ਪ੍ਰਧਾਨ ਮਾਤਾ ਸਾਹਿਬ ਕੌਰ ਖਾਲਸਾ ਕਾਲਜ ਢੰਡੋਵਾਲ, ਤਜਿੰਦਰ ਸਿੰਘ ਰਾਮਪੁਰ, ਜਥੇ. ਨਿਰਮਲ ਸਿੰਘ ਸੋਖੀ, ਜਥੇ. ਸੋਹਣ ਸਿੰਘ ਖਹਿਰਾ, ਪ੍ਰਵੀਨ ਗਰੋਵਰ ਪ੍ਰਧਾਨ ਅਰੋੜਾ ਮਹਾਂਸਭਾ, ਰਮਨ ਗੁਪਤਾ ਪ੍ਰਧਾਨ ਰੈੱਡ ਰਿਬਨ ਕਲੱਬ, ਸੰਜੀਵ ਸੋਬਤੀ ਭਾਜਪਾ ਆਗੂ, ਤਰਲੋਕ ਸਿੰਘ ਰੂਪਰਾ, ਹਰਬੰਸ ਸਿੰਘ ਧਿੰਜਣ ਸਾਬਕਾ ਪ੍ਰਧਾਨ ਗੁਰਦੁਆਰਾ ਕਮੇਟੀ ਸ਼ਾਹਕੋਟ, ਸੁਖਦੀਪ ਸਿੰਘ ਸੋਨੂੰ ਪੀ.ਏ. ਲਾਡੀ ਸ਼ੇਰੋਵਾਲੀਆ, ਬੰਟੀ ਬੱਠਲਾ ਯੂਥ ਕਾਂਗਰਸੀ ਆਗੂ, ਅਮਨਦੀਪ ਸੈਦਪੁਰੀ, ਜਸਵੀਰ ਸਿੰਘ ਸਿੱਧੜ, ਸੁਖਵਿੰਦਰ ਸਿੰਘ ਪਰਜੀਆਂ ਕਲਾਂ, ਜਥੇ. ਹਜਾਰਾ ਸਿੰਘ, ਭਾਈ ਇੰਦਰਜੀਤ ਸਿੰਘ, ਗੁਰਦਿਆਲ ਸਿੰਘ ਲੋਹੀਆਂ, ਤੇਜਮੋਹਨ ਸਿੰਘ, ਬੰਟੀ ਵਾਲੀਆ, ਬਲਜੀਤ ਸਿੰਘ ਬਿੱਟੂ, ਗੁਰਮੀਤ ਸਿੰਘ ਨਿਮਾਜੀਪੁਰ, ਸ਼ਰਨਜੀਤ ਸਿੰਘ ਖਾਲਸਾ, ਪਰਮਜੀਤ ਸਿੰਘ ਪੰਮਾ ਕਬੱਡੀ ਕੋਚ, ਗਿਆਨ ਸੈਦਪੁਰੀ ਪ੍ਰਧਾਨ ਪ੍ਰੈੱਸ ਕਲੱਬ ਸ਼ਾਹਕੋਟ, ਪ੍ਰਿਤਪਾਲ ਸਿੰਘ, ਸੁਰਿੰਦਰ ਸਿੰਘ ਪਦਮ, ਪਰਮਜੀਤ ਸਿੰਘ ਖਾਲਸਾ, ਗ੍ਰੰਥੀ ਬਲਵੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਿਕ ਸ਼ਖਸੀਅਤਾਂ ਹਾਜ਼ਰ ਸਨ। ਪਰਵਾਰਕ ਸੂਤਰਾਂ ਦੱਸਿਆ ਕਿ ਅਮਨਪ੍ਰੀਤ ਕੌਰ ਨਮਿਤ ਅੰਤਿਮ ਅਰਦਾਸ 9 ਮਈ ਨੂੰ ਉਨ੍ਹਾਂ ਦੇ ਗ੍ਰਹਿ ਨਵਾਂ ਬੱਸ ਅੱਡਾ ਦੇ ਪਿਛਲੇ ਪਾਸੇ ਹੋਵੇਗੀ।

# ਸਰਕਾਰੀ ਸਕੂਲਾਂ ਦੇ 158 ਵਿਦਿਆਰਥੀਆਂ ਨੇ ਜੇ ਈ ਈ ਮੇਨ ਪ੍ਰੀਖਿਆ ਕੀਤੀ ਪਾਸ : ਭਗਵੰਤ ਮਾਨ

**ਚੰਡੀਗੜ੍ਹ/ਨਵੀਂ ਦਿੱਲੀ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅੱਜ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਨਾਲ ਪੰਜਾਬ ਵਿੱਚੋਂ ਜੇ ਈ ਈ ਮੇਨ ਪਾਸ ਕਰਨ ਵਾਲੇ 158 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਖਬਰ ਬੜੀ ਖੁਸ਼ੀ ਨਾਲ ਸਾਂਝੀ ਕੀਤੀ। ਇਹ ਖਬਰ ਸੁਣ ਕੇ ਅਰਵਿੰਦ ਕੇਜਰੀਵਾਲ ਖੁਸ਼ ਹੋ ਗਏ। ਉਨ੍ਹਾਂ ਮੈਨੂੰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਅਤੇ ਮਾਪਿਆਂ ਨਾਲ ਆਪਣੀਆਂ ਵਧਾਈਆਂ ਸਾਂਝੀਆਂ ਕਰਨ ਲਈ ਕਿਹਾ। ਭਗਵੰਤ ਮਾਨ ਨੇ ਕਿਹਾ ਕਿ ਇਹ 'ਆਪ' ਦੀ ਸਿੱਖਿਆ ਕ੍ਰਾਂਤੀ ਦੀ ਕਾਮਯਾਬੀ ਦਾ ਸਬੂਤ ਹੈ। ਪੰਜਾਬ ਦੇ ਸਰਕਾਰੀ ਸਕੂਲਾਂ ਦੇ ਰਿਕਾਰਡ 158 ਵਿਦਿਆਰਥੀਆਂ ਨੇ ਜੇ ਈ ਈ ਮੇਨ ਦੀ ਪ੍ਰੀਖਿਆ ਪਾਸ ਕੀਤੀ ਹੈ। ਜਿਨ੍ਹਾਂ ਵਿਚ ਮੋਹਾਲੀ ਦੇ 23, ਜਲੰਧਰ ਦੇ 22, ਫਿਰੋਜ਼ਪੁਰ ਦੇ 20 ਅਤੇ ਲੁਧਿਆਣਾ ਦੇ 20 ਵਿਦਿਆਰਥੀਆਂ ਨੇ ਜੇ ਈ ਈ ਮੇਨ ਦੀ ਪ੍ਰੀਖਿਆ ਪਾਸ ਕੀਤੀ। ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕ੍ਰਾਂਤੀਕਾਰੀ ਸਿੱਖਿਆ ਸੁਧਾਰਾਂ ਕਾਰਨ 158 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਜੇ ਈ ਈ ਮੇਨ ਦੀ ਪ੍ਰੀਖਿਆ ਪਾਸ ਕੀਤੀ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ 158 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਹੈ। ਇਹ ਉਨ੍ਹਾਂ ਦੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਕੀਤੇ ਜਾ ਰਹੇ ਅਹਿਮ ਯਤਨਾਂ ਦਾ ਹੀ ਫਲ ਹੈ। ਸਿੱਖਿਆ ਆਮ ਆਦਮੀ ਪਾਰਟੀ ਦਾ ਅਹਿਮ ਏਜੰਡਾ ਹੈ। ਮੁਫਤ ਅਤੇ ਮਿਆਰੀ ਸਿੱਖਿਆ 'ਆਪ' ਦੀ ਗਾਰੰਟੀ ਹੈ। ਪਹਿਲਾਂ ਦਿੱਲੀ ਅਤੇ ਹੁਣ ਪੰਜਾਬ ਵਿੱਚ 'ਆਪ' ਸਰਕਾਰ ਨੇ ਇਸ ਖੇਤਰ ਵਿੱਚ ਬੇਮਿਸਾਲ ਕੰਮ ਕੀਤਾ ਹੈ। ਪੰਜਾਬ ਵਿੱਚ ਮਾਨ ਸਰਕਾਰ ਨੇ 13 ਸਕੂਲ ਆਫ ਐਮੀਨੈਂਸ ਖੋਲ੍ਹੇ ਜਿੱਥੇ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕ ਦੀ ਮਦਦ ਨਾਲ ਪੜ੍ਹਾਇਆ ਜਾਂਦਾ ਹੈ ਅਤੇ ਸਰਕਾਰੀ ਸਕੂਲ ਪ੍ਰਣਾਲੀ ਵਿੱਚ ਵੀ ਸੁਧਾਰ ਕੀਤਾ ਗਿਆ ਹੈ। ਅਧਿਆਪਕਾਂ ਨੂੰ ਲਗਾਤਾਰ ਸਿਖਲਾਈ ਲਈ ਸਿੰਗਾਪੁਰ ਅਤੇ ਆਈ ਆਈ ਐਮ ਵਰਗੇ ਹੋਰ ਦੇਸ਼ਾਂ ਵਿੱਚ ਵੀ ਭੇਜਿਆ ਜਾ ਰਿਹਾ ਹੈ। ਪੀ.ਟੀ.ਐਮ ਮੀਟਿੰਗਾਂ ਵੀ ਮਾਨ ਸਰਕਾਰ ਦੀ ਇੱਕ ਹੋਰ ਸਫਲ ਪਹਿਲ ਸੀ, ਜਿੱਥੇ ਸਕੂਲਾਂ ਅਤੇ ਮਾਪਿਆਂ ਵਿਚਕਾਰ ਪਾੜਾ ਘਟਾਇਆ ਗਿਆ। ਪਿਛਲੇ ਸਾਲ ਹੀ 9000 ਦੇ ਕਰੀਬ ਵਿਦਿਆਰਥੀਆਂ ਨੇ ਪ੍ਰਾਈਵੇਟ ਸਕੂਲ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਲਿਆ, ਕਿਉਂਕਿ ਉਨ੍ਹਾਂ ਨੂੰ ਸਰਕਾਰੀ ਸਕੂਲਾਂ ਵਿੱਚ ਵਿਸ਼ਵ ਪੱਧਰੀ ਸਿੱਖਿਆ ਅਤੇ ਆਧੁਨਿਕ ਸਹੂਲਤਾਂ ਮਿਲ ਰਹੀਆਂ ਹਨ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਇਟੈਂਸ ਪ੍ਰੀਖਿਆ ਪਾਸ ਕਰਨਾ 'ਆਪ' ਸਰਕਾਰ ਅਤੇ ਪੰਜਾਬ ਦੇ ਸਰਕਾਰੀ ਸਕੂਲਾਂ ਲਈ ਵੱਡੀ ਸਫਲਤਾ ਹੈ।

# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰਾਂ ਤੋਂ 22,750 ਰੁਪਏ ਤੇ ਮੋਬਾਈਲ ਬਰਾਮਦ



**ਫਗਵਾੜਾ ( ਡਾ. ਰਮਨ, ਇੰਦਰਜੀਤ ਸਿੰਘ ਮਾਠਡੂ )**- ਮੁੱਖ ਅਫਸਰ ਥਾਣਾ ਸਦਰ ਫਗਵਾੜਾ ਇੰਸ. ਬਲਵਿੰਦਰ ਸਿੰਘ ਭੁੱਲਰ ਵੱਲੋਂ ਸਮੇਤ ਪੁਲਸ ਪਾਰਟੀ 22 ਅਪ੍ਰੈਲ ਨੂੰ ਪਿੰਡ ਚਹੇੜੂ ਬਾਅਦ ਦੁਪਹਿਰ ਮਨੀ ਚੇਂਜਰ ਦੁਕਾਨ ਵਿੱਚੋਂ ਜਿਸ ਦਾ ਮਾਲਕ ਧਰਮਪਾਲ ਪੁੱਤਰ ਸਾਧੂ ਰਾਮ ਵਾਸੀ ਪਿੰਡ ਚਹੇੜੂ, ਥਾਣਾ ਸਦਰ ਫਗਵਾੜਾ ਸੀ 65,000 ਰੁਪਏ, 2 ਮੋਬਾਈਲ ਫੋਨ ਇੱਕ ਓਪੋ ਅਤੇ ਇੱਕ ਰੈਡਮੀ, ਪਰਸ ਜਿਸ ਵਿੱਚ 700 ਰੁਪਏ, ਅਧਾਰ ਕਾਰਡ, ਪੈਨ ਕਾਰਡ, ਡਰਾਈਵਿੰਗ ਲਾਇਸੰਸ, 2 ਏ.ਟੀ.ਐਮ ਅਤੇ ਚੈਕਬੁੱਕ 4 ਲੜਕੇ ਅਤੇ ਇਕ ਲੜਕੀ ਜਿਨ੍ਹਾ ਨੇ ਮੂੰਹ ਬੰਨ੍ਹੇ ਹੋਏ ਸੀ, ਦੁਕਾਨ ਦੀ ਤੋੜ ਭੰਨ ਕਰਕੇ ਡਰਾ ਧਮਕਾ ਕੇ ਖੋਹ ਕੇ ਲੈ ਗਏ ਸੀ ਜਿਸ 'ਤੇ ਧਰਮਪਾਲ ਦੇ ਬਿਆਨ 'ਤੇ ਮੁੱਕਦਮਾ ਥਾਣਾ ਸਦਰ ਫਗਵਾੜਾ ਦਰਜ ਰਜਿਸਟਰ ਕੀਤਾ ਗਿਆ ਸੀ ਤੁਰੰਤ ਕਾਰਵਾਈ ਕਰਦੇ ਹੋਏ ਦੋਸ਼ੀ ਕੁਲਵੰਤ ਰਾਏ ਪੁੱਤਰ ਹਰੀ ਰਾਮ ਵਾਸੀ ਚਾਂਦਪੁਰ ਥਾਣਾ ਪਤਾਰਾ ਜਲੰਧਰ, ਹਰਸੁਖਦੀਪ ਸਿੰਘ ਉਰਫ ਸਾਗਰ ਬਾਬਾ ਪੁੱਤਰ ਪਰਮਜੀਤ ਸਿੰਘ ਵਾਸੀ ਚਾਂਦਪੁਰ ਥਾਣਾ ਪਤਾਰਾ ਜਲੰਧਰ ਅਤੇ ਜੈ ਦੀਪ ਪੁੱਤਰ ਸ਼ਿੰਦਾ ਰਾਮ ਵਾਸੀ ਚਾਂਦਪੁਰ ਥਾਣਾ ਪਤਾਰਾ ਜਲੰਧਰ ਨੂੰ ਪਿੰਡ ਚਾਂਦਪੁਰ ਜਲੰਧਰ ਤੋਂ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ ਲੁੱਟੀ ਹੋਈ ਰਕਮ ਵਿੱਚੋਂ 22,750 ਰੁਪਏ ਅਤੇ ਇੱਕ ਖੋਹਿਆ ਹੋਇਆ ਮੋਬਾਇਲ ਰੈਡਮੀ ਅਤੇ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ।

# ਪੱਤਰਕਾਰ ਰਜਿੰਦਰ ਤੱਗੜ ਦੇ ਹੱਕ 'ਚ ਪੱਤਰਕਾਰਾਂ, ਵਕੀਲਾਂ, ਕਿਸਾਨਾਂ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਐੱਸ ਐੱਸ ਪੀ ਦਫ਼ਤਰ ਅੱਗੇ ਧਰਨਾ

**ਮੋਹਾਲੀ, (ਗੁਰਜੀਤ ਬਿੱਲਾ)**- ਸੀਨੀਅਰ ਪੱਤਰਕਾਰ ਰਜਿੰਦਰ ਸਿੰਘ ਤੱਗੜ ਦੀ ਝੂਠੇ ਕੇਸ ਵਿਚ ਗ੍ਰਿਫ਼ਤਾਰੀ ਖਿਲਾਫ਼ ਮੋਹਾਲੀ ਦੇ ਪੱਤਰਕਾਰ, ਵਕੀਲ, ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਐਸ.ਐਸ.ਪੀ. ਮੋਹਾਲੀ ਦੇ ਦਫ਼ਤਰ ਸਾਹਮਣੇ ਰੋਹ ਭਰਪੂਰ ਧਰਨਾ ਦਿੱਤਾ ਗਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਡੀ.ਆਈ.ਜੀ. ਮੋਹਾਲੀ ਅਤੇ ਡੀ.ਸੀ. ਮੋਹਾਲੀ ਨੂੰ ਐਸ.ਐਸ.ਪੀ. ਮੋਹਾਲੀ ਖਿਲਾਫ ਮੰਗ ਪੱਤਰ ਦਿੱਤਾ ਗਿਆ। ਮੋਹਾਲੀ ਪੁਲਸ ਵਲੋਂ ਬੀਤੇ ਦਿਨੀਂ ਪੱਤਰਕਾਰ ਰਜਿੰਦਰ ਸਿੰਘ ਤੱਗੜ ਨੂੰ ਬਰਖਾਸਤ ਏ ਆਈ ਜੀ ਮਾਲਵਿੰਦਰ ਸਿੰਘ ਸਿੱਧੂ ਦੇ ਖਿਲਾਫ ਦਰਜ ਐਫ.ਆਈ.ਆਰ. ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਅੱਜ ਵੱਡੀ ਗਿਣਤੀ ਵਿਚ ਪੱਤਰਕਾਰ, ਵਕੀਲ, ਕਿਸਾਨ ਅਤੇ ਹੋਰ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਨੇ ਮੋਹਾਲੀ ਕੋਰਟ ਦੇ ਬਾਹਰ ਇਕੱਠੇ ਹੋ ਕੇ ਮੂੰਹ 'ਤੇ ਉਂਗਲਾਂ ਰੱਖ ਕੇ ਚੁੱਪ ਪ੍ਰਦਰਸ਼ਨ ਕੀਤਾ ਅਤੇ ਉਸ ਉਪਰੰਤ ਐਸ.ਐਸ.ਪੀ. ਦਫ਼ਤਰ ਵੱਲ ਰੋਸ ਮਾਰਚ ਕੀਤਾ। ਇਸ ਮੌਕੇ ਮੋਹਾਲੀ ਪ੍ਰੈਸ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਪਟਵਾਰੀ ਨੇ ਕਿਹਾ ਕਿ ਡੀ ਐਸ ਪੀ-1 ਮੋਹਾਲੀ ਦੇ ਰੀਡਰ ਵਲੋਂ ਮੋਹਾਲੀ ਪ੍ਰੈਸ ਕਲੱਬ ਦੇ ਮੈਨੇਜਰ ਨੂੰ ਕੱਲ੍ਹ ਨੂੰ ਉਨ੍ਹਾਂ ਦੇ ਦਫ਼ਤਰ ਵਿਚ ਫੋਨ ਕਰਕੇ ਪੇਸ਼ ਹੋਣ ਲਈ ਕਿਹਾ। ਫੋਨ ਕਰਨ ਵਾਲੇ ਅਧਿਕਾਰੀ ਦਾ ਕਹਿਣਾ ਸੀ ਕਿ ਪੱਤਰਕਾਰ ਰਜਿੰਦਰ ਸਿੰਘ ਤੱਗੜ ਦੇ ਖਾਤੇ ਵਿੱਚੋਂ ਮੋਹਾਲੀ ਪ੍ਰੈਸ ਕਲੱਬ ਦੇ ਖਾਤੇ ਵਿਚ ਕੋਈ ਪੈਸਿਆਂ ਦੀ ਲੈਣ-ਦੇਣ ਹੋਈ ਹੈ, ਜਿਸ ਬਾਰੇ ਡੀ ਐਸ ਪੀ ਦਫ਼ਤਰ ਪਹੁੰਚ ਕੇ ਇਸ ਬਾਰੇ ਸਪੱਸ਼ਟੀਕਰਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਵਿੱਚ ਦਹਿਸ਼ਤ ਪਾਉਣ ਦਾ ਪੁਲਸ ਦਾ ਸਿੱਧੇ ਤੌਰ ਉਤੇ ਕਾਰਨਾਮਾ ਹੈ, ਜਿਸ ਦੀ ਮੋਹਾਲੀ ਪ੍ਰੈਸ ਕਲੱਬ ਡਟ ਕੇ ਨਿਖੇਧੀ ਕਰਦਾ ਹੈ। ਇਸ ਮੌਕੇ ਪੰਜਾਬ ਅਗੇਂਸਟ ਕੁਰੱਪਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਦਾਊਂ ਨੇ ਕਿਹਾ ਕਿ ਕੱਲ੍ਹ ਮੋਹਾਲੀ ਪੁਲਸ ਨੇ ਰਜਿੰਦਰ ਸਿੰਘ ਤੱਗੜ ਦੇ ਵੀਡੀਓ ਐਡੀਟਰ-ਕਮ-ਫੋਟੋਗ੍ਰਾਫਰ ਨੂੰ ਗ੍ਰਿਫਤਾਰ ਕਰਕੇ ਮਟੌਰ ਥਾਣੇ ਵਿਚ ਪੱਗ ਉਤਾਰ ਕੇ ਉਸ ਦੇ ਸਿਰ ਵਿਚ ਚੱਪਲਾਂ ਮਾਰੀਆਂ ਗਈਆਂ ਅਤੇ ਕੁੱਟਮਾਰ ਕੀਤੀ ਗਈ। ਉਨ੍ਹਾਂ ਕਿਹਾ ਕਿ ਰਜਿੰਦਰ ਸਿੰਘ ਤੱਗੜ ਦੇ ਘਰ ਦੀਆਂ ਚਾਬੀਆਂ ਖੋਹ ਲਈਆਂ ਗਈਆਂ ਅਤੇ ਇਸ ਬਾਰੇ ਕਿਸੇ ਨੂੰ ਦੱਸਣ ਉਤੇ ਨਤੀਜੇ ਭੁਗਤਣ ਲਈ ਤਿਆਰ ਰਹਿਣ ਦੀ ਧਮਕੀ ਦਿੱਤੀ ਗਈ। ਦਾਊਂ ਨੇ ਕਿਹਾ ਕਿ ਪੁਲਸ ਨੇ ਬਿਨਾਂ ਅਦਾਲਤ ਦੀ ਪ੍ਰਵਾਨਗੀ ਤੋਂ ਤੱਗੜ ਦੇ ਘਰ ਦੀਆ ਚਾਬੀਆਂ ਲੈ ਕੇ ਕਾਨੂੰਨ ਖਿਲਾਫ ਕਾਰਵਾਈ ਕੀਤੀ ਹੈ ਅਤੇ ਪੁਲਸ ਦੀ ਮਨਸ਼ਾ ਤੱਗੜ ਦੇ ਘਰ ਵਿਚ ਕੋਈ ਵੀ ਗੈਰ-ਕਾਨੂੰਨੀ ਵਸਤੂ ਰੱਖ ਕੇ ਉਸ ਨੂੰ ਝੂਠੇ ਕੇਸ ਵਿਚ ਫਸਾਉਣ ਵੱਲ ਇਸ਼ਾਰਾ ਕਰਦੀ ਹੈ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਮੰਗ ਕੀਤੀ ਕਿ ਰਜਿੰਦਰ ਤੱਗੜ ਨੂੰ ਫੌਰੀ ਰਿਹਾਅ ਕੀਤਾ ਜਾਵੇ ਅਤੇ ਇਸ ਮਾਮਲੇ ਦੀ ਮੁਹਾਲੀ ਤੋਂ ਬਾਹਰ ਕਿਸੇ ਹੋਰ ਜ਼ਿਲ੍ਹੇ ਵਿੱਚ ਸੀਨੀਅਰ ਉੱਚ ਅਧਿਕਾਰੀ ਦੀ ਨਿਗਰਾਨੀ ਵਿੱਚ ਸਿੱਟ ਦਾ ਗਠਨ ਕਰਕੇ ਨਿਰਪੱਖ ਜਾਂਚ ਕਰਵਾਈ ਜਾਵੇ। ਇਸ ਮੌਕੇ ਵਕੀਲਾਂ ਦੀ ਜਥੇਬੰਦੀ ਦੇ ਆਗੂ ਜਸਪਾਲ ਸਿੰਘ ਦੱਪਰ, ਦਰਸ਼ਨ ਸਿੰਘ ਧਾਲੀਵਾਲ, ਕਿਸਾਨ ਯੂਨੀਅਨ ਦੇ ਆਗੂ ਪਰਮਦੀਪ ਸਿੰਘ ਬੈਦਵਾਨ, ਕਿਰਪਾਲ ਸਿੰਘ ਸਿਆਊ, ਬਲਵੰਤ ਸਿੰਘ ਨੰਡਿਆਲੀ, ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਨਿਆਮੀਆਂ, ਕੁਲਦੀਪ ਸਿੰਘ, ਦਰਸ਼ਨ ਸਿੰਘ ਸੋਢੀ, ਗੁਰਮੀਤ ਸਿੰਘ ਸਾਹੀ, ਪ੍ਰੈਸ ਕਲੱਬ ਬਨੂੜ ਦੇ ਸਰਪ੍ਰਸਤ ਕਰਮਜੀਤ ਸਿੰਘ ਚਿੱਲਾ ਅਤੇ ਜਨਰਲ ਸਕੱਤਰ ਅਵਤਾਰ ਸਿੰਘ ਅਤੇ ਹੋਰਨਾਂ ਨੇ ਰਜਿੰਦਰ ਤੱਗੜ ਨੂੰ ਗ੍ਰਿਫ਼ਤਾਰ ਕਰਨ ਦੀ ਨਿਖੇਧੀ ਕਰਦਿਆਂ ਇਸ ਨੂੰ ਨਿਰਪੱਖ ਪੱਤਰਕਾਰਤਾ ਅਤੇ ਪ੍ਰੈਸ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਜਲਦੀ ਹੀ ਯੂਨੀਅਨਾਂ ਦਾ ਇੱਕ ਸਾਂਝਾ ਵਫ਼ਦ ਮੁੱਖ ਮੰਤਰੀ ਅਤੇ ਡੀ ਜੀ ਪੀ ਨੂੰ ਮਿਲੇਗਾ ਅਤੇ ਉਨ੍ਹਾਂ ਨੂੰ ਨਿੱਜੀ ਦਖ਼ਲ ਦੇ ਕੇ ਸਮੁੱਚੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਪੱਤਰਕਾਰ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਜਾਵੇਗੀ। ਇਸ ਦੌਰਾਨ ਪੰਜਾਬ ਚੰਡੀਗੜ੍ਹ ਯੂਨੀਅਨ ਆਫ਼ ਜਰਨਲਿਸਟ ਦੇ ਪ੍ਰਧਾਨ ਬਲਬੀਰ ਸਿੰਘ ਜੰਡੂ ਅਤੇ ਪ੍ਰੈਸ ਕੌਂਸਲ ਦੇ ਮੈਂਬਰ ਬਲਵਿੰਦਰ ਸਿੰਘ ਜੰਮੂ ਨੇ ਵੀ ਮੋਹਾਲੀ ਪਹੁੰਚ ਕੇ ਪੱਤਰਕਾਰ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਨਿਖੇਧੀ ਕੀਤੀ। ਇਸ ਮੌਕੇ ਪ੍ਰਦਰਸ਼ਨਕਾਰੀਆਂ ਵਲੋਂ ਡੀ ਆਈ ਜੀ ਰੋਪੜ ਰੇਂਜ ਦੇ ਨਾਮ ਇੱਕ ਮੰਗ ਪੱਤਰ ਵੀ ਦਿੱਤਾ ਗਿਆ ਜਿਸ ਵਿੱਚ ਕਿਹਾ ਗਿਆ ਹੈ ਕਿ ਐਸ ਐਸ ਪੀ ਮੁਹਾਲੀ ਵਲੋਂ ਨਿੱਜੀ ਰੰਜਿਸ਼ ਅਤੇ ਪ੍ਰਸ਼ਾਸਨ ਵਲੋਂ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਦੇ ਮਾਮਲੇ ਉਜਾਗਰ ਕਰਨ ਬਦਲੇ ਪੱਤਰਕਾਰ ਰਜਿੰਦਰ ਸਿੰਘ ਨੂੰ ਝੂਠੇ ਮਾਮਲਿਆਂ ਵਿੱਚ ਫਸਾਇਆ ਗਿਆ ਹੈ ਅਤੇ ਪ੍ਰੈਸ ਦੀ ਆਜ਼ਾਦੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਰਜਿੰਦਰ ਤੱਗੜ ਦੀ ਮਦਦ ਕਰਨ ਵਾਲੇ ਪੱਤਰਕਾਰ ਭਾਈਚਾਰੇ ਦੇ ਮੈਂਬਰਾਂ ਅਤੇ ਸਮਾਜ ਸੇਵਕਾਂ ਨੂੰ ਵੀ ਝੂਠੇ ਮਾਮਲੇ ਵਿੱਚ ਫਸਾਏ ਜਾਣ ਦਾ ਖਤਰਾ ਹੈ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜੇਕਰ ਪੱਤਰਕਾਰ ਰਜਿੰਦਰ ਤੱਗੜ ਨੂੰ ਤੁਰੰਤ ਰਿਹਾਅ ਨਾ ਕੀਤਾ ਗਿਆ ਅਤੇ ਮਾਮਲੇ ਦੀ ਜਾਂਚ ਕਿਸੇ ਹੋਰ ਅਧਿਕਾਰੀ ਨੂੰ ਨਾ ਸੌਂਪੀ ਗਈ ਤਾਂ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।



# ਮੇਹਲੀ 'ਚ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਡਾ. ਬੀ ਆਰ ਅੰਬੇਡਕਰ ਸਮਾਜ ਭਲਾਈ ਸੰਸਥਾ ਮੇਹਲੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ। ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਅੰਬੇਡਕਰ ਨੇ ਆਪਣੀ ਸਾਰੀ ਜ਼ਿੰਦਗੀ ਦੱਬੇ ਕੁਚਲੇ ਲੋਕਾਂ ਦੇ ਲੇਖੇ ਲਾਈ। ਉਨ੍ਹਾਂ ਸੰਵਿਧਾਨ ਦੀ ਰਚਨਾ ਕਰ ਕੇ ਸਾਰਿਆਂ ਲਈ ਬਰਾਬਰ ਹੱਕ ਅਤੇ ਔਰਤਾਂ ਨੂੰ ਸਮਾਜ 'ਚ ਬਰਾਬਰਤਾ ਦਾ ਹੱਕ ਦੁਆਇਆ। ਬੁਲਾਰਿਆਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਨ ਲਈ ਪ੍ਰੇਰਿਆ ਅਤੇ ਕਿਹਾ ਕਿ ਪੜ੍ਹਾਈ ਹੀ ਇੱਕ ਉਹ ਹਥਿਆਰ ਆ ਜਿਸ ਨਾਲ ਸਮਾਜ ਦੇ ਸਾਰੇ ਮਸਲੇ ਹੱਲ ਹੋ ਸਕਦੇ ਹਨ। ਛੋਟੇ ਛੋਟੇ ਬੱਚਿਆਂ ਨੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਕਲਾਕਾਰ ਗੋਲਡੀ ਮਲਿਕ ਨੇ ਮਿਸ਼ਨਰੀ ਪ੍ਰੋਗਰਾਮ ਪੇਸ਼ ਕੀਤਾ। ਡਾ. ਬੀ ਆਰ ਅੰਬੇਡਕਰ ਸਮਾਜ ਭਲਾਈ ਸੰਸਥਾ ਵਲੋਂ ਪਿੰਡ ਮੇਹਲੀ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਈ 'ਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹਿਣ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਲੇਖ ਰਾਜ ਸੋਨੂੰ, ਅਸ਼ੋਕ ਕੁਮਾਰ, ਵਿਜੇ ਕੁਮਾਰ, ਇੰਦਰਜੀਤ ਕਲੇਰ, ਸੁਰਜੀਤ ਸਿੰਘ, ਬਲਵਿੰਦਰ ਕੁਮਾਰ, ਸੁਰਿੰਦਰ ਪਾਲ, ਅਮਰਜੀਤ , ਸੁਖਵਿੰਦਰ ਪਾਲ, ਪ੍ਰਿੰਸੀਪਲ ਰਾਜ ਕੁਮਾਰ, ਬਿੱਲਾ, ਹੈਪੀ ਆਦਿ ਹਾਜ਼ਰ ਸਨ।

# ਸੂਬੇ 'ਚ ਹੁਣ ਤੱਕ 100 ਲੱਖ ਮੀਟਰਕ ਟਨ ਤੋਂ ਵੱਧ ਕਣਕ ਦੀ ਆਮਦ : ਅਨੁਰਾਗ ਵਰਮਾ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਕਿ ਪੰਜਾਬ 'ਚ ਕਣਕ ਦੀ ਨਿਰਵਿਘਨ ਖਰੀਦ ਸਦਕਾ ਹੁਣ ਤੱਕ ਮੰਡੀਆਂ ਵਿੱਚ ਪਹੁੰਚੀ 100.58 ਲੱਖ ਮੀਟਰਿਕ ਟਨ 'ਚੋਂ 95 ਫੀਸਦੀ ਤੋਂ ਵੱਧ ਫਸਲ ਖਰੀਦੀ ਜਾ ਚੁੱਕੀ ਹੈ। ਇਸ ਦੇ ਨਾਲ ਹੀ ਫਸਲ ਵੇਚ ਚੁੱਕੇ ਸਾਰੇ ਕਿਸਾਨਾਂ ਨੂੰ 100 ਫੀਸਦੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ ਜਿਸ ਤਹਿਤ 17340.40 ਕਰੋੜ ਰੁਪਏ ਖਾਤਿਆਂ 'ਚ ਅਦਾ ਕੀਤੇ ਜਾ ਚੁੱਕੇ ਹਨ। ਸੂਬੇ 'ਚ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਇਥੇ ਖਰੀਦ ਏਜੰਸੀਆਂ ਦੇ ਉਚ ਅਧਿਕਾਰੀਆਂ ਅਤੇ ਸਮੂਹ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਦੌਰਾਨ ਮੁੱਖ ਸਕੱਤਰ ਵਰਮਾ ਨੇ ਨਿਰਦੇਸ਼ ਦਿੱਤੇ ਕਿ ਇਸ ਗੱਲ ਨੂੰ ਹਰ ਹਾਲ 'ਚ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਕਿਸਾਨ ਨੂੰ ਆਪਣੀ ਫਸਲ ਮੰਡੀ ਵਿੱਚ ਵੇਚਣ ਲਈ ਕੋਈ ਪ੍ਰੇਸ਼ਾਨੀ ਨਾ ਆਵੇ।

ਸ੍ਰੀ ਵਰਮਾ ਨੇ ਅੱਗੇ ਦੱਸਿਆ ਕਿ ਇ ਪੰਜਾਬ ਦੀਆਂ ਮੰਡੀਆਂ 'ਚ ਹੁਣ ਤੱਕ 100.58 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ 'ਚੋਂ 95.83 ਲੱਖ ਮੀਟਰਿਕ ਟਨ ਦੀ ਖਰੀਦੀ ਹੋ ਚੁੱਕੀ ਹੈ ਜੋ ਕਿ 95 ਫੀਸਦੀ ਤੋਂ ਵੱਧ ਬਣਦੀ ਹੈ। ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਖੁਰਾਕ ਤੇ ਸਿਵਲ ਸਪਲਾਈ ਵਿਕਾਸ ਗਰਗ, ਪੰਜਾਬ ਵੇਅਰ ਹਾਊਸ ਦੇ ਐਮ.ਡੀ. ਕੰਵਲਪ੍ਰੀਤ ਕੌਰ ਬਰਾੜ, ਪਨਸਪ ਦੇ ਐਮ.ਡੀ. ਸੋਨਾਲੀ ਗਿਰਿ, ਡਾਇਰੈਕਟਰ ਖੁਰਾਕ ਤੇ ਸਿਵਲ ਸਪਲਾਈ ਪੁਨੀਤ ਗੋਇਲ, ਪੰਜਾਬ ਮੰਡੀਕਰਨ ਬੋਰਡ ਦੇ ਸਕੱਤਰ ਅੰਮ੍ਰਿਤ ਕੌਰ ਗਿੱਲ, ਐਫ.ਸੀ.ਆਈ. ਦੇ ਜਨਰਲ ਮੈਨੇਜਰ ਬੀ.ਐਨ.ਸ੍ਰੀਨਿਵਾਸਨ ਤੇ ਮਾਰਕਫੈਡ ਦੇ ਏ.ਐਮ.ਡੀ. ਸੰਦੀਪ ਸਿੰਘ ਗੜ੍ਹਾ ਅਤੇ ਵੀਡਿਓ ਕਾਨਫਰੰਸਿੰਗ ਰਾਹੀਂ ਸਮੂਹ ਡਿਪਟੀ ਕਮਿਸਨਰ ਹਾਜ਼ਰ ਸਨ।

# ਹਲਕਾ ਸ਼ਾਹਕੋਟ ਦੀ ਅਕਾਲੀ ਸਿਆਸਤ 'ਚ ਆਉਂਦੇ ਦਿਨੀਂ ਰੌਣਕ ਪਰਤੇਗੀ ?

ਸ਼ਾਹਕੋਟ (ਗਿਆਨ ਸੈਦਪੁਰੀ) ਚੋਣਾਂ ਲੋਕ ਸਭਾ ਦੀਆਂ ਹੋਣ ਜਾਂ ਵਿਧਾਨ ਸਭਾ ਦੀਆਂ, ਇਨ੍ਹਾਂ ਚੋਣਾਂ ਦੌਰਾਨ ਕਿਸੇ ਵਿਸੇਸ ਆਗੂ ਦਾ ਆਪਣੀ ਪਾਰਟੀ ਅੰਦਰ 'ਦਮ ਘੁੱਟਣ' ਜਾਂ 'ਘਰ ਵਾਪਸੀ' ਦਾ ਵਰਤਾਰਾ ਦਹਾਕਿਆਂ ਤੋਂ ਜਾਰੀ ਹੈ। ਇਸ ਵਾਰ ਸਾਰੇ ਪੰਜਾਬ ਤੇ ਖਾਸ ਕਰਕੇ ਜਲੰਧਰ ਵਿੱਚ 'ਢੀਠਤਾਈ' ਦੀ ਹੱਦ ਤੱਕ ਦਲ ਬਦਲੀ ਹੋਈ ਹੈ। ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਸਿਲਸਲੇ ਤਹਿਤ ਵਿਧਾਨ ਸਭਾ ਹਲਕਾ ਸਾਹਕੋਟ 'ਚ ਕਾਂਗਰਸ ਪਾਰਟੀ ਦੇ ਕਈ ਆਗੂਆਂ ਦੀ ਘਰ ਵਾਪਸੀ ਹੋਈ ਹੈ। ਭਾਜਪਾ ਦੇ ਪ੍ਰਵਾਰ 'ਚ ਵੀ ਵਾਧਾ ਹੋਇਆ ਹੈ। ਸੁਣਨ ਵਿੱਚ ਆਇਆ ਹੈ ਕਿ ਭਾਜਪਾ ਵਿੱਚ ਹਲਕਾ ਇੰਚਾਰਜ ਦੇ ਮਾਮਲੇ ਵਿੱਚ ਤਿੰਨ-ਚਾਰ ਆਦਮੀ ਇਸ ਪਦਵੀਂ ਦੇ ਹਾਣ ਦੇ ਹੋਣ ਦੇ ਦਾਅਵਿਆਂ ਦੌਰਾਨ ਪਾਰਟੀ ਕੁਝ ਅਸਹਿਜ ਜਿਹਾ ਮਹਿਸੂਸ ਕਰਦੀ ਨਜਰੀਂ ਆਈ ਹੈ। ਇਸ ਸੰਬੰਧ 'ਚ ਭਾਜਪਾ ਜਿਲ੍ਹਾ ਜਲੰਧਰ ਦੇ ਪ੍ਰਧਾਨ ਮੁਨੀਸ਼ ਧੀਰ ਨੇ ਇਨਚਾਰਜ ਦੇ ਭੰਬਲਭੂਸੇ ਨੂੰ ਸਪਸ਼ਟ ਕੀਤਾ ਹੈ। ਇਸ ਸੰਬੰਧ ਵਿੱਚ ਧੀਰ ਨੇ ਦੱਸਿਆ ਕਿ 'ਭਾਜਪਾ' ਵਿੱਚ ਹਲਕਾ ਇੰਚਾਰਜੀ ਦਾ ਕੋਈ ਅਹੁਦਾ ਹੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਸਾਹਕੋਟ ਦੇ ਦੀਪਕ ਸ਼ਰਮਾ ਕਨਵੀਨਰ ਹਨ। ਉਹ ਪਾਰਟੀ ਵਿੱਚ ਸੀਨੀਅਰ ਆਗੂ ਹਨ। ਵਿਧਾਨ ਸਭਾ ਹਲਕਾ ਸਾਹਕੋਟ ਨਾਲ ਸਬੰਧਤ ਭਾਜਪਾ ਆਗੂ ਡਾ. ਅਮਰਜੀਤ ਸਿੰਘ ਥਿੰਦ ਲੋਕ ਸਭਾ ਹਲਕਾ ਜਲੰਧਰ ਦੇ ਕੋ-ਕਨਵੀਨਰ ਹਨ। ਇਸੇ ਤਰਾਂ ਨਰਿੰਦਰਪਾਲ ਸਿੰਘ ਚੰਦੀ (ਜਿਨ੍ਹਾਂ ਬਾਰੇ ਪਤਾ ਲੱਗਾ ਸੀ ਕਿ ਉਹ ਵਿਧਾਨ ਸਭਾ ਹਲਕਾ ਸਾਹਕੋਟ ਦੇ ਇੰਚਾਰਜ ਕਹਾਂਉਦੇ ਹਨ) ਵਿਧਾਨ ਸਭਾ ਹਲਕਾ ਨਕੋਦਰ ਦੇ ਕੋ:ਕਨਵੀਨਰ ਹਨ।

ਇਸੇ ਦੌਰਾਨ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਹਲਕਾ ਸਾਹਕੋਟ ਦੇ ਅਕਾਲੀ ਵਿਹੜੇ ਵਿੱਚ ਆਉਂਦੇ ਦਿਨੀ ਸਿਆਸੀ ਰੌਣਕ ਵਧਣ ਲੱਗੀ ਹੈ। ਕਿਸੇ ਵੇਲੇ ਹਲਕੇ 'ਚ ਅਕਾਲੀ ਦਲ (ਬਾਦਲ) ਦੀ ਮੋਹਰਲੀ ਲੀਡਰਸ਼ਿਪ ਦੇ ਅਹਿਮ ਰੁਕਨ ਰਹੇ ਉਹ ਆਗੂ ਕਿਸੇ ਠੋਸ ਨਾਰਾਜਗੀ ਕਾਰਨ ਪਾਰਟੀ ਤੋਂ ਵੱਖ ਹੋ ਕੇ 'ਆਪ' ਵਿੱਚ ਸਾਮਲ ਹੋ ਗਏ ਸਨ।

ਅਕਾਲੀ ਦਲ ਬੇਸ਼ੱਕ ਉਨ੍ਹਾਂ ਨੇ ਛੱਡ ਦਿੱਤਾ ਸੀ, ਪਰ ਦੂਸਰੀ ਪਾਰਟੀ ਦੇ ਕਿਸੇ ਵੀ ਮੰਚ ਤੋਂ ਕੀਤੀ ਸਿਆਸੀ ਤਕਰੀਰ ਸ਼ਿਸ਼ਟਾਚਾਰ ਤੋਂ ਪਾਸੇ ਜਾਂਦੀ ਕਦੇ ਨਹੀਂ ਵੇਖੀ/ਸੁਣੀ ਗਈ ਸੀ। ਕੰਨਸੋਆ ਹਨ ਕਿ ਸਹਿਜ ਜਿਹਾ ਰਹਿ ਕੇ ਸਿਆਸਤ ਕਰਨ ਵਾਲਾ ਉਹ ਆਗੂ ਤੱਕੜੀ 'ਚ ਤੁੱਲ ਜਾਵੇਗਾ ਤੇ ਹਲਕੇ ਦੀ ਅਕਾਲੀ ਸਿਆਸਤ ਦੀ ਕੁਝ ਸਮੇਂ ਤੋਂ ਸੁਸਤ ਹੋਈ ਰਫਤਾਰ ਵਿੱਚ ਤੇਜੀ ਲਿਆਵੇਗਾ।

# ਰਿਆਤ-ਬਾਹਰਾ 'ਵਰਸਿਟੀ ਵਿਖੇ ਟੈਕਨੋ ਵਿਰਸਾ- 2024 'ਚ ਫੈਸ਼ਨ ਸ਼ੋਅ




**ਮੁਹਾਲੀ (ਗੁਰਜੀਤ ਬਿੱਲਾ)**- ਆਰ ਬੀ ਯੂ ਟੈਕਨੋ ਵਿਰਸਾ ਦਾ ਦੂਜਾ ਦਿਨ ਡਾਂਸ, ਸੰਗੀਤ ਅਤੇ ਉਤਸ਼ਾਹ ਨਾਲ ਭਰਿਆ ਦਿਨ ਸੀ। ਇਸ ਪ੍ਰੋਗਰਾਮ ਵਿੱਚ ਡਾਂਸ, ਗੀਤ, ਸਟੇਜ ਨਾਟਕ, ਖੇਡਾਂ ਆਦਿ ਸ਼ਾਮਲ ਸਨ ਅਤੇ ਇਸ ਸਮਾਗਮ ਦੌਰਾਨ ਫੈਸ਼ਨ ਸ਼ੋਅ ਅਤੇ ਰੈਂਪ ਵਾਕ ਆਕਰਸ਼ਣ ਦਾ ਕੇਂਦਰ ਰਿਹਾ । ਰੈਂਪ ਵਾਕ ਵਿੱਚ ਪ੍ਰਤੀਯੋਗੀਆਂ ਨੇ ਵੱਖ-ਵੱਖ ਦੌਰ ਜਿਵੇਂ ਕਿ ਵੈਸਟਰਨ ਵਿਅਰ, ਐਥਨਿਕ ਵਿਅਰ, ਸਵਾਲ-ਜਵਾਬ ਅਤੇ ਟੈਲੇਂਟ ਹੰਟ ਨੂੰ ਪਾਰ ਕਰਕੇ ਇੱਕ ਦੂਜੇ ਨੂੰ ਸਖਤ ਮੁਕਾਬਲਾ ਦਿੱਤਾ। ਇਸ ਸਮਾਗਮ ਵਿੱਚ ਰਿਆਤ ਬਾਹਰਾ ਯੂਨੀਵਰਸਿਟੀ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਇਕੱਠਾ ਕੀਤਾ ਗਿਆ ਜਿਨ੍ਹਾਂ ਨੇ ਆਪਣੇ ਨਵੀਨਤਾਕਾਰੀ ਡਿਜ਼ਾਈਨ ਅਤੇ ਵਿਅੰਗਮਈ ਸੁਭਾਅ ਦਾ ਪ੍ਰਦਰਸ਼ਨ ਕਰਦੇ ਹੋਏ ਦਰਸ਼ਕਾਂ ਨੂੰ ਮੋਹ ਲਿਆ।

ਫੈਸ਼ਨ ਸ਼ੋਅ ਵਿੱਚ ਆਰ ਬੀ ਯੂ ਦੇ ਉਭਰਦੇ ਡਿਜ਼ਾਈਨਰਾਂ ਦੁਆਰਾ ਤਿਆਰ ਕੀਤੇ ਗਏ ਕੱਪੜਿਆਂ ਅਤੇ ਸਹਾਇਕ ਉਪਕਰਣਾਂ ਦੀ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਦੇਖੀ ਗਈ। ਇਸ ਫੈਸ਼ਨ ਸ਼ੋਅ ਵਿੱਚ ਯੂਨੀਵਰਸਿਟੀ ਈਵੈਂਟ ਕਲੱਬ ਨੇ ਪਹਿਲਾ ਇਨਾਮ ਜਿੱਤਿਆ। ਯੂਨੀਵਰਸਿਟੀ ਸਕੂਲ ਆਫ ਮੈਨੇਜਮੈਂਟ ਸਟੱਡੀਜ਼ ਨੇ ਦੂਜਾ ਸਥਾਨ ਹਾਸਲ ਕੀਤਾ। ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਉਨ੍ਹਾਂ ਦੀ ਲਗਨ ਅਤੇ ਮਿਹਨਤ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸੱਭਿਆਚਾਰਕ ਅਤੇ ਤਕਨੀਕੀ ਸਮਾਗਮਾਂ ਦੇ ਵੱਖ-ਵੱਖ ਮੁਕਾਬਲਿਆਂ ਦੀਆਂ ਜੇਤੂ ਟੀਮਾਂ ਨੂੰ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਵੱਲੋਂ ਇਨਾਮਾਂ ਦੀ ਵੰਡ ਕਰਕੇ ਸਨਮਾਨਤ ਵੀ ਕੀਤਾ ਗਿਆ।

ਇਸ ਫੈਸਟੀਵਲ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਗਤਕਾ ਸ਼ੋਅ, ਫੈਸ਼ਨ ਸ਼ੋਅ, ਵਾਰ ਆਫ ਬੈਂਡ, ਲੋਕ ਨਾਚ, ਕਵੀ ਸੰਮੇਲਨ, ਮਹਿੰਦੀ, ਪੋਸਟਰ ਮੇਕਿੰਗ, ਬੈਸਟ ਆਊਟ ਆਫ ਵੇਸਟ, ਪੇਂਟ ਯੂਅਰ ਫੇਸ, ਮਡ ਰੋਬੋ ਰੇਸ, ਦਿ ਬੱਗ ਵਾਰ, ਲੋਗੋ ਮੇਕਿੰਗ, ਕਾਰਟੂਨਿੰਗ ਅਤੇ ਤਕਨੀਕੀ ਕਵਿੱਜ਼, ਆਨ ਦ ਸਪਾਟ ਪੇਂਟਿੰਗ ਆਦਿ ਸ਼ਾਮਲ ਹਨ।

# ਆਪ ਆਗੂ ਰਾਜਵਿੰਦਰ ਕੌਰ ਦਾ ਭਾਜਪਾ ਉਮੀਦਵਾਰ 'ਤੇ ਜ਼ਬਰਦਸਤ ਪ੍ਰਤੀਕ੍ਰਮ



ਜਲੰਧਰ (ਸ਼ੈਲੀ ਐਲਬਰਟ)- ਚੱਲ ਰਹੀਆਂ ਲੋਕ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਤੋਂ ਯਕਦਮ ਰਾਤੋ ਰਾਤ ਛਾਲ ਮਾਰ ਕੇ ਭਾਜਪਾ ਵਿੱਚ ਗਏ ਸੁਸ਼ੀਲ ਰਿੰਕੂ ਦੇ ਆਪ ਖਿਲਾਫ ਕੀਤੇ ਅਜੀਬ ਹੌਲੇ ਪੱਧਰ ਦੇ ਵਿਅੰਗ ਦੀ ਹਰ ਪਾਸੇ ਨਿੰਦਾ ਹੋ ਰਹੀ ਹੈ । ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਬੀਬੀ ਰਾਜਵਿੰਦਰ ਕੌਰ ਨੇ ਹੁਣੇ ਬਣੇ ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦੇ ਵਿਅੰਗ ਉਤੇ ਸਖਤ ਪ੍ਰਤੀਕ੍ਰਮ ਦਿੰਦੇ ਹੋਏ ਕਿਹਾ ਕਿ ਤੁਸੀ ਕਾਂਗਰਸ ਦੇ ਹਾਰੇ ਹੋਏ ਆਗੂ ਸੀ, ਆਮ ਆਦਮੀ ਪਾਰਟੀ ਨੇ ਤੁਹਾਨੂੰ ਰਾਸ਼ਟਰ ਪੱਧਰ 'ਤੇ ਪਹੁੰਚਾ ਦਿਤਾ ਤੇ ਤੁਹਾਡਾ ਮਾਣ ਕਰਦੇ ਹੋਏ ਫਿਰ ਟਿਕਟ ਦਿੱਤੀ ਪਰ ਤੁਸੀਂ ਆਪ ਦੀ ਕਦਰ ਤਾਂ ਕੀ ਕਰਨੀ ਸੀ, ਰਾਤੋ ਰਾਤ ਮਜ਼ਦੂਰ ਤੇ ਗਰੀਬ ਵਿਰੋਧੀ ਪਾਰਟੀ ਭਾਜਪਾ 'ਚ ਚਲੇ ਗਏ ਅਤੇ ਤੁਸੀਂ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਤੁਹਾਡੀ ਜਿੱਤ ਲਈ ਵਹਾਇਆ ਪਸੀਨਾ ਵੀ ਭੁੱਲ ਗਏ। ਬੀਬੀ ਕੌਰ ਨੇ ਕਿਹਾ ਕਿ ਤੁਸੀਂ ਆਮ ਆਦਮੀ ਪਾਰਟੀ ਦੇ ਵਰਕਰਾਂ 'ਤੇ ਵਿਅੰਗ ਕੀਤਾ ਹੈ, ਇਸ ਬਾਰੇ ਕਿਸੇ ਅਹਿਸਾਨ ਫਰਮੋਸ਼ ਬੰਦੇ ਤੋਂ ਵੀ ਆਸ ਨਹੀਂ ਰੱਖੀ ਜਾਂਦੀ, ਜਿਸ ਦਾ ਆਪ ਦੇ ਵਰਕਰਾਂ ਵਿੱਚ ਸਖਤ ਰੋਸ ਹੈ, ਰਾਜਵਿੰਦਰ ਨੇ ਕਿਹਾ ਕਿ ਅਸੀਂ ਰੱਬ ਦਾ ਸ਼ੁਕਰ ਕਰਦੇ ਹਾਂ ਕਿ ਤੁਸੀਂ ਵੇਲੇ ਨਾਲ ਸਾਨੂੰ ਛੱਡ ਗਏ । ਬੀਬੀ ਰਾਜਵਿੰਦਰ ਕੌਰ ਨੇ ਅਖੀਰ 'ਤੇ ਕਿਹਾ ਕਿ ਛੇਤੀ ਹੀ ਇਸ ਸਬੰਧੀ ਪਾਰਟੀ ਹਾਈਕਮਾਂਡ ਨਾਲ ਗੱਲ ਕਰਕੇ ਚੋਣ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਜਾਏਗੀ ।

# ਰੇਹੜੀ ਵਾਲਿਆਂ ਦੇ ਹੱਕ 'ਚ ਨਿੱਤਰੇ ਜਨਤਕ ਜਥੇਬੰਦੀਆਂ ਦੇ ਆਗੂ



**ਫਿਲੌਰ (ਨਿਰਮਲ)**- ਅੱਜ ਸਥਾਨਕ ਰੇਲਵੇ ਫਾਟਕ ਦੇ ਕੋਲ ਨੂਰਮਹਿਲ ਰੋਡ 'ਤੇ ਇਕ ਨਿਹੰਗ ਦਿੱਖ ਵਾਲੇ ਵਿਅਕਤੀ ਵਲੋਂ ਰੇਹੜੀਆਂ ਵਾਲਿਆਂ ਨੂੰ ਤੰਗ ਪ੍ਰੇਸ਼ਾਨ ਕਰਨ ਅਤੇ ਹਫ਼ਤਾ ਵਸੂਲੀ ਕਰਨ ਖ਼ਿਲਾਫ਼ ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਸਥਾਨਕ ਡੀ ਐਸ ਪੀ ਨੂੰ ਮਿਲ ਕੇ ਕਾਰਵਾਈ ਦੀ ਮੰਗ ਕੀਤੀ। ਇਸ ਸੜਕ ਦੇ ਕਿਨਾਰੇ ਕੁਝ ਪਰਵਾਰ ਫਲ ਫਰੂਟ ਦੀ ਤੇ ਸਬਜ਼ੀ ਦੀਆਂ ਰੇਹੜੀਆਂ ਪਿਛਲੇ ਕਈ ਸਾਲਾਂ ਤੋਂ ਲਗਾਉਂਦੇ ਆ ਰਹੇ ਹਨ। ਆਗੂਆਂ ਦੱਸਿਆ ਕਿ ਰੇਹੜੀ ਲਗਾ ਰਹੀ ਇੱਕ ਔਰਤ ਨੂੰ ਜਾਤ/ਧਰਮ ਦਾ ਨਾਂਅ ਲੈ ਕੇ ਉਕਤ ਵਿਅਕਤੀ ਵਲੋਂ ਸਿਰਫ਼ ਚਿੜਾਇਆ ਹੀ ਨਹੀਂ ਗਿਆ ਸਗੋਂ ਬਾਹਰੋਂ ਹੋਰ ਵਿਅਕਤੀ ਬੁਲਾ ਕੇ ਸਾਰੀਆਂ ਰੇਹੜੀਆਂ ਨੂੰ ਨਿਸ਼ਚਤ ਥਾਂ 'ਤੇ ਲਾਉਣ ਤੋਂ ਰੋਕ ਦਿੱਤਾ। ਆਗੂਆਂ ਦੱਸਿਆ ਕਿ ਇਹ ਵਿਅਕਤੀ ਪਹਿਲਾਂ ਵੀ ਰੇਹੜੀਆਂ ਵਾਲਿਆਂ ਨੂੰ ਤੰਗ ਪ੍ਰੇਸ਼ਾਨ ਕਰਕੇ ਉਨ੍ਹਾਂ ਕੋਲੋਂ ਜਬਰੀ ਹਫਤਾ ਵਸੂਲੀ ਕਰਦਾ ਸੀ। ਜਿਸ 'ਤੇ ਅੱਜ ਦਿਹਾਤੀ ਮਜ਼ਦੂਰ ਸਭਾ ਤੇ ਜਮਹੂਰੀ ਕਿਸਾਨ ਸਭਾ ਦੇ ਜਰਨੈਲ ਫਿਲੌਰ, ਕੁਲਦੀਪ ਫਿਲੌਰ, ਸਰਪੰਚ ਰਾਮ ਲੁਭਾਇਆ, ਕੁਲਜੀਤ ਫਿਲੌਰ, ਤਰਜਿੰਦਰ ਧਾਲੀਵਾਲ, ਮਾ. ਹੰਸ ਰਾਜ, ਕਾਂਗਰਸੀ ਆਗੂ ਡਾ. ਅਸ਼ਵਨੀ ਕੁਮਾਰ ਆਸ਼ੂ ਇਕੱਠੇ ਹੋਏ, ਜਿਨ੍ਹਾਂ ਰੇਹੜੀ ਵਾਲਿਆਂ ਦੇ ਹੱਕ 'ਚ ਨਾਅਰਾ ਮਾਰਦਿਆਂ ਰੇਹੜੀ ਨਿਸਚਿਤ ਥਾਂ 'ਤੇ ਲਗਵਾ ਦਿੱਤੀਆਂ। ਮਗਰੋਂ ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਦਿੱਲੀ ਕਿਸਾਨ ਮੋਰਚੇ ਦੇ ਸ਼ਹੀਦਾਂ ਦੀ ਯਾਦਗਰ ਦਫ਼ਤਰ ਇਕੱਠੇ ਹੋ ਕੇ ਇੱਕ ਲਿਖਤੀ ਸ਼ਿਕਾਇਤ ਡੀ ਐਸ ਪੀ ਫਿਲੌਰ ਨੂੰ ਦਿੱਤੀ।

ਜਰਨੈਲ ਫਿਲੌਰ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਕਿਸੇ ਵੀ ਕੀਮਤ 'ਤੇ ਪੇਟ ਪਾਲ ਰਹੇ ਲੋਕਾਂ ਦਾ ਉਜਾੜਾ ਨਹੀਂ ਹੋਣ ਦੇਵੇਗੀ।

# ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

ਮੋਹਾਲੀ ( ਗੁਰਜੀਤ ਬਿੱਲਾ)- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਪੰਜਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਪੂਰਵਕ ਮਨਾਇਆ ਗਿਆ । ਸਵੇਰੇ 9:00 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਪਾਠ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਪ੍ਰੇਮ ਸਿੰਘ ਪ੍ਰੇਮੀ ਦੇ ਇੰਟਰਨੈਸ਼ਨਲ ਢਾਡੀ ਜਥੇ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਵਿਸਥਾਰ ਸਹਿਤ ਸਰਵਣ ਕਰਾਇਆ । ਉਨ੍ਹਾਂ ਗੁਰੂ ਸਾਹਿਬਾਨ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਉਸਾਰੀ ਕਰਵਾਉਣ ਬਾਰੇ ਸੰਗਤਾਂ ਨੂੰ ਦੱਸਿਆ । ਭਾਈ ਬਲਦੇਵ ਸਿੰਘ ਦੇ ਜਥੇ ਨੇ ਆਪਣੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਸ਼੍ਰੋਮਣੀ ਪ੍ਰਚਾਰਕ ਭਾਈ ਜਤਿੰਦਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਗੁਰੂ ਸਾਹਿਬ ਵੱਲੋਂ ਉਚਾਰਨ ਧੁਰ ਕੀ ਬਾਣੀ ਸ੍ਰੀ ਸੁਖਮਨੀ ਸਾਹਿਬ, ਸ੍ਰੀ ਬਾਰ੍ਹਾਂ ਮਾਹ , ਸ੍ਰੀ ਸ਼ਬਦ ਹਜ਼ਾਰੇ ਅਤੇ 30 ਰਾਗਾਂ ਵਿੱਚ 2218 ਸ਼ਬਦ ਜੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸੁਭਾਇਮਾਨ ਹਨ, ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਓਂਕਾਰ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਗੁਰਦੀਪ ਸਿੰਘ, ਭਾਈ ਜੁਝਾਰ ਸਿੰਘ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਭਾਈ ਬਲਜੀਤ ਸਿੰਘ, ਬੀਬੀ ਬਲਵਿੰਦਰ ਕੌਰ, ਭਾਈ ਸੁਖਵਿੰਦਰ ਸਿੰਘ, ਭਾਈ ਹਰਬੀਰ ਸਿੰਘ ਦੇ ਜਥਿਆਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਜਸਵੰਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।

# ਚੰਦੀ ਨੇ ਲਾਲਜੀਤ ਸਿੰਘ ਭੁੱਲਰ ਦੇ ਹੱਕ 'ਚ ਵੋਟਾਂ ਮੰਗੀਆਂ

ਕਾਲਾ ਸੰਘਿਆਂ (ਮਨਜੀਤ ਮਾਨ) ਪਿੰਡ ਮਾਹਿਮਦ 'ਚ ਕਰਨਵੀਰ ਸਿੰਘ ਚੰਦੀ ਦੀ ਅਗਵਾਈ ਹੇਠ ਹੋਈ ਮੀਟਿੰਗ ਜਿਸ 'ਚ ਪਿੰਡ ਦੇ ਪਤਵੰਤੇ ਸੱਜਣਾਂ ਨੇ ਹਿੱਸਾ ਲਿਆ ਚੰਦੀ ਨੇ ਆਪ ਸਰਕਾਰ ਦੇ 2 ਸਾਲ 'ਚ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਇਸ ਵਾਰ ਲੋਕ ਸਭਾ ਖਡੂਰ ਸਾਹਿਬ ਤੋਂ ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਉਮੀਦਵਾਰ ਐਲਾਨੇ ਗਏ ਹਨ ਉਨ੍ਹਾਂ ਨੂੰ ਹਲਕਾ ਖਡੂਰ ਸਾਹਿਬ ਤੋਂ ਭਾਰੀ ਲੀਡ ਨਾਲ ਜਿਤਾਇਆ ਜਾਵੇਗਾ ਸ੍ਰੀ ਚੰਦੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕ ਲਾਲਜੀਤ ਸਿੰਘ ਭੁੱਲਰ ਨੂੰ ਵੋਟਾਂ ਪਾ ਕੇ ਕਾਮਯਾਬ ਕਰਨ ਅਤੇ ਪਿੰਡ ਵਾਲਿਆਂ ਨੇ ਵੀ ਭਰੋਸਾ ਦਿਵਾਇਆ ਕਿ ਸਾਰਾ ਪਿੰਡ ਸ੍ ਲਾਲਜੀਤ ਸਿੰਘ ਭੁੱਲਰ ਦੇ ਹੱਕ ਵਿੱਚ ਭੁਗਤੇਗਾ ਇਸ ਮੌਕੇ ਤੇ ਪਿੰਡ ਆਲਮਗੀਰ, ਕਾਲਾ ਸੰਘਿਆਂ ਟੀਮ, ਨਰਿੰਦਰ ਸਿੰਘ ਸੰਘਾ ਸੋਸ਼ਲ ਮੀਡੀਆ ਇੰਚਾਰਜ ਹਲਕਾ ਕਪੂਰਥਲਾ, , ਬਲਕਾਰ ਸਿੰਘ ਲਾਲਕਾ ਜਨਰਲ ਸਕੱਤਰ ਵਿਮੁਕਤ ਜਾਤੀ, ਸਰਬਣ ਸਿੰਘ ਸੰਘਾ, ਵਿਜੇ ਕੁਮਾਰ ਅਰੋੜਾ, ਡਾ. ਬਲਰਾਮ ਸ਼ਰਮਾ ਅਤੇ ਪਿੰਡ ਦੇ ਮੋਹਤਬਰ ਸਰਬਜੀਤ ਸਿੰਘ ਗੁਰਪ੍ਰੀਤ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਸ਼ਾਹ, ਸਾਬਕਾ ਸਰਪੰਚ ਨਰਿੰਦਰ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।



# ਪ੍ਰਭ ਆਸਰਾ ਵਿਖੇ ਬਿਜਲੀ ਬਹਾਲ ਹੋਣ ਉਪਰੰਤ ਜਥੇਬੰਦੀਆਂ ਦਾ ਧੰਨਵਾਦ

ਕੁਰਾਲੀ (ਮੋਹਨ ਅਗਰਵਾਲ) ਬੇਸਹਾਰਾ ਤੇ ਲਾਵਾਰਿਸ ਨਾਗਰਿਕਾਂ ਦੀ ਸੇਵਾ-ਸੰਭਾਲ ਕਰ ਰਹੀ ਸੰਸਥਾ ਪ੍ਰਭ ਆਸਰਾ ਪੜਿਆਲਾ ਵੱਲੋਂ ਬਿਜਲੀ ਦਾ ਕੱਟਿਆ ਕੁਨੈਕਸ਼ਨ ਦੁਬਾਰਾ ਲਗਾਉਣ 'ਤੇ ਸਹਿਯੋਗੀ ਸੱਜਣਾਂ ਅਤੇ ਸਮੁੱਚੀਆਂ ਜਥੇਬੰਦੀਆਂ ਨੂੰ ਵਿਸ਼ੇਸ਼ ਤੌਰ 'ਤੇ ਸੱਦ ਕੇ ਧੰਨਵਾਦ ਕੀਤਾ ਅਤੇ ਇੱਥੋਂ ਦੇ ਬੱਚਿਆਂ ਨੇ ਮੁੱਖ ਸੜਕ 'ਤੇ ਮਨੁੱਖੀ ਜੰਜੀਰ ਬਣਾ ਕੇ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੰਸਥਾ ਮੁਖੀ ਭਾਈ ਸਮਸ਼ੇਰ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਪਿਛਲੇ ਕਈ ਮਹੀਨਿਆਂ ਤੋਂ ਕੱਟੇ ਬਿਜਲੀ ਕਨੈਕਸ਼ਨ ਕਾਰਨ ਪੀੜਤ ਨਾਗਰਿਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਜਿਸ ਬਾਰੇ ਕੋਈ ਸੁਣਵਾਈ ਨਹੀਂ ਹੋ ਰਹੀ ਸੀ ਤਾਂ ਆਪ ਸਾਰਿਆਂ ਵੱਲੋਂ ਮਿਲ ਕੇ ਕੀਤੇ ਸੰਘਰਸ ਸਦਕਾ ਮੌਜੂਦਾ ਸਰਕਾਰ ਨੇ ਬਿਜਲੀ ਦੀ ਸਮੱਸਿਆ ਦਾ ਹੱਲ ਕਰ ਦਿੱਤਾ। ਇਸ ਦੌਰਾਨ ਕਿਸਾਨ ਆਗੂ ਪਰਮਿੰਦਰ ਸਿੰਘ ਚਲਾਕੀ, ਦਵਿੰਦਰ ਸਿੰਘ ਬਾਜਵਾ, ਰੇਸਮ ਸਿੰਘ ਬਡਾਲੀ, ਬਲਵਿੰਦਰ ਸਿੰਘ ਸਕੱਤਰ ਸ਼ੇਰ-ਏ-ਪੰਜਾਬ ਅਕਾਲੀ ਦਲ , ਰਵਿੰਦਰ ਸਿੰਘ ਵਜੀਦਪੁਰ, ਭਾਈ ਹਰਜੀਤ ਸਿੰਘ ਹਰਮਨ, ਬਾਬਾ ਭੁਪਿੰਦਰ ਸਿੰਘ ਮਾਜਰਾ, ਦਲਜੀਤ ਸਿੰਘ ਜੀਤਾ, ਗੁਰਮੀਤ ਸਿੰਘ ਖੂਨੀ ਮਾਜਰਾ, ਗੁਰਚਰਨ ਸਿੰਘ ਢੋਲਣ ਮਾਜਰਾ ਨੇ ਹਾਜ਼ਰੀ ਲਵਾਈ।




# ਹੈਰੋਇਨ ਸਮੇਤ ਕਾਬੂ

ਨਵਾਂਸਹਿਰ (ਮਨੋਜ ਲਾਡੀ) - ਥਾਣਾ ਔੜ ਦੀ ਪੁਲਸ ਨੇ ਇਕ ਵਿਅਕਤੀ ਨੂੰ 87 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਹੈ। ਏ.ਐੱਸ.ਆਈ. ਮਨੋਹਰ ਲਾਲ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਵਿਅਕਤੀ ਦੀ ਤਲਾਸੀ ਲਈ ਪਿੰਡ ਔੜ ਵੱਲ ਜਾ ਰਹੀ ਸੀ ਕਿ ਪਿੰਡ ਵੱਲੋਂ ਆ ਰਿਹਾ ਇਕ ਵਿਅਕਤੀ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਖੇਤਾਂ ਵੱਲ ਮੁੜਨ ਲੱਗਾ । ਉਸ ਨੇ ਆਪਣੀ ਪੈਂਟ ਦੀ ਜੇਬ ਵਿਚੋਂ ਇਕ ਲਿਫਾਫਾ ਕੱਢ ਕੇ ਕੱਚੀ ਥਾਂ 'ਤੇ ਸੁੱਟ ਦਿੱਤਾ। ਪੁਲਸ ਮੁਲਾਜ਼ਮਾਂ ਦੀ ਮਦਦ ਨਾਲ ਉਕਤ ਵਿਅਕਤੀ ਨੂੰ ਕਾਬੂ ਕਰ ਕੇ ਜਦੋਂ ਉਸ ਵੱਲੋਂ ਸੁੱਟੇ ਗਏ ਲਿਫਾਫੇ ਦੀ ਜਾਂਚ ਕੀਤੀ ਗਈ ਤਾਂ ਉਸ ਵਿੱਚੋ 87 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

ਕਾਬੂ ਕੀਤੇ ਗਏ ਮੁਲਜ਼ਮ ਦੀ ਪਛਾਣ ਦਵਿੰਦਰ ਸਿੰਘ ਵਾਸੀ ਪਿੰਡ ਫਾਂਬੜਾ ਵਜੋਂ ਹੋਈ ਹੈ। ਏ.ਐੱਸ.ਆਈ. ਮਨੋਹਰ ਲਾਲ ਨੇ ਦੱਸਿਆ ਕਿ ਕਾਬੂ ਕੀਤੇ ਮੁਲਜ਼ਮ ਖਿਲਾਫ ਥਾਣਾ ਔੜ ਵਿਖੇ ਕੇਸ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਮਜ਼ਦੂਰ ਦਿਵਸ ਮੌਕੇ ਲੋਕਤੰਤਰ ਨੂੰ ਮਜ਼ਬੂਤ ਕਰਨ ਦਾ ਸੁਨੇਹਾ



**ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਲੋਕ ਸਭਾ ਚੋਣਾਂ-2024 ਵਿੱਚ 'ਹਰ ਇੱਕ ਵੋਟ ਜ਼ਰੂਰੀ' ਦੇ ਸੁਨੇਹੇ ਦੇ ਸੰਕਲਪ ਨਾਲ ਜ਼ਿਲ੍ਹਾ ਸਵੀਪ ਟੀਮ 'ਆਈ ਪੀ ਐਲ' ਵਿੱਚ ਨੌਜੁਆਨ ਵੋਟਰਾਂ ਨੂੰ ਮੈਚ ਦਿਖਾਉਣ, ਮਹਿਲਾ ਵੋਟਰਾਂ ਲਈ ਮੈਰਾਥਨ ਦਾ ਆਯੋਜਨ ਕਰਨ ਉਪਰੰਤ ਅੱਜ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਮਜ਼ਦੂਰ ਦਿਵਸ ਮੌਕੇ ਲੇਬਰ ਚੌਕ, ਮਦਨਪੁਰਾ, ਮੋਹਾਲੀ ਵਿਖੇ ਕਿਰਤੀਆਂ ਦੇ ਵਿਹੜੇ ਦਸਤਕ ਦੇਣ ਪੁੱਜੀ। ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ ਗੁਰਬਖਸ਼ੀਸ਼ ਸਿੰਘ ਅਨਟਾਲ ਵੱਲੋਂ ਮਜ਼ਦੂਰ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਇਨ੍ਹਾਂ ਮਿਹਨਤਕਸ਼ਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਵੋਟ ਪਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਬਲਜਿੰਦਰ ਸਿੰਘ ਅਤੇ ਉਨ੍ਹਾ ਦੀ ਟੀਮ ਵੱਲੋਂ ਨੁੱਕੜ ਨਾਟਕ 'ਮੇਰੀ ਵੋਟ ਮੇਰਾ ਅਧਿਕਾਰ' ਅਤੇ ਭੰਡਾਂ ਦੀਆਂ ਨਕਲਾਂ ਨਾਲ ਕਿਰਤੀ ਮਜ਼ਦੂਰਾਂ ਦਾ ਮਨੋਰੰਜਨ ਕੀਤਾ ਗਿਆ ਅਤੇ ਵੋਟ ਪਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਚੋਣ ਤਹਿਸੀਲਦਾਰ ਸੰਜੇ ਕੁਮਾਰ, ਚੋਣ ਕਾਨੂੰਗੋ ਸੁਰਿੰਦਰ ਬੱਤਰਾ, ਜਗਤਾਰ ਸਿੰਘ, ਸ਼ਿਵਾਨੀ ਸ਼ਰਮਾ, ਪ੍ਰੋ ਅਮ੍ਰਿਤ ਪਾਲ ਸਿੰਘ ਅਤੇ ਮਿਤੇਸ਼ ਵੀ ਹਾਜ਼ਰ ਸਨ। ਇਸ ਮੌਕੇ ਕਿਰਤੀਆਂ ਨੂੰ ਵੋਟ ਪਾਉਣ ਦੀ ਅਪੀਲ ਵਾਲੀਆਂ ਟੋਪੀਆਂ ਅਤੇ ਚਾਬੀਆਂ ਦੇ ਛੱਲੇ ਵੀ ਵੰਡੇ ਗਏ।

# ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਭਾਜਪਾ 'ਚ ਸ਼ਮੂਲੀਅਤ ਦੀ ਧਾਮੀ ਦੁਆਰਾ ਆਲੋਚਨਾ ਹਾਸੋਹੀਣੀ : ਸਿੰਗੜੀਵਾਲਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੁਆਰਾ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਸਿੱਖ ਆਗੂਆਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦੀ ਆਲੋਚਨਾ ਕਰਨ ਨੂੰ ਹਾਸੋਹੀਣਾ ਕਰਾਰ ਦਿੰਦਿਆਂ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇਸ ਦੁਖਦਾਈ ਸਥਿਤੀ ਲਈ ਮਰਹੂਮ ਆਗੂ ਪ੍ਰਕਾਸ਼ ਸਿੰਘ ਬਾਦਲ ਅਤੇ ਉਸ ਦੇ ਦਲ ਵਲੋਂ ਆਪਣੀਆਂ ਨਿੱਜੀ ਅਤੇ ਰਾਜਸੀ ਗਰਜ਼ਾਂ ਲਈ ਭਾਰਤੀ ਜਨਤਾ ਪਾਰਟੀ ਨਾਲ ਬਿਨਾਂ ਸ਼ਰਤ ਨਹੁੰ ਮਾਸ ਦਾ ਰਿਸ਼ਤਾ ਦੱਸਦੇ ਹੋਏ ਕੀਤੇ ਗੱਠਜੋੜ ਨੂੰ ਇੱਕ ਪ੍ਰੈਸ ਨੋਟ ਰਾਹੀਂ ਜ਼ਿੰਮੇਵਾਰ ਦੱਸਿਆ। ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਬੀਤੇ ਕੁਝ ਦਿਨ ਪਹਿਲੇ ਜੋ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 7 ਮੈਂਬਰਾਂ ਅਤੇ ਹੋਰਨਾਂ ਸਿੱਖਾਂ ਵੱਲੋਂ ਮੁਤੱਸਵੀ ਪੰਜਾਬ ਤੇ ਸਿੱਖ ਕੌਮ ਵਿਰੋਧੀ ਜਮਾਤ ਬੀਜੇਪੀ-ਆਰ.ਐਸ.ਐਸ. ਵਿਚ ਜੋ ਤਾਕਤ ਦੇ ਪ੍ਰਭਾਵ ਹੇਠ ਆ ਕੇ ਉਨ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਵਿਚ ਫਸ ਕੇ ਇਸ ਜਮਾਤ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ ਹੈ, ਉਹ ਪੰਜਾਬ ਸੂਬੇ ਅਤੇ ਖ਼ਾਲਸਾ ਪੰਥ ਦੀਆਂ ਪੁਰਾਤਨ ਮਹਾਨ ਸਿਧਾਂਤਕ ਰਵਾਇਤਾਂ ਅਤੇ ਸੋਚ ਨੂੰ ਤਿਲਾਂਜਲੀ ਦੇ ਕੇ ਸਮੁੱਚੀ ਸਿੱਖ ਕੌਮ ਦੇ ਮਨ-ਆਤਮਾਵਾਂ ਨੂੰ ਠੇਸ ਪਹੁੰਚਾਉਣ ਦੀਆਂ ਦਿਸ਼ਾਹੀਣ, ਅਫਸੋਸਨਾਕ ਅਮਲ ਕੀਤੇ ਗਏ ਹਨ। ਜਿਸ ਨੂੰ ਕੋਈ ਵੀ ਗੁਰੂ ਦਾ ਸਿੱਖ ਕਦੀ ਵੀ ਪ੍ਰਵਾਨ ਨਹੀ ਕਰ ਸਕਦਾ।

# ਮਨਜੀਤ ਮਾਨ ਜਰਨਲਿਸਟ ਪ੍ਰੈੱਸ ਕਲੱਬ ਪ੍ਰਧਾਨ ਪੰਜਾਬ ਦਾ ਜਨਮ ਦਿਨ ਮਨਾਇਆ



ਨੂਰਮਹਿਲ (ਬਾਲ ਕਿਸ਼ਨ ਬਾਲੀ )- ਜਰਨਲਿਸਟ ਪ੍ਰੈੱਸ ਕਲੱਬ ਰਜਿ. ਪੰਜਾਬ ਪ੍ਰਧਾਨ ਮਨਜੀਤ ਮਾਨ ਦਾ ਜਨਮ ਦਿਨ ਅੱਜ ਨੂਰਮਹਿਲ ਦੇ ਇੱਕ ਸਥਾਨਕ ਰੈਸਟੋਰੈਂਟ ਵਿੱਚ ਜਰਨਲਿਸਟ ਪ੍ਰੈਸ ਕਲੱਬ ਦੀ ਇਕਾਈ ਬਿਲਗਾ ਨੂਰਮਹਿਲ ਵਲੋਂ ਸਾਂਝੇ ਤੌਰ 'ਤੇ ਮਨਾਇਆ ਗਿਆ। ਯੂਨਿਟ ਮੈਂਬਰਾਂ ਅਤੇ ਮਨਜੀਤ ਮਾਨ ਨਾਲ ਪਹੁੰਚੀ ਪੰਜਾਬ ਟੀਮ ਨੇ ਮਨਜੀਤ ਮਾਨ ਦੀ ਲੰਬੀ ਉਮਰ ਅਤੇ ਸਿਹਤਯਾਬੀ ਲਈ ਵਾਹਿਗੁਰੂ ਅੱਗੇ ਅਰਦਾਸ ਕਰਕੇ ਕੇਕ ਕੱਟਿਆ।

ਮਨਜੀਤ ਮਾਨ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਰਨਲਿਸਟ ਪ੍ਰੈੱਸ ਕਲੱਬ ਹਰ ਪੱਤਰਕਾਰ ਦੇ ਨਾਲ ਖੜ੍ਹੀ ਹੈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਯੂਨਿਟ ਦੇ ਨਵੇਂ ਸ਼ਨਾਖਤੀ ਕਾਰਡ ਬਣਾ ਕੇ ਜਲਦੀ ਦਿੱਤੇ ਜਾਣਗੇ। ਇਸ ਮੌਕੇ ਸਰਪ੍ਰਸਤ ਜੇ.ਐਸ ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਸੂਬਾ ਕੋਆਰਡੀਨੇਟਰ ਪ੍ਰਿਤਪਾਲ ਸਿੰਘ, ਬਲਵੀਰ ਸਿੰਘ ਚੀਮਾ ਸੂਬਾ ਪ੍ਰਧਾਨ ਸ਼੍ਰੋਮਣੀ ਰੰਘਰੇਟਾ ਦਲ, ਅਸ਼ੋਕ ਲਾਡੀ ਚੇਅਰਮੈਨ ਜ਼ਿਲ੍ਹਾ ਜਲੰਧਰ, ਰਾਮ ਸਿੰਘ ਭੱਟੀ ਮੁੱਖ ਬੁਲਾਰਾ ਪੰਜਾਬ, ਵਰਿੰਦਰ ਰਾਜਪੂਤ, ਪਵਨ ਮੱਟੂ ,ਸ਼ਿਵ ਮਾਲੜੀ ਤੋਂ ਇਲਾਵਾ ਯੂਨਿਟ ਬਿਲਗਾ ਨੂਰਮਹਿਲ ਦੇ ਮੈਂਬਰ ਪੁਸ਼ਕਰ ਬਿਲਗਾ, ਸੰਜੀਵ ਵਰਮਾ ਬਿਲਗਾ, ਸੌਰਵ ਕੁਮਾਰ ਉਰਫ ਲਵਲੀ, ਰਾਮ ਮੂਰਤੀ ਕੋਟੀਆ, ਮਨਜੀਤ ਸਿੰਘ ਵਿਰਦੀ, ਪਾਰਸ ਢੀਂਗਰਾ, ਪਾਰਸ ਨਈਅਰ, ਪ੍ਰਿੰਸ ਅਰੋੜਾ ਆਦਿ ਹਾਜ਼ਰ ਸਨ।

# ਹਰਵਿੰਦਰ ਸਿੰਘ ਨੰਬਰਦਾਰ ਨੂੰ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਮੋਹਾਲੀ ਦਾ ਸਕੱਤਰ ਜਨਰਲ ਬਣਾਇਆ



ਚੰਡੀਗੜ੍ਹ (ਗੁਰਜੀਤ ਬਿੱਲਾ) ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ ਨੂੰ ਪਾਰਟੀ ਨੇ ਵੱਡੀ ਜਿੰਮੇਵਾਰੀ ਦਿੱਤੀ ਹੈ। ਉਹਨਾਂ ਨੂੰ ਮੋਹਾਲੀ ਜਿਲ੍ਹਾ ਸ਼੍ਰੋਮਣੀ ਅਕਾਲੀ ਦਲ ਦਾ ਸਕੱਤਰ ਜਨਰਲ ਨਿਯੁਕਤ ਕੀਤਾ ਗਿਆ ਹੈ। ਮੋਹਾਲੀ ਹਲਕੇ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਅਤੇ ਜਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ ਨੇ ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ ਨੂੰ ਨਿਯੁਕਤੀ ਪੱਤਰ ਸੌਂਪਿਆ। ਇਸ ਮੌਕੇ ਬੋਲਦਿਆਂ ਮੁੱਖ ਸੇਵਾਦਾਰ ਹਲਕਾ ਮੋਹਾਲੀ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਹਨ ਤੇ ਪੂਰਾ ਪਰਵਾਰ ਅਕਾਲੀ ਦਲ ਨਾਲ ਜੁੜਿਆ ਰਿਹਾ ਹੈ।

ਉਹਨਾਂ ਕਿਹਾ ਕਿ ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ ਵਰਗੇ ਆਗੂਆਂ ਦੇ ਸਦਕਾ ਹੀ ਪਾਰਟੀ ਮਜਬੂਤ ਹੁੰਦੀ ਹੈ ਅਤੇ ਉਹਨਾਂ ਨੂੰ ਪੂਰਨ ਆਸ ਹੈ ਕਿ ਹਰਵਿੰਦਰ ਸਿੰਘ ਬੈਦਵਾਨ ਸੋਹਾਣਾ ਪਾਰਟੀ ਦੀ ਮਜਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਹਰਵਿੰਦਰ ਸਿੰਘ ਨੰਬਰਦਾਰ ਸੋਹਾਣਾ ਨੇ ਕਿਹਾ ਕਿ ਪਾਰਟੀ ਨੇ ਉਹਨਾਂ ਨੇ ਬਹੁਤ ਵੱਡੀ ਜਿੰਮੇਵਾਰੀ ਦਿੱਤੀ ਹੈ। ਇਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਤਰਸੇਮ ਸਿੰਘ ਗੰਧੋ, ਹਰਪਾਲ ਸਿੰਘ ਬਰਾੜ, ਸਤਵੀਰ ਸਿੰਘ ਸੱਤੀ, ਪਰਮਿੰਦਰ ਸਿੰਘ ਲੌਂਗੀਆ, ਐਡਵੋਕੇਟ ਗਗਨਦੀਪ ਸਿੰਘ ਸੋਹਾਣਾ, ਕੁਲਦੀਪ ਸਿੰਘ ਬੈਰਮਪੁਰ, ਹੈਰੀ ਮਾਨ, ਅਮਨ ਪੂਨੀਆ ਤੇ ਹੋਰ ਆਗੂ ਹਾਜ਼ਰ ਸਨ।

# ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਕਾਰਜਕਾਰਨੀ ਦੀ ਚੋਣ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਦੀ ਕਾਰਜਕਾਰਨੀ ਕਮੇਟੀ ਦੀ ਚੋਣ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਦੀ ਅਗਵਾਈ ਵਿੱਚ ਹਰਿਆਣਾ ਵਿਖੇ ਸੰਪੰਨ ਹੋਈ। ਜੀ ਟੀ ਯੂ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਿੰਸੀਪਲ ਪਿਆਰਾ ਸਿੰਘ ਦੇ ਉਦਘਾਟਨੀ ਭਾਸ਼ਣ ਨਾਲ ਸ਼ੁਰੂ ਹੋਈ ਇਸ ਚੋਣ ਕਾਨਫਰੰਸ ਮੌਕੇ ਪ੍ਰਿੰਸੀਪਲ ਪਿਆਰਾ ਸਿੰਘ ਵੱਲੋਂ ਗੌਰਮੈਂਟ ਟੀਚਰਜ਼ ਯੂਨੀਅਨ ਪੰਜਾਬ ਦੇ ਗੌਰਵਮਈ ਇਤਿਹਾਸ ਅਤੇ ਸੰਘਰਸ਼ ਬਾਰੇ ਚਾਨਣਾ ਪਾਇਆ ਅਤੇ ਅਧਿਆਪਕਾਂ ਨੂੰ ਮੌਜੂਦਾ ਅਤੇ ਭਵਿੱਖੀ ਖਤਰਿਆਂ ਅਤੇ ਚੁਣੌਤੀਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਬੋਲਦਿਆਂ ਪੰਜਾਬ ਸਬੋਰਡੀਨੇਟ ਸਰਵਿਸਿਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨੇ ਕਿਹਾ ਕਿ ਜੇਕਰ ਸਮੁੱਚਾ ਮੁਲਾਜ਼ਮ ਵਰਗ ਅਤੇ ਖਾਸ ਕਰਕੇ ਅਧਿਆਪਕ ਇੱਕਮੁੱਠ ਹੋ ਕੇ ਨਾ ਲੜੇ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰਾਂ ਦੇ ਵਾਰ ਮੁਲਾਜ਼ਮਾਂ ਪ੍ਰਤੀ ਹੋਰ ਤਿੱਖੇ ਹੋਣਗੇ। ਇਸ ਲਈ ਸਾਨੂੰ ਆਪਣੇ ਕਿੱਤਿਆਂ ਦੀ ਰਾਖੀ ਲਈ, ਠੇਕੇਦਾਰੀ ਅਤੇ ਆਊਟਸੋਰਸਿੰਗ ਭਰਤੀ ਪ੍ਰਣਾਲੀ ਨੂੰ ਠੱਲ੍ਹ ਪਾਉਣ ਲਈ ਅਤੇ ਖੋਹੇ ਜਾ ਰਹੇ ਅਨੇਕਾਂ ਭੱਤਿਆਂ ਅਤੇ ਸੇਵਾ ਲਾਭਾਂ ਨੂੰ ਬਹਾਲ ਕਰਾਉਣ ਲਈ ਸੰਘਰਸ਼ਾਂ ਦੇ ਮੈਦਾਨ ਵਿੱਚ ਕੁੱਦਣਾ ਪਵੇਗਾ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਨੇ ਅਧਿਆਪਕਾਂ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਲਈ ਵਿੱਢੇ ਸੰਘਰਸ਼ ਵਿੱਚ ਆਪਣਾ ਵੱਡਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਪ ਸ ਸ ਫ ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਵਿਰਦੀ, ਜੀ ਟੀ ਯੂ ਦੇ ਸੀਨੀਅਰ ਆਗੂ ਸੁਨੀਲ ਕੁਮਾਰ, ਲੈਕਚਰਾਰ ਅਮਰ ਸਿੰਘ ਨੇ ਵੀ ਸੰਬੋਧਨ ਕੀਤਾ। ਜਥੇਬੰਦੀ ਦੇ ਜ਼ਿਲ੍ਹਾ ਆਗੂ ਵਿਕਾਸ ਸ਼ਰਮਾ ਨੇ ਪਿਛਲੇ ਤਿੰਨ ਸਾਲਾਂ ਦੀ ਕਾਰਵਾਈ ਰਿਪੋਰਟ ਪੇਸ਼ ਕੀਤੀ ਗਈ। ਮੰਚ ਸੰਚਾਲਨ ਜੀ ਟੀ ਯੂ ਦੇ ਸੀਨੀਅਰ ਆਗੂ ਪ੍ਰਿਤਪਾਲ ਸਿੰਘ ਚੌਂਟਾਲਾ ਨੇ ਕੀਤਾ। ਅੰਤ ਵਿੱਚ ਪ੍ਰਿੰਸੀਪਲ ਅਮਨਦੀਪ ਸ਼ਰਮਾ ਜ਼ਿਲ੍ਹਾ ਪ੍ਰਧਾਨ ਜੀ ਟੀ ਯੂ ਹੁਸ਼ਿਆਰਪੁਰ ਵਲੋਂ ਜ਼ਿਲ੍ਹੇ ਦੀ ਨਵੀਂ ਕਾਰਜਕਾਰਨੀ ਟੀਮ ਦਾ ਪੈਨਲ ਪੇਸ਼ ਕੀਤਾ ਗਿਆ ਜੋ ਕਿ ਸਰਵਸੰਮਤੀ ਨਾਲ ਅਨੁਸਾਰ ਪਾਸ ਕੀਤਾ ਗਿਆ।

# ਕੇ ਪੀ ਨੂੰ ਫਿਲੌਰ ਹਲਕੇ ਤੋਂ ਵੱਡੀ ਲੀਡ ਨਾਲ ਲੋਕ ਸਭਾ 'ਚ ਭੇਜਾਂਗੇ : ਖਹਿਰਾ

ਗੁਰਾਇਆ (ਬਿੰਦਰ ਸੁੰਮਨ)- ਲੋਕ ਸਭਾ ਚੋਣਾਂ ਨੂੰ ਲੈ ਕੇ ਹਲਕਾ ਫਿਲੌਰ 'ਚ ਅਨੰਦ ਪੈਲੇਸ ਵਿਖੇ ਹਲਕਾ ਇੰਚਾਰਜ ਬਲਦੇਵ ਸਿੰਘ ਖਹਿਰਾ ਵੱਲੋਂ ਹਲਕੇ ਦੇ ਸਰਕਰਦਾ ਸੱਜਣਾਂ ਨਾਲ ਮਹਿੰਦਰ ਸਿੰਘ ਕੇਪੀ ਨਾਲ ਵਰਕਰ ਮਿਲਣੀ ਰੱਖੀ ਗਈ ਜਿਸ ਮੀਟਿੰਗ ਨੇ ਰੈਲੀ ਦਾ ਰੂਪ ਲੈ ਲਿਆ। ਸੰਗਤ ਨੂੰ ਸੰਬੋਧਨ ਕਰਦਿਆਂ ਬਲਦੇਵ ਸਿੰਘ ਖਹਿਰਾ ਨੇ ਚੋਣਾਂ ਦੀ ਰਣਨੀਤੀ ਬਾਰੇ ਗੱਲਬਾਤ ਕੀਤੀ ਅਤੇ ਸਰਕਲ ਪ੍ਰਧਾਨਾਂ ਨੂੰ ਲਾਮਬੰਦ ਲਈ ਅਪੀਲ ਕੀਤੀ। ਜ਼ਿਲ੍ਹਾ ਪ੍ਰਧਾਨ ਗੁਰਪ੍ਰਤਾਪ ਸਿੰਘ ਵਡਾਲਾ ਨੇ ਜਲੰਧਰ 'ਚ ਵਧ ਰਹੇ ਨਸ਼ੇ ਨੂੰ ਲੈ ਕੇ ਸਰਕਾਰ 'ਤੇ ਨਿਸ਼ਾਨਾ ਸਾਧਿਆ ਅਤੇ ਕਿਹਾ ਕਿ ਸਰਕਾਰ ਦਾ ਕੰਟਰੋਲ ਖਤਮ ਹੋ ਚੁੱਕਾ ਹੈ। ਨਸ਼ਾ ਕਿੱਲੋਆਂ ਦੇ ਹਿਸਾਬ ਨਾਲ ਵਿਕ ਰਿਹਾ ਹੈ। ਲੋਕ ਸਭਾ ਇੰਚਾਰਜ ਬੀਬੀ ਜਗੀਰ ਕੌਰ ਨੇ ਭਾਜਪਾ ਤੇ ਨਿਸ਼ਾਨਾ ਸਾਧਿਆ ਤੇ ਕਿਹਾ ਕਿ ਭਾਜਪਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਮਜ਼ੋਰ ਕਰਨ 'ਤੇ ਲੱਗੀ ਹੋਈ ਹੈ। ਹਰਿਆਣਾ ਪ੍ਰਬੰਧਕ ਕਮੇਟੀ ਬਣਾਉਣਾ, ਹਜ਼ੂਰ ਸਾਹਿਬ ਦੇ ਪ੍ਰਬੰਧਕੀ ਢਾਂਚੇ 'ਚ ਤਬਦੀਲੀਆਂ ਲਿਆ ਕੇ ਇਨ੍ਹਾਂ ਗੁਰੂਧਾਮਾਂ 'ਚ ਸਿੱਧੀ ਦਖਲਅੰਦਾਜ਼ੀ ਕਰ ਰਹੀ ਹੈ। ਲੋਕ ਸਭਾ ਉਮੀਦਵਾਰ ਮਹਿੰਦਰ ਸਿੰਘ ਕੇਪੀ ਨੇ ਕਿਹਾ ਕਿ ਦੇਸ਼ 'ਚ ਡਿਕਟੇਟਰਸ਼ਿਪ ਚੱਲ ਰਹੀ ਹੈ। ਭਾਜਪਾ ਸਰਕਾਰ ਪੰਜਾਬ ਨਾਲ ਮਤਰੇਆ ਸਲੂਕ ਕਰ ਰਹੀ ਹੈ। ਕਿਸਾਨਾਂ ਨੂੰ ਖਤਮ ਕਰਨ ਦੀਆਂ ਸਾਜਿਸ਼ਾਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਪੰਜਾਬੀਅਤ ਨੂੰ ਬਚਾਉਣ ਲਈ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਅੱਜ ਪੰਜਾਬ ਦਾ ਵਿਰਸਾ ਖਤਰੇ 'ਚ ਹੈ, ਬੋਲੀ ਖਤਰੇ 'ਚ ਹੈ। ਨਸ਼ੇ, ਬੇਰੁਜ਼ਗਾਰੀ ਪੰਜਾਬ ਦੀ ਜਵਾਨੀ ਨੂੰ ਨਿਗਲ ਰਹੀ ਹੈ ਜੋ ਕੇ ਚਿੰਤਾ ਦਾ ਵਿਸ਼ਾ ਹੈ। ਲੋਕ ਸਭਾ 'ਚ ਸ਼੍ਰੋਮਣੀ ਅਕਾਲੀ ਦਲ ਦੇ ਹੀ ਨੁਮਾਇੰਦੇ ਜਾ ਕੇ ਪੰਜਾਬ ਦੀ ਗੱਲ ਕਰਦੇ ਹਨ, ਬਾਕੀ ਪੰਜਾਬ ਨੂੰ ਭੁੱਲ ਕੇ ਆਪਣਾ ਨਿੱਜੀ ਸਵਾਰਥ ਵੱਲ ਹੋ ਜਾਂਦੇ ਹਨ ।




# ਚੋਰੀਸ਼ੁਦਾ ਮੋਟਰਸਾਈਕਲਾਂ ਸਮੇਤ ਕਾਬੂ



ਫਗਵਾੜਾ (ਡਾ ਰਮਨ, ਜਸਵਿੰਦਰ ਢੱਡਾ, ਇੰਦਰਜੀਤ ਮਠਾਰੂ)-ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਫਗਵਾੜਾ ਅਤੇ ਜਸਪ੍ਰੀਤ ਸਿੰਘ ਉਪ ਪੁਲਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਯੋਗ ਅਗਵਾਈ ਵਿੱਚ ਇੰਸਪੈਕਟਰ ਜਤਿੰਦਰ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਫਗਵਾੜਾ ਵੱਲੋਂ ਮਾੜੇ ਅਨਸਰਾ, ਲੁੱਟਾ ਖੋਹਾ/ਚੋਰੀਆ ਕਰਨ ਵਾਲੇ ਵਿਅਕਤੀਆ ਦੇ ਖਿਲਾਫ ਸਪੈਸਲ ਮੁਹਿੰਮ ਚਲਾਈ ਗਈ ਹੈ। ਚੋਰੀਆਂ ਕਰਨ ਵਾਲੇ ਵਿਅਕਤੀਆ ਦੇ ਖਿਲਾਫ ਵਿੱਢੀ ਮੁਹਿੰਮ ਅਧੀਨ 1 ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ ਚੋਰੀਸ਼ੁਦਾ ਮੋਟਰ ਸਾਈਕਲ ਅਤੇ ਸਕੂਟਰੀ ਬਰਾਮਦ ਕੀਤੇ ਗਏ ਹਨ। ਪੁਲਸ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਦੌਰਾਨ ਬੱਸ ਸਟੈਂਡ ਫਗਵਾੜਾ ਮੌਜੂਦ ਸੀ ਕਿ ਮੁੱਖਬਰ ਨੇ ਇਤਲਾਹ ਦਿੱਤੀ ਕਿ ਮੋਹਿਤ ਯਾਦਵ ਪੁੱਤਰ ਕਮਲੇਸ਼ ਕੁਮਾਰ ਯਾਦਵ ਵਾਸੀ ਪਿੰਡ ਗੋਬਿੰਦਪੁਰਾ ਥਾਣਾ ਡੀ ਤਹਿ: ਸਲੋਨ ਜਿਲ੍ਹਾ ਰਾਏਬਰੇਲੀ ਯੂ.ਪੀ. ਹਾਲ ਵਾਸੀ ਪਲਾਟ ਧਰਮਪਾਲ ਸੂਦ, ਭਾਣੋਕੀ ਰੋਡ, ਕੋਟਰਾਣੀ ਥਾਣਾ ਸਤਨਾਮਪੁਰਾ ਫਗਵਾੜਾ ਜਿਸ ਦੀ ਭਾਣੋਕੀ ਰੋਡ 'ਤੇ ਮੋਟਰ ਸਾਇਕਲ ਰਿਪੇਅਰ ਦੀ ਦੁਕਾਨ ਹੈ ਜੋ ਮੋਟਰ ਸਾਇਕਲ ਚੋਰੀ ਕਰਨ ਦਾ ਆਦੀ ਹੈ। ਜੋ ਅੱਜ ਵੀ ਚੋਰੀ ਦੇ ਮੋਟਰਸਾਇਕਲ-15 ਰੰਗ ਕਾਲਾ ਜਿਸ ਉੱਪਰ ਜਾਅਲੀ ਨੰਬਰ 366624 ਲੱਗਾ ਹੈ ਉੱਪਰ ਘੁੰਮ ਰਿਹਾ ਹੈ। ਪੁਲਸ ਨੇ ਵਿਰਕਾਂ ਰੋਡ ਗੇਟ 'ਤੇ ਨਾਕਾਬੰਦੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ ਜਿਸ ਤੇ ਮੁਖਬਰ ਖਾਸ ਦੀ ਇਤਲਾਹ ਤੇ ਮੁੱਕਦਮਾ ਦਰਜ ਰਜਿਸਟਰ ਕਰਕੇ ਉਕਤ ਦੋਸੀ ਨੂੰ ਹਸਬ ਜਾਬਤਾ ਗ੍ਰਿਫਤਾਰ ਕਰਕੇ ਚੋਰੀ ਦੇ ਮੋਟਰ ਸਾਈਕਲ ਅਤੇ ਐਕਟਿਵਾ ਬਰਾਮਦ ਕੀਤੇ ਗਏ ਹੈ।

# 'ਸੰਵਾਦ, ਸਵਾਲ, ਅਸਹਿਮਤੀ ਤੇ ਅਲੋਚਨਾ ਲੋਕਤੰਤਰ ਦੇ ਅਨਿੱਖੜਵੇਂ ਅੰਗ'



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਐਡਵੋਕੇਟ ਰਣਜੀਤ ਕੁਮਾਰ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਹਰ ਸਮਾਜਿਕ ਰਾਜਨੀਤਿਕ ਵਿਵਸਥਾ ਦੇ ਆਪਣੇ ਨਿਯਮ ਕਾਨੂੰਨ, ਫਲਸਫੇ ਅਤੇ ਪ੍ਰੰਪਰਾਵਾਂ ਹੁੰਦੀਆ ਪਰ ਇਹ ਸਥਾਈ ਨਹੀ ਹੁੰਦੇ। ਜੇਕਰ ਲੋਕ ਪੁਰਾਣੇ ਵਿਚਾਰਾਂ, ਨਿਯਮਾਂ ਅਤੇ ਪਰੰਪਰਾਵਾਂ ਨਾਲ ਬੱਝੇ ਰਹਿਣ ਨਾਲ ਵਿਵਸਥਾ ਵਿੱਚ ਉਸਾਰੂ ਬਦਲਾਵ ਨਹੀ ਲਿਆਂਦੇ ਜਾ ਸਕਦੇ। ਵਿਚਾਰਿਕ ਅਤੇ ਵਿਵਹਾਰਿਕ ਖੜੋਤ ਆਖਰ ਵਿਵਸਥਾ ਨੂੰ ਨਿਘਾਰ ਵੱਲ ਲੈ ਜਾਵੇਗੀ। ਜਿਗਿਆਸੂ, ਜਾਗਰੂਕ ਅਤੇ ਚਿੰਤਕ ਇਹਨਾਂ ਵਿਚਾਰਾ, ਨਿਯਮਾਂ ਅਤੇ ਪ੍ਰੰਪਰਾਵਾਂ ਦੀ ਪੜਚੋਲ ਕਰ ਸਵਾਲ ਖੜ੍ਹੇ ਕਰ, ਅਸਹਿਮਤੀ ਦਰਜ ਕਰਦੇ ਹਨ। ਉਹਨਾਂ ਦੁਆਰਾ ਖੜ੍ਹੇ ਕੀਤੇ ਸਵਾਲ ਅਤੇ ਮੁੱਦੇ ਸਮਾਜ ਵਿੱਚ ਵਿਚਾਰਕ ਦਵੰਦ ਪੈਦਾ ਕਰਦੇ ਹਨ ਜਿਸ ਤੋਂ ਨਵੇਂ ਫਲਸਫੇ ਲਈ ਰਾਹ ਖੁੱਲ੍ਹਦਾ ਹੈ। ਸਮਾਜ 'ਚ ਨਵੀਂ ਚੇਤਨਤਾ ਅਤੇ ਉਰਜਾ ਦਾ ਪ੍ਰਸਾਰ ਹੁੰਦਾ ਹੈ ਅਤੇ ਵੱਡੇ ਕ੍ਰਾਂਤੀਕਾਰੀ ਪਰਿਵਰਤਨ ਆਉਂਦੇ ਹਨ।

ਦੁਨੀਆ ਦਾ ਜੋ ਅਗਾਂਹਵਧੂ ਸਰੂਪ ਹੈ ਉਹ ਮਹਾਨ ਵਿਚਾਰਕਾਂ ਅਤੇ ਕ੍ਰਾਂਤੀਕਾਰੀ ਰਹਿਬਰਾਂ ਦੀ ਸੋਚ, ਫਲਸਫੇ ਅਤੇ ਸੰਘਰਸ਼ ਦਾ ਨਤੀਜਾ ਹੈ। ਭਾਵੇਂ ਉਹ ਗੌਤਮ ਬੁੱਧ ਹੋਣ, ਸੁਕਰਾਤ, ਕਨਫਿਊਸ਼ੀਅਸ, ਮਹਾਂਵੀਰ ਹੋਣ ਜਾਂ, ਗੁਰੂ ਰਵਿਦਾਸ, ਗੁਰੂ ਕਬੀਰ, ਗੁਰੂ ਨਾਨਕ ਦੇਵ, ਜਾਂ ਜਯੋਤੀਰਾਓ ਫੂਲੇ, ਕਾਰਲ ਮਾਰਕਸ, ਡਾਕਟਰ ਬੀ ਆਰ ਅੰਬੇਡਕਰ ਹੋਣ ਇਹਨਾਂ ਸਭ ਨੇ ਰੂੜੀਵਾਦੀ ਪਰੰਪਰਾਵਾ ਵਿਚਾਰਾਂ ਅਤੇ ਵਿਵਸਥਾ ਤੇ ਸਵਾਲ ਖੜੇ ਕੀਤੇ। ਵਿਵਸਥਾ ਅਤੇ ਉਸਤੇ ਕਾਬਜ ਲੋਕਾਂ ਨੂੰ ਚੁਣੌਤੀ ਦਿੱਤੀ ਅਤੇ ਬਦਲਾਅ ਲਈ ਆਮ ਰਾਏ ਨੂੰ ਪ੍ਰਭਾਵਿਤ ਕੀਤਾ। ਨਤੀਜੇ ਵਜੋਂ ਆਮ ਲੋਕਾਂ ਦੇ ਸਮਰਥਨ ਨਾਲ ਸਾਸਕ ਅਤੇ ਵਿਵਸਥਾ ਨੂੰ ਬਦਲਣ ਲਈ ਮਜਬੂਰ ਕੀਤਾ। ਜੇਕਰ ਸਾਡੇ ਰਹਿਬਰ ਵਿਚਾਰ ਨਾ ਕਰਦੇ, ਪੜਚੋਲ ਨਾ ਕਰਦੇ, ਸਵਾਲ ਨਾ ਕਰਦੇ, ਵਿਵਸਥਾ ਨਾਲ ਅਸਹਿਮਤੀ ਨਾ ਦਰਜ ਕਰਦੇ , ਅਲੋਚਨਾ ਨਾ ਕਰਦੇ ਅਤੇ ਨਵੀ ਉਸਾਰੂ ਸੋਚ ਨਾ ਘੜਦੇ ਤਾਂ ਕੀ ਇਹ ਸਮਾਜ ਇਹ ਦੁਨੀਆਂ ਬਦਲ ਸਕਦੀ ਸੀ ? ਨਹੀ।

ਸੰਵਿਧਾਨਕ ਲੋਕਤੰਤਰੀ ਵਿਵਸਥਾ ਦਾ ਮੰਤਵ ਵੀ ਇਸ ਮਹੌਲ ਨੂੰ ਸਿਰਜਣਾ ਹੈ ਜਿਸ ਵਿੱਚ ਹਰ ਛੋਟਾ-ਬੜਾ,ਅਮੀਰ- ਗਰੀਬ ਬਿਨਾ ਕਿਸੇ ਭੇਦਭਾਵ ਅਤੇ ਡਰ ਦੇ ਅਪਣੀ ਸ਼ਖਸ਼ੀਅਤ, ਸੋਚ ਅਤੇ ਅਵਾਜ ਨੂੰ ਬੁਲੰਦ ਕਰੇ ਅਤੇ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਅਪਣੀ ਬਣਦੀ ਭੂਮਿਕਾ ਨਿਭਾਏ।

ਸੰਵਿਧਾਨ ਖੁੱਲ੍ਹਾ ਅਤੇ ਆਜਾਦ ਮਹੌਲ ਬਣਾਏ ਰੱਖਣ ਤੇ ਇਲਾਵਾ ਲੋੜੀਂਦੇ ਕ੍ਰਾਂਤੀਕਾਰੀ ਪਰਿਵਰਤਨਾਂ ਦਾ ਰਾਹ ਪੱਧਰਾ ਵੀ ਰਖਦਾ ਹੈ। ਜੋ ਭਾਰਤ ਦੇ ਹਰ ਨਾਗਰਿਕ ਨੂੰ ਬੋਲਣ, ਵਿਚਾਰ ਪ੍ਰਗਟਾਵੇ, ਅਪਣੇ ਵਿਚਾਰ ਵਿਸ਼ਵਾਸ਼ ਦੇ ਫੈਲਾਅ ਅਤੇ ਚੋਣ ਕਰਨ ਦੀ ਆਜਾਦੀ ਦਿੰਦਾ ਹੈ ਅਤੇ ਇਹਨਾਂ ਅਧਿਕਾਰਾਂ ਦੀ ਰਖਿਆ ਲਈ ਪ੍ਰਬੰਧ ਵੀ ਕਰਦਾ ਹੈ।

ਇੱਥੋਂ ਤੱਕ ਕਿ ਲੋੜ ਪੈਣ ਤੇ ਸੰਵਿਧਾਨ ਨੂੰ ਤਰਮੀਮ ਕਰਨ ਦੀ ਆਜਾਦੀ ਵੀ ਦਿੰਦਾ ਹੈ। ਇਹ ਸਿਧਾਂਤ, ਅਧਿਕਾਰ ਅਤੇ ਪ੍ਰਬੰਧ ਵਿਵਸਥਾ ਵਿੱਚ ਸੁਧਾਰ, ਉਸਦੀ ਮਜਬੂਤੀ ਅਤੇ ਦੇਸ਼ ਦੀ ਤਰੱਕੀ ਵਿੱਚ, ਅਹਿਮ ਰੋਲ ਅਦਾ ਕਰਦੇ ਹਨ।

ਇਹ ਵਿਵਸਥਾ ਨਾਗਰਿਕਾਂ ਨੂੰ ਅਪਣੀਆਂ ਸੱਥਾਂ ਵਿੱਚ, ਅਪਣੇ ਸਮਾਜਿਕ ਸਮਾਗਮਾਂ ਵਿੱਚ, ਸੰਗਠਨਾਂ ਵਿੱਚ ਸੰਵਾਦ ਕਰਨ ਦੀ ਆਜਾਦੀ ਦਿੰਦੀ ਹੈ ਉਹ ਬਹਿਸ ਕਰਦੇ ਹਨ ਸਵਾਲ ਕਰਦੇ ਹਨ ਤੇ ਅਪਣਾ ਇਕ ਵਿਚਾਰ ਬਣਾ ਚੋਣ ਪ੍ਰਕਿਰਿਆ ਵਿੱਚ ਅਪਣਾ ਮਤ ਦਰਸਾਉਂਦੇ ਹਨ, ਬਦਲਾਅ ਲਿਆਉਂਦੇ ਹਨ।

# ਸੰਜੀਵ ਅਰੋੜਾ ਰਿਟਾਇਰਡ ਇੰਪਲਾਈਜ਼ ਯੂਨੀਅਨ ਦੇ ਸਰਪ੍ਰਸਤ ਨਿਯੁਕਤ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਰਿਟਾਇਰਡ ਇੰਪਲਾਈਜ਼ ਯੂਨੀਅਨ ਨਗਰ ਨਿਗਮ ਦੀ ਵਿਸ਼ੇਸ਼ ਬੈਠਕ ਪ੍ਰਧਾਨ ਨੱਛਤਰ ਲਾਲ ਦੀ ਪ੍ਰਧਾਨਗੀ ਵਿੱਚ ਹੋਈ। ਇਸ ਮੌਕੇ ਮੌਜੂਦ ਮੈਂਬਰਾਂ ਨੇ ਸਰਵਸੰਮਤੀ ਨਾਲ ਪ੍ਰਮੁੱਖ ਸਮਾਜ ਸੇਵੀ ਅਤੇ ਨਗਰ ਨਿਗਮ ਤੋਂ ਰਿਟਾਇਰਡ ਸੁਪਰਡੈਂਟ ਸੰਜੀਵ ਅਰੋੜਾ ਨੂੰ ਯੂਨੀਅਨ ਦਾ ਸਰਪ੍ਰਸਤ ਨਿਯੁਕਤ ਕੀਤਾ। ਇਸ ਮੌਕੇ ਪ੍ਰਧਾਨ ਨੱਛਤਰ ਲਾਲ ਨੇ ਕਿਹਾ ਕਿ ਸੰਜੀਵ ਅਰੋੜਾ ਜਿੱਥੇ ਵਿਭਿੰਨ ਸੰਸਥਾਵਾਂ ਦੇ ਪ੍ਰਤੀਨਿਧੀ ਦੇ ਰੂਪ ਵਿੱਚ ਸਮਾਜ ਸੇਵਾ ਨੂੰ ਸਮਰਪਤ ਹਨ, ਉਥੇ ਰਿਟਾਇਰਡ ਇੰਪਲਾਈਜ਼ ਦੀਆਂ ਮੰਗਾਂ ਨੂੰ ਅਧਿਕਾਰੀਆਂ ਅਤੇ ਸਰਕਾਰ ਦੇ ਪੱਧਰ 'ਤੇ ਉਠਾਉਣ ਵਿੱਚ ਵੀ ਇਨਾਂ ਦਾ ਵਿਸ਼ੇਸ਼ ਸਹਿਯੋਗ ਰਹਿੰਦਾ ਹੈ। ਇਸ ਲਈ ਸਾਰੇ ਮੈਂਬਰਾਂ ਨੇ ਇਕਮਤ ਹੋ ਕੇ ਇਹ ਫੈਸਲਾ ਲੈਂਦੇ ਹੋਏ ਉਨ੍ਹਾਂ ਨੂੰ ਸਰਪ੍ਰਸਤ ਦੀ ਜ਼ਿੰਮੇਦਾਰੀ ਸੌਂਪੀ ਹੈ। ਇਸ ਮੌਕੇ ਯੂਨੀਅਨ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਸੰਜੀਵ ਅਰੋੜਾ ਨੇ ਕਿਹਾ ਕਿ ਯੂਨੀਅਨ ਵਲੋਂ ਰਿਟਾਇਰਡ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਦੇ ਨਾਲ-ਨਾਲ ਕੰਮ ਕਰ ਰਹੇ ਕਰਮਚਾਰੀਆਂ ਦੀਆਂ ਮੰਗਾਂ ਨੂੰ ਹੱਲ ਕਰਵਾਉਣ ਵਿੱਚ ਪੂਰਾ ਸਹਿਯੋਗ ਕਰਨਗੇ। ਉਨ੍ਹਾਂ ਯੂਨੀਅਨ ਨੂੰ ਵਿਸ਼ਵਾਸ ਦਿਵਾਇਆ ਕਿ ਸਰਪ੍ਰਸਤ ਰਹਿੰਦੇ ਹੋਏ ਉਹ ਯੂਨੀਅਨ ਦੇ ਕੰਮਾਂ ਨੂੰ ਅੱਗੇ ਵਧਾਉਣ ਅਤੇ ਸਾਥੀਆਂ ਦੀਆਂ ਸੇਵਾਕਾਲ ਦੌਰਾਨ ਅਤੇ ਰਿਟਾਇਰਡ ਹੋਣ ਉਪਰੰਤ ਮੰਗਾਂ ਨੂੰ ਹੱਲ ਕਰਵਾਉਣ ਦੇ ਯਤਨ ਕਰਦੇ ਰਹਿਣਗੇ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਸੈਣੀ, ਕੇਵਲ ਸਿੰਘ ਹੀਰ ਰੀਜਨ ਪ੍ਰਧਾਨ, ਸਕੱਤਰ ਜੋਗਿੰਦਰਪਾਲ ਆਦੀਆ, ਅਸ਼ਵਨੀ ਸ਼ਰਮਾ, ਸੀਤਾ ਰਾਮ, ਬਲਵਿੰਦਰ ਸਿੰਘ, ਅਮਰਜੀਤ ਸਿੰਘ, ਸੁਰਜੀਤ ਸਿੰਘ, ਸੁਰਜੀਤ ਕੁਮਾਰ, ਸੁਰਿੰਦਰ ਕੁਮਾਰ, ਵਿਜੈ ਕੁਮਾਰ, ਹਰੀਸ਼ ਕੁਮਾਰ, ਦਸ਼ਰਥ ਲਾਲ, ਅਸ਼ਵਨੀ ਸ਼ਰਮਾ ਆਦਿ ਮੌਜੂਦ ਸਨ।

2-MAY-PAGE-10.qxd 5/1/2024 10:31 PM Page 1



# ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਵੱਖ-ਵੱਖ ਥਾਈਂ ਮਈ ਦਿਵਸ ਮਨਾਇਆ


ਦਿੜ੍ਹਬਾ


ਰਾਜਪੁਰਾ


ਤਲਵੰਡੀ ਸਾਬੋ


ਮੂਨਕ

**ਸੰਗਰੂਰ (ਪ੍ਰਵੀਨ ਸਿੰਘ)** ਆਲ ਪੈਨਸ਼ਨਰਜ਼ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਦਫ਼ਤਰ ਡੀ.ਸੀ. ਕੰਪਲੈਕਸ ਵਿਖੇ ਮਈ ਦਿਹਾੜਾ ਮਨਾਇਆ ਗਿਆ।ਸ਼ਿਕਾਗੋ ਦੇ ਸਹੀਦਾਂ ਨੂੰ ਲਾਲ ਸਲਾਮ ਕਰਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।ਇਸ ਮੌਕੇ ਜਥੇਬੰਦੀ ਦੇ ਸਰਪ੍ਰਸਤ ਸਾਥੀ ਜਗਦੀਸ਼ ਸਰਮਾ ਅਤੇ ਸੀਤਾ ਰਾਮ ਸਰਮਾ ਨੇ ਮਈ ਦਿਹਾੜੇ ਦੇ ਇਤਿਹਾਸ ਬਾਰੇ ਚਾਨਣਾ ਪਾਇਆ।ਮਈ ਦਿਹਾੜੇ ਉਪਰ ਬੋਲਦਿਆਂ ਦੱਸਿਆ ਕਿ ਅੱਜ ਦੀ ਸ਼ੁਰੂਆਤ 1886 ਤੋਂ ਮੰਨੀ ਜਾਂਦੀ ਹੈ।ਉਸ ਸਮੇਂ ਦੀਆਂ ਮਜ਼ਦੂਰ ਜਥੇਬੰਦੀਆਂ ਨੇ ਕੰਮ ਸਮਾਂ 15-18 ਘੰਟਿਆਂ ਤੋ ਘਟਾ ਕੇ 8 ਘੰਟੇ ਕਰਨ ਲਈ ਹੜਤਾਲਾਂ ਕੀਤੀਆਂ ਤਾਂ ਸ਼ਿਕਾਗੋ ਸ਼ਹਿਰ ਵਿੱਚ ਪ੍ਰਸ਼ਾਸਨ ਵੱਲੋਂ ਉਨ੍ਹਾਂ ਉੱਪਰ ਗੋਲੀਆਂ ਚਲਾਈਆਂ ਗਈਆਂ ਤੇ ਕਾਫ਼ੀ ਮਜ਼ਦੂਰ ਸ਼ਹੀਦ ਕੀਤੇ ਗਏ ਅਤੇ ਮਜ਼ਦੂਰਾਂ ਦੇ ਝੰਡੇ ਦਾ ਚਿੱਟੇ ਤੋਂ ਮਜ਼ਦੂਰਾਂ ਦੇ ਖ਼ੂਨ ਨਾਲ ਲਾਲ ਹੋਇਆ।ਉਸ ਸਮੇਂ ਸਰਕਾਰਾਂ ਮਜ਼ਦੂਰਾਂ ਦੇ ਸੰਘਰਸ਼ ਅੱਗੇ ਝੁਕਣ ਲਈ ਮਜਬੂਰ ਹੋਈਆਂ ਤਾਂ ਡਿਊਟੀ ਸਮਾਂ 8 ਕਰਨਾ ਪਿਆ।ਹੁਣ ਸਾਡੇ ਦੇਸ਼ ਦੀਆਂ ਸਰਕਾਰਾਂ ਫਿਰ 8 ਘੰਟੇ ਤੋਂ 12-12 ਘੰਟੇ ਕਰਨ ਜਾ ਰਹੀਆਂ ਹਨ।

ਇਸੇ ਤਰ੍ਹਾਂ ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਸਰਕਲ ਸੰਗਰੂਰ ਦੇ ਉਪ ਮੁੱਖ ਚੀਫ ਇੰਜੀਨੀਅਰ ਦੇ ਦਫ਼ਤਰ ਅੱਗੇ ਸਰਕਲ ਪ੍ਰਧਾਨ ਜੀਵਨ ਸਿੰਘ ਨੇ ਗੂੰਜਦੇ ਨਾਅਰਿਆਂ ਅਮਰੀਕਾ ਤੇ ਕਨੇਡਾ ਦੇ ਮਜ਼ਦੂਰਾਂ ਦੀ ਫੈਡਰੇਸ਼ਨ ਨੇ ਇੱਕ ਮਈ 1886 ਨੂੰ ਅੱਠ ਘੰਟੇ ਕੰਮ ਕਰਨ ਦੀ ਮੰਗ ਲੈ ਕੇ ਹੜਤਾਲ ਦਾ ਸੱਦਾ ਦਿੱਤਾ। ਸ਼ਿਕਾਗੋ ਵਿੱਚ ਪੁਲਸ ਨੇ ਹੜਤਾਲ ਕਰ ਰਹੇ ਮਜ਼ਦੂਰਾਂ 'ਤੇ ਗੋਲੀ ਚਲਾਈ ਤੇ 2 ਮਜ਼ਦੂਰ ਸ਼ਹੀਦ ਹੋ ਗਏ। ਚਾਰ ਮਈ ਨੂੰ ਦੁਬਾਰਾ ਰੋਸ ਵਜੋਂ ਹੋਈ ਹੜਤਾਲ 'ਤੇ ਚਲਾਈ ਗੋਲੀ ਨਾਲ ਛੇ ਮਜ਼ਦੂਰ ਸ਼ਹੀਦ ਹੋਏ। ਯੂਨੀਅਨ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਜਥੇਬੰਦੀ ਦੇ ਆਗੂ ਵੱਲੋਂ ਵਰਕਰਾਂ ਨੂੰ ਆਉਣਾ ਵਾਲੇ ਸੰਘਰਸ਼ ਪ੍ਰਤੀ ਲਾਮਬੰਦ ਕੀਤਾ ਗਿਆ ਤੇ ਦੱਸਿਆ ਗਿਆ ਕਿ ਕਿਵੇਂ ਸਰਕਾਰ ਤੇ ਮੈਨੇਜਮੈਂਟ ਵਰਕਰਾਂ ਦਾ ਸੋਸ਼ਣ ਕਰ ਰਹੀ ਹੈ। ਮੈਨੇਜਮੈਂਟ ਤੇ ਸਰਕਾਰ ਵੱਲੋਂ ਪਿਛਲੀ ਮੀਟਿੰਗ ਵਿੱਚ 2 ਮਹੀਨਾ ਦਾ ਸਮਾਂ ਦਿੱਤਾ ਗਿਆ। ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇਗਾ। ਘੱਟ ਤਨਖਾਹ 'ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਤਨਖਾਹਾਂ ਦੇ ਵਿੱਚ ਵਾਧਾ ਕੀਤਾ ਜਾਵੇਗਾ, ਵਰਕਰਾਂ ਤੇ ਲਾਈਆਂ ਮਾਰੂ ਕੰਡੀਸ਼ਨਾਂ ਨੂੰ ਰੱਦ ਕੀਤਾ ਜਾਵੇਗਾ। ਸੂਬਾ ਆਗੂ ਗੁਰਪ੍ਰੀਤ ਸਿੰਘ ਢਿੱਲੋਂ ਤੇ ਡਿਪੂ ਪ੍ਰਧਾਨ ਜਗਸੀਰ ਸਿੰਘ ਮਾਣਕ ਨੇ ਵਰਕਰਾਂ ਨੂੰ ਲਾਮਬੰਦੀ ਕਰਦਿਆਂ ਕਿਹਾ ਕਿ ਜੇਕਰ ਤਨਖਾਹ ਸਮੇਂ ਸਿਰ 7 ਤਰੀਕ ਤੱਕ ਨਹੀਂ ਪਾਈ ਜਾਂਦੀ ਤਾਂ ਰੋਸ ਵਜੋਂ 8 ਤਰੀਕ ਨੂੰ ਸਾਰੇ ਡਿਪੂਆਂ ਵਿੱਚ ਡਿਪੂ ਮੀਟਿੰਗਾਂ ਕਰਕੇ ਗੇਟ ਰੈਲੀਆਂ ਕੀਤੀਆ ਜਾਣਗੀਆ ਤੇ 10 ਮਈ ਨੂੰ ਤਨਖਾਹ ਦੇ ਸਬੰਧ ਵਿੱਚ 2 ਘੰਟੇ ਬੱਸ ਸਰਵਿਸ ਬੰਦ ਕਰਕੇ ਬੱਸ ਸਟੈਂਡ ਬੰਦ ਕੀਤੇ ਜਾਣਗੇ ਤੇ 15 ਮਈ ਤੋਂ ਤਨਖਾਹ ਨਹੀਂ ਤਾਂ ਕੰਮ ਨਹੀਂ ਦੇ ਨਾਅਰੇ ਹੇਠ ਮੁਕੰਮਲ ਚੱਕਾ ਜਾਮ ਕੀਤਾ ਜਾਵੇਗਾ।


ਜੈਤੋ

ਦਰਮਿਆਨ ਸ਼ਿਕਾਗੋ ਦੇ ਸ਼ਹੀਦਾਂ ਨੂੰ ਝੰਡਾ ਲਹਿਰਾ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਤੋਂ ਬਾਅਦ 220 ਕੇ ਵੀ, ਬੀ ਬੀ ਐਮ ਬੀ ਉਭਾਵਾਲ ਰੋਡ ਸੰਗਰੂਰ ਅਤੇ ਸ/ਡ ਬਡਰੁੱਖਾਂ ਵਿਖੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਇਸ ਮੌਕੇ ਜਸਮੇਲ ਸਿੰਘ ਜੱਸੀ, ਭੋਲਾ ਸਿੰਘ, ਬਲਬੀਰ ਸਿੰਘ, ਮਿੱਠੂ ਸਿੰਘ, ਗੁਰਪ੍ਰੀਤ ਸਿੰਘ, ਸੁਰੇਸ਼ ਕੁਮਾਰ ਸੈਣੀ ਸਮੇਤ ਸਮੂਹ ਮੈਂਬਰ ਸਾਹਿਬਾਨ ਹਾਜ਼ਰ ਸਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਖੜਾ ਬਿਆਸ ਇੰਪਲਾਈਜ ਯੂਨੀਅਨ ਦੇ ਸੈਕਟਰੀ ਸੁਰੇਸ਼ ਕੁਮਾਰ ਸੈਣੀ, ਹਰਜਿੰਦਰ ਸਿੰਘ, ਪ੍ਰਿਤਪਾਲ ਸਿੰਘ, ਤੇਜਿੰਦਰਪਾਲ ਸਿੰਘ, ਸਰਬਜੀਤ ਸਿੰਘ, ਹਰਜਿੰਦਰ ਸਿੰਘ ਰਾਜੂ ਤੇ ਕੁਲਵੀਰ ਸਿੰਘ ਆਦਿ ਮੌਜੂਦ ਸਨ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਦਫ਼ਤਰ ਸਿਵਲ ਸਰਜਨ ਵਿਖੇ ਸਾਂਝੀ ਏਕਤਾ ਕ੍ਰਮਚਾਰੀ ਐਸੋਸੀਏਸ਼ਨ ਸਿਹਤ ਵਿਭਾਗ ਪੰਜਾਬ ਦੇ ਪ੍ਰਧਾਨ ਗੁਰਪਾਲ ਸਿੰਘ ਚਹਿਲ ਤੇ ਜ਼ਿਲ੍ਹਾ ਪ੍ਰਧਾਨ ਸੂਬਾ ਸਿੰਘ ਦੀ ਰਹਿਨੁਮਾਈ ਹੇਠ ਮਜ਼ਦੂਰ ਦਿਵਸ ਮਨਾਇਆ ਗਿਆ।ਇਸ ਮੌਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਮਰਪਤ ਸ਼ਰਧਾਂਜਲੀ ਦਿੰਦੇ ਹੋਏ ਝੰਡੇ ਦੀ ਰਸਮ ਕੀਤੀ ਗਈ।ਮਈ ਦਿਵਸ 'ਤੇ ਐਸੋਸੀਏਸ਼ਨ ਦੇ ਪੰਜਾਬ ਖ਼ਜ਼ਾਨਚੀ ਗੁਰਮੇਲ ਸਿੰਘ, ਮੁੱਖ ਸਲਾਹਕਾਰ ਪੰਜਾਬ ਤੇ ਪ੍ਰੈਸ ਸਕੱਤਰ ਜੈ ਰਾਮ, ਹਰਭਗਵਾਨ ਸਿੰਘ, ਸ਼ਦੇਸ਼ ਕੁਮਾਰ, ਅਜਮੇਰ ਸਿੰਘ, ਗੁਰਦੇਵ ਸਿੰਘ, ਚਰਨਦਾਸ, ਮੰਦਰ ਸਿੰਘ, ਸੁਖਜੀਤ ਸਿੰਘ, ਗਗਨ, ਅਵਤਾਰ ਸਿੰਘ, ਸੁਖਰਾਜ ਸਿੰਘ, ਭਾਗੀਰਥ, ਰਾਜ ਕੁਮਾਰ, ਪਰਮਪਾਲ

**ਦੋਰਾਹਾ (ਹਰਮਿੰਦਰ ਸੇਠ)** ਨਗਰ ਕੌਂਸਲ ਦੇ ਵਿਹੜੇ ਵਿੱਚ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸ਼ਰਧਾਂਜਲੀਆਂ ਭੇਟ ਕਰਦਿਆਂ ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਨੇ ਕਿਹਾ ਕਿ ਸ਼ਿਕਾਗੋ ਦੇ ਸ਼ਹੀਦਾਂ ਦੀਆਂ ਕੀਤੀਆਂ ਕੁਰਬਾਨੀਆਂ ਸਦਕਾ ਅੱਜ ਜੋ ਮਜ਼ਦੂਰ ਵਰਗ ਹੈ, ਉਸਦੇ ਜੋ ਕੰਮ ਦੇ ਘੰਟੇ ਸੀ, ਉਹ ਨਿਰਧਾਰਤ ਕੀਤੇ ਗਏ ਅਤੇ ਉਨ੍ਹਾਂ 'ਤੇ ਆਰਾ ਫੇਰਦਿਆਂ ਕੇਂਦਰ ਦੀ ਸਰਕਾਰ ਨੇ ਇਨ੍ਹਾਂ ਘੰਟਿਆਂ ਨੂੰ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਗਿਆ ਹੈ। ਇਨ੍ਹਾਂ ਕਾਨੂੰਨਾਂ ਨੂੰ ਬਦਲ ਕੇ ਚਾਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਹੈ, ਜੋ ਮਜ਼ਦੂਰ ਵਰਗ ਨਾਲ ਸਰਾਸਰ ਧੱਕਾ ਹੈ, ਇਸ ਦਾ ਜਵਾਬ ਹੋ ਰਹੀਆਂ ਲੋਕ ਸਭਾ ਚੋਣਾਂ ਵਿੱਚ ਮੋਦੀ ਸਰਕਾਰ ਨੂੰ ਮਜ਼ਦੂਰ ਵਰਗ ਦੇਵੇਗਾ।

ਦੇਸ ਨੂੰ ਪ੍ਰਾਈਵੇਟ ਹੱਥਾਂ ਵਿੱਚ ਵੇਚਿਆ ਜਾ ਰਿਹਾ ਹੈ ਤੇ ਦੇਸ਼ ਦੀ ਕਾਰਪੋਰੇਟ ਘਰਾਣੇ ਲੁੱਟ ਕਰ ਰਹੇ ਹਨ, ਜੋ ਇਸ ਸਰਕਾਰ ਦੇ ਖਿਲਾਫ ਬੋਲਦਾ ਹੈ, ਉਸ ਦੇ ਪਿੱਛੇ ਈਡੀ, ਸੀ ਬੀ ਆਈ ਲਾ ਦਿੱਤੀ ਜਾਂਦੀ ਹੈ।

**ਤਲਵੰਡੀ ਸਾਬੋ/ਮੌੜ ਮੰਡੀ (ਜਗਦੀਪ ਗਿੱਲ)** ਟ੍ਰੇਡ ਯੂਨੀਅਨ ਕੌਂਸਲ ਮੌੜ ਵੱਲੋਂ ਸਾਂਝੇ ਤੌਰ 'ਤੇ ਮਈ ਦਿਵਸ ਦਾਣਾ ਮੰਡੀ ਮੌੜ ਵਿੱਚ ਸ਼ਰਧਾਂਜਲੀਆਂ ਭੇਟ ਕਰਕੇ ਮਨਾਇਆ ਗਿਆ।639 ਪੱਲੇਦਾਰ


ਮੱਖੂ

ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

ਇਸੇ ਤਰ੍ਹਾਂ ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਸਮੂਹ ਡਿਪੂਆਂ ਦੇ ਗੇਟ ਰੈਲੀਆਂ ਕੀਤੀਆਂ ਗਈਆਂ, ਗੇਟ ਰੈਲੀ ਨੂੰ ਸੰਬੋਧਤ ਕਰਦਿਆਂ ਸ੍ਰੀ ਮੁਕਤਸਰ ਡੀਪੂ ਵਿਖੇ ਸੂਬਾ ਸੰਸਥਾਪਕ ਕਮਲ ਕੁਮਾਰ ਨੇ ਦੱਸਿਆ ਕਿ ਇੱਕ ਮਈ ਨੂੰ ਮਜ਼ਦੂਰ ਦਿਵਸ ਮਜ਼ਦੂਰਾਂ ਦੇ ਹੱਕਾਂ ਲਈ ਮਨਾਇਆ ਜਾਂਦਾ ਹੈ। ਇਸ ਸਬੰਧ ਵਿੱਚ 19ਵੀਂ ਸਦੀ ਦੇ ਅੱਧ ਵਿੱਚ ਲੋਕ ਸੁਚੇਤ ਹੋ ਕੇ ਇਕੱਠੇ ਹੋਣ ਦੇ ਨਾਲ ਕੰਮ ਦੇ ਘੰਟਿਆਂ ਨੂੰ ਘਟਾਉਣ ਦੇ ਲਈ ਸੰਘਰਸ਼ ਕਰਨ ਲੱਗੇ

ਯੂਨੀਅਨ ਦੇ ਦਫ਼ਤਰ ਵਿੱਚ ਇਕੱਠੇ ਹੋ ਕੇ ਸ਼ਹਿਰ ਵਿੱਚ ਮਾਰਚ ਕਰਦੇ ਹੋਏ ਸਥਾਨਕ ਦਾਣਾ ਮੰਡੀ ਹੇਠ ਲਾਲ ਝੰਡਾ ਲਹਿਰਾਇਆ ਗਿਆ ਤੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸਰਧਾਂਜਲੀ ਦਿੱਤੀ ਗਈ।ਜਗਰਾਜ ਧੌਲਾ ਤੇ ਨਵਦੀਪ ਧੌਲਾ ਦੀ ਸੰਗੀਤ ਮੰਡਲੀ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਇਸ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ, ਮਾਸਟਰ ਦਰਸ਼ਨ ਮੌੜ, ਹਰਨੇਕ ਮੌੜ, ਬਲਰਾਜ ਮੌੜ, ਕਾਮਰੇਡ ਮੱਖਣ ਸਿੰਘ ਗੁਰੂਸਰ, ਕਾ ਸੁਖਮੰਦਰ ਸਿੰਘ ਧਾਲੀਵਾਲ, ਨਾਜ਼ਮ ਸਿੰਘ ਤੇ ਜਗਸੀਰ ਸਿੰਘ ਕਾਲਾ ਨੇ ਕਿਹਾ ਕਿ

ਮਈ ਦਿਵਸ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਮੌਜੂਦਾ ਦੌਰ ਵਿੱਚ ਕਿਵੇਂ ਸੰਸਾਰ ਪੱਧਰ ਦੇ ਕਾਰਪੋਰੇਟ ਘਰਾਣੇ ਇਕਜੁਟ ਹੋ ਕੇ ਵਿਕਾਸਸ਼ੀਲ ਮੁਲਕਾਂ ਦੀਆਂ ਸੰਵਿਧਾਨਕ ਤੌਰ ਤੇ ਚੁਣੀਆ ਸਰਕਾਰਾਂ ਨੂੰ ਆਪਣੇ ਹੱਕ ਵਿੱਚ ਵਰਤ ਰਹੇ ਹਨ।ਵਿਕਾਸ ਦੇ ਨਾਂਅ 'ਤੇ ਜਲ, ਜੰਗਲ ਤੇ ਜ਼ਮੀਨ ਦੇ ਨਾਲ ਲੋਕਾਂ ਦਾ ਉਜਾੜਾ ਕਰਕੇ ਮਨੁੱਖੀ ਸਮਾਜ ਅਤੇ ਕੁਦਰਤ ਪ੍ਰਤੀ ਅਪਰਾਧ ਕਰਕੇ ਕਿਰਤ ਦੀ ਲੁੱਟ ਨੂੰ ਤੇਜ ਕਰਕੇ ਕੁੱਲ ਦੁਨੀਆਂ ਦੇ ਸਰਮਾਏ ਦੇ 40 ਪ੍ਰਤੀਸ਼ਤ ਕਾਬਜ਼ ਹੋ ਗਿਆ


ਸੰਗਰੂਰ

ਹੈ, ਪਰ ਦੁਨੀਆ ਭਰ ਦਾ ਮਜ਼ਦੂਰ ਇਕ ਹੋਣ ਦੀ ਥਾਂ ਅੱਡੋਪਾਟ ਹੋ ਰਿਹਾ ਹੈ।ਇਨ੍ਹਾਂ ਕਾਰਪੋਰੇਟ ਘਰਾਣਿਆਂ ਦੀਆਂ ਨੀਤੀਆਂ ਨੂੰ ਲਾਗੂ ਕਰਨ ਵਾਲੇ ਸਾਡੇ ਸਿਆਸੀ ਪ੍ਰਬੰਧ ਨੂੰ ਬਦਲ ਕੇ ਲੋਕਪੱਖੀ ਪ੍ਰਬੰਧ ਉਸਾਰਨ ਲਈ ਲੜਾਈ ਲੜ੍ਹਨ ਲਈ ਤਿਆਰ ਹੋ ਕੇ ਇਸ ਇਤਹਾਸਕ ਦਿਨ ਪ੍ਰਣ ਕਰੀਏ। ਇਹ ਹੀ ਸ਼ਿਕਾਗੋ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਸਟੇਜ ਦਾ ਸੰਚਾਲਨ ਗੁਰਮੇਲ ਸਿੰਘ ਮੇਲਾ ਨੇ ਕੀਤਾ।

**ਤਲਵੰਡੀ ਸਾਬੋ/ਬਠਿੰਡਾ, (ਜਗਦੀਪ ਗਿੱਲ)** ਪੁਲਸ ਪਬਲਿਕ ਸਕੂਲ ਵਿਖੇ 1 ਮਈ ਨੂੰ ਦੇਸ਼ ਭਰ 'ਚ ਮਨਾਏ ਜਾਣ ਵਾਲੇ ਮਜ਼ਦੂਰ ਦਿਵਸ ਨੂੰ ਸਮਰਪਤ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਮੌਕੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ ਤੇ ਨਾਚ ਪੇਸ਼ ਕੀਤੇ।

ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਵਿਦਿਆਰਥੀਆਂ ਨੂੰ ਮਜ਼ਦੂਰ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਇਸ ਦੌਰਾਨ ਉਨ੍ਹਾਂ ਸਕੂਲ ਵਿੱਚ ਕੰਮ ਕਰਦੇ ਦਰਜਾ ਚੌਥਾ ਦੇ ਕ੍ਰਮਚਾਰੀਆਂ ਨੂੰ ਜਿਥੇ ਵਧਾਈ ਦਿੱਤੀ, ਉਥੇ ਉਨ੍ਹਾਂ ਵੱਲੋਂ ਕੀਤੀ ਜਾਂਦੀ ਸਖਤ ਮਿਹਨਤ ਦੀ ਵੀ ਸ਼ਲਾਘਾ ਕੀਤੀ। ਇਸ ਦੌਰਾਨ ਵਿਦਿਆਰਥੀਆਂ ਦੁਆਰਾ ਮਜ਼ਦੂਰ ਵਰਗ ਨੂੰ ਸਮਰਪਤ ਕੰਮ ਦੀ ਪੂਜਾ ਕਰਨ ਵਾਲੇ ਤੇ ਮਿਹਨਤ ਤੋਂ ਨਾ ਡਰਨ ਲਈ ਪ੍ਰੇਰਿਤ ਕਰਨ ਵਾਲੇ ਗਾਣੇ ਸੁਰੀਲੀ ਆਵਾਜ਼ 'ਚ ਪੇਸ਼ ਕੀਤੇ ਗਏ। ਇਸ ਦੌਰਾਨ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਵਾਲੇ ਮਜ਼ਦੂਰਾਂ ਦੀ ਮਹੱਤਤਾ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

**ਜੈਤੋ (ਸਤੀਸ਼ ਕੁਮਾਰ ਭੀਰੀ)** ਅਲੀਅਾਂਸ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਬੱਚਿਆਂ ਵੱਲੋਂ ਮਜ਼ਦੂਰਾਂ ਦੀ ਮਹੱਤਤਾ ਬਾਰੇ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਸਨਮਾਨ ਚਿੰਨ੍ਹ ਵਜੋਂ ਵਿਦਿਆਰਥੀਆਂ ਵੱਲੋਂ ਸਹਿਯੋਗੀ ਸਟਾਫ਼ ਨੂੰ ਧੰਨਵਾਦੀ ਕਾਰਡ ਦਿੱਤੇ ਗਏ। ਇਨ੍ਹਾਂ ਗਤੀਵਿਧੀਆਂ ਵਿੱਚ ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਸਕੂਲ ਦੇ ਸਹਿਯੋਗੀ ਸਟਾਫ ਅਤੇ ਡਰਾਈਵਰਾਂ ਦਾ ਧੰਨਵਾਦ ਕੀਤਾ। ਹਰ ਵਰਗ ਨੂੰ ਧਿਆਨ ਵਿੱਚ ਰੱਖਦੇ ਹੋਏ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਗੁਰਸੇਵਕ ਮਾਨ, ਮੈਨੇਜਮੈਂਟ ਮੈਂਬਰ ਗੌਰਵ ਗਰਗ, ਦੀਪੀ ਗਰਗ, ਜਗਮੇਲ ਸਿੰਘ ਅਤੇ ਸਕੂਲ ਦੇ ਚੈਅਰਮੈਨ ਅਸ਼ਵਨੀ ਗਰਗ ਨੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਮਜ਼ਦੂਰ ਸਾਡੇ ਹਰ ਛੋਟੇ-ਵੱਡੇ ਕੰਮ ਦਾ ਹਿੱਸਾ ਹਨ।

ਇਸੇ ਤਰ੍ਹਾਂ ਸ਼ਿਵਾਲਿਕ ਕਿਡਜ਼ ਸਕੂਲ ਜੈਤੋ ਵਿੱਚ ਕੌਮਾਂਤਰੀ ਮਜ਼ਦੂਰ ਦਿਵਸ ਮਨਾਇਆ ਗਿਆ।ਇਸ ਦੌਰਾਨ ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਸਫਾਈ ਕ੍ਰਮਚਾਰੀ ਤੇ ਡਰਾਈਵਰਾਂ ਨੂੰ ਇਸ ਦਿਨ ਦੀ ਵਧਾਈ ਦਿੰਦਿਆਂ ਤੋਹਫੇ ਦਿੱਤੇ ਗਏ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਵੱਲੋਂ ਮਜ਼ਦੂਰ ਦਿਵਸ ਨਾਲ ਸੰਬੰਧਤ ਭਾਸ਼ਣ ਦਿੱਤੇ ਗਏ। ਸਫਾਈ ਕ੍ਰਮਚਾਰੀ ਅਤੇ ਡਰਾਈਵਰਾਂ ਦੀਆਂ ਛੋਟੀਆਂ ਛੋਟੀਆਂ ਖੇਡਾਂ ਕਰਾਈਆਂ ਗਈਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਕੌਰ ਗਿੱਲ ਨੇ ਵਿਦਿਆਰਥੀਆਂ ਨੂੰ ਮਜ਼ਦੂਰ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਹੈ ਕਿ ਦੁਨੀਆ ਵਿੱਚ ਹਰ ਉਹ ਇਨਸਾਨ ਮਜ਼ਦੂਰ ਹੈ, ਜੋ ਆਪਣੇ ਪਰਵਾਰ ਦਾ ਪੇਟ ਭਰਨ ਲਈ 8 ਤੋਂ 10 ਘੰਟੇ ਮਿਹਨਤ ਕਰਦਾ ਹੈ ਤੇ ਰੋਜ਼ੀ ਰੋਟੀ ਕਮਾਉਂਦਾ ਹੈ।

**ਮੂਨਕ (ਰਾਜਪਾਲ ਸਿੰਗਲਾ)** ਪੈਨਸ਼ਨਰਾਂ ਵੱਲੋਂ ਸੋਮ ਚੰਦ ਪ੍ਰਧਾਨ ਦੀ ਪ੍ਰਧਾਨਗੀ ਹੇਠ ਮਈ ਦਿਵਸ ਮਨਾਇਆ ਗਿਆ ਅਤੇ ਗੇਟ ਤੇ ਝੰਡਾ ਲਹਿਰਾਇਆ ਗਿਆ। ਹਾਜ਼ਰ ਮੰਗਤ ਸਿੰਘ, ਜਗਰੂਪ ਸਿੰਘ ਸੀਨੀਅਰ ਮੀਤ ਪ੍ਰਧਾਨ ਡਵੀਜ਼ਨ ਲਹਿਰਾ ਗਾਗਾ ਨੇ ਮਈ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਸੰਘਰਸ਼ ਜਾਰੀ ਰਹੇਗਾ ਤੇ ਕੇਂਦਰ ਸਰਕਾਰ ਵਿੱਚ ਮੋਦੀ ਸਰਕਾਰ ਸਮੇਂ ਮਹਿਗਾਈ ਵਧੀ ਹੈ ਬੇਰੁਜ਼ਗਾਰੀ ਵਧੀ ਹੈ, ਸਰਮਾਏਦਾਰੀ ਨੂੰ ਬੜਾਵਾ ਦਿੱਤਾ ਹੈ, ਲੁੱਟਾਂ ਖੋਹਾਂ ਵਧੀਆਂ ਹਨ।ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਆਪਣੀਆਂ ਮੰਗਾਂ ਨੂੰ ਲਾਗੂ ਕਰਾਉਣ ਲਈ ਸੰਘਰਸ਼ ਹੈ ਛੇਵੇਂ ਪੇ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਤਨਖਾਹਾਂ ਵਿੱਚ ਕੀਤੇ ਵਾਧੇ ਦਾ ਏਰੀਅਲ ਪਿਛਲੇ ਡੀਏ ਦਾ ਬਕਾਇਆ ਰਾਸ਼ੀ 2,59 ਨਾਲ 1 ਜਨਵਰੀ 16 ਤੋਂ ਪਹਿਲਾਂ ਪੈਨਸ਼ਨ ਵਿੱਚ ਸੋਧ ਕਰਕੇ ਬਕਾਇਆ ਏਰੀਅਲ ਨਾ ਦੇਣਾ ਪੈਨਸ਼ਨ ਐਸੋਸੀਏਸ਼ਨ ਵੱਲੋਂ ਸੰਘਰਸ਼ ਕੀਤਾ ਜਾਵੇਗਾ। ਡਵੀਜ਼ਨ ਪੱਧਰ 'ਤੇ ਲਹਿਰਾਗਾਗਾ ਵਿੱਚ 6 ਮਈ ਨੂੰ ਧਰਨਾ ਦਿੱਤਾ ਜਾਵੇਗਾ।ਇਸ ਮੌਕੇ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵੱਧ ਤੋਂ ਵੱਧ ਮੈਂਬਰ ਹਾਜ਼ਰ ਹੋਏ।

**ਰਾਜਪੁਰਾ (ਰਮੇਸ਼ ਕਟਾਰੀਆ)** ਪੀ ਐੱਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਡਵੀਜ਼ਨ ਰਾਜਪੁਰਾ ਤੇ ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਵੱਲੋਂ ਮਿਲ ਕੇ ਸਾਂਝੇ ਤੌਰ 'ਤੇ ਮਜ਼ਦੂਰ ਦਿਹਾੜੇ ਮੌਕੇ ਡਵੀਜ਼ਨ ਅਧੀਨ ਸਾਰੇ ਦਫ਼ਤਰਾਂ ਵਿੱਚ ਲਾਲ ਰੰਗ ਦੇ ਝੰਡੇ ਲਹਿਰਾਏ ਗਏ। ਇਸ ਉਪਰੰਤ ਸੈਂਕੜੇ ਸਾਥੀਆਂ ਨੇ ਇਕੱਠੇ ਹੋ ਕੇ ਭਰਵੀਂ ਰੈਲੀ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਨੇ ਦੱਸਿਆ ਕਿ ਮਜ਼ਦੂਰ ਦਿਹਾੜਾ ਮਜ਼ਦੂਰ, ਮੁਲਾਜ਼ਮ, ਕਿਸਾਨਾਂ


ਜਗਰਾਓਂ

ਅਤੇ ਕਿਰਤੀ ਲੋਕਾਂ ਨੂੰ ਹਰ ਸਾਲ ਨਵੀਂ ਦਿਸ਼ਾ ਦਿਖਾ ਰਿਹਾ ਹੈ, ਜਿੱਥੇ ਅਸੀਂ ਪੁਰਾਣੇ ਵਿੱਛੜੇ ਸਾਥੀਆਂ ਨੂੰ ਯਾਦ ਕਰਕੇ ਲਾਲ ਸਲਾਮ ਪੇਸ਼ ਕਰ ਰਹੇ ਹਾਂ, ਉੱਥੇ ਦਰਪੇਸ਼ ਮੁਸ਼ਕਲਾਂ ਦਾ ਹੱਲ ਲੱਭਣ ਲਈ ਵਿਚਾਰ ਵਟਾਂਦਰਾ ਕਰ ਰਹੇ ਹਾਂ। ਦੇਸ਼ ਵਿੱਚ ਕਿਰਤੀ ਲੋਕਾਂ ਦੀਆਂ ਮੁਸ਼ਕਲਾਂ ਵਿਚ ਅਥਾਹ ਵਾਧਾ ਹੋਇਆ ਹੈ। ਇਨ੍ਹਾਂ ਸਾਰੀਆਂ ਮੁਸ਼ਕਲਾਂ ਨੂੰ ਹੱਲ ਕਰਾਉਣ ਲਈ ਲਾਲ ਝੰਡੇ ਵਾਲੇ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਸ ਮੌਕੇ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਨੇ ਕਿਹਾ ਕਿ ਜਿਹੜੇ ਟ੍ਰੇਡ ਯੂਨੀਅਨਾਂ ਦੇ ਆਗੂ ਸਾਥੀ ਸਾਡੇ ਤੋਂ ਵਿੱਛੜੇ ਹਨ, ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸਰਕਲ ਪਟਿਆਲਾ ਦੇ ਪ੍ਰਧਾਨ ਤੇ ਦੱਖਣ ਜ਼ੋਨ ਕਨਵੀਨਰ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਮੰਨੀਆਂ ਹੋਈਆਂ ਲਾਗੂ ਨਹੀਂ ਕਰਦੀ ਤਾਂ ਚੱਲ ਰਹੇ ਲੜੀਵਾਰ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਡਵੀਜ਼ਨ ਰਾਜਪੁਰਾ ਦੇ ਪ੍ਰਧਾਨ ਸਾਥੀ ਕੁਲਦੀਪ ਸਿੰਘ, ਸਾਥੀ ਜਗਵਿੰਦਰ ਸਿੰਘ, ਸਾਥੀ ਹਰਦੀਪ ਸਿੰਘ, ਸਾਥੀ ਸਤਨਾਮ ਸਿੰਘ, ਸਾਥੀ ਰਾਮ ਰਤਨ, ਸਾਥੀ ਸ਼ਾਮ ਸੁੰਦਰ, ਸਾਥੀ ਸੁਖਦੇਵ ਸਿੰਘ, ਸਾਥੀ ਨਰਿੰਦਰ ਮੈਨੋਰੀ ਤੇ ਹੋਰ ਅਨੇਕਾਂ ਆਗੂਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।

**ਦਿੜ੍ਹਬਾ (ਜਸਵੀਰ ਲਾਡੀ)** ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ ਛਾਜਲੀ ਨੇ ਆਪਣੇ ਦਫ਼ਤਰ ਵਿੱਚ ਝੰਡਾ ਚੜ੍ਹਾ ਕੇ ਮਨਾਇਆ ਗਿਆ।ਝੰਡਾ ਚੜ੍ਹਾਉਣ ਦੀ ਰਸਮ ਭੋਲਾ ਸਿੰਘ ਪ੍ਰਧਾਨ ਤੇ ਦਰਸ਼ਨ ਸਿੰਘ ਸੈਕਟਰੀ ਨੇ ਕੀਤੀ।ਪੱਲੇਦਾਰ ਮਜ਼ਦੂਰਾਂ ਨੂੰ ਜਸਵੀਰ ਲਾਡੀ ਪੱਤਰਕਾਰ ਨੇ ਸੰਬੋਧਨ ਕਰਦਿਆਂ ਮਈ ਦਿਵਸ ਦੀ ਮੱਹਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਅੱਜ ਜਦੋਂ ਦੇਸ਼ ਅੰਦਰ 18ਵੀਂ ਲੋਕ ਸਭਾ ਦੀ ਚੋਣ ਹੋਣ ਜਾ ਰਹੀ ਹੈ ਤਾਂ ਸਾਨੂੰ ਮਜ਼ਦੂਰ ਦੀ ਮੰਗਾਂ ਲੀਡਰਾਂ ਕੋਲ ਰੱਖਣ ਦੀ ਲੋੜ ਹੈ, ਜੋ 12 ਘੰਟੇ ਕੰਮ ਕਰਨ ਦੇ ਹੁਕਮ ਲਾਗੂ ਕਰਨ ਲਈ ਕਹਿ ਰਹੇ ਹਨ, ਉਹ ਵੀ ਮਈ ਦਿਵਸ ਮਨਾ ਰਹੇ ਹਨ।ਹੈਰਾਨੀ ਦੀ ਗੱਲ ਇਹ ਹੈ ਕਿ ਮਜ਼ਦੂਰ ਦਿਵਸ 'ਤੇ ਛੁੱਟੀ ਹੈ, ਪਰ ਮਜ਼ਦੂਰ ਫ਼ੈਕਟਰੀਆਂ, ਮੰਡੀਆਂ, ਭੱਠਿਆਂ ਆਦਿ ਥਾਂਵਾਂ 'ਤੇ ਕੰਮ ਕਰ ਰਹੇ ਹਨ।

**ਦਿੜ੍ਹਬਾ (ਜਸਵੀਰ ਲਾਡੀ)** ਪਿੰਡ ਛਾਜਲੀ ਵਿਖੇ ਲੱਗੀ ਰੌਕ ਐਂਡ ਸਟਰੌਮ ਪ੍ਰਾਈਵੇਟ ਲਿਮ: ਵਿਖੇ ਬਣੀ ਰੌਕ ਐਂਡ ਸਟਰੌਮ ਡਿਸਟਿਲਰੀ ਵਰਕਰ ਯੂਨੀਅਨ ਛਾਜਲੀ ਏਟਕ ਵੱਲੋਂ ਸਾਥੀ ਕਰਮਜੀਤ ਸਿੰਘ ਦੀ ਅਗਵਾਈ ਹੇਠ ਫੈਕਟਰੀ ਦੇ ਗੇਟ ਤੇ ਝੰਡਾ ਲਹਿਰਾਇਆ ਗਿਆ। ਇਸ ਮੌਕੇ ਸਾਥੀ ਜਗਰੂਪ ਸਿੰਘ ਜਰਨਲ ਸਕੱਤਰ, ਸੁਖਦੇਵ ਸ਼ਰਮਾ ਵਰਕਿੰਗ ਪ੍ਰਧਾਨ, ਮੁਹੰਮਦ ਖਲੀਲ, ਕਿਸਨ ਭੜੋ ਤੇ ਪ੍ਰਦੀਪ ਚੀਮਾ ਨੇ ਸਾਂਝੇ ਤੌਰ 'ਤੇ ਮਈ ਦਿਵਸ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਦੱਸਿਆ ਕਿ ਮਈ ਦਿਵਸ ਨੇ ਕਿਵੇਂ ਸਾਡੇ ਲਈ ਮੰਗਾਂ ਮੰਨਵਾਉਣ ਦਾ ਰਾਹ ਦੱਸਿਆ।

ਇਸ ਮੌਕੇ ਗੇਟ 'ਤੇ ਵੱਡੇ ਇਕੱਠ ਨੇ ਮੰਗਾਂ ਦੀ ਪ੍ਰਾਪਤੀ ਲਈ ਪ੍ਰਣ ਲਿਆ ਅਤੇ ਘੱਟੋ ਘੱਟ ਉਜਰਤਾਂ ਨੂੰ ਕੈਟਾਗਿਰੀ ਵਾਇਜ ਲਾਗੂ ਕੀਤਾ ਜਾਵੇ। ਬੋਨਸ ਐਕਟ ਘੱਟੋ-ਘੱਟ ਉਜਰਤਾਂ ਮੁਤਾਬਕ ਲਾਗੂ ਕੀਤਾ ਜਾਵੇ। ਓਵਰ ਟਾਇਮ ਡਬਲ ਕੀਤਾ ਜਾਵੇ।

**ਜਗਰਾਉਂ (ਨਛੱਤਰ ਸੰਧੂ)** ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਨਿਰਮਲ ਸਿੰਘ ਰਸੂਲਪੁਰ, ਜਬਰ ਵਿਰੋਧੀ ਤਾਲਮੇਲ ਫਰੰਟ ਦੇ ਪ੍ਰਧਾਨ ਗੁਰਦੇਵ ਸਿੰਘ ਮੁਲਾਂਪੁਰ, ਰਣਜੀਤ ਸਿੰਘ ਗੁੜੇ, ਮਿਸਤਰੀ ਮਜਦੂਰ ਯੂਨੀਅਨ (ਸੀਟੂ) ਦੇ ਨਿਰਮਲ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਕੋਠੇ ਪੋਨਾ, ਸਾਧੂ ਸਿੰਘ ਅੱਚਰਵਾਲ, ਪ੍ਰਧਾਨ ਗੁਰਚਰਨ ਸਿੰਘ, ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਨ, ਮਜ਼ਦੂਰ ਸੰਘਰਸ ਕਮੇਟੀ ਦੇ ਮੀਤ ਪ੍ਰਧਾਨ ਚਮਕੌਰ ਸਿੰਘ ਲੀਲ੍ਹ, ਭਰਭੂਰ ਸਿੰਘ ਦੀ ਅਗਵਾਈ ਵਿੱਚ ਮਈ ਦਿਹਾੜੇ 'ਤੇ ਥਾਣੇ ਮੂਹਰੇ ਪੁਲਸ ਅੱਤਿਆਚਾਰਾਂ ਵਿਰੁੱਧ ਚੱਲ ਰਹੇ ਅਣਮਿੱਥੇ ਸਮੇਂ ਦੇ ਮੋਰਚੇ ਵਿੱਚ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ। ਇਸ ਸਮੇਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਮਜ਼ਦੂਰਾਂ ਦੇ ਮਾਮਲਿਆਂ ਸਬੰਧੀ ਪੁਲਸ ਤੇ ਸਿਵਲ ਅਧਿਕਾਰੀਆਂ ਦੀ ਬੇਰੁਖੀ ਦੀ ਨਿੰਦਾ ਕੀਤੀ ਗਈ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਪ੍ਰਧਾਨ ਬਲਵਿੰਦਰ ਸਿੰਘ ਕੋਠੇ ਪੋਨਾ, ਪ੍ਰਧਾਨ ਗੁਰਚਰਨ ਸਿੰਘ ਰਸੂਲਪੁਰ, ਬਖਤੌਰ ਸਿੰਘ ਨੇ ਤਤਕਾਲੀਨ ਕਥਿਤ ਥਾਣੇਦਾਰ ਵੱਲੋਂ ਅਨੁਸੂਚਿਤ ਜਾਤੀ ਦੇ ਪਰਵਾਰਾਂ ਤੇ ਕੀਤੇ ਅੱਤਿਆਚਾਰਾਂ ਸਬੰਧੀ ਪੀੜਤ ਪਰਵਾਰ ਨੂੰ ਨਿਆਂ ਦਿੱਤਾ ਜਾਵੇ, ਜੋ 2 ਸਾਲਾਂ ਤੋਂ ਅਣਮਿੱਥੇ ਸਮੇਂ ਦਾ ਪੱਕਾ ਮੋਰਚਾ ਲਾ ਕੇ ਬੈਠੇ ਹਨ।

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਮਾਸਟਰ ਬਾਬੂ ਸਿੰਘ ਯਾਦਗਾਰੀ ਭਵਨ (ਰਜਿ:) ਵੱਲੋਂ ਮਈ ਦਿਵਸ 'ਤੇ ਦੇਸ਼ ਅਤੇ ਵਿਦੇਸ਼ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ, ਜਿਸ ਦੇ ਸਬੰਧ ਵਿੱਚ ਲਾਲ ਝੰਡਾ ਝੁਲਾ ਕੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਇਸ ਸਬੰਧ ਵਿੱਚ ਵੱਖ-ਵੱਖ ਬੁਲਾਰੇ ਜਿਵੇਂ ਰਣਜੀਤ ਸਿੰਘ ਮਹਿਰਾਜ, ਹਰਭਜਨ ਸਿੰਘ ਸੇਲਬਰਾਹ, ਨਛੱਤਰ ਸਿੰਘ ਫੂਲ, ਪ੍ਰਿੰਸੀਪਲ ਮਿਹਰ ਬਾਹੀਆ, ਬਹਾਦਰ ਸਿੰਘ ਸੇਲਬਰਾਹ, ਅਰਸ਼ਦੀਪ ਸਿੰਘ ਮਹਿਰਾਜ,


ਸ੍ਰੀ ਮੁਕਤਸਰ ਸਾਹਿਬ

ਜਸਵਿੰਦਰ ਸਿੰਘ ਭਾਈਰੂਪਾ ਨੇ ਸੰਬੋਧਨ ਕੀਤਾ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਨੇ ਮਈ ਦਿਵਸ 'ਤੇ ਸੰਬੋਧਨ ਕਰਦਿਆਂ ਦੱਸਿਆ ਕਿ ਕਿਸ ਤਰ੍ਹਾਂ ਕਾਰਪੋਰੇਟ ਘਰਾਣੇ ਸਾਰੇ ਸੰਸਾਰ ਵਿੱਚ ਆਪਣਾ ਗਲਬਾ ਕਾਇਮ ਕਰਕੇ ਮਜ਼ਦੂਰਾਂ ਤੇ ਕਿਸਾਨਾਂ ਨੂੰ ਖਤਮ ਕਰਨ 'ਤੇ ਤੁਲੇ ਹੋਏ ਹਨ, ਜਿਥੇ ਉਨ੍ਹਾਂ ਦੇ ਕੰਮ ਦੇ ਘੰਟੇ ਵਧਾਏ ਜਾ ਰਹੇ ਹਨ। ਉਥੇ ਉਜਰਤਾਂ ਨੂੰ ਵੀ ਘਟਾਇਆ ਜਾ ਰਿਹਾ ਹੈ। ਕੰਮ ਦੇ ਹਾਲਾਤ ਬਦਤਰ ਹੋ ਰਹੇ ਹਨ, ਉਥੇ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਵੀ ਹੜੱਪਿਆ ਜਾ ਰਿਹਾ ਹੈ। ਹੁਣ ਕਿਸਾਨਾਂ ਤੇ ਹਰ ਵਰਗ ਦੇ ਮਜ਼ਦੂਰਾਂ ਨੂੰ ਇਕੱਠੇ ਹੋਣ ਦੀ ਜ਼ਰੂਰਤ ਹੈ। ਇਸ ਸਮੇਂ ਲਾਲ ਝੰਡਾ ਝੁਲਾ ਕੇ ਮਈ ਦਿਵਸ ਮਨਾਇਆ ਗਿਆ।

ਇਸੇ ਤਰ੍ਹਾਂ ਅਲਟ੍ਰਾਟੈਕ ਸੀਮਿੰਟ ਫੈਕਟਰੀ ਦੇ ਮੇਨ ਗੇਟ ਅੱਗੇ ਜਥੇਬੰਦੀ ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰਜ ਯੂਨੀਅਨ (ਸੀਟੂ) ਵੱਲੋਂ 138ਵੇਂ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮੌਕੇ ਲਾਲ ਝੰਡਾ ਲਹਿਰਾ ਕੇ ਪਹਿਲੀ ਮਈ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਝੰਡਾ ਲਹਿਰਾਉਣ ਦੀ ਰਸਮ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਮਿੰਦਰ ਸਿੰਘ ਬਾਠ ਵੱਲੋਂ ਨਿਭਾਈ ਗਈ। ਇਸ ਸਮੇਂ ਸੀਟੂ ਦੇ ਸੂਬਾਈ ਆਗੂ ਸਾਥੀ ਬਲਕਾਰ ਸਿੰਘ ਮਈ ਦਿਵਸ ਦੀ ਮਹੱਤਤਾ ਬਾਰੇ ਕਿਹਾ ਕਿ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦੀ ਹੇਅ ਮਾਰਕੀਟ ਵਿੱਚ ਸਮੇਂ ਦੀ ਸਰਕਾਰ ਦੇ ਜਬਰ ਦੇ ਖ਼ਿਲਾਫ਼ 1886 ਨੂੰ ਕੰਮ ਦੇ 8 ਘੰਟੇ ਦੀ ਮੰਗ ਲਾਗੂ ਕਰਾਉਣ ਲਈ ਸ਼ਹੀਦ ਹੋਏ, ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਅੱਜ ਪੂਰੇ ਵਿਸ਼ਵ ਭਰ ਵਿੱਚ ਕੰਮ ਦੇ 8 ਘੰਟੇ ਲਾਗੂ ਹੋਏ।

ਆਗੂਆਂ ਨੇ ਉਨ੍ਹਾਂ ਕਿਰਤੀ ਲੋਕਾਂ ਨੂੰ ਮਜ਼ਦੂਰ ਦਿਵਸ ਦੀਆਂ ਕ੍ਰਾਂਤੀਕਾਰੀ ਵਧਾਈਆਂ ਦਿੰਦਿਆਂ ਕਿਹਾ ਕਿ ਜੋ ਲੋਕ ਪੂੰਜੀਵਾਦ ਦੇ ਹਮਲੇ ਦਾ ਟਾਕਰਾ ਕਰ ਰਹੇ ਹਨ ਤੇ ਕੁਰਬਾਨੀ ਨਾਲ ਜਿੱਤੇ ਹੋਏ ਹੱਕਾਂ ਦੀ ਰਾਖੀ ਤੇ ਏਕਤਾ ਦੀ ਰਾਖੀ ਲਈ ਲੜ ਰਹੇ ਹਨ। ਵਿਸ਼ਵ ਭਰ ਦੇ ਮਜ਼ਦੂਰ-ਕਿਸਾਨ ਮਿਹਨਤਕਸ਼ ਲੋਕ ਕਾਰਪੋਰੇਟ ਪੱਖੀ ਸਰਕਾਰਾਂ ਦੇ ਜਬਰ ਦੇ ਖ਼ਿਲਾਫ਼ ਸੜਕਾਂ 'ਤੇ ਉਤਰ ਆਏ ਹਨ, ਜੋ ਕਿ ਚੰਗੀ ਪਹਿਲਕਦਮੀ ਹੈ। ਅੱਜ ਪੂਰੀ ਦੁਨੀਆ ਵਿੱਚ ਕਮਿਊਨਿਜਮ ਦਾ ਏਜੰਡਾ ਲਾਗੂ ਹੋ ਰਿਹਾ ਹੈ। ਕੇਂਦਰ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਹੋਇਆ ਹੈ। ਅਣਐਲਾਨੀ ਨੋਟਬੰਦੀ ਤੇ ਜੀ.ਐੱਸ.ਟੀ ਕਾਰਨ ਬੇਰੁਜ਼ਗਾਰੀ ਵਿੱਚ ਰਿਕਾਰਡਤੋੜ ਵਾਧਾ ਹੋਇਆ ਹੈ।

ਇਸੇ ਤਰ੍ਹਾਂ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਬਠਿੰਡਾ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾਇਆ। ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਮੈਨੇਜਿੰਗ ਡਾਇਰੈਕਟਰ ਗੁਰਬਿੰਦਰ ਸਿੰਘ ਸਿੱਧੂ ਨੇ ਪ੍ਰਿੰਸੀਪਲ ਤੇ ਸਮੂਹ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਡੇ ਵਿਦਿਆਰਥੀਆਂ ਨੂੰ ਹਰੇਕ ਦਿਨ ਨਵੀਂ ਵਿਚਾਰਧਾਰਾ ਨਾਲ ਜੋੜਦੇ ਹਨ।

ਡਾਇਰੈਕਟਰ ਐਡਮਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਇਸ ਤਰ੍ਹਾਂ ਦੇ ਦਿਵਸ ਮਨਾਉਣ ਨਾਲ ਜਿੱਥੇ ਵਿਦਿਆਰਥੀਆਂ ਨੂੰ ਇਤਿਹਾਸ ਨਾਲ ਜੋੜਿਆ ਜਾਂਦਾ ਹੈ, ਉਥੇ ਉਸ ਦੇ ਵਰਤਮਾਨ ਪ੍ਰਭਾਵ ਨੂੰ ਸਮਝਣ ਦੀ ਸਮਝ ਪੈਦਾ ਹੁੰਦੀ ਹੈ। ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਕਿਰਤ ਸਰੀਰਕ ਅਤੇ ਦਿਮਾਗੀ ਦੋਵਾਂ ਤਰ੍ਹਾਂ ਦੀ ਹੁੰਦੀ ਹੈ।ਮਜ਼ਦੂਰ ਦਿਵਸ ਸਿਰਫ਼ ਕਾਲਜ ਵਿੱਚ ਮਨਾਉਣ ਤੱਕ ਹੀ ਸੀਮਿਤ ਨਹੀਂ ਰਹਿਣਾ, ਸਗੋਂ ਆਪਣੇ ਰੋਜ਼ਾਨਾ ਜੀਵਨ ਵਿੱਚ ਵਿਚਰਦੇ ਸਮੇਂ ਮਜ਼ਦੂਰਾਂ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦੇਣਾ ਸਾਡਾ ਫ਼ਰਜ਼ ਬਣਦਾ ਹੈ।

ਪ੍ਰਿੰਸੀਪਲ ਦੀ ਪੋਲਰ ਸਟਾਰ ਸਕੂਲ ਕੰਵਰਦੀਪ ਸਿੰਘ ਗਿੱਲ, ਮੈਡਮ ਸਿੰਬਲਜੀਤ ਕੌਰ ਡਾਇਰੈਕਟਰ ਅਤੇ ਮੈਡਮ ਪਰਸ਼ੋਤਮ ਕੌਰ ਖ਼ਜ਼ਾਨਚੀ ਨੇ ਇਸ ਗਤੀਵਿਧੀ ਦੀ ਸ਼ਲਾਘਾ ਕੀਤੀ।ਇਸ ਦੌਰਾਨ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਵਿੱਚ ਭਾਗ ਲਿਆ।

**ਮੱਖੂ (ਰਛਪਾਲ ਸਿੰਘ ਸੰਧੂ):** ਪੰਜਾਬ ਦੀਆਂ ਫੂਡ ਏਜੰਸੀਆਂ 'ਚ ਕੰਮ ਕਰਦੇ ਮਜ਼ਦੂਰ ਪਿਛਲੇ ਲੰਮੇ ਸਮੇਂ ਤੋਂ ਠੇਕੇਦਾਰੀ ਦੀ ਗੁਲਾਮੀ ਵਿੱਚ ਆਪਣਾ ਜਿਊਣ ਬਸਰ ਕਰ ਰਹੇ ਹਨ। ਠੇਕੇਦਾਰ ਉਨ੍ਹਾਂ ਨੂੰ ਨਾ ਮਾਤਰ ਉਜਰਤ ਦੇ ਕੇ ਮਜ਼ਦੂਰਾਂ ਤੋਂ 12 ਤੋਂ 14 ਘੰਟੇ ਤੱਕ ਕੰਮ ਕਰਾਉਂਦੇ ਸਨ, ਜਿਸ ਨਾਲ ਮਜਦੂਰਾਂ ਦਾ ਆਰਥਿਕ ਤੇ ਸਰੀਰਕ ਸੋਸ਼ਣ ਹੁੰਦਾ ਹੈ। ਇਸੇ ਗੁਲਾਮੀ ਨੂੰ ਗਲੋਂ ਲਾਹੁਣ ਲਈ ਅੱਜ ਤੋਂ 138 ਸਾਲ ਪਹਿਲਾਂ ਅਮਰੀਕਾ ਦੇ ਸ਼ਿਕਾਗੋ ਸ਼ਹਿਰ ਵਿਚ ਮਜ਼ਦੂਰ ਸਾਥੀਆਂ ਨੇ ਸੰਘਰਸ਼ ਦੌਰਾਨ ਆਪਣੀਆਂ ਜਾਨਾਂ ਗਵਾਈਆਂ ਸਨ। ਅੱਜ ਦੇ ਦਿਨ ਉਨ੍ਹਾਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕੀਤਾ ਜਾਂਦਾ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਦੇਸ ਨੂੰ ਆਜ਼ਾਦ ਹੋਏ 77 ਸਾਲ ਹੋ ਗਏ ਹਨ, ਪਰ ਦੇਸ ਵਿੱਚ ਮਜ਼ਦੂਰ ਅੱਜ ਵੀ ਠੇਕੇਦਾਰਾਂ ਦੀਆਂ ਗੁਲਾਮੀ ਵਿੱਚ ਕੰਮ ਕਰ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਫੂਡ ਗਰੇਨ ਐਂਡ ਅਲਾਈਡ ਵਰਕਰ ਯੂਨੀਅਨ ਦੇ ਸੂਬਾਈ ਆਗੂ ਬਲਵੀਰ ਲਹਿਰਾ ਨੇ ਮਜ਼ਦੂਰ ਦਿਵਸ 'ਤੇ ਦਾਣਾ ਮੰਡੀ ਮਖੂ ਵਿੱਚ ਇਕੱਠੇ ਹੋਏ ਮਜਦੂਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਇਨ੍ਹਾਂ ਮਜਦੂਰਾਂ ਨੂੰ ਠੇਕੇਦਾਰੀ ਪ੍ਰਥਾ 'ਚੋਂ ਕੱਢਿਆ ਜਾਵੇ ਤੇ ਇਨ੍ਹਾਂ ਦੀ ਬਣਦੀ ਮਜ਼ਦੂਰੀ ਸਿੱਧੀ ਦਿੱਤੀ ਜਾਵੇ।

**ਮਾਨਸਾ, (ਆਤਮਾ ਸਿੰਘ ਪਮਾਰ)** ਮਜ਼ਦੂਰ ਦਿਵਸ 'ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ


ਜਲਾਲਾਬਾਦ

ਸ਼ਰਧਾ ਦੇ ਫੁੱਲ ਭੇਟ ਕਰਦਿਆਂ ਤੇ ਕਿਰਤੀ ਕਾਮਿਆਂ ਨੂੰ ਵਧਾਈ ਦਿੰਦਿਆਂ ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂ ਮਾਸਟਰ ਗੁਰਮੇਲ ਸਿੰਘ ਬੋੜਾਵਾਲ ਤੇ ਹਲਕਾ ਇਨਚਾਰਜ ਬੁਢਲਾਡਾ ਤੇਜਾ ਸਿੰਘ ਬਰੇਟਾ, ਜ਼ਿਲ੍ਹਾ ਕੈਸ਼ੀਅਰ ਗੁਰਧਿਆਨ ਸਿੰਘ ਕਟਾਰੀਆ ਨੇ ਕਿਹਾ ਕਿ ਮਜ਼ਦੂਰਾਂ ਦੀ ਦ੍ਰਿੜਤਾ, ਲਗਨ ਤੇ ਸਖਤ ਮਿਹਨਤ ਸਦਕਾ ਹੀ ਸਾਡਾ ਸਮਾਜ ਤੇ ਦੇਸ ਤਰੱਕੀ ਕਰ ਪਾਇਆ ਹੈ।ਉਨ੍ਹਾਂ ਸਰਕਾਰਾਂ ਤੋਂ ਮੰਗ ਵੀ ਕੀਤੀ ਕਿ ਮਜ਼ਦੂਰਾਂ ਦੀ ਸਮਾਜਿਕ ਤੇ ਆਰਥਿਕ ਦਸ਼ਾ ਨੂੰ ਉੱਚਾ ਚੁੱਕਣ ਦੇ ਯੋਗ ਉਪਰਾਲੇ ਕੀਤੇ ਜਾਣ।ਉਨ੍ਹਾਂ ਕਿਹਾ ਕਿ ਅਜੋਕਾ ਮਜ਼ਦੂਰ ਬਨਾਮ ਕਿਰਤੀ ਮਿਹਨਤ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਦਾ, ਪਰ ਉਸ ਦੀ ਆਰਥਿਕਤਾ ਫਿਰ ਵੀ ਦਿਨੋ-ਦਿਨ ਬਦਤਰ ਹੋ ਰਹੀ ਹੈ।

ਇਸੇ ਤਰ੍ਹਾਂ ਸੀ.ਪੀ.ਆਈ. (ਐਮ) ਤੇ ਸੀਟੂ ਨਾਲ ਸਬੰਧਤ ਮਜ਼ਦੂਰ-ਕਿਸਾਨ ਜਥੇਬੰਦੀਆਂ ਨੇ ਕੌਮਾਂਤਰੀ ਮਜ਼ਦੂਰ ਦਿਵਸ ਕਾਮਰੇਡ ਗੱਜਣ ਸਿੰਘ ਟਾਂਡੀਆਂ ਭਵਨ ਵਿਖੇ ਪ੍ਰਭਾਵਸ਼ਾਲੀ ਇਕੱਠ ਕਰਕੇ ਮਨਾਇਆ ਗਿਆ।ਇਸ ਮੌਕੇ ਲਾਲ ਝੰਡਾ ਲਹਿਰਾਉਣ ਤੋਂ ਬਾਅਦ ਸ਼ਿਕਾਗੋ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਸਮਾਗਮ ਦੀ ਪ੍ਰਧਾਨਗੀ ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੀ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਬਰੇਟਾ, ਟਰੇਡ ਯੂਨੀਅਨ ਆਗੂ ਅਮਰਜੀਤ ਸਿੰਘ ਸਿੱਧੂ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਦਰਸ਼ਨ ਸਿੰਘ ਧਲੇਵਾਂ ਨੇ ਕੀਤੀ।

ਸੀ.ਪੀ.ਆਈ. (ਐਮ) ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਬੀਬੀ ਰਣਜੀਤ ਕੌਰ ਬਰੇਟਾ ਤੇ ਕਾ. ਅਵਤਾਰ ਸਿੰਘ ਛਾਪਿਆਂਵਾਲੀ ਨੇ ਕਿਹਾ ਕਿ ਅਮਰੀਕਾ ਦੇ ਸ਼ਹਿਰ ਸ਼ਿਕਾਗੋ


ਰਾਮਪੁਰਾ ਫੂਲ

ਵਿੱਚ 1886 ਦੇ ਇਤਿਹਾਸਕ ਮਜ਼ਦੂਰ ਸੰਘਰਸ਼ ਸਦਕਾ ਕੰਮ ਦੇ ਘੰਟੇ ਅੱਠ ਘੰਟੇ ਸਮੇਤ ਅਨੇਕਾਂ ਸਹੂਲਤਾਂ ਅੱਜ ਦੇਸ਼ ਅਤੇ ਦੁਨੀਆਂ ਦਾ ਕਿਰਤੀ ਵਰਗ ਮਾਣ ਰਿਹਾ ਹੈ ਤੇ ਇਸ ਤੋਂ ਬਾਅਦ ਵੀ ਕਈ ਵੱਡੇ ਅਤੇ ਇਤਿਹਾਸਕ ਘੋਲਾਂ ਵਿੱਚ ਕਿਰਤੀ ਜਮਾਤ ਨੇ ਸ਼ਾਨਾਮੱਤੀਆਂ ਹੋਰ ਪ੍ਰਾਪਤੀਆਂ ਵੀ ਕੀਤੀਆਂ ਹਨ। ਉਨ੍ਹਾਂ ਦੇਸ਼ ਦੀ ਸੱਤਾ 'ਤੇ ਕਾਬਜ਼ ਭਾਜਪਾ-ਆਰ.ਐਸ.ਐਸ. ਦੀ ਸਰਕਾਰ ਨੂੰ ਕਿਰਤੀ ਕਿਸਾਨ ਵਿਰੋਧੀ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਨੇ ਆਪਣੇ ਦਸ ਸਾਲਾਂ ਦੇ ਸਾਸ਼ਨ ਵਿੱਚ ਅਮੀਰ ਕਾਰਪੋਰੇਟਾਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ ਤੇ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਕਿਰਤੀ ਵਿਰੋਧੀ ਚਾਰ ਲੇਬਰ ਕੋਡ ਘੜੇ ਹਨ।

**ਜਲਾਲਾਬਾਦ, (ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਜ਼ਿਲ੍ਹਾ ਫ਼ਾਜ਼ਿਲਕਾ ਵੱਲੋਂ ਮਜ਼ਦੂਰ ਦਿਹਾੜੇ ਦੇ ਮੌਕੇ 'ਤੇ ਜਲ ਸਪਲਾਈ ਮਹਿਕਮੇ ਦੇ ਸਬ ਡਵੀਜ਼ਨ ਜਲਾਲਾਬਾਦ ਦੇ ਦਫ਼ਤਰ ਗੁੰਮਾਨੀਵਾਲਾ ਵਿਖੇ ਜਥੇਬੰਦੀ ਦਾ ਝੰਡਾ ਲਹਿਰਾਇਆ ਗਿਆ ਤੇ ਇਸਦੇ ਬਾਅਦ ਅਕਾਸ਼ ਗੁੰਜਾਊ ਨਾਅਰੇ ਲਾ ਕੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ, ਜੋ ਇੱਕ ਮਈ ਨੂੰ ਸ਼ਿਕਾਗੋ ਵਿੱਚ ਆਪਣੇ ਹੱਕਾਂ ਲਈ ਸ਼ਹੀਦ ਹੋਏ ਸਨ। ਇਹ ਪ੍ਰੋਗਰਾਮ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਅਤੇ ਬ੍ਰਾਂਚ ਜਨਰਲ ਸਕੱਤਰ ਕੁੰਦਨ ਸਿੰਘ ਦੀ ਅਗੁਵਾਈ ਹੇਠ ਸੰਪੰਨ ਹੋਇਆ, ਇਸ ਮੌਕੇ ਹੋਰਨਾਂ ਤੋਂ ਇਲਾਵਾ ਦਫ਼ਤਰੀ ਸਟਾਫ਼ ਸਬ ਕਮੇਟੀ ਸੂਬਾ ਜਥੇਬੰਦਕ ਸਕੱਤਰ ਸੁਖਚੈਨ ਸਿੰਘ ਸੋਢੀ, ਸ਼ੌਕ ਸਿੰਘ, ਬਲਵਿੰਦਰ ਸਿੰਘ ਮਹਾਲਮ, ਬਲਦੇਵ ਰਾਜ, ਮਹਿੰਦਰ ਸਿੰਘ ਮੰਨੇਵਾਲਾ, ਸੁਰਿੰਦਰ ਸਿੰਘ ਘੂਰੀ ਤੇ ਰਮੇਸ਼ ਸਿੰਘ ਨੇ ਸ਼ਿਰਕਤ ਕੀਤੀ। ਉਪਰੋਕਤ ਆਗੂਆਂ ਨੇ ਵਰਤਮਾਨ ਪੰਜਾਬ ਸਰਕਾਰ ਅਤੇ ਵਿਭਾਗ ਦੀ ਮੈਨੇਜਮੈਂਟ ਵੱਲੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ 15-20 ਸਾਲਾਂ ਤੋਂ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਖਿਲਾਫ ਅਪਣਾਈਆਂ ਜਾ ਰਹੀਆਂ ਮਾਰੂ ਨੀਤੀਆਂ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦੇ ਅੰਦਰ ਮਜ਼ਦੂਰਾਂ ਨੇ ਇਕੱਠ ਕਰਕੇ ਸਾਮਰਾਜ ਦੀਆਂ ਵਧੀਕੀਆਂ ਜਿਵੇਂ ਮਜ਼ਦੂਰਾਂ ਤੋਂ 16-16 ਘੰਟੇ ਕੰਮ ਲੈਣਾ, ਕੋਈ ਛੁੱਟੀ ਨਾ ਦੇਣਾ, ਤਸ਼ੱਦਦ ਕਰਨਾ ਆਮ ਗੱਲਾਂ ਸੀ ਤਾਂ ਮਜ਼ਦੂਰਾਂ ਨੇ ਇਨ੍ਹਾਂ ਜ਼ੁਲਮਾਂ ਵਿਰੁੱਧ ਆਪਣੀ ਅਵਾਜ਼ ਬੁਲੰਦ ਕੀਤੀ। ਮੌਕੇ ਦੀਆਂ ਸਰਕਾਰਾਂ ਨੇ ਇਨ੍ਹਾਂ ਕਿਰਤੀਆਂ 'ਤੇ ਜ਼ੁਲਮ ਢਾਹਿਆ ਤੇ ਅਨੇਕਾਂ ਹੀ ਕਿਰਤੀ ਮੌਤ ਦੇ ਘਾਟ ਉਤਾਰ ਦਿੱਤੇ।

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)** ਇੱਕ ਪਾਸੇ ਜਿੱਥੇ 1 ਮਈ ਨੂੰ ਮਜ਼ਦੂਰ ਦਿਵਸ ਮਨਾਇਆ ਜਾ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਕੁਝ ਮਜ਼ਦੂਰਾਂ ਨੂੰ ਇਸ ਦਿਨ ਬਾਰੇ ਕੁਝ ਵੀ ਪਤਾ ਨਹੀਂ ਹੈ। ਸਰਕਾਰ ਨੇ ਵੀ ਇਸ ਦਿਨ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਹੋਇਆ ਹੈ, ਪਰ ਜਿਨ੍ਹਾਂ ਮਜ਼ਦੂਰਾਂ ਦੇ ਮਜ਼ਦੂਰ ਦਿਵਸ 'ਤੇ ਛੁੱਟੀ ਦਾ ਐਲਾਨ ਕੀਤਾ ਗਿਆ ਹੈ, ਉਨ੍ਹਾਂ ਨੂੰ ਹੀ ਛੁੱਟੀ ਨਹੀਂ ਮਿਲੀ, ਜਿਸ ਕਾਰਨ ਸਾਰੇ ਮਜ਼ਦੂਰ ਆਪੋ ਆਪਣੇ ਕੰਮ ਵਿੱਚ ਰੁੱਝੇ ਹੋਏ ਹਨ।ਇਸੇ ਤਰ੍ਹਾਂ ਫ਼ਾਜ਼ਿਲਕਾ ਵਿੱਚ ਮਜ਼ਦੂਰ ਦਿਵਸ ਮੌਕੇ ਸਾਰੇ ਮਜ਼ਦੂਰ ਆਪਣੇ ਰੋਜ਼ਾਨਾ ਦੇ ਕੰਮਾਂ ਵਿੱਚ ਲੱਗੇ ਦੇਖੇ ਗਏ।ਮਜ਼ਦੂਰ ਦਿਵਸ ਸਬੰਧੀ ਜਦੋਂ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਮਜ਼ਦੂਰੀ ਕਰਕੇ ਹੀ ਆਪਣਾ ਗੁਜ਼ਾਰਾ ਕਰਦੇ ਹਨ।ਜੇਕਰ ਉਹ ਲੋਕ ਕੰਮ ਨਹੀਂ ਕਰਨਗੇ ਤਾਂ ਉਨ੍ਹਾਂ ਦੇ ਚੁੱਲ੍ਹੇ ਕਿਵੇਂ ਜਲਣਗੇ? ਉਨ੍ਹਾਂ ਦੇ ਘਰ ਖਾਣ-ਪੀਣ ਦੀ ਕਮੀ ਹੋ ਜਾਵੇਗੀ, ਜਿਸ ਕਾਰਨ ਮਜ਼ਦੂਰ ਦਿਵਸ ਦੀ ਸਰਕਾਰੀ ਛੁੱਟੀ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਕੰਮ ਕਰਨਾ ਪੈਂਦਾ ਹੈ।

ਮਜ਼ਦੂਰ ਦਿਵਸ ਦੀ ਗੱਲ ਕਰੀਏ ਤਾਂ ਵਿਸ਼ਵ ਭਰ ਵਿੱਚ ਹਰ ਸਾਲ 1 ਮਈ ਨੂੰ ਮਜ਼ਦੂਰ ਦਿਵਸ ਮਨਾਇਆ ਜਾਂਦਾ ਹੈ।ਮਜ਼ਦੂਰਾਂ ਦੇ ਅਧਿਕਾਰਾਂ ਤੋਂ ਇਲਾਵਾ ਇਹ ਦਿਨ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਨ ਤੇ ਉਨ੍ਹਾਂ ਦੇ ਹੱਲ ਲੱਭਣ, ਉਨ੍ਹਾਂ ਨਾਲ ਇਨਸਾਫ਼ ਤੇ ਕੰਮ ਦੀਆਂ ਸਥਿਤੀਆਂ ਬਾਰੇ ਗੱਲ ਕਰਨ ਨਾਲ ਵੀ ਸਬੰਧਤ ਹੈ।

## ਬਾਬਾ ਫ਼ਰੀਦ ਸਕੂਲ ਛੱਤਿਆਣਾ ਦਾ ਨਤੀਜਾ ਸ਼ਾਨਦਾਰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਕਲਾਸ ਅਤੇ ਅੱਠਵੀਂ ਕਲਾਸ ਦੇ ਨਤੀਜੇ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮਾਨਤਾ ਪ੍ਰਾਪਤ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦਾ ਨਤੀਜਾ ਬੜਾ ਸ਼ਾਨਦਾਰ ਰਿਹਾ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਅਤੇ ਪ੍ਰਿੰਸੀਪਲ ਪਰਮਜੀਤ ਕੌਰ ਨੇ ਦੱਸਿਆ ਕਿ 12ਵੀਂ ਕਲਾਸ ਦੀ ਵਿਦਿਆਰਥਣ ਅਨਮੋਲਪ੍ਰੀ ਕੌਰ ਪੁੱਤਰੀ ਗੁਰਪਿਆਰ ਸਿੰਘ ਨੇ 477 ਅੰਕ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਪਵਿੱਤਰਪ੍ਰੀਤ ਕੌਰ ਪੁੱਤਰੀ ਬਲਰਾਜ ਸਿੰਘ ਨੇ 473 ਅੰਕ ਹਾਸਲ ਕਰਕੇ ਦੂਜਾ ਸਥਾਨ ਅਤੇ ਕਮਲਪ੍ਰੀਤ ਕੌਰ ਪੁੱਤਰੀ ਗੁਰਪਿਆਰ ਸਿੰਘ ਨੇ 468 ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਨ ਵਧਾਇਆ ਹੈ ਤੇ ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ 163 ਵਿਦਿਆਰਥੀਆਂ ਨੇ ਪੇਪਰ ਦਿੱਤੇ। ਜ਼ਿਲ੍ਹੇ ਵਿੱਚੋਂ 101 ਵਿਦਿਆਰਥੀਆਂ ਨੇ 80 ਪ੍ਰਤੀਸ਼ਤ



ਅੰਕ ਤੋਂ ਉਪਰ ਹਾਸਲ ਕੀਤੇ ਹਨ। ਇਸੇ ਤਰ੍ਹਾਂ ਅੱਠਵੀਂ ਕਲਾਸ ਵਿੱਚੋਂ ਅਕਸ਼ਰਾ ਪੁੱਤਰੀ ਸੰਦੀਪ ਸਿੰਘ ਨੇ 581 ਨੰਬਰ ਲੈ ਕੇ ਪਹਿਲਾ ਸਥਾਨ, ਅਸਮਨਜੋਤ ਕੌਰ ਪੁੱਤਰੀ ਲਖਵਿੰਦਰ ਸਿੰਘ ਨੇ 573 ਨੰਬਰ ਲੈ ਕੇ ਦੂਜਾ ਸਥਾਨ ਅਤੇ ਜਸਪ੍ਰੀਤ ਕੌਰ ਪੁੱਤਰੀ ਮਹਿੰਦਰ ਸਿੰਘ ਨੇ 572 ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ 65 ਵਿਦਿਆਰਥੀਆਂ ਨੇ ਪੇਪਰ ਦਿੱਤੇ ਜਿਨ੍ਹਾਂ ਵਿੱਚੋਂ 30 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਅੰਕ ਤੋਂ ਉਪਰ ਹਾਸਲ ਕੀਤੇ ਹਨ। ਐਮ ਡੀ ਹਰਜੀਤ ਸਿੰਘ ਬਰਾੜ ਨੇ ਵਿਦਿਆਰਥਣ ਨੂੰ ਵਧਾਈ ਦਿੰਦੇ ਕਿਹਾ ਕਿ ਲਗਨ ਨਾਲ ਕੀਤੀ ਮਿਹਨਤ ਦਾ ਫ਼ਲ ਜਰੂਰ ਮਿਲਦਾ ਹੈ ਤੇ ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਚੰਗੇ ਭਵਿੱਖ ਲਈ ਲਗਨ ਨਾਲ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇੰਜਾਰਜ ਸੁਖਜੀਤ ਕੌਰ, ਸੁਖਦੀਪ ਸਿੰਘ, ਗੁਰਜੋਤ ਸਿੰਘ, ਇੰਚਾਰਜ ਸੁਖਪ੍ਰੀਤ ਸਿੰਘ, ਅਮਨਦੀਪ ਕੌਰ, ਬਲਕਰਨ ਸਿੰਘ ਐਚ ਓ ਡੀ,ਬੇਅੰਤ ਕੌਰ, ਕੁਲਵਿੰਦਰ ਕੌਰ, ਕਿਰਨਦੀਪ ਕੌਰ, ਜਗਮੀਤ ਸਿੰਘ, ਸੁਖਦੀਪ ਸਿੰਘ, ਗੁਰਮੇਲ ਸਿੰਘ ਡੀ ਪੀ, ਲਵਪ੍ਰੀਤ ਕੌਰ, ਮਨਦੀਪ ਕੌਰ ਐਚ ਓ ਡੀ, ਅਮਨਦੀਪ ਕੌਰ ਐਚ ਓ ਡੀ, ਪਵਨਦੀਪ ਕੌਰ ਤੋਂ ਇਲਾਵਾ ਸਮੂਹ ਸਟਾਫ ਨੇ ਵਿਦਿਆਰਥਣਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਜੰਗਲਾਤ ਕਾਮੇ ਡੀ ਐੱਸ ਪੀ ਦਫ਼ਤਰ ਅੱਗੇ ਲਾਉਣਗੇ ਧਰਨਾ

**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** ਜੰਗਲਾਤ ਵਰਕਰਜ ਯੂਨੀਅਨ ਪੰਜਾਬ ਜ਼ਿਲ੍ਹਾ ਪਟਿਆਲਾ ਦੇ ਆਗੂਆਂ ਜਸਵਿੰਦਰ ਸਿੰਘ ਸੌਜਾ, ਸ਼ੇਰ ਸਿੰਘ ਸਰਹਿੰਦ, ਜਗਤਾਰ ਸ਼ਾਹਪੁਰ ਤੇ ਭਿੰਦਰ ਘੱਗਾ ਨੇ ਦੱਸਿਆ ਕਿ ਪਿਛਲੇ ਮਹੀਨੇ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਤੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਉੱਤੇ ਹੋਟਲ ਬਲਿਊ ਹੈਵਨ ਨੇੜੇ ਢਾਬੀ ਗੁੱਜਰਾਂ ਵਣ ਵਿਭਾਗ ਦੀ ਸਟਿਪ 'ਚ ਪੰਜਾਬ ਸਰਕਾਰ ਦਾ ਫਲੈਕਸ ਬੋਰਡ 17 ਮਾਰਚ ਨੂੰ ਉਤਾਰਿਆ ਤਾਂ 20 ਮਾਰਚ ਨੂੰ ਹੋਟਲ ਮਾਲਕ ਤੇ ਉਸ ਦੇ ਹੋਰ ਸਾਥੀਆਂ ਵੱਲੋਂ ਵਣ ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਦੀ ਕੰਮ ਕਰਦੇ ਸਮੇਂ ਵਣ ਨਰਸਰੀ ਵਿੱਚ ਆ ਕੇ ਕੁੱਟ ਮਾਰ ਕੀਤੀ ਤੇ ਗਾਲੀ ਗਲੋਚ ਕੀਤੀ ਗਈ।ਪੁਲਸ ਵੱਲੋਂ ਇਸ ਸਬੰਧੀ ਮਾਮਲਾ ਦਰਜ ਕੀਤੇ ਜਾਣ ਦੇ ਬਾਵਜੂਦ ਕਥਿਤ ਦੋਸ਼ੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ।ਜਥੇਬੰਦੀ ਤੇ ਆਗੂਆਂ ਨੇ ਦੋਸ਼



ਲਾਇਆ ਕਿ ਦੋਸ਼ੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਰਹਿ ਕੇ ਸਾਡੇ ਵਰਕਰਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਿਹਾ ਹੈ ਤੇ ਸਾਡੇ ਵਰਕਰਾਂ ਨੂੰ ਉਨ੍ਹਾਂ ਤੋਂ ਖਤਰਾ ਹੈ।ਦੂਜੇ ਪਾਸੇ ਹੋਟਲ ਦੇ ਮਾਲਿਕ ਕਥਿਤ ਦੋਸ਼ੀ ਵਰਕਰਾਂ ਨੂੰ ਪਰਚਾ ਵਾਪਸ ਲੈਣ ਦੀਆਂ ਧਮਕੀਆਂ ਦੇ ਰਹੇ ਹਨ। ਮਾਮਲੇ ਵਿੱਚ ਸ਼ਾਮਲ ਕਥਿਤ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਜਥੇਬੰਦੀ ਵੱਲੋਂ ਦੋ ਮਈ ਨੂੰ ਡੀਐਸਪੀ ਦਫ਼ਤਰ ਪਾਤੜਾ ਸਾਹਮਣੇ ਧਰਨਾ ਦਿੱਤਾ ਜਾ ਰਿਹਾ ਹੈ।

ਜਨਤਕ ਜਥੇਬੰਦੀਆਂ ਦੇ ਆਗੂਆਂ ਦਰਸ਼ਨ ਬੇਲੂਮਾਜਰਾ, ਪੂਰਨ ਚੰਦ ਨੇਨਹੇੜਾ, ਹਰੀ ਸਿੰਘ ਦੌਣ, ਮਲਕੀਤ ਸਿੰਘ ਨਿਆਲ ਕ੍ਰਿਸ਼ਨ ਚੰਦ ਕਲਵਾਣੂੰ ਤੇ ਸੁਖਦੇਵ ਚੰਗਾਲੀਵਾਲ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਨਾਲ ਵੱਡੀ ਗਿਣਤੀ ਵਿੱਚ ਮਜ਼ਦੂਰ ਕਿਸਾਨ ਤੇ ਮੁਲਾਜ਼ਮਾਂ ਇਸ ਸੰਘਰਸ ਦੀ ਹਮਾਇਤ ਕਰਨਗੇ।

ਉਨ੍ਹਾਂ ਨੇ ਦੁਖੀ ਲਹਿਜੇ ਨਾਲ ਕਿਹਾ ਕਿ ਪੰਜਾਬ ਵਿੱਚ ਇਸ ਤਰ੍ਹਾਂ ਲੱਗਦਾ ਜਿਵੇਂ ਇਥੇ ਕੋਈ ਵੀ ਵਿਅਕਤੀ ਸੁੱਰਖਿਅਤ ਨਹੀਂ ਹੈ, ਜੇਕਰ ਕੰਮ ਦੀ ਜਗ੍ਹਾ 'ਤੇ ਜਾਂ ਘਰ ਬੈਠੇ ਕ੍ਰਮਚਾਰੀਆਂ ਨੂੰ ਉਨ੍ਹਾਂ ਦੀ ਡਿਊਟੀ ਕਰਨ ਬਦਲੇ ਜਿਹੜੀ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਕਰਕੇ ਆਏ ਸੀ ਤੇ ਇਸ ਤਰ੍ਹਾਂ ਦੇ ਲੋਕ ਕੁੱਟਮਾਰ ਕਰਨਗੇ ਤਾਂ ਕਿਰਤੀ ਲੋਕਾਂ ਕੋਲ ਸੰਘਰਸ਼ ਤੋਂ ਬਿਨਾਂ ਕੋਈ ਚਾਰਾ ਨਹੀਂ ਰਹੇਗਾ।

# ਏਕਟੂ ਵੱਲੋਂ ਸ਼ਿਕਾਗੋ ਦੇ ਮਹਾਨ ਸ਼ਹੀਦਾਂ ਨੂੰ ਸਲਾਮ



**ਬਟਾਲਾ (ਤਰਲੋਕ ਬੱਗਾ)**-ਆਲ ਇੰਡੀਆ ਸੈਂਟਰਲ ਕੌਂਸਲ ਆਫ ਟਰੇਡ ਯੂਨੀਅਨ (ਏਕਟੂ) ਵੱਲੋਂ ਮਈ ਦਿਵਸ ਮਨਾਇਆ ਗਿਆ ਜਿਸਦੀ ਪ੍ਰਧਾਨਗੀ ਵਿਜੇ ਕੁਮਾਰ ਸੋਹਲ, ਦਲਬੀਰ ਭੋਲਾ ਮਲਕਵਾਲ ਅਤੇ ਗੁਰਮੁਖ ਸਿੰਘ ਲਾਲੀ ਭਾਗੋਵਾਲ ਨੇ ਸਾਂਝੇ ਤੌਰ 'ਤੇ ਕੀਤੀ।ਇਸ ਸਮੇਂ ਬੋਲਦਿਆਂ ਏਕਟੂ ਦੇ ਸੂਬਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਭੁੰਬਲੀ ਅਤੇ ਏਕਟੂ ਦੇ ਸੂਬਾ ਮੀਤ ਪ੍ਰਧਾਨ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ 138ਵਾਂ ਮਈ ਦਿਵਸ ਉਸ ਸਮੇਂ ਮਨਾਇਆ ਜਾ ਰਿਹਾ ਹੈ ਜਦੋਂ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਗੰਭੀਰ ਖ਼ਤਰਾ ਪੈਦਾ ਹੋ ਗਿਆ ਹੈ।ਮੋਦੀ ਸਰਕਾਰ ਵਲੋਂ ਸੰਵਿਧਾਨਕ ਸੰਸਥਾਵਾਂ ਈਡੀ, ਸੀਬੀਆਈ,ਚੋਣ ਕਮਿਸ਼ਨ, ਇਨਕਮ ਟੈਕਸ ਅਤੇ ਨਿਆਂ ਪਾਲਿਕਾ ਨੂੰ ਆਪਣੇ ਸਿਆਸੀ ਹਿਤਾਂ ਲਈ ਵਰਤਿਆ ਜਾ ਰਿਹਾ ਹੈ।

ਮੋਦੀ ਸਰਕਾਰ ਦੇਸ਼ ਵਿੱਚ ਖੁਲਮਖੁੱਲ੍ਹਾ ਫਿਰਕੂ ਜ਼ਹਿਰ ਉਗਲ ਰਹੀ ਹੈ।ਭਾਜਪਾ ਸਰਕਾਰ ਵਲੋਂ 12 ਘੰਟੇ ਦੀ ਦਿਹਾੜੀ ਕਰਨ ਅਤੇ 40 ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿਚ ਬਦਲਣ ਦੀ ਨਿੰਦਾ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀ ਇਹ ਕਾਰਵਾਈ ਦਰਸਾਉਂਦੀ ਹੈ ਕਿ ਭਾਜਪਾ ਮਜ਼ਦੂਰ ਵਿਰੋਧੀ ਪਾਰਟੀ ਹੈ।ਆਗੂਆਂ ਕਿਹਾ ਕਿ ਜੇਕਰ ਮੋਦੀ ਸਰਕਾਰ ਤੀਸਰੀ ਦਫਾ ਸੱਤਾ ਵਿੱਚ ਆਉਂਦੀ ਹੈ ਤਾਂ ਦੇਸ਼ ਦਾ ਸੰਵਿਧਾਨ ਅਤੇ ਲੋਕਤੰਤਰ ਨਹੀਂ ਬਚ ਸਕੇਗਾ ਤਾਂ ਲੋੜ ਹੈ ਕਿ ਭਾਜਪਾ ਨੂੰ ਹਰ ਹਾਲਤ ਵਿੱਚ ਸਤਾ ਵਿੱਚ ਆਉਣ ਤੋਂ ਰੋਕਿਆ ਜਾਵੇ।

ਬੁਲਾਰਿਆਂ ਮਾਨ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਜਨਤਾ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਨਹੀਂ ਕਰ ਸਕੀ। ਇਸ ਮੌਕੇ ਸੁਖਦੇਵ ਸਿੰਘ ਭਾਗੋਕਾਵਾਂ, ਕੁਲਦੀਪ ਰਾਜੂ, ਸਿਰੀਮਤੀ ਰੇਖਾ, ਬਲਬੀਰ ਉਂਚਾ ਧਕਾਲਾ, ਕਰਮਜੀਤ ਸਿੰਘ ਖੰਨਾ ਚਮਾਰਾਂ, ਲਖਵਿੰਦਰ ਸਿੰਘ ਭਾਗੋਵਾਲ, ਕਪਤਾਨ ਸਿੰਘ, ਰਣਜੀਤ ਕੌਰ ਡੰਡਵ, ਰਾਣੀ ਖੋਖਰ, ਸਵਿੰਦਰ ਕੌਰ ਚੱਕਭਗਵਾਂ, ਬੰਟੀ ਪਠਾਨਕੋਟ, ਪ੍ਰੇਮ ਸਿੰਘ ਲਾਲੀ, ਸੁਰਜੀਤ ਸਿੰਘ ਗਿਲ ਅਤੇ ਬਲਜੀਤ ਸਿੰਘ ਅਰਲੀਭੰਨ ਵੀ ਹਾਜ਼ਰ ਸਨ।

# ਦਿਨੇਸ਼ ਬੱਬੂ ਦਾ ਕਲਾਨੌਰ 'ਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਿੱਖਾ ਵਿਰੋਧ



ਕਲਾਨੌਰ (ਮਨਦੀਪ ਕੋਹਲੀ)-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਭਾਜਪਾ ਦੇ ਉਮੀਦਵਾਰ ਦਿਨੇਸ਼ ਸਿੰਘ ਬੱਬੂ ਦੀ ਅੱਜ ਕਲਾਨੌਰ ਵਿੱਚ ਰੱਖੀ ਗਈ ਬੂਥ ਮੀਟਿੰਗ ਦੌਰਾਨ ਫੇਰੀ ਮੌਕੇ ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਿਤ ਜਥੇਬੰਦੀਆਂ ਵੱਲੋਂ ਨੈਸ਼ਨਲ ਹਾਈਵੇ 354 'ਤੇ ਤਿੱਖਾ ਵਿਰੋਧ ਕੀਤਾ ਗਿਆ। ਕਲਾਨੌਰ ਨੈਸ਼ਨਲ ਹਾਈਵੇ ਸ'ਤੇ ਪੁਲਸ ਵੱਲੋਂ ਸੈਂਕੜੇ ਜਵਾਨਾਂ ਸਮੇਤ ਨਾਕਾਬੰਦੀ ਕੀਤੀ ਹੋਈ ਸੀ। ਸੰਯੁਕਤ ਕਿਸਾਨ ਮੋਰਚੇ ਵੱਲੋਂ ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਘੁਮਾਣ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਅਸ਼ਵਨੀ ਕੁਮਾਰ ਲੱਖਣ ਕਲਾਂ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਗੁਰਮੁਖ ਸਿੰਘ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਹਰਵਿੰਦਰ ਸਿੰਘ ਤੋਂ ਇਲਾਵਾ ਜਰਨੈਲ ਸਿੰਘ, ਮਾਸਟਰ ਸਰਦੂਲ ਸਿੰਘ ਬਰੀਲਾ, ਬਲਜੀਤ ਸਿੰਘ ਗੁਰਾਇਆ, ਜਗਜੀਤ ਸਿੰਘ ਕਲਾਨੌਰ, ਮਨਜੀਤ ਸਿੰਘ ਅਦਾਲਤਪੁਰ, ਸਵਿੰਦਰ ਸਿੰਘ ਆੜ੍ਹਤੀ, ਸਤਨਾਮ ਸਿੰਘ ਬੁਲਾਰੀਆ, ਬਲਰਾਜ ਸਿੰਘ ਬਿਸ਼ਨਕੋਟ, ਸਲਵਿੰਦਰ ਸਿੰਘ ਗੋਸਲ, ਗੁਰਦੀਪ ਸਿੰਘ, ਸੁਖਵਿੰਦਰ ਸਿੰਘ, ਗੁਰਜੀਤ ਸਿੰਘ ਬੁਲਾਰੀਆ ਆਦਿ ਵੱਖ-ਵੱਖ ਜਥੇਬੰਦੀਆਂ ਦੇ ਦਰਜਨਾਂ ਆਗੂਆਂ ਨੂੰ ਪੁਲਸ ਦੇ ਸੈਂਕੜੇ ਜਵਾਨਾਂ ਵੱਲੋਂ ਭਾਜਪਾ ਉਮੀਦਵਾਰ ਬੱਬੂ ਦੀ ਮੀਟਿੰਗ ਵਿੱਚ ਜਾਣ ਤੋਂ ਰੋਕਿਆ ਜਾ ਰਿਹਾ ਸੀ। ਦਿਨੇਸ਼ ਸਿੰਘ ਬੱਬੂ ਕਿਸਾਨਾਂ ਨਾਲ ਮੁਲਾਕਾਤ ਕੀਤੇ ਬਿਨਾਂ ਹੀ ਉਥੋਂ ਚਲੇ ਗਏ ਜਿਸ 'ਤੇ ਕਿਸਾਨਾਂ ਵੱਲੋਂ ਜਮ ਕੇ ਭਾਜਪਾ/ਦਿਨੇਸ਼ ਬੱਬੂ ਖਿਲਾਫ ਅਤੇ ਪੁਲਸ ਪ੍ਰਸ਼ਾਸਨ ਖਿਲਾਫ ਨਾਅਰੇਬਾਜੀ ਕੀਤੀ ਗਈ।

# ਡੀ ਸੀ ਨੇ ਕੰਡਿਆਲੀ ਤਾਰੋਂ ਪਾਰ ਖੇਤੀ ਕਰਦੇ ਕਿਸਾਨਾਂ ਦੀਆਂ ਮੁਸ਼ਕਲਾਂ ਸੁਣੀਆਂ



ਗੁਰਦਾਸਪੁਰ, ਡੇਰਾ ਬਾਬਾ ਨਾਨਕ (ਜਨਕ ਮਹਾਜਨ/ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਰਾਵੀ ਦਰਿਆ ਤੋਂ ਪਾਰ ਘਣੀਏ-ਕੇ-ਬੇਟ ਖੇਤਰ ਵਿੱਚ ਬੀਐੱਸਐੱਫ਼ ਦੀ ਨੰਗਲੀ ਪੋਸਟ ਵਿਖੇ ਬੀਐੱਸਐੱਫ਼ ਅਧਿਕਾਰੀਆਂ ਅਤੇ ਸਰਹੱਦੀ ਇਲਾਕੇ ਦੇ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਬੀਐੱਸਐੱਫ਼ ਦੇ ਕਮਾਂਡੈਂਟ ਮਨੋਜ ਕੁਮਾਰ, ਬੀਐੱਸਐੱਫ਼ ਦੇ ਹੋਰ ਅਧਿਕਾਰੀਆਂ ਤੋਂ ਇਲਾਵਾ ਸਿਵਲ ਪ੍ਰਸ਼ਾਸਨ ਵੱਲੋਂ ਐਸਡੀਐੱਮ ਡੇਰਾ ਬਾਬਾ ਨਾਨਕ ਹਰਦੀਪ ਸਿੰਘ, ਤਹਿਸੀਲਦਾਰ ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਅਰਮਾਨਦੀਪ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਸੁਰਿੰਦਰਪਾਲ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਕਿਸਾਨਾਂ ਨੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਬੀਐੱਸਐੱਫ਼ ਦੇ ਅਧਿਕਾਰੀਆਂ ਨਾਲ ਕੰਡਿਆਲੀ ਤਾਰ ਤੋਂ ਪਾਰ ਜ਼ਮੀਨ ਵਿੱਚ ਖੇਤੀਬਾੜੀ ਨਾਲ ਸਬੰਧਤ ਮਸਲੇ ਸਾਂਝੇ ਕੀਤੇ। ਕਿਸਾਨਾਂ ਨੇ ਜੂਨ ਮਹੀਨੇ ਦੌਰਾਨ ਝੋਨੇ ਦੀ ਲਵਾਈ ਮੌਕੇ ਕੰਡਿਆਲੀ ਤਾਰ ਤੋਂ ਪਾਰ ਜਾ ਕੇ ਕੰਮ ਕਰਨ ਦੇ ਸਮੇਂ ਨੂੰ ਵਧਾਉਣ ਦੀ ਮੰਗ ਕੀਤੀ, ਜਿਸ 'ਤੇ ਡਿਪਟੀ ਕਮਿਸ਼ਨਰ ਅਤੇ ਬੀਐੱਸਐੱਫ਼ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਹਰ ਸੰਭਵ ਸਹਿਯੋਗ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਕਿਸਾਨਾਂ ਨੇ ਕੰਡਿਆਲੀ ਤਾਰ ਤੋਂ ਪਾਰ ਜਾਣ ਲਈ ਬਣੇ ਸ਼ਨਾਖ਼ਤੀ ਕਾਰਡਾਂ ਸਬੰਧੀ ਮਸਲੇ ਵੀ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੇ। ਇਸ ਮੌਕੇ ਪਿੰਡ ਘਣੀਏ-ਕੇ-ਬੇਟ ਦੇ ਵਸਨੀਕਾਂ ਨੇ ਪਿੰਡ ਵਿੱਚ ਸਰਕਾਰੀ ਸਕੂਲ ਖੋਲਣ ਦੀ ਮੰਗ ਕੀਤੀ, ਜਿਸ 'ਤੇ ਡਿਪਟੀ ਕਮਿਸ਼ਨਰ ਨੇ ਇਸ ਮਸਲੇ ਨੂੰ ਸਿੱਖਿਆ ਵਿਭਾਗ ਦੇ ਧਿਆਨ ਵਿੱਚ ਲਿਆ ਕੇ ਆਦਰਸ਼ ਚੋਣ ਜ਼ਾਬਤੇ ਤੋਂ ਬਾਅਦ ਇਸਦੇ ਹੱਲ ਦਾ ਭਰੋਸਾ ਦਿੱਤਾ। ਇਸ ਮੌਕੇ ਕਮਾਂਡੈਂਟ ਮਨੋਜ ਕੁਮਾਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਹੱਦ ਪਾਰ ਤੋਂ ਹੁੰਦੀ ਡਰੋਨ ਐਕਟੀਵਿਟੀ ਨੂੰ ਰੋਕਣ ਵਿੱਚ ਬੀਐੱਸਐੱਫ ਦਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਨਸ਼ੀਲਾ ਪਦਾਰਥ ਫੜਾਉਣ ਵਾਲੇ ਕਿਸਾਨਾਂ ਨੂੰ ਬੀਐੱਸਐੱਫ ਵੱਲੋਂ ਨਕਦ ਇਨਾਮ ਵੀ ਦਿੱਤਾ ਜਾਵੇਗਾ।

# ਪੰਜਾਬ ਰੋਡਵੇਜ਼ ਅੰਮ੍ਰਿਤਸਰ ਦੇ ਡਿਪੂ ਵਿਖੇ ਮਜ਼ਦੂਰ ਦਿਵਸ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਮਜ਼ਦੂਰ ਦਿਵਸ ਬਿਕਰਮ ਸਿੰਘ ਛੀਨਾ ਅਤੇ ਬਲਰਾਜ ਸਿੰਘ ਭੰਗੂ ਦੀ ਅਗਵਾਈ ਹੇਠ ਪੰਜਾਬ ਰੋਡਵੇਜ਼ ਅੰਮ੍ਰਿਤਸਰ -1 ਅਤੇ -2 ਨੰਬਰ ਡਿਪੂਆਂ ਦੇ ਗੇਟ ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੇ ਹੋਏ ਸਾਰਾਂ ਵਾਤਾਵਰਨ ਲਾਲ਼ ਝੰਡੇ ਨੂੰ ਲਾਲ ਸਲਾਮ ਦੇ ਨਾਅਰਿਆਂ ਨਾਲ਼ ਗੂੰਜ ਗਿਆ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਆਗੂ ਸਤਿਆਪਾਲ ਗੁਪਤਾ, ਭਵਾਨੀ ਫੇਰ।

ਪ ਸ ਸ ਫ 1680/22 ਬੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਕੁਮਾਰ ਸਨੋਤਰਾ, ਜਨਰਲ ਸਕੱਤਰ ਜਸਵੰਤ ਰਾਏ, ਸਕੂਲ ਟੀਚਰ ਯੂਨੀਅਨ ਦੇ ਜਨਰਲ ਸਕੱਤਰ ਰਕੇਸ਼ ਧਵਨ ਨਰਿੰਦਰ ਚਮਿਆਰੀ ਅਤੇ ਮਾਸਟਰ ਮੁੱਚਾ ਸਿੰਘ ਨੇ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਨੀਤੀਆਂ ਦੀ ਨੀਖੇਧੀ ਕਰਦੇ ਕਿਹਾ ਕਿ ਇਹ ਸਰਕਾਰਾਂ ਮੁਲਾਜ਼ਮ, ਪੈਨਸ਼ਨਰਜ਼, ਕਿਸਾਨਾਂ, ਕੱਚੇ ਮੁਲਾਜ਼ਮ ਅਤੇ ਛੋਟੇ ਵਪਾਰੀਆਂ ਦੀਆਂ ਵਿਰੋਧੀ ਹਨ। ਪੰਜਾਬ ਦੇ ਲੋਕਾਂ ਨੇ ਇਸ ਵਾਰ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਦਾ ਮਨ ਬਣਾ ਲਿਆ ਹੈ।

ਇਸ ਮੌਕੇ ਅਮਰਜੀਤ ਸਿੰਘ ਲਾਹੌਰੀਆ, ਕੁਲਵਿੰਦਰ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ ਤੋਲਾ ਨੰਗਲ, ਗੁਰਮੀਤ ਸਿੰਘ ਰਿਆੜ, ਭੁਪਿੰਦਰ ਸਿੰਘ ਛੀਨਾ, ਮਨਦੀਪ ਸਿੰਘ, ਗੁਰਿੰਦਰ ਸਿੰਘ, ਮੋਹਿਤ ਆਦਿ ਹਾਜ਼ਰ ਸਨ।

# ਆਦਰਸ਼ ਬਿਰਧ ਆਸ਼ਰਮ ਝਾਖੋਲਾਹੜੀ ਨੇ ਦਿੱਤਾ ਇੱਕ ਹੋਰ ਬੇਸਹਾਰੇ ਨੂੰ ਸਹਾਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)—ਸ. ਕੁਲਦੀਪ ਸਿੰਘ ਪੁੱਤਰ ਧਰਮ ਸਿੰਘ ਵਾਸੀ ਖਾਲਸਾ ਕਾਲਜ ਐਵੀਨਿਊ, ਨੇੜੇ ਸ਼ਹਿਰ ਅੰਮ੍ਰਿਤਸਰ ਨੇ ਦੱਸਿਆ ਕਿ ਮੇਰਾ ਕੋਈ ਪਰਿਵਾਰ ਨਹੀਂ ਹੈ, ਮੇਰੀ ਪਤਨੀ ਦੀ ਮੌਤ ਹੋ ਗਈ ਹੈ। ਮੇਰੇ ਪਰਿਵਾਰਕ ਮੈਂਬਰਾਂ ਨੇ ਵੀ ਮੈਨੂੰ ਘਰ ਰੱਖਣ ਤੋਂ ਇਨਕਾਰ ਕਰ ਦਿੱਤਾ।ਮੇਰੇ ਭੈਣਾਂ-ਭਰਾਵਾਂ ਨੇ ਮਿਲ ਕੇ ਮੇਰੀ ਸਾਰੀ ਜ਼ਮੀਨ ਦਾ ਬਹੁਤਾ ਹਿੱਸਾ ਆਪਣੇ ਨਾਮ ਕਰ ਲਿਆ ਅਤੇ ਮੈਨੂੰ ਘਰੋਂ ਬਾਹਰ ਕੱਢ ਦਿੱਤਾ।

ਉਨ੍ਹਾਂ ਦੱਸਿਆ ਕਿ ਬਹੁਤ ਸਮਾਂ ਪਹਿਲਾਂ ਮੇਰਾ ਚੰਗਾ ਕਾਰੋਬਾਰ ਸੀ ਪਰ ਸਮੇਂ ਦੇ ਨਾਲ ਅਜਿਹੀਆਂ ਘਟਨਾਵਾਂ ਵਾਪਰਦੀਆਂ ਰਹੀਆਂ ਕਿ ਅੱਜ ਮੇਰੇ ਲਈ ਸਭ ਕੁਝ ਖਤਮ ਹੋ ਗਿਆ ਹੈ।ਮੇਰੀ ਵਡੇਰੀ ਉਮਰ ਕਾਰਨ ਮੈਂ ਆਪਣੀ ਦੇਖਭਾਲ ਨਹੀਂ ਕਰ ਸਕਦਾ ਅਤੇ ਮੈਨੂੰ ਸਹਾਰੇ ਦੀ ਲੋੜ ਹੈ। ਇਸ ਲਈ ਮੈਂ ਬਿਰਧ ਆਸ਼ਰਮ ਝਾਖੋਲਾਹੜੀ ਵਿੱਚ ਆਇਆ ਹਾਂ।ਆਸ਼ਰਮ ਦੀ ਪ੍ਰਧਾਨ ਅੰਜਲੀ ਸ਼ਰਮਾ ਅਤੇ ਆਸ਼ਰਮ ਦੇ ਪ੍ਰਧਾਨ ਸਤਨਾਮ ਸਿੰਘ ਨੇ ਸਭ ਕੁਝ ਸੁਣਨ ਤੋਂ ਬਾਅਦ ਬਜ਼ੁਰਗ ਨੂੰ ਬਿਰਧ ਆਸ਼ਰਮ ਵਿੱਚ ਰਹਿਣ ਦੀ ਇਜਾਜ਼ਤ ਦੇ ਦਿੱਤੀ। ਇਸ ਸਮੇਂ ਆਸ਼ਰਮ ਸਮੂਹ ਸਤਫ ਸਵਿਤਾ, ਕੁਲਵਿੰਦਰ ਕੌਰ, ਤਰਸੇਮ ਲਾਲ, ਸੁਖਵਿੰਦਰ ਕੌਰ, ਸ਼ਿਵਾਨੀ, ਸਰੋਜ ਵਾਲਾ, ਰਮੇਸ਼ ਚੰਦਰ, ਪ੍ਰਿਆ ਚੰਦ ਦੇਵ ਆਦਿ ਹਾਜ਼ਰ ਸਨ।

# ਲੋੜਵੰਦ ਬੱਚਿਆਂ ਲਈ ਮੁਫ਼ਤ ਟਿਊਸ਼ਨ ਸੈਂਟਰ ਖੋਲ੍ਹਿਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)—ਸ੍ਰੀ ਗੁਰੂ ਰਵਿਦਾਸ ਮੰਦਿਰ ਪਿੰਡ ਛੋਟਾ ਕਲੀਜ਼ਪੁਰ ਵਿਖੇ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਸਵਿੱਤਰੀ ਬਾਈ ਫੂਲੇ ਐਜੂਕੇਸ਼ਨ ਵੈੱਲਫੇਅਰ ਸੁਸਾਇਟੀ ਪਠਾਨਕੋਟ ਵੱਲੋਂ ਚੇਅਰਮੈਨ ਦਰਸ਼ਨ ਲਾਲ ਪਾਠੀ ਦੀ ਅਗਵਾਈ ਹੇਠਾਂ ਟਿਊਸ਼ਨ ਸੈਂਟਰ ਦਾ ਉਦਘਾਟਨ ਪ੍ਰਧਾਨ ਐੱਮਸੀਬੀਸੀ. ਯੂਨੀਅਨ ਰਛਪਾਲ ਸਿੰਘ ਭੁੰਬਲੀ ਨੇ ਕੀਤਾ।ਇਸ ਸਮੇਂ ਵੱਖ-ਵੱਖ ਬੁਲਾਰਿਆਂ ਨੇ ਸੋਸਾਇਟੀ ਦੀ ਜਾਣਕਾਰੀ ਦਿੱਤੀ। ਹਾਜ਼ਰ ਨਗਰ ਨਿਵਾਸੀਆਂ ਨੇ ਚੇਅਰਮੈਨ ਦਰਸ਼ਨ ਲਾਲ ਪਾਠੀ ਦਾ ਸੈਂਟਰ ਖੋਲ੍ਹਣ ਲਈ ਧੰਨਵਾਦ ਕੀਤਾ। ਪ੍ਰਧਾਨ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਦਰਸ਼ਨ ਲਾਲ ਪਾਠੀ, ਰਮੇਸ਼ ਕੁਮਾਰ, ਰੂਪ ਲਾਲ, ਸਤਨਾਮ ਸਿੰਘ, ਇੰਦਰਜੀਤ ਕੌਰ, ਰਵੀ ਸਰੰਗਲ, ਰਾਜੇਸ਼ ਭੰਗਵਾ, ਮਾਸਟਰ ਪਰਵਿੰਦਰ ਸਿੰਘ, ਸੁਰਜੀਤ ਪਾਲ, ਰਾਮਚੰਦ, ਅਜੇਪਾਲ, ਧਰਮਪਾਲ, ਯੋਧ ਰਾਜ, ਸ਼ਿਵਚਰਨ ਦਾਸ ਆਦਿ ਹਾਜ਼ਰ ਸਨ।



# ਖੱਬੇ-ਪੱਖੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਜਥੇਬੰਦੀਆਂ ਨੇ ਮਈ ਦਿਵਸ 'ਤੇ ਕੀਤੀ ਵਿਸ਼ਾਲ ਰੈਲੀ



**ਬਟਾਲਾ (ਤਰਲੋਕ ਬੱਗਾ)**-ਸਥਾਨਕ ਸਹੀਦ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਬਟਾਲਾ ਦੀਆਂ ਖੱਬੀ ਪੱਖੀ ਟਰੇਡ ਯੂਨੀਅਨਾਂ ਤੇ ਮੁਲਾਜਮ ਜਥੇਬੰਦੀਆਂ ਫੈਡਰੇਸ਼ਨਾਂ ਏਟਕ, ਸੀਆਈਟੀਯੂ ਅਤੇ ਸੀਟੀਯੂ ਪੰਜਾਬ ਵੱਲੋਂ ਮਜ਼ਦੂਰ ਜਮਾਤ ਦਾ ਇਤਿਹਾਸਕ ਦਿਹਾੜਾ ਅੰਤਰਰਾਸਟਰੀ ਮਈ ਦਿਵਸ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਕੀਤੀ ਗਈ ਪ੍ਰਭਾਵਸ਼ਾਲੀ ਰੈਲੀ ਦੀ ਪ੍ਰਧਾਨਗੀ ਸਰਵਸਾਥੀ ਜਰਨੈਲ ਸਿੰਘ, ਮੋਹਨ ਸਿੰਘ, ਜਗੀਰ ਸਿੰਘ ਕਿਲ੍ਹਾ ਲਾਲ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ। ਰੈਲੀ ਤੋਂ ਪਹਿਲਾਂ ਉਪਰੋਕਤ ਟਰੇਡ ਯੂਨੀਅਨਾਂ ਨੇ ਆਪੋ-ਆਪਣੇ ਦਫਤਰਾਂ ਅੰਦਰ ਲਾਲ ਝੰਡੇ ਲਹਿਰਾ ਕੇ ਸ਼ਿਕਾਗੋ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਉਨ੍ਹਾਂ ਦੇ ਪਾਏ ਹੋਏ ਪੈਰ ਚਿੰਨ੍ਹਾਂ 'ਤੇ ਜ਼ਿੰਦਗੀ ਭਰ ਚੱਲਣ ਦਾ ਪ੍ਰਣ ਕੀਤਾ ਅਤੇ ਝੰਡਾ ਲਹਿਰਾਉਣ ਤੋਂ ਬਾਅਦ ਸਾਰੀਆਂ ਜਥੇਬੰਦੀਆਂ ਦੇ ਕਾਰਕੁੰਨ ਅਸਮਾਨ ਗੂੰਜਦੇ ਨਾਹਰੇ ਮਾਰਦੇ ਰੈਲੀ ਵਿਚ ਸ਼ਾਮਲ ਹੋਏ।

# ਮਣੀਪਾਲ ਹਸਪਤਾਲ ਪਟਿਆਲਾ ਦੀ ਟੀਮ 'ਚ ਡਾ. ਅਨੰਦਿਤਾ ਵੀ ਸ਼ਾਮਲ

ਸੰਗਰੂਰ :ਪਟਿਆਲਾ ਦੇ ਪ੍ਰਮੁੱਖ ਸਿਹਤ ਸੇਵਾ ਸੰਸਥਾਨ ਮਣੀਪਾਲ ਹਸਪਤਾਲ, ਪਟਿਆਲਾ ਅਤੇ ਇਸਦੇ ਆਸੇ ਪਾਸੇ ਦੇ ਇਲਾਕਿਆਂ 'ਚ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਲਈ ਡਾ. ਅਨੰਦਿਤਾ ਕੰਸਲਟੈਂਟ, ਆਬਸਟੈਟ੍ਰਿਕਸ, ਗਾਈਨੇਕੋਲਾਜੀ ਅਤੇ ਗਾਇਨੋਕੋਲਾਜੀਕਲ ਓਂਕੋਲੋਜੀ ਦਾ ਸਵਾਗਤ ਕਰਦਾ ਹੈ।ਡਾ. ਅਨੰਦਿਤਾ ਇੱਕ ਬਹੁਤ ਹੀ ਕੁਸ਼ਲ ਸਰਜਨ ਹਨ, ਜਿਹੜੇ ਇਸਤਰੀ ਰੋਗਾਂ ਦੇ ਲਈ ਘੱਟ ਤੋਂ ਘੱਟ ਚੀਰ ਫਾੜ ਵਾਲੀਆਂ ਪ੍ਰਕ੍ਰਿਆਵਾਂ 'ਚ ਮੁਹਾਰਤ ਰੱਖਦੇ ਹਨ।ਅੱਠ ਸਾਲ ਨਾਲੋਂ ਜ਼ਿਆਦਾ ਤਜਰਬੇ ਦੇ ਨਾਲ ਉਨ੍ਹਾਂ ਨੇ ਕਈ ਤਰ੍ਹਾਂ ਦੀਆਂ ਸਰਜਰੀਆਂ 'ਚ ਮੁਹਾਰਤ ਹਾਸਲ ਕੀਤੀ ਹੈ।

# ਮਜ਼ਦੂਰ ਦਿਵਸ ਮੌਕੇ ਦਿੱਤਾ ਵੋਟ ਪਾਉਣ ਦਾ ਚੋਣ ਹੋਕਾ



ਸ੍ਰੀ ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਦੀ ਯੋਗ ਅਗਵਾਈ ਹੇਠ ਚੇਅਰਪਰਸਨ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਿਕਾਸ ਕੁਮਾਰ ਵਲੋਂ ਉਲੀਕੇ ਪ੍ਰੋਗਰਾਮ ਤਹਿਤ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਵੋਟਰਾਂ ਦੀ ਹਿੱਸੇਦਾਰੀ ਵਧਾਉਣ ਲਈ ਸੁਚਾਰੂ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਸਬੰਧੀ ਗਤੀਵਿਧੀਆਂ ਦੀ ਲੜੀ ਵਜੋਂ ਅੰਮ੍ਰਿਤਸਰ ਉੱਤਰੀ ਵਿਧਾਨਸਭਾ ਹਲਕੇ ਵਿੱਚ 'ਚੋਣ ਚੇਤਨਾ' ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਅੰਮ੍ਰਿਤਸਰ ਉੱਤਰੀ ਵਿਧਾਨਸਭਾ ਹਲਕੇ ਦੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਵਧੀਕ ਮੁੱਖ ਪ੍ਰਸ਼ਾਸਕ, ਅੰਮ੍ਰਿਤਸਰ ਵਿਕਾਸ ਅਥਾਰਟੀ ਡਾ.ਰਜਤ ਉਬਰਾਏ ਨੇ ਕਿਹਾ ਕਿ ਸਮਾਜ ਵਿੱਚ ਹਰ ਵਰਗ ਦੀ ਅਹਿਮ ਭੂਮਿਕਾ ਹੈ ਅਤੇ ਕਿਸੇ ਵੀ ਰਾਸ਼ਟਰ ਨਿਰਮਾਣ ਵਿੱਚ ਮਜ਼ਦੂਰ ਵਰਗ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਸ ਵੇਲੇ ਦੇਸ਼ ਵਿੱਚ ਚੋਣਾਂ ਦਾ ਪਰਵ ਮਨਾਇਆ ਜਾ ਰਿਹਾ ਹੈ ਅਤੇ ਅਗਾਮੀ 1 ਜੂਨ ਨੂੰ ਪੰਜਾਬ ਵਿੱਚ ਵੋਟਾਂ ਪਾਈਆਂ ਜਾਣੀਆਂ ਹਨ।ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਬਿਨਾਂ ਕਿਸੇ ਭੈਅ, ਲਾਲਚ ਅਤੇ ਪੱਖਪਾਤ ਦੇ ਆਪਣੇ ਵੋਟ ਪਾਉਣ ਦੇ ਜਮਹੂਰੀ ਹੱਕ ਦੀ ਵਰਤੋਂ ਕਰੀਏ।

ਨਿਵੇਕਲੀ ਪਹਿਲ ਕਰਦੇ ਹੋਏ 'ਚੋਣ ਚੇਤਨਾ' ਲਹਿਰ ਚਲਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਨੋਡਲ ਅਫ਼ਸਰ ਸਵੀਪ ਰਾਜਕੁਮਾਰ ਨੋਡਲ ਨੇ ਕਿਹਾ ਕਿ ਮਜ਼ਦੂਰ ਦਿਵਸ ਮੌਕੇ ਹਲਕੇ ਦੀ ਸਵੀਪ ਟੀਮ ਵਲੋਂ ਅੱਜ ਸਵੇਰੇ ਤੁੰਗ ਬਾਲਾ ਚੌਂਕ, ਰਤਨ ਸਿੰਘ ਚੌਂਕ, ਫਤਹਿਗੜ੍ਹ ਚੂੜੀਆਂ ਰੋਡ ਅਤੇ ਖੰਨਾ ਪੇਪਰ ਮਿੱਲ ਦੇ ਮਜ਼ਦੂਰਾਂ ਨੂੰ ਮਿਲ ਕੇ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਨੂੰ ਵੋਟ ਦੇ ਲੋਕਤੰਤਰਿਕ ਹੱਕ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

# ਪੁਰਾਣਾ ਸ਼ਾਲਾ ਵਿਖੇ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਦਿੱਤੀਆਂ ਸ਼ਰਧਾਂਜਲੀਆਂ



ਗੁਰਦਾਸਪੁਰ (ਜਨਕ ਮਹਾਜਨ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੁਰਾਣਾ ਸ਼ਾਲਾ ਵਿਖੇ ਮਈ ਦਿਵਸ ਮਨਾਇਆ ਗਿਆ। ਇਸ ਮੌਕੇ ਸ਼ਿਕਾਗੋ ਦੇ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਇਨਕਲਾਬੀ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ ਜਿਨ੍ਹਾਂ ਨੇ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਚ 8 ਘੰਟੇ ਡਿਊਟੀ ਕਰਵਾਉਣ ਲਈ ਸੰਘਰਸ਼ ਲੜਿਆ ਅਤੇ ਉਸ ਸੰਘਰਸ਼ ਦੀ ਜਿੱਤ ਲਈ ਅੰਗਰੇਜ਼ ਹਾਕਮ ਦੀਆਂ ਗੋਲੀਆਂ ਹਿੱਕ ਡਾਹ ਕੇ ਖਾਧੀਆਂ ਅਤੇ ਆਪਣੀਆਂ ਕੁਰਬਾਨੀਆਂ ਦੇ ਕੇ 8 ਘੰਟੇ ਡਿਊਟੀ ਕਮਾਈ। ਇਸ ਮੌਕੇ ਸਬ ਡਵੀਜ਼ਨ ਵਿਚ ਟੈਕਨੀਕਲ ਸਰਵਿਸਜ਼ ਯੂਨੀਅਨ ਦਾ ਝੰਡਾ ਵੀ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਸੁਰਿੰਦਰ ਪੱਪੂ ਸਾਬਕਾ ਵਿਤ ਸਕੱਤਰ ਟੀਐੱਸਯੂ ਪੰਜਾਬ, ਲਖਵਿੰਦਰ ਸਿੰਘ ਪ੍ਰਧਾਨ, ਰਣਜੀਤ ਸਿੰਘ ਟੋਨਾ ਸਕੱਤਰ ਨੇ ਅਦਾ ਕੀਤੀ। ਇਸ ਮੌਕੇ ਪਿਛਲੇ ਸਮੇਂ ਦੌਰਾਨ ਕੀਤੇ ਸੰਘਰਸ਼ ਦਾ ਰੀਵਿਊ ਵੀ ਕੀਤਾ ਗਿਆ। ਉਨ੍ਹਾਂ ਮੁਲਾਜ਼ਮ ਮੰਗਾਂ ਪੰਜਾਬ ਸਰਕਾਰ ਤੋਂ ਮਨਵਾਉਣ ਲਈ ਸਾਥੀਆਂ ਨੂੰ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਲਈ ਕਿਹਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਤਪਾਲ ਸਿੰਘ, ਇੰਜ. ਕੁਲਜੀਤ ਪਾਲ ਸਿੰਘ, ਇੰਜ. ਸੁਖਪ੍ਰੀਤ ਸਿੰਘ, ਗੁਰਦਿਆਲ ਸਿੰਘ, ਦਵਿੰਦਰ ਸਿੰਘ, ਦਰਸ਼ਨ ਲਾਲ, ਸੁਖਵਿੰਦਰ ਕੁਮਾਰੀ ਕਲਰਕ, ਈਰਾ ਦੇਵੀ, ਵਿਜੈ ਕੁਮਾਰੀ, ਜਸ਼ਪਾਲ ਸਿੰਘ, ਮਨਿੰਦਰਜੀਤ, ਗੁਰਪ੍ਰੀਤ ਸਿੰਘ ਕਲਰਕ, ਬਲਦੇਵ ਰਾਜ ਆਦਿ ਹਾਜ਼ਰ ਸਨ।

# ਜ਼ੈਮਿਟ ਨੇ ਗ੍ਰੇਡ 5 ਤੋਂ 11 ਦੇ ਵਿਦਿਆਰਥੀਆਂ ਲਈ ਇੰਟਰਨਸ਼ਿਪ ਪ੍ਰੋਗਰਾਮ ਸ਼ੁਰੂ ਕੀਤਾ

ਲੁਧਿਆਣਾ : ਐਜੂਕੇਸ਼ਨ ਈਕੋਸਿਸਟਮ ਲਈ ਮੋਹਰੀ ਕੰਪਨੀ ਜ਼ੈਮਿਟ ਨੇ ਇੱਕ ਸ਼ਾਨਦਾਰ ਪਹਿਲ ਦੀ ਸ਼ੁਰੂਆਤ ਕਰਦਿਆਂ ਨੇ ਮਈ ਤੋਂ ਜੂਨ 2024 ਤੱਕ ਗ੍ਰੇਡ 5 ਤੋਂ 11 ਦੇ ਵਿਦਿਆਰਥੀਆਂ ਲਈ ਸ਼ਾਰਟ-ਟਰਮ ਅਤੇ ਐਕਸਟੈਂਡਡ ਸਮਰ ਇੰਟਰਨਸ਼ਿਪ ਪ੍ਰੋਗਰਾਮ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਇਹ ਪਰਿਵਰਤਨਸ਼ੀਲ ਇੰਟਰਨਸ਼ਿਪ ਨੂੰ ਵਿਦਿਆਰਥੀਆਂ ਦੇ ਹੁਨਰ ਨੂੰ ਵਧਾਉਣ, ਉਨ੍ਹਾਂ ਦੇ ਅਕਾਦਮਿਕ ਪੋਰਟਫੋਲੀਓ ਨੂੰ ਮਜ਼ਬੂਤ ਕਰਦੇ ਹੋਏ ਅਤੇ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ।ਇੰਟਰਨਸ਼ਿਪ ਪੂਰੀ ਹੋਣ 'ਤੇ ਵਿਦਿਆਰਥੀਆਂ ਨੂੰ ਕੁਆਲੀਫਿਕੇਸ਼ਨ ਅਤੇ ਅਸੈੱਸਮੈਂਟ ਇੰਟਰਨੈਸ਼ਨਲ, ਯੂ. ਕੇ. ਤੋਂ ਸਰਟੀਫ਼ਿਕੇਟ ਵੀ ਹਾਸਲ ਹੋਵੇਗਾ।

# ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ ਸ਼ਾਨਦਾਰ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨ ਕੀਤੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਿੱਖ ਨੈਸ਼ਨਲ ਕਾਲਜੀਏ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ ਨਤੀਜਾ ਸ਼ਾਨਦਾਰ ਰਿਹਾ। ਨਾਨ-ਮੈਡੀਕਲ ਦੀ ਵਿਦਿਆਰਥਣ ਜੋਤੀ ਨੇ 92. 2% ਅੰਕ ਲੈ ਕੇ ਪਹਿਲਾ ਸਥਾਨ, ਪ੍ਰਵੀਨ ਕੌਰ ਨੇ 91.2% ਅੰਕ ਲੈ ਕੇ ਦੂਸਰਾ, ਹਰਮਨਜੋਤ ਸਿੰਘ ਨੇ 90. 8% ਅੰਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਮੈਡੀਕਲ ਵਿੱਚ ਜਸ਼ਨਦੀਪ ਕੌਰ ਨੇ 93.6% ਅੰਕ ਲੈ ਕੇ ਪਹਿਲਾ, ਰਿਪਨਦੀਪ ਕੌਰ ਨੇ 93. 2% ਦੂਸਰਾ, ਤਮਨਪ੍ਰੀਤ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ 92.6% ਅੰਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਾਮਰਸ ਦੀ ਤਰਨਪ੍ਰੀਤ ਕੌਰ ਨੇ 95.4% ਅੰਕ ਲੈ ਕੇ ਪਹਿਲਾ, ਪ੍ਰਵੀਨ ਅਤੇ ਰੁਪਿੰਦਰ ਕੌਰ ਨੇ 95.2% ਅੰਕ ਲੈ ਕੇ ਦੂਸਰਾ, ਹਿਬਾਤੁਲ ਨੂਰ ਨੇ 94.6 % ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਆਰਟਸ ਦੀ ਜਸਪ੍ਰੀਤ ਕੌਰ 93.2% ਨੇ ਪਹਿਲਾ, ਮਨਪ੍ਰੀਤ ਕੌਰ ਨੇ 91.8% ਅਤੇ ਜੁਝਾਰ ਸਿੰਘ ਨੇ 88.2% ਅੰਕ ਹਾਸਿਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੱਤਰ ਸਥਾਨਕ ਪ੍ਰਬੰਧਕ ਕਮੇਟੀ ਡਾ. ਬਲਚਰਨਜੀਤ ਸਿੰਘ ਭਾਟੀਆ ਨੇ ਸਕੂਲ ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ ਨੂੰ ਅਤੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

# ਰੰਧਾਵਾ ਦੇ ਹੱਕ 'ਚ ਮਹਾਜਨ ਸਭਾ ਡਟ ਕੇ ਖੜ੍ਹੇਗੀ: ਤਰਸੇਮ ਮਹਾਜਨ



ਕਲਾਨੌਰ (ਮਨਦੀਪ ਕੋਹਲੀ)-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਦੇ ਉਮੀਦਵਾਰ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਮੌਜੂਦਾ ਹਲਕਾ ਡੇਰਾ ਬਾਬਾ ਨਾਨਕ ਤੋਂ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਨੂੰ ਟਿਕਟ ਮਿਲਣ ਤੇ ਇਲਾਕੇ ਦੇ ਕਾਂਗਰਸ ਦੇ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ ਅਤੇ ਲੋਕਾਂ ਵੱਲੋਂ ਕਿਤੇ ਭੰਗੜੇ ਪਾਏ ਜਾ ਰਹੇ ਹਨ।ਅੱਜ ਮਹਾਜਨ ਫੈਮਿਲੀ ਵੱਲੋਂ ਟਰਾਂਸਪੋਰਟਰ ਤਰਸੇਮ ਰਾਜ ਮਹਾਜਨ ਦੇ ਗ੍ਰਹਿ ਵਿਖੇ ਸੁਖਜਿੰਦਰ ਸਿੰਘ ਰੰਧਾਵਾ ਦੇ ਹੱਕ ਵਿੱਚ ਇੱਕ ਮੀਟਿੰਗ ਕੀਤੀ ਗਈ। ਇਸ ਮੌਕੇ ਤਰਸੇਮ ਰਾਜ ਮਹਾਜਨ ਨੇ ਕਿਹਾ ਕਿ ਸਾਡਾ ਪਰਿਵਾਰ ਟਕਸਾਲੀ ਕਾਂਗਰਸੀ ਹੈ ਅਤੇ ਸਾਰੇ ਹੀ ਮਹਾਜਨ ਸਭਾ ਵੱਲੋਂ ਸਰਦਾਰ ਸੁਖਜਿੰਦਰ ਸਿੰਘ ਰੰਧਾਵਾ ਦੇ ਹੱਕ ਵਿੱਚ ਡੱਟ ਕੇ ਵੋਟਾਂ ਪਾਈਆਂ ਜਾਣਗੀਆਂ ਅਤੇ ਸਰਦਾਰ ਰੰਧਾਵਾ ਨੂੰ ਗੁਰਦਾਸਪੁਰ ਦੀ ਲੋਕ ਸਭਾ ਸੀਟ ਤੋਂ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਰਸੇਮ ਰਾਜ ਮਹਾਜਨ, ਪਵਨ ਮਹਾਜਨ, ਸਾਈਂ ਦਾਸ ਮਹਾਜਨ, ਦੀਪਕ ਮਹਾਜਨ, ਸੰਦੀਪ ਮਹਾਜਨ, ਡਾਕਟਰ ਵਿਨੋਦ ਮਹਾਜਨ, ਬੰਟੀ ਮਹਾਜਨ, ਰਾਜਾ ਮਹਾਜਨ, ਤਰਸੇਮ ਰਾਜ ਨੱਥਾ, ਵਰਿੰਦਰ ਕੁਮਾਰ, ਸੋਹਨ ਲਾਲ, ਪਵਨ ਮਹਾਜਨ, ਰਕੇਸ਼ ਮਹਾਜਨ, ਸਤੀਸ਼ ਕੁਮਾਰ ਰਿੰਕੂ, ਬੌਬੀ ਮਹਾਜਨ, ਘੁੱਕ ਮਹਾਜਨ, ਬਨਾਰਸੀ ਦਾਸ, ਲੱਖਾ ਸਿੰਘ, ਕਾਕਾ ਮਹਾਜਨ, ਰਘੂ ਮਹਾਜਨ, ਅਭੀ ਮਹਾਜਨ, ਸੰਦੀਪ ਮਹਾਜਨ ਆਦਿ ਵੀ ਹਾਜ਼ਰ ਸਨ।

# ਵਿਰੋਧੀ ਪਾਰਟੀਆਂ ਨੂੰ ਪਿੰਡਾਂ 'ਚ ਬੂਥ ਲਗਾਉਣ ਲਈ ਵਰਕਰ ਤੱਕ ਨਹੀਂ ਲੱਭਣੇ: ਈ ਟੀ ਓ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਆ ਰਹੀਆਂ ਲੋਕ ਸਭਾ ਚੋਣਾਂ ਵਿੱਚ ਵਿਰੋਧੀ ਪਾਰਟੀਆਂ ਲੋਂ ਲੋਕਾਂ ਨੂੰ ਕਈ ਤਰ੍ਹਾਂ ਦੇ ਲਾਰੇ ਲਗਾਏ ਜਾ ਰਹੇ ਹਨ ਅਤੇ ਵਿਰੋਧੀ ਪਾਰਟੀਆਂ ਨੂੰ ਪਿੰਡਾਂ ਵਿੱਚ ਬੂਥ ਲਗਾਉਣ ਲਈ ਵਰਕਰ ਤੱਕ ਨਹੀਂ ਲੱਭਣੇ ਹਨ ਜਦਕਿ ਇਨ੍ਹਾਂ ਪਾਰਟੀਆਂ ਨੇ ਆਪਣੇ 70 ਸਾਲ ਦੇ ਇਤਿਹਾਸ ਵਿੱਚ ਕਦੀ ਵੀ ਪੰਜਾਬ ਦੇ ਵਿਕਾਸ ਬਾਰੇ ਨਹੀਂ ਸੋਚਿਆ ਕੇਵਲ ਭਾਈ ਭਤੀਜਾਵਾਦ ਨੂੰ ਹੀ ਬੜਾਵਾ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬੇਰੀਆਂ ਵਾਲਾ ਦੇ 50 ਤੋਂ ਵੱਧ ਪਰਿਵਾਰ ਆਪਣੇ ਸਾਥੀਆਂ ਸਮੇਤ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਵਾਉਂਦੇ ਸਮੇਂ ਕੀਤਾ। ਉਨ੍ਹਾਂ ਦੱਸਿਆ ਕਿ ਪਿੰਡ ਬੇਰੀਆਂ ਵਾਲਾ ਦੀ ਸਮੂਹ ਪੰਚਾਇਤ ਜਿਸ ਵਿੱਚ ਚਾਰ ਸਾਬਕਾ ਸਰਪੰਚ ਵੀ ਸ਼ਾਮਿਲ ਹਨ, ਆਪ ਵਿੱਚ ਸ਼ਾਮਿਲ ਹੋ ਗਏ ਹਨ ਅਤੇ ਸਾਰਾ ਪਿੰਡ ਇੱਕ ਪਾਸੜ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅੱਜ ਮੁਖਵਿੰਦਰ ਸਿੰਘ, ਸਾਬਕਾ ਸਰਪੰਚ ਕੁੰਦਨ ਸਿੰਘ, ਸਾਬਕਾ ਸਰਪੰਚ ਅਵਤਾਰ ਸਿੰਘ, ਸਾਬਕਾ ਸਰਪੰਚ ਸਤਨਾਮ ਸਿੰਘ, ਸਾਬਕਾ ਸਰਪੰਚ ਗੁਰਮੀਤ ਕੌਰ, ਮੌਜੂਦਾ ਮੈਂਬਰ ਅਵਤਾਰ ਸਿੰਘ, ਮੈਂਬਰ ਫੋਟ ਸਿੰਘ, ਮੈਂਬਰ ਸਤਨਾਮ ਸਿੰਘ, ਗੁਡਵਿੰਦਰ ਸਿੰਘ, ਹਰਦੀਪ ਸਿੰਘ ,ਬਲਵਿੰਦਰ ਸਿੰਘ, ਜੋਗਿੰਦਰ ਸਿੰਘ, ਇੱਛਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਦੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਈਟੀਓ ਨੇ ਸ਼ਾਮਿਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਇਨ੍ਹਾਂ ਦਾ ਪੂਰਾ ਬਣਦਾ ਮਾਣ-ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਭੁਪਿੰਦਰ ਰਮਾਨਾ ਚੱਕ, ਗੁਰਮੁਖ ਸਿੰਘ ਸਰਜਾ ਵੀ ਹਾਜ਼ਰ ਸਨ।



# ਹਰਲੀਨ ਕੌਰ ਦੀ ਮੈਰਿਟ 'ਚ ਪੁਜ਼ੀਸ਼ਨ



ਮੱਤੇਵਾਲ (**ਦਵਿੰਦਰ ਸਿੰਘ ਤਰਸਿੱਕਾ**)-ਗੁਰੂ ਹਰਿਗੋਬਿੰਦ ਸਾਹਿਬ ਸਕੂਲ ਸੈਦੋਹਲ ਦੀ ਵਿਦਿਆਰਥਣ ਹਰਲੀਨ ਕੌਰ ਪੁੱਤਰੀ ਗੁਰਿੰਦਰ ਸਿੰਘ ਨੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਕੁਲ 600 ਅੰਕਾਂ ਵਿੱਚੋਂ 593 ਅੰਕ ਲੈ ਕੇ ਸੱਤਵੇਂ ਰੈਂਕ ਉੱਪਰ ਮੈਰਿਟ ਪੁਜ਼ੀਸ਼ਨ ਹਾਸਲ ਕੀਤੀ ਹੈ।ਇਹ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਇੰਦਰਜੀਤ ਸਿੰਘ ਗੁਮਟਾਲਾ ਅਤੇ ਪ੍ਰਿੰ. ਬਲਵਿੰਦਰ ਕੌਰ ਵੱਲੋਂ ਇਸ ਹੋਣਹਾਰ ਬੱਚੀ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਹਰਲੀਨ ਕੌਰ ਦੇ ਉਜਵਲ ਭਵਿਖ ਦੀ ਕਾਮਨਾ ਕੀਤੀ। ਉਨ੍ਹਾਂ ਇਸ ਹੋਣਹਾਰ ਬੱਚੀ ਦੀ ਹਰ ਤਰ੍ਹਾਂ ਨਾਲ ਮਦਦ ਕਰਨ ਦਾ ਭਰੋਸਾ ਵੀ ਦਿੱਤਾ।

# ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦਾ ਬੀ ਐੱਡ ਦਾ ਨਤੀਜਾ ਸੌ ਫੀਸਦੀ



ਗੁਰਦਾਸਪੁਰ (ਜਨਕ ਮਹਾਜਨ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ.ਐੱਡ. 2022-2024 ਤੀਜੇ ਸਮੈਸਟਰ ਦੇ ਐਲਾਏ ਗਏ ਨਤੀਜਿਆਂ ਵਿਚੋਂ ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦਾ ਨਤੀਜਾ ਸੌ ਫੀਸਦੀ ਰਿਹਾ।

ਕਾਲਜ ਪ੍ਰਿੰ. ਰੁਪਿੰਦਰ ਕੌਰ ਨੇ ਦੱਸਿਆ ਕਿ ਵਿਦਿਆਰਥਣ ਰੀਆ ਅਤੇ ਪ੍ਰੀਤੀ 348/400 ਅੰਕ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਅੰਜਲੀ ਕਟਾਰੀਆ ਨੇ 347 ਅੰਕ ਲੈ ਕੇ ਦੂਜਾ, ਅਦਿੱਤੀ ਪ੍ਰੀਤ ਅਤੇ ਮੁਸਕਾਨ 346 ਅੰਕ ਲੈ ਕੇ ਤੀਜੇ ਸਥਾਨ 'ਤੇ ਰਹੀਆਂ। ਉਨ੍ਹਾਂ ਦੱਸਿਆ ਕਿ ਬਾਕੀ ਸਾਰੇ ਵਿਦਿਆਰਥੀਆਂ ਨੇ 70 ਫੀਸਦੀ ਤੋਂ ਵੱਧ ਅੰਕਾਂ ਨਾਲ ਪ੍ਰੀਖਿਆ ਪਾਸ ਕੀਤੀ।

ਇਸ ਮੌਕੇ ਮੈਨੇਜਮੈਂਟ ਮੈਂਬਰ ਡਾ. ਵਿਨੋਦ ਮਹਾਜਨ, ਪ੍ਰੋਫੈਸਰ ਰਵੀ ਸ਼ੰਕਰ ਅਤੇ ਪ੍ਰਿੰ. ਰੁਪਿੰਦਰ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋਫੈਸਰ ਉਮਾ ਸ਼ਰਮਾ, ਮੈਡਮ ਰਜਨੀਸ਼ ਬਾਲਾ, ਅਤੁਲ ਅਗਰਵਾਲ, ਅਨੂ ਸੈਣੀ, ਜੋਤੀ, ਨਿਧੀ, ਪੂਜਾ, ਸੁਮਨ ਆਦਿ ਹਾਜ਼ਰ ਸਨ।

# ਗੁਰੂ ਨਾਨਕ ਪਬਲਿਕ ਸਕੂਲ ਚੰਨਣਕੇ ਦੇ ਅੱਠ ਵਿਦਿਆਰਥੀਆਂ ਦੀ ਮੈਰਿਟ ਪੁਜ਼ੀਸ਼ਨ



**ਮੱਤੇਵਾਲ, (ਦਵਿੰਦਰ ਸਿੰਘ ਤਰਸਿੱਕਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਗੁਰੂ ਨਾਨਕ ਪਬਲਿਕ ਸਕੂਲ ਚੰਨਣ ਕੇ ਅੱਡਾ ਨਾਥ ਦੀ ਖੂਹੀ ਦੇ 8 ਵਿਦਿਆਰਥੀਆਂ ਵੱਲੋਂ ਸਟੇਟ ਮੈਰਿਟ ਵਿੱਚ ਪੁਜ਼ੀਸ਼ਨਾਂ ਲੈ ਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ।

ਮੈਰਿਟ ਵਿੱਚ ਸਥਾਨ ਲੈਣ ਵਾਲੇ ਬੱਚਿਆਂ ਵਿੱਚ ਅਮਨਪ੍ਰੀਤ ਕੌਰ ਪੁੱਤਰੀ ਪਵਨਦੀਪ ਸਿੰਘ ਪਿੰਡ ਸਿੰਘਪੁਰਾ ਨੇ 595, ਜਸ਼ਨਪ੍ਰੀਤ ਕੌਰ ਪੁੱਤਰੀ ਸਤਨਾਮ ਸਿੰਘ ਪਿੰਡ ਗਦਰਯਾਦਾ 594, ਏਕਮਜੀਤ ਕੌਰ ਬਲਦੇਵ ਸਿੰਘ ਪਿੰਡ ਡੇਰੀਵਾਲ 594, ਅਰਸ਼ਪ੍ਰੀਤ ਕੌਰ ਪੁੱਤਰੀ ਕੈਪਟਨ ਸਿੰਘ ਪਿੰਡ ਉਧੋਨੰਗਲ 593, ਮਨਰਾਜਪ੍ਰੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ ਪਿੰਡ ਭਲਾਈਪੁਰ 592, ਅਗਮਨਦੀਪ ਕੌਰ ਪੁੱਤਰੀ ਬਲਜਿੰਦਰ ਸਿੰਘ ਪਿੰਡ ਸਰਾਏ 589, ਸਿਮਰਨਦੀਪ ਕੌਰ ਪੁੱਤਰੀ ਜਗਤਾਰ ਸਿੰਘ 589, ਕੁਲਜੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਪਿੰਡ ਉਦੋਕੇ ਨੇ 589 ਅੰਕ ਲੈ ਕੇ ਮੈਰਿਟ ਲਿਸਟ ਵਿੱਚ ਆਪਣਾ ਸਥਾਨ ਬਣਾਇਆ। ਸਕੂਲ ਦੇ ਡਾਇਰੈਕਟਰ ਕੁਲਜੀਤ ਸਿੰਘ ਬਾਠ ਅਤੇ ਸਮੂਹ ਸਟਾਫ ਵੱਲੋਂ ਇਨ੍ਹਾਂ ਬੱਚਿਆਂ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਬਾਠ ਨੇ ਕਿਹਾ ਕਿ ਉਨ੍ਹਾਂ ਦੇ ਇਸ ਵਿਦਿਅਕ ਅਦਾਰੇ ਨੂੰ ਅੱਜ ਇਸ ਵੱਡੀ ਸਫਲਤਾ ਤੋਂ ਬਾਅਦ ਜੋ ਮਾਣ ਸਤਿਕਾਰ ਹਾਸਿਲ ਹੋਇਆ ਹੈ ਉਸ ਦਾ ਸਿਹਰਾ ਬੱਚਿਆਂ ਦੀ ਲਗਨ ਅਤੇ ਸਮੂਹ ਸਟਾਫ ਦੀ ਮਿਹਨਤ ਸਿਰ ਜਾਂਦਾ ਹੈ।

# ਕੁਲਬੀਰ ਸਿੰਘ ਜ਼ੀਰਾ ਦਾ ਝਬਾਲ ਪੁੱਜਣ 'ਤੇ ਕਰਨ ਬੁਰਜ ਨੇ ਕੀਤਾ ਸਵਾਗਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸੰਸਦੀ ਹਲਕਾ ਖਡੂਰ ਸਾਹਿਬ ਤੋਂ ਕਾਂਗਰਸ ਪਾਰਟੀ ਦੀ ਟਿਕਟ ਮਿਲਣ 'ਤੇ ਬੁੱਧਵਾਰ ਕੁਲਬੀਰ ਸਿੰਘ ਜ਼ੀਰਾ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜੇ ਜਿਨ੍ਹਾਂ ਦਾ ਸਥਾਨਕ ਅੱਡਾ ਝਬਾਲ ਵਿਖੇ ਪਹੁੰਚਣ 'ਤੇ ਤਰਨਤਾਰਨ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਕਰਨਬੀਰ ਸਿੰਘ ਕਰਨ ਬੁਰਜ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਕਾਂਗਰਸੀ ਵਰਕਰਾਂ ਵੱਲੋਂ ਬੜੀ ਗਰਮਜੋਸ਼ੀ ਨਾਲ ਸ਼ਾਨਦਾਰ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਕਾਂਗਰਸ ਪਾਰਟੀ ਅਤੇ ਕੁਲਬੀਰ ਸਿੰਘ ਜ਼ੀਰਾ ਦੇ ਹੱਕ 'ਚ ਕਾਂਗਰਸੀ ਵਰਕਰਾਂ ਵੱਲੋਂ ਲਗਾਏ ਨਾਅਰਿਆਂ ਦੀ ਗੂੰਜ ਦੂਰ ਦੂਰ ਤੱਕ ਸੁਣਾਈ ਦਿੱਤੀ।ਕਰਨਬੀਰ ਸਿੰਘ ਕਰਨ ਬੁਰਜ ਨੇ ਕੁਲਬੀਰ ਸਿੰਘ ਜ਼ੀਰਾ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨ ਕਰਦਿਆਂ ਵੱਡੀ ਲੀਡ ਨਾਲ ਤਰਨਤਾਰਨ ਹਲਕੇ ਵਿੱਚ ਜਿਤਾਉਣ ਦਾ ਵਿਸ਼ਵਾਸ ਦਿਵਾਇਆ ਜਦੋਂਕਿ ਕਾਂਗਰਸੀ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ ਨੇ ਉਤਸ਼ਾਹ ਨਾਲ ਪੁੱਜੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਹਲਕੇ ਨੂੰ ਵਿਕਾਸ ਪੱਖੋਂ ਨੰਬਰ ਇੱਕ ਹਲਕਾ ਬਣਾਉਣ ਤੋਂ ਇਲਾਵਾ ਕਿਸਾਨਾਂ/ਮਜ਼ਦੂਰਾਂ ਸਮੇਤ ਆਮ ਲੋਕਾਂ ਦੀਆਂ ਮੁਸ਼ਕਲਾਂ ਕੇਂਦਰ 'ਚ ਕਾਂਗਰਸ ਦੀ ਸਰਕਾਰ ਬਣਦਿਆਂ ਹੀ ਪਹਿਲ ਦੇ ਅਧਾਰ 'ਤੇ ਹੱਲ ਕਰਾਈਆਂ ਜਾਣਗੀਆਂ।

ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਤੇ ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਸੋਨੂੰ ਬਰਾੜ ਦੋਦੇ, ਸੀਨੀਅਰ ਆਗੂ ਦਿਲਬਾਗ ਸਿੰਘ ਠੱਠਗੜ੍ਹ, ਪ੍ਰਧਾਨ ਸੋਨੂੰ ਦੋਦੇ, ਅਵਤਾਰ ਸਿੰਘ ਤਨੇਜਾ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਵਿਕਰਮ ਸਿੰਘ ਢਿੱਲੋ ਝਬਾਲ, ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਹਰਜੀਤ ਸਿੰਘ ਝਬਾਲ, ਅਸ਼ੋਕ ਕੁਮਾਰ ਝਬਾਲ, ਨਿੱਪੀ ਸੂਦ ਝਬਾਲ ਸਰਪੰਚ ਮੰਗਲ ਸਿੰਘ ਖੈਰਦੀ, ਡਾ. ਚਰਨਜੀਤ ਸਿੰਘ ਸੋਢੀ ਝਬਾਲ, ਵਿੱਕੀ ਝਬਾਲ ਖੁਰਦ, ਮੈਂਬਰ ਹਰਪਿੰਦਰ ਸਿੰਘ ਜੇਈ, ਸੁਖਵਿੰਦਰ ਸਿੰਘ ਬਿੱਟੂ ਝਬਾਲ, ਸੁਰਜੀਤ ਕੁਮਾਰ ਬੌਬੀ, ਪ੍ਰਦੀਪ ਉਪਲ ਅਤੇ ਹੋਰ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਅੱਜ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਲੈਂਡਪੋਰਟ ਅਥਾਰਟੀ ਵੱਲੋਂ ਕਰਤਾਰਪੁਰ ਸਾਹਿਬ ਕੋਰੀਡੋਰ ਦੇ ਜੀ.ਐੱਮ. ਟੀ.ਆਰ. ਸ਼ਰਮਾ, ਸਹਾਇਕ ਮੈਨੇਜਰ ਮਨਜੀਤ ਸਿੰਘ ਅਤੇ ਬੀ.ਐੱਸ.ਐੱਫ਼ ਦੇ ਕਮਾਂਡੈਂਟ ਐੱਸ.ਐੱਸ. ਗਰਚਾ ਵੱਲੋਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦਾ ਸਵਾਗਤ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਲੈਂਡਪੋਰਟ ਅਥਾਰਟੀ ਦੇ ਅਧਿਕਾਰੀਆਂ ਕੋਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੀ ਕਾਰਜਵਿਧੀ, ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ, ਇਮੀਗਰੇਸ਼ਨ ਅਤੇ ਹੋਰ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਜ਼ੀਰੋ ਲਾਈਨ ਦੇ ਕੋਲ ਜਾ ਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ। ਇਸੇ ਦੌਰਾਨ ਉਨ੍ਹਾਂ ਨੇ ਪਾਕਿਸਤਾਨ ਨਾਲ ਜੁੜਦੇ ਪੁਲ ਦਾ ਨਿਰਮਾਣ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਮਨ ਦਾ ਉਹ ਲਾਂਘਾ ਹੈ ਜੋ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਦਾ ਮੌਕਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ-ਪਕਿਸਤਾਨ ਸਰਕਾਰਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਲਈ ਇਹ ਕੋਰੀਡੋਰ ਖੋਲ੍ਹਿਆ ਗਿਆ ਸੀ ਤਾਂ ਜੋ ਭਾਰਤੀ ਸ਼ਰਧਾਲੂ ਸਰਹੱਦ ਪਾਰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰ ਸਕਣ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੇ ਚਾਹਵਾਨ ਭਾਰਤੀ ਸ਼ਰਧਾਲੂ ਅਤੇ ਓ.ਸੀ.ਆਈ. ਕਾਰਡ ਧਾਰਕ ਪ੍ਰਵਾਸੀ ਭਾਰਤੀ ਸ਼ਰਧਾਲੂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਚਲਾਈ ਜਾ ਰਹੀ ਵੈੱਬਸਾਈਟ ਉੱਪਰ ਆਨ ਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅਪਲਾਈ ਕਰਨ ਤੋਂ ਬਾਅਦ ਗ੍ਰਹਿ ਮੰਤਰਾਲੇ ਵੱਲੋਂ ਯਾਤਰੂ ਨੂੰ ਈ-ਮੇਲ ਰਾਹੀਂ ਇਲੈਕਟ੍ਰਾਨਿਕ ਟਰੈਵਲ ਆਥੋਰਾਈਜੇਸ਼ਨ (ਈ.ਟੀ.ਏ.) ਭੇਜੀ ਜਾਂਦੀ ਹੈ ਅਤੇ ਯਾਤਰੂ ਨਿਰਧਾਰਤ ਮਿਤੀ ਵਾਲੇ ਦਿਨ ਆਪਣਾ ਪਾਸਪੋਰਟ, ਈ.ਟੀ.ਏ. ਅਤੇ 72 ਘੰਟੇ ਤੋਂ ਘੱਟ ਪੁਰਾਣੀ ਕੋਰੋਨਾ ਟੈਸਟ ਨੈਗੇਟਿਵ ਰਿਪੋਰਟ ਲੈ ਕੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਵਿਖੇ ਪਹੁੰਚ ਸਕਦੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਵੱਲੋਂ 20 ਅਮਰੀਕੀ ਡਾਲਰ ਦੀ ਫੀਸ ਲਈ ਜਾਂਦੀ ਹੈ ਜੋ ਸ਼ਰਧਾਲੂ ਨੂੰ ਪਾਕਿਸਤਾਨ ਅਥਾਰਟੀ ਕੋਲ ਜਮ੍ਹਾਂ ਕਰਵਾਉਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਯਾਤਰੂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਕੰਪਲੈਕਸ ਤੋਂ ਬਾਹਰ ਨਹੀਂ ਜਾ ਸਕਦੇ ਅਤੇ ਉਨ੍ਹਾਂ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਕੇ ਉਸੇ ਦਿਨ ਵਾਪਸ ਭਾਰਤ ਆਉਣਾ ਪੈਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਯਾਤਰੂ ਆਪਣੇ ਨਾਲ ਕੇਵਲ ਇੱਕ ਹੀ ਬੈਗ ਲਿਜਾ ਸਕਦੇ ਹਨ ਜੋ 7 ਕਿਲੋ ਤੋਂ ਭਾਰੀ ਨਹੀਂ ਹੋਣਾ ਚਾਹੀਦਾ। ਕਰੰਸੀ ਲਿਜਾਣ ਸਮੇਂ ਭਾਰਤੀ ਰਿਜ਼ਰਵ ਬੈਂਕ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਸ਼ਰਧਾਲੂ ਪਾਸਪੋਰਟ ਨਾ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਹੀਂ ਜਾ ਸਕਦੇ ਉਨ੍ਹਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਰਸ਼ਨ ਸਥੱਲ ਉੱਪਰ ਦੋ ਵਿਸ਼ੇਸ਼ ਦੂਰਬੀਨਾਂ ਸਥਾਪਤ ਕੀਤੀਆਂ ਗਈਆਂ ਹਨ ਜਿਨ੍ਹਾਂ ਰਾਹੀਂ ਸ਼ਰਧਾਲੂ ਸਰਹੱਦ ਉੱਪਰ ਖੜ੍ਹੇ ਹੋ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਦੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਹਰਦੀਪ ਸਿੰਘ, ਤਹਿਸੀਲਦਾਰ ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਅਰਮਾਨਦੀਪ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

2-May-PAGE-12.qxd 5/1/2024 10:47 PM Page 1



# ਮਜ਼ਦੂਰ ਦਿਵਸ ਨੂੰ ਸਮਰਪਿਤ ਗਿੱਦੜਬਾਹਾ ਵਿਸ਼ੇਸ ਸਪਲੀਮੈਂਟ


ਸੀ.ਪੀ.ਆਈ. ਬਰਾਂਚ ਛੱਤਿਆਣਾ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਬਰਾਂਚ ਛੱਤਿਆਣਾ ਬਲਾਕ ਗਿੱਦੜਬਾਹਾ ਵੱਲੋਂ:-
ਮਈ ਦਿਵਸ ਨੂੰ ਸਮਰਪਿਤ ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ
ਸੰਪਰਕ ਨੰ:95307-33257,78376-84223

ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ, ਛੱਤੇਆਣਾ
ਪ੍ਰੀ-ਨਰਸਰੀ ਤੋਂ 10+2 ਤੱਕ (ਮਾਨਤਾ ਪ੍ਰਾਪਤ)
ਦਾਖਲਾ ਸ਼ੁਰੂ

ਆਰਟਸ, ਕਾਮਰਸ, ਨਾਨ ਮੈਡੀਕਲ ਅਤੇ ਮੈਡੀਕਲ ਗਰੁੱਪ

ਹਰਜੀਤ ਸਿੰਘ ਬਰਾੜ ਐਮ. ਡੀ
ਸੰਪਰਕ ਨੰਬਰ 98146-00825 01637-228600
Email : bfsssschhattiana@gmail.com
Website : www.bfsssschhattiana.com

ਮਾਤਾ ਸਾਹਿਬ ਕੌਰ ਨਰਸਿੰਗ ਇੰਸਟੀਚਿਊਟ
ਦਾਖਲਾ ਸ਼ੁਰੂ
3 ਸਾਲਾ GNM ਕੋਰਸ
ਯੋਗਤਾ:- 10+2, 40 ਪ੍ਰਤੀਸ਼ਤ ਨੰਬਰ (ਕੋਈ ਵੀ ਵਿਸ਼ਾ)
ਹੁਸਨਰ ਰੋਡ, ਨੇੜੇ ਸਿਵਲ ਹਸਪਤਾਲ, ਗਿੱਦੜਬਾਹਾ
M. 98144-02410

Prop. Jagsir Singh M. 94170-46010
Jagdish Singh M. 94636-41779
ਛੱਤੇਆਣਾ ਖੇਤੀ ਸੈਂਟਰ
ਇੱਥੇ ਹਰ ਤਰ੍ਹਾਂ ਦੀਆਂ ਕੀੜੇਮਾਰ ਦਵਾਈਆਂ, ਖਾਦਾ ਅਤੇ ਬੀਜ ਮਿਲਦੇ ਹਨ
ਗੁੜ ਬਜ਼ਾਰ ਗਿੱਦੜਬਾਹਾ

We Treat He Cures
KAMBOJ HOSPITAL
GIDDARBAHA-152101

Dr. R.K. Kamboj
M.B.B.S., M.S. (Gen Surgery)
ਅਪ੍ਰੇਸ਼ਨ ਦੇ ਮਾਹਿਰ
Dr. Ramesh Kumari Kamboj
Ex. S.M.O (Gynae-obstd)
ਔਰਤਾ ਦੇ ਰੋਗਾ ਦੇ ਮਾਹਿਰ
ਸਹੂਲਤਾ
1 ਅਪ੍ਰੇਸ਼ਨ:- ਪੱਥਰੀਆ ਹਰਨੀਆ ਗਦੂਦਾ ਬਵਾਸੀਰ ਜਾ ਕਿਸੇ ਵੀ ਤਰਾਂ ਦੀ ਰਸੌਲੀ ਦੇ ਅਪ੍ਰੇਸ਼ਨ।
2 ਜੱਚਾ ਬੱਚਾ, ਨਾਰਮਲ ਡਿਲਿਵਰੀ, ਸੀਜੇਰੀਅਨ ਤੇ ਬੱਚੇਦਾਨੀ ਦੇ ਅਪ੍ਰੇਸ਼ਨ।
3 ਹਰ ਤਰ੍ਹਾਂ ਦੀ ਐਮਰਜੰਸੀ ਦੀ ਮੁੱਢਲੀ ਸਹਾਇਤਾ।
4 ਕਿਸੇ ਵੀ ਤਰ੍ਹਾਂ ਦੇ ਦਰਦ ਤੇ ਜਹਿਰ ਨਿਗਲੇ ਦਾ ਇਲਾਜ।
ਕਿਸੇ ਵੀ ਹੋਰ ਵਧੇਰੀ ਜਾਣਕਾਰੀ ਲਈ ਸੰਪਰਕ ਕਰੋ।
ਫੋਨ- 01637-501524, 98141-37625, 62842-01820
ਆਯੁਸ਼ਮਾਨ ਭਾਰਤ (AB/MMSBY) ਕਾਰਡਾਂ ਲਈ ਫਰੀ ਅਪਰੇਸ਼ਨ।
ਮਈ ਦਿਵਸ ਨੂੰ ਸਮਰਪਿਤ ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ

ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ
ਪਿੰਡ ਕੋਟਭਾਈ (ਸ੍ਰੀ ਮੁਕਤਸਰ ਸਾਹਿਬ)
Affiliation No. 14162

English Medium
ADMISSION OPEN Nry to 10th
Excellent Education Service.
English Medium.
Well-Educated & Dedicated Staff.
Specialization in Gurmat Education.
Individual Educational Plans.
Building Social Skill.
Computer Labs.
Sports Activities.
GURU HARKRISHAN PUBLIC SCHOOL
Kotbhai (Sri Muktsar Sahib)
M. 98723-77290
email: ghkpublicschool@yahoo.in


ਕਾਮਰੇਡ ਬਹੋੜ ਸਿੰਘ
ਪਿੰਡ ਸੁਖਨਾ
ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲਾ ਪ੍ਰਧਾਨ
ਮਈ ਦਿਵਸ ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ

ਮਜ਼ਦੂਰ ਦਿਵਸ ਨੂੰ ਸਮਰਪਿਤ ਸਪਲੀਮੈਂਟ ਕੱਢਣ ਤੇ ਅਦਾਰਾ ਨਵਾਂ ਜ਼ਮਾਨਾ, ਤੇ ਪੱਤਰਕਾਰ ਜਸਵੰਤ ਗਿੱਲ ਛੱਤਿਆਣਾ ਲੱਖ-ਲੱਖ ਵਧਈਆਂ

ਗੁਰਚਰਨ ਸਿੰਘ ਸਾਬਕਾ ਸਰਪੰਚ ਅਕਾਲੀ ਆਗੂ ਪਿੰਡ ਭਲਾਈਆਣਾ
ਜਸਮੇਲ ਸਿੰਘ ਸੰਧੂ ਅਕਾਲੀ ਆਗੂ ਪਿੰਡ ਛੱਤਿਆਣਾ
ਰਣਜੀਤ ਸਿੰਘ ਸੰਧੂ ਪਿੰਡ ਛੱਤਿਆਣਾ
ਰਾਜਵਿੰਦਰ ਸਿੰਘ ਰਾਜਾ ਸਰਪੰਚ ਕਾਂਗਰਸੀ ਆਗੂ ਪਿੰਡ ਰੁਖਾਲਾ
ਜਸਵੀਰ ਸਿੰਘ ਜੱਸਾ ਕਾਂਗਰਸੀ ਆਗੂ ਅਤੇ ਪਸ਼ੂ ਵਪਾਰ ਯੂਨੀਅਨ ਬਲਾਕ ਪ੍ਰਧਾਨ ਪਿੰਡ ਛੱਤਿਆਣਾ

ਜਸਪਾਲ ਸਿੰਘ ਬਰਾੜ ਪਿੰਡ ਛੱਤਿਆਣਾ
ਗੁਰਿੰਦਰਪਾਲ ਸਿੰਘ ਨੰਬਰਦਾਰ ਸਾਬਕਾ ਬਲਾਕ ਸੰਮਤੀ ਮੈਂਬਰ ਛੱਤਿਆਣਾ
ਜਗਮੀਤ ਸਿੰਘ (ਨੀਟਾ) ਬਰਾੜ ਪਿੰਡ ਛੱਤਿਆਣਾ
ਹਰਬੰਸ ਸਿੰਘ ਖਾਲਸਾ ਪਿੰਡ ਕੋਟਭਾਈ
ਆਕਸ਼ਦੀਪ ਨਰੂਲਾ ਪਿੰਡ ਛੱਤਿਆਣਾ

ਧੰਨਵਾਦ
ਮੈਂ ਉਹਨਾਂ ਸੱਜਣਾ ਮਿੱਤਰਾਂ ਅਤੇ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੈਨੂੰ ਮਜ਼ਦੂਰ ਦਿਵਸ ਨੂੰ ਸਮਰਪਿਤ ਗਿੱਦੜਬਾਹਾ ਵਿਸ਼ੇਸ਼ ਸਪਲੀਮਿੰਟ ਕੱਢਣ ਤੇ ਮੇਰਾ ਸਾਥ ਦੇ ਕੇ ਭਰਵਾਂ ਸਹਿਯੋਗ ਦਿੱਤਾ ਹੈ ਅਤੇ ਅੱਗੇ ਤੋਂ ਮੈਨੂੰ ਪੂਰੀ ਆਸ ਹੈ ਕਿ ਮੇਰਾ ਇਸੇ ਤਰ੍ਹਾਂ ਸਪਲੀਮਿੰਟ ਵਿੱਚ ਜਰੂਰ ਸਹਿਯੋਗ ਦਿੰਦੇ ਰਹਿਣਗੇ।

ਆਦਾਰਾ ਨਵਾਂ ਜ਼ਮਾਨਾ ਪੱਤਰਕਾਰ ਜਸਵੰਤ ਗਿੱਲ ਛੱਤਿਆਣਾ (ਗਿੱਦੜਬਾਹਾ)
ਮੋ: 98721-96059 ਵਟਸਐਪ 94786-55420

ਘਰ ਦੀ ਰੌਣਕ

ਸੁਭਦੀਪ ਸਿੰਘ ਗਿੱਲ ਪਿੰਡ ਛੱਤਿਆਣਾ

ਅਵਨੀਤ ਕੌਰ ਪਿੰਡ ਸੁਖਨਾ

ਤਨਵੀਰ ਕੌਰ ਗਿੱਦੜਬਾਹਾ


# ਵੱਖ-ਵੱਖ ਥਾਈਂ ਮਜ਼ਦੂਰ ਦਿਵਸ ਮਨਾਇਆ


ਮਾਹਿਲਪੁਰ


ਨਵਾਂ ਸ਼ਹਿਰ


ਜਲੰਧਰ


ਫਗਵਾੜਾ


ਸ਼ਾਹਕੋਟ


ਨਵਾਂ ਸ਼ਹਿਰ


ਸੁਲਤਾਨਪੁਰ ਲੋਧੀ


ਨਵਾਂ ਸ਼ਹਿਰ

**ਮਾਹਿਲਪੁਰ (ਸ਼ਫ਼ਰੀ)** - ਕਸਬਾ ਮਾਹਿਲਪੁਰ ਵਿੱਚ ਸੀ ਪੀ ਆਈ ਦਫਤਰ ਵਿਚ ਮਜ਼ਦੂਰ ਦਿਵਸ ਮੌਕੇ ਕਾਮਰੇਡ ਹਰਬੰਸ ਸਿੰਘ ਦੀ ਪ੍ਰਧਾਨਗੀ ਹੇਠ ਲਾਲ ਝੰਡਾ ਲਹਿਰਾਇਆ ਗਿਆ। ਕਾਮਰੇਡ ਸਾਧੂ ਸਿੰਘ ਭੱਟੀ ਸੀ ਪੀ ਆਈ ਤਹਿਸੀਲ ਸਕੱਤਰ ਗੜ੍ਹਸ਼ੰਕਰ ਜ਼ਿਲ੍ਹਾ ਕੌਂਸਲ ਮੈਂਬਰ ਅਤੇ ਐਗਜ਼ੈਕਟਿਵ ਮੈਂਬਰ ਹੁਸ਼ਿਆਰਪੁਰ ਨੇ ਕਿਹਾ ਕਿ ਦੁਨੀਆ ਦੀ ਹਰ ਇਕ ਵਸਤੂ ਮਜ਼ਦੂਰ ਦੇ ਹੱਥ ਲੱਗਣ ਤੋਂ ਬਿਨਾਂ ਸੰਪੂਰਨ ਨਹੀਂ ਹੋ ਸਕਦੀ। ਉਹਨਾਂ ਦੱਸਿਆ ਕਿ ਸੋਨੇ ਦੀਆਂ ਡੂੰਘੀਆਂ ਖਾਣਾਂ ਵਿਚੋਂ ਮਜ਼ਦੂਰ ਸੋਨਾ ਕੱਢ ਜ਼ਰੂਰ ਸਕਦਾ ਹੈ, ਪਰ ਸੋਨੇ ਦੇ ਗਹਿਣੇ ਪਾਉਣੇ ਮਜ਼ਦੂਰ ਦੇ ਨਸੀਬ ਵਿੱਚ ਨਹੀਂ ਹੁੰਦੇ। ਸਰਕਾਰ ਨੂੰ ਖਾਸ ਕਰਕੇ ਇਸ ਵਰਗ ’ਤੇ ਧਿਆਨ ਦੇਣ ਦੀ ਲੋੜ ਹੈ। ਇਸ ਮੌਕੇ ਤਹਿਸੀਲ ਕਮੇਟੀ ਮੈਂਬਰ ਕਾਮਰੇਡ ਗੋਗੀ, ਤਹਿਸੀਲ ਕਮੇਟੀ ਮੈਂਬਰ ਕਾਮਰੇਡ ਨਰਿੰਦਰ ਕੁਮਾਰ, ਤਹਿਸੀਲ ਕਮੇਟੀ ਮੈਂਬਰ ਅਤੇ ਇਲੈਕਸ਼ਨ ਪ੍ਰਧਾਨ ਕਾਮਰੇਡ ਤੀਰਥ ਰਾਮ, ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਭੁਪਿੰਦਰ ਸਿੰਘ, ਜ਼ਿਲ੍ਹਾ ਕੌਂਸਲ ਮੈਂਬਰ ਅਤੇ ਤਹਿਸੀਲ ਮੀਤ ਸਕੱਤਰ ਕਾਮਰੇਡ ਬਲਜੀਤ ਸਿੰਘ ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਰਤਨ ਸਿੰਘ ਬਹਿਬਲਪੁਰ, ਸੁਖਵਿੰਦਰ ਸਿੰਘ ਸਫ਼ਰੀ ਸੀ ਪੀ ਆਈ ਦਫ਼ਤਰ ਇੰਚਾਰਜ ਮਾਹਿਲਪੁਰ ਅਤੇ ਤਹਿਸੀਲ ਕਮੇਟੀ ਮੈਂਬਰ ਗੜ੍ਹਸ਼ੰਕਰ, ਰਾਜ ਕੁਮਾਰ ਰਾਜੂ ਜ਼ਿਲ੍ਹਾ ਕੌਂਸਲ ਮੈਂਬਰ ਹੁਸ਼ਿਆਰਪੁਰ ਹਾਜ਼ਰ ਸਨ।

**ਖਰੜ (ਹਰਨਾਮ ਸਿੰਘ ਡੱਲਾ)**-ਖਰੜ ਦੇ ਲੇਬਰ ਚੌਕ ਵਿੱਚ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਖਰੜ ਅਤੇ ਗ਼ਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਦੇ ਸੱਦੇ ’ਤੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਨੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਲਾਲ ਝੰਡਾ ਲਹਿਰਾਇਆ। ਜਿਸ ਅਗਵਾਈ ਮਜ਼ਦੂਰ ਆਗੂਆਂ ਸਾਥੀ ਦਿਨੇਸ਼ ਪ੍ਰਸਾਦ, ਸੁਰਿੰਦਰ ਸਿੰਘ ਬਡਾਲਾ, ਯੋਗ ਰਾਜ, ਮੋਹਣ ਲਾਲ ਰਾਹੀ ਅਤੇ ਕਿਸਾਨ ਸਭਾ ਜ਼ਿਲ੍ਹਾ ਮੋਹਾਲੀ ਦੇ ਆਗੂ ਕੁਲਦੀਪ ਸਿੰਘ ਢਿੱਲੋਂ ਨੇ ਕੀਤੀ। ਵੱਖ ਵੱਖ ਬੁਲਾਰਿਆਂ ਨੇ ਮਜ਼ਦੂਰਾਂ ਦੀਆਂ ਜੀਵਨ ਹਾਲਤਾਂ ਉੱਤੇ ਚਰਚਾ ਕਰਦਿਆਂ ਕਿਹਾ ਕਿ ਦੇਸ਼ ਵਿੱਚ ਮਜ਼ਦੂਰ ਦੀ ਹਾਲਤ ਦੂਜੇ ਵਰਗਾਂ ਨਾਲੋਂ ਕਿਤੇ ਬਦਤਰ ਹੈ। ਦੂਜੇ ਪਾਸੇ ਸਰਕਾਰ ਮਜ਼ਦੂਰਾਂ ਖ਼ਿਲਾਫ਼ ਚਾਰ ਕੋਡ ਬਿੱਲ ਲਿਆ ਕੇ ਉਨ੍ਹਾਂ ਨੂੰ ਪੂੰਜੀਪਤੀਆਂ ਦੇ ਰਹਿਮ ’ਤੇ ਨਿਰਭਰ ਕਰ ਰਹੀ ਹੈ। ਜਿਸ ਖਿਲਾਫ਼ ਭਾਰਤ ਦੀਆਂ ਮਜ਼ਦੂਰ ਹਿਤੈਸ਼ੀ ਜਥੇਬੰਦੀਆਂ ਸੰਘਰਸ਼ ਦੇ ਰਾਹ ਉੱਤੇ ਹਨ। ਬੁਲਾਰਿਆਂ ਨੇ ਭਗਵੰਤ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਉਹ ਕਿਰਤ ਵਿਭਾਗ ਵਿੱਚ ਪੈਂਡਿੰਗ ਪੈਨਸ਼ਨ ਕੇਸਾਂ, ਲੇਬਰ ਕਾਰਡਾਂ, ਮਜ਼ਦੂਰਾਂ ਨੂੰ ਦਿੱਤੀ ਜਾਂਦੀ ਐਕਸਗਰੇਸ਼ੀਆ ਰਾਸ਼ੀ ਜੋ 3 ਲੱਖ ਰੁਪਏ ਤੋਂ ਘਟਾ ਕੇ 2 ਲੱਖ ਰੁਪਏ ਕਰ ਦਿੱਤੀ ਹੈ, 5 ਲੱਖ ਰੁਪਏ ਕੀਤੀ ਜਾਵੇ, ਮਜ਼ਦੂਰਾਂ ਦੀ ਘੱਟੋ ਘੱਟ ਉਜਰਤ 26000 ਕੀਤੀ ਜਾਵੇ। ਸ਼ਗਨ ਸਕੀਮ 75000 ਕੀਤੀ ਜਾਵੇ। ਬੁਲਾਰਿਆਂ ਨੇ ਕਿਹਾ ਕੇਂਦਰ ਦੀ ਮੋਦੀ ਸਰਕਾਰ ਵਲੋਂ ਸੰਵਿਧਾਨ ਬਦਲਣ ਦੀਆਂ ਕੋਸ਼ਿਸ਼ਾਂ ਸਫਲ ਨਹੀਂ ਹੋਣ ਦਿੱਤੀਆਂ ਜਾਣਗੀਆਂ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ, ਪੈਨਸ਼ਨਰਜ਼ ਯੂਨੀਅਨ ਆਗੂ ਪ੍ਰਿੰਸੀਪਲ ਸਰਬਜੀਤ ਸਿੰਘ, ਬਾਬੂ ਸਿੰਘ ਪਮੌਰ, ਹਰਵਿੰਦਰ ਸਿੰਘ, ਡਾਕਟਰ ਜਰਨੈਲ ਸਿੰਘ, ਮੰਗਤ ਖਾਨ ਝੰਜੇੜੀ, ਜੰਗ ਸਿੰਘ ਭੱਟੀ, ਗੁਰਮੇਲ ਸਿੰਘ ਧਾਲੀਵਾਲ, ਜੋਗਿੰਦਰ ਸਿੰਘ ਮਾਨ ਖੇੜੀ, ਸੁੱਖਾ ਸਿੰਘ, ਪ੍ਰਕਾਸ਼ ਸਿੰਘ ਰੰਗੀ, ਸੇਵਾ ਸਿੰਘ ਖ਼ਾਨਪੁਰ, ਡਾਕਟਰ ਸੁਦਾਗਰ ਸਿੰਘ ਪਾਲ, ਜਸਵੰਤ ਸਿੰਘ, ਰਣਧੀਰ ਸਿੰਘ ਰਡਿਆਲਾ, ਕੁਲਦੀਪ ਸਿੰਘ ਅਤੇ ਨਿਰਮਲ ਸਿੰਘ ਕਸੁੰਬੜੀ ਸਮੇਤ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਨੇ ਸ਼ਮੂਲੀਅਤ ਕੀਤੀ।

**ਸ਼ਾਹਕੋਟ (ਗਿਆਨ ਸੈਦਪੁਰੀ)** ਦਿਹਾਤੀ ਮਜ਼ਦੂਰ ਸਭਾ, ਪੰਜਾਬ ਖੇਤ ਮਜ਼ਦੂਰ ਸਭਾ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਆਲ ਇੰਡੀਆ ਕਿਸਾਨ ਸਭਾ ਨੇ ਸਾਂਝੇ ਤੌਰ ’ਤੇ ਮਜ਼ਦੂਰ ਦਿਵਸ ਮਨਾਇਆ।ਬੱਸ ਅੱਡੇ ’ਤੇ ਲਾਲ ਝੰਡਾ ਝੁਲਾਇਆ ਗਿਆ। ਝੰਡੇ ਦੀ ਰਸਮ ਮਜ਼ਦੂਰ ਆਗੂ ਕਰਨੈਲ ਸਿੰਘ ਨੇ ਨਿਭਾਈ।ਇਸ ਤੋਂ ਪਹਿਲਾ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਮੌਜੂਦਾ ਨਿਜ਼ਾਮ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੇ ਚੱਲਦਿਆਂ ਮਜ਼ਦੂਰ ਵਰਗ ਦੀ ਦਿਨੋ-ਦਿਨ ਬਦਤਰ ਹੋ ਰਹੀ ਜ਼ਿੰਦਗੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਆਗੂਆਂ ਨੇ ਕਿਹਾ ਕਿ ਏਕੇ ਨਾਲ ਸੰਘਰਸ਼ ਦਾ ਪਿੜ ਮੱਲਣਾ ਹੀ ਸ਼ਿਕਾਗੋ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਲਾਲ ਫਰੇਰੇ ਨੂੰ ਬੁਲੰਦ ਕਰਨ ਦਾ ਹੋਕਾ ਦੇਣ ਵਾਲਿਆਂ ਵਿੱਚ ਆਲ ਇੰਡੀਆ ਕਿਸਾਨ ਸਭਾ ਦੇ ਆਗੂ ਬਚਿੱਤਰ ਸਿੰਘ ਤੱਗੜ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਨਿਰਮਲ ਸਿੰਘ ਸਹੋਤਾ, ਕੁਲ ਹਿੰਦ ਮਜ਼ਦੂਰ ਯੂਨੀਅਨ ਦੇ ਆਗੂ ਅਜੀਤ ਸਿੰਘ ਦਾਨੇਵਾਲ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਪ੍ਰੈੱਸ ਸਕੱਤਰ ਗਿਆਨ ਸਿੰਘ ਸੈਦਪੁਰੀ, ਕਿਸਾਨ ਆਗੂ ਕੇਵਲ ਸਿੰਘ ਦਾਨੇਵਾਲ, ਵਰਿੰਦਰਪਾਲ ਸਿੰਘ ਕਾਲਾ, ਜੁਗਿੰਦਰ ਸਿੰਘ ਬਿੱਲੀ ਚਹਾਰਮੀ, ਵਿਕਰਮ ਸਿੰਘ ਮੰਢਾਲਾ, ਤਾਰਾ ਸਿੰਘ ਥੰਮੂਵਾਲ ਆਦਿ ਸ਼ਾਮਲ ਹਨ।ਇਸ ਮੌਕੇ ਹੋਰਨਾਂ ਤੋ ਇਲਾਵਾ ਸਵਰਨ ਸਿੰਘ ਭੋਏਪੁਰੀ, ਮਲਕੀਤ ਚੰਦ ਭੋਏਪੁਰੀ, ਮੱਖਣ ਸਿੰਘ ਮੀਏਂਵਾਲ, ਬੂੜ ਸਿੰਘ ਰਾਜੇਵਾਲ, ਸੁਰਿੰਦਰ ਸਿੰਘ ਗਿੱਲ ਸੈਦਪੁਰ, ਸਰਬਣ ਕੁਮਾਰ ਬਿੱਲਾ ਸੈਦਪੁਰ, ਗੱਬਰ ਸਿੰਘ, ਕੇਵਲ ਸਿੰਘ ਕੋਟਲੀ, ਸੁਰਿੰਦਰ ਕੁਮਾਰ ਸੋਨੀ, ਹਰਜੋਤ ਸਹੋਤਾ ਆਦਿ ਹਾਜ਼ਰ ਸਨ।

**ਜਲੰਧਰ, (ਰਾਜੇਸ਼ ਥਾਪਾ)** ਮਜ਼ਦੂਰ ਜਮਾਤ ਦੇ 8 ਘੰਟੇ ਦੇ ਕੰਮ ਦੇ ਸੰਘਰਸ਼ ਦੇ ਸ਼ਹੀਦਾਂ ਨੂੰ ਸੀਟੀਯੂ ਪੰਜਾਬ ਅਤੇ ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਇਕਾਈਆਂ ਵੱਲੋਂ ਗੜ੍ਹਾ ਜਲੰਧਰ ਦਫ਼ਤਰ ਵਿਖੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸੀਟੀਯੂ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਰਾਮ ਕਿਸ਼ਨ ਵੱਲੋਂ ਝੰਡਾ ਲਹਿਰਾਇਆ ਗਿਆ। ਇਕੱਠੇ ਹੋਏ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਪ੍ਰੋ. ਤੇਜਿੰਦਰ ਵਿਰਲੀ ਨੇ ਕਿਹਾ ਕਿ 1886 ਵਿਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ 8 ਘੰਟੇ ਦੀ ਦਿਹਾੜੀ ਲਈ ਚਲ ਰਹੇ ਸੰਘਰਸ਼ ਵਿਚ ਸੈਂਕੜੇ ਲੋਕਾਂ ਨੇ ਖ਼ੂਨ ਡੋਲਿਆ ਤੇ ਮਜ਼ਦੂਰਾਂ ਨੇ ਚਿੱਟੇ ਤੋਂ ਲਾਲ ਝੰਡਾ ਆਪਣੇ ਖ਼ੂਨ ਵਿਚ ਰੰਗਿਆ ਸੀ। ਇਸ ਲਹਿਰ ਦੇ ਆਗੂਆਂ ਨੂੰ ਫਾਂਸੀ ਦਾ ਰੱਸਾ ਵੀ ਚੁੰਮਣਾ ਪਿਆ ਤੇ ਉਮਰ ਕੈਦਾਂ ਕੱਟਣੀਆਂ ਪਈਆਂ। ਪ੍ਰੋ. ਵਿਰਲੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਲਈ ਦਿੱਤੀ ਇਸ ਸ਼ਹਾਦਤ ਨੇ ਆਖੀਰ ਰੰਗ ਦਿਖਾਇਆ ਤੇ ਤਿੰਨ ਸਾਲ ਬਾਦ 1889 ਈਸਵੀ ’ਚ ‘ਇੰਟਰਨੈਸ਼ਨਲ ਸੋਸ਼ਲਿਸਟ ਕਾਨਫ਼ਰੰਸ’ ਵਲੋਂ ਇਹ ਫੈਸਲਾ ਲਿਆ ਗਿਆ ਕਿ ਹੁਣ ਮਜ਼ਦੂਰਾਂ ਤੋਂ ਅੱਠ ਘੰਟੇ ਹੀ ਕੰਮ ਲਿਆ ਜਾਵੇਗਾ। ਪ੍ਰੋ. ਵਿਰਲੀ ਨੇ ਕਿਹਾ ਕਿ ਕੁਰਬਾਨੀਆਂ ਕਰਕੇ ਹਾਸਲ ਕੀਤੀ 8 ਘੰਟੇ ਦੀ ਦਿਹਾੜੀ ਨੂੰ ਕੇਂਦਰ ਦੀ ਮੋਦੀ ਸਰਕਾਰ ਨੇ 12 ਘੰਟੇ ਕਰਨ ਦਾ ਨੋਟੀਫਿਕੇਸ਼ਨ ਕਰਕੇ ਮਜ਼ਦੂਰ ਜਮਾਤ ਨਾਲ ਧ੍ਰੋਹ ਕਮਾਇਆ ਹੈ ਤੇ ਕਾਰਪੋਰੇਟ ਘਰਾਣਿਆਂ ਤੇ ਸਰਮਾਏਦਾਰਾਂ ਨੂੰ ਲੁੱਟਣ ਦੀ ਖੁੱਲ੍ਹੀ ਛੁੱਟੀ ਦਿੱਤੀ ਹੈ। ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਸਾਥੀ ਨੂਰਪੁਰੀ ਨੇ ਕਿਹਾ ਕਿ ਮੋਦੀ-ਸ਼ਾਹ ਸਰਕਾਰ ਦੀਆਂ ਦਸਾਂ ਸਾਲਾਂ ਦੀਆਂ ਘੋਰ ਨਾਕਾਮੀਆਂ ਦੀ ਪਰਦਾਪੋਸ਼ੀ ਕਰਨ ਲਈ ਗੋਦੀ ਮੀਡੀਆ, ਸੰਘ-ਭਾਜਪਾ ਦੇ ਆਈ.ਟੀ. ਸੈਲ ਅਤੇ ਸੰਘੀ ਸੰਗਠਨਾਂ ਦੇ ਝੂਠ ਫੈਲਾਉਣ ਦੇ ਮਾਹਿਰ ਕਾਰਕੁੰਨਾਂ ਵਲੋਂ ਕੀਤੇ ਜਾ ਰਹੇ ਸਰਕਾਰ ਦੀਆਂ ਫਰਜ਼ੀ ਪ੍ਰਾਪਤੀਆਂ ਦੇ ਗੁੰਮਰਾਹਕੁੰਨ ਦਾਅਵਿਆਂ ਦਾ ਕੱਚ-ਸੱਚ ਲੋਕਾਂ ਸਾਹਵੇਂ ਤੱਥਾਂ ਸਹਿਤ ਨੰਗਾ ਕਰਕੇ ਸੰਘ ਪਰਵਾਰ ਦੇ ਫਿਰਕੂ ਵੰਡ ਤਿੱਖੀ ਕਰਨ ਦੇ ਕੋਝੇ ਮਨਸੂਬਿਆਂ ਤੋਂ ਵੀ ਲੋਕਾਈ ਨੂੰ ਸੁਚੇਤ ਕੀਤਾ ਜਾਵੇਗਾ। ਸੀਟੀਯੂ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸਾਥੀ ਰਾਮ ਕਿਸ਼ਨ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦਾ ਸੰਵਿਧਾਨ ਖਤਮ ਕਰਕੇ ਮਿਹਨਤੀ ਲੋਕਾਂ ਨੂੰ ਮਿਲੇ ਅਧਿਕਾਰ ਖੋਹਣੇ ਚਾਹੁੰਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ.ਸ.ਸ. ਫ. ਦੇ ਆਗੂ ਤਰਸੇਮ ਮਾਧੋਪੁਰੀ, ਔਰਤ ਮੁਕਤੀ ਮੋਰਚਾ ਦੇ ਆਗੂ ਸੁਨੀਤਾ ਨੂਰਪੁਰੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਟੈਕਨੀਕਲ ਸਰਵਿਸ ਯੂਨੀਅਨ ਵੱਲੋਂ ਸਰਕਲ ਜਲੰਧਰ ਅਧੀਨ ਪੈਂਦੇ ਫਗਵਾੜਾ ਮੰਡਲ ਅੱਗੇ ਲਾਲ ਝੰਡਾ ਲਹਿਰਾਉਣ ਉਪਰੰਤ ਸ਼ਰਧਾਂਜਲੀ ਭੇਟ ਕੀਤੀ ਗਈ, ਸ਼ਰਧਾਂਜਲੀ ਸਮਾਗਮ ਦੌਰਾਨ, ਟੀ ਐਸ ਯੂ ਦੇ ਆਗੂ ਅਤੇ ਠੇਕਾ ਸੰਘਰਸ਼ ਮੁਲਾਜ਼ਮ ਮੋਰਚਾ, ਵਰਕਰ ਸ਼ਾਮਲ ਹੋਏ। ਸ਼ਰਧਾਂਜਲੀ ਸਮਾਗਮ ਦੌਰਾਨ, ਅਮਰਜੀਤ ਸਿੰਘ (ਸਰਕਲ ਸਕੱਤਰ),ਸਰਕਲ ਕੈਸ਼ੀਅਰ ਸੋਹਨ ਲਾਲ,ਮੰਡਲ ਫਗਵਾੜਾ ਪ੍ਰਧਾਨ ਹੰਸਰਾਜ, ਸਬਰਬਨ ਦੇ ਪ੍ਰਧਾਨ ਮਹਿੰਦਰ ਪਾਲ, ਮਾਡਲ ਟਾਊਨ ਸ/ਡ ਦੇ ਪ੍ਰਧਾਨ ਤਾਜ ਮੁਹੰਮਦ, ਪ੍ਰਧਾਨ ਹਰਦਿਆਲ ਸਿੰਘ,ਰਾਮ ਆਸਰਾ, ਠੇਕਾ ਸੰਘਰਸ਼ ਮੁਲਾਜ਼ਮ ਮੋਰਚਾ ਦੇ ਸਰਕਲ ਸਕੱਤਰ ਸੰਤੋਖ ਰਾਮ, ਮੰਡਲ ਪ੍ਰਧਾਨ ਦੇਵਰਾਜ, ਬਰਜੇਸ਼ ਕੁਮਾਰ, ਇੰਜੀ. ਹਰਕੰਮਲਜੀਤ ਸਿੰਘ ਤੇ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ,

**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਰੋਡਵੇਜ਼ ਪੰਜਾਬ ਗੋਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਏਟਕ ਜਥੇਬੰਦੀ ਸੈਂਟਰ ਬਾਡੀ ਦੇ ਆਗੂ ਦਵਿੰਦਰ ਕੁਮਾਰ, ਸੀ ਪੀ ਆਈ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਭੰਗਲ, ਦਸੌਂਦਾ ਸਿੰਘ, ਮਲਕੀਤ ਸਿੰਘ, ਰਾਮ ਜੀ ਦਾਸ, ਅੰਮ੍ਰਿਤਪਾਲ ਸਿੰਘ ਕੈਸ਼ੀਅਰ ਅਤੇ ਆਦਿ ਕਿਰਤੀਆਂ ਵੱਲੋਂ ਸ਼ਿਕਾਗੋ ਦੇ ਸ਼ਹੀਦਾ ਦੀ ਯਾਦ ਵਿੱਚ 1 ਮਈ ਮਜ਼ਦੂਰ ਦਿਵਸ ਪੰਜਾਬ ਰੋਡਵੇਜ਼ ਦੇ ਵਰਕਸ਼ਾਪ ਦੇ ਗੇਟ ’ਤੇ ਮਨਾਇਆ ਗਿਆ।ਝੰਡੇ ਦੀ ਮਹੱਤਤਾ ਅਤੇ ਸ਼ਿਕਾਗੋ ਦੇ ਸ਼ਹੀਦਾ ਬਾਰੇ ਦੱਸਿਆ ਗਿਆ।ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਏਟਕ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ ਨੇ ਕਿਹਾ ਕਿ 1886 ਵਿੱਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਕੰਮ ਦਿਹਾੜੀ 16 ਘੰਟੇ ਤੋਂ ਘਟਾਕੇ ਸਮਾਂ 8 ਘੰਟੇ ਕਰਵਾਉਣ ਲਈ ਸੰਘਰਸ਼ ਕਰਦਿਆਂ ਮਜ਼ਦੂਰਾਂ ਅਤੇ ਆਗੂਆਂ ਨੂੰ ਆਪਣੀਆਂ ਜਾਨਾਂ ਕੁਰਬਾਨ ਕਰਨੀਆਂ ਪਈਆਂ।ਇਸ ਮੌਕੇ ਟਰੇਡ ਯੂਨੀਅਨ ਕੌਂਸਲ ’ਚ ਸ਼ਾਮਲ ਸਾਰੀਆਂ ਜਥੇਬੰਦੀਆਂ ਨੇ ਆਪੋ ਆਪਣੀਆਂ ਮੰਗਾਂ ਨਾਲ ਸਬੰਧਤ ਮੰਗਾਂ ਬੈਨਰ ਫੜ ਕੇ ਸ਼ਹਿਰ ਵਿਚ ਮਾਰਚ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਮਲਾਲ, ਮਲਕੀਤ ਸਿੰਘ, ਜਸਵਿੰਦਰ ਸਿੰਘ, ਗੁਰਮੇਲ ਸਿੰਘ, ਰਾਮ ਜੀ ਦਾਸ, ਗੁਰਜੀਤ ਸਿੰਘ, ਜਰਨੈਲ ਰਾਮ, ਗੁਰਚਰਨ ਸਿੰਘ, ਮਨੀਸ਼ ਕੁਮਾਰ, ਦਲੇਰ ਸਿੰਘ ਆਦਿ ਆਗੂ ਹਾਜ਼ਰ ਸਨ।

**ਨਵਾਸਹਿਰ(ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਪ੍ਰਣ ਕੀਤਾ ਗਿਆ ਕਿ ਮੋਦੀ ਤੇ ਕਾਰਪੋਰੇਟ ਗਠਜੋੜ ਨੂੰ ਹਰਾਇਆ ਜਾਵੇ। ਧਰਮ ਨਿਰਪੱਖ ਸਰਕਾਰ ਬਣਾਈ ਜਾਵੇ । ਇਸੇ ਤਰ੍ਹਾਂ ਸੀ ਪੀ ਆਈ ਐਮ ਦਫਤਰਾਂ ’ਤੇ ਝੰਡੇ ਝੁਲਾਏ ਗਏ। ਗੁਣਾਚੌਰ, ਸੀ ਪੀ ਆਈ ਐਮ ਦਫਤਰ ਬੰਗਾ, ਗੋਬਿੰਦਪੁਰ ਅਤੇ ਹੋਰ ਵੀ ਥਾਵਾਂ ’ਤੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਕ੍ਰਿਸ਼ਨ ਕੁਮਾਰ ਸਰਪੰਚ, ਕਾਰਪੋਰੇਟ ਸੋਸਾਇਟੀ ਦੇ ਪ੍ਰਧਾਨ ਕਾਮਰੇਡ ਸਿਮਰਚੰਦ, ਕਰਨੈਲ ਸਿੰਘ ਕੈਲਾ, ਬੂਟਾ ਸਿੰਘ, ਕਾਮਰੇਡ ਅਮਰਜੀਤ ਸਿੰਘ, ਦਲਜੀਤ ਸਿੰਘ ਗੁਣਾਚੌਰ, ਦੇਵ ਰਾਮ ਗੁਣਾਚੌਰ, ਲਾਲ ਗੁਣਾਚੌਰ, ਇਸੇ ਤਰ੍ਹ! ਗੋਬਿੰਦਪੁਰ ਵਿਖੇ ਕਾਮਰੇਡ ਕਮਲਜੀਤ ਰੱਕੜ, ਨਿਰਮਲ ਸਿੰਘ ਨਿੰਮਾ, ਲਾਲੀ, ਪੱਪੂ, ਬੰਗਾ ਵਿਖੇ ਸੇਵਾ ਸਿੰਘ, ਸੋਢੀ ਰਾਮ, ਗੁਲਾਟੀ, ਨੀਲਮ ਰਾਣੀ, ਮਹਿੰਦਰ ਕੌਰ, ਤੋਸ਼ੀ ਰੱਲ੍ਹ, ਤੋਖਾ ਅਤੇ ਬਹੁਤ ਸਾਰੇ ਸਾਥੀ ਹਾਜ਼ਰ ਸਨ।

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**- ਦਿਹਾਤੀ ਮਜ਼ਦੂਰ ਸਭਾ ਵਲੋਂ ਅੱਜ ਬਲਾਕ ਸੁਲਤਾਨਪੁਰ ਲੋਧੀ ਦੇ ਇਤਿਹਾਸਕ ਨਗਰੀ ਡੱਲਾ ਸਾਹਿਬ ਵਿਖੇ ਮਜ਼ਦੂਰ ਦਿਵਸ ( ਮਈ ਦਿਵਸ ) ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਕਰਕੇ ਮਜ਼ਦੂਰ ਦਿਵਸ ਮਨਾਇਆ ਗਿਆ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹੇ ਦੇ ਆਗੂ ਹਰਮੇਲ ਸਿੰਘ ਸੇਚਾ ਨੇ ਝੰਡੇ ਦੀ ਰਸਮ ਅਦਾ ਕੀਤੀ ਅਤੇ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਸੂਬਾ ਆਗੂ ਹਰਬੰਸ ਮੱਟੂ ਵਿਸ਼ੇਸ਼ ਤੌਰ ’ਤੇ ਪਹੁੰਚੇ। ਉਨ੍ਹਾਂ ਜਿੱਥੇ ਕਿਰਤੀਆਂ ਦੇ ਦਿਨ ਦੀ ਮੁਬਾਰਕਬਾਦ ਸਾਂਝੀ ਕੀਤੀ ਗਈ, ਉੱਥੇ ਇਸ ਦਿਨ ਨੂੰ ਲੋਕਾਂ ਦੇ ਰੂਬਰੂ ਕਰਨ ਲਈ ਅਮਰੀਕਾ ਦੇ ਸ਼ਿਕਾਗੋ ਦੇ ਸਾਥੀ ਕਿਰਤੀਆਂ ਦੇ ਡੁੱਲ੍ਹੇ ਖ਼ੂਨ ਕਰਕੇ ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਵੀ ਦਿੱਤੀ ਗਈ।ਇਸ ਮੀਟਿੰਗ ਵਿੱਚ ਆਗੂਆਂ ਨੇ ਸਮਾਜ ਵਿੱਚ ਪੂੰਜੀ ਦੀ ਕਾਣੀ ਵੰਡ ’ਤੇ ਗੱਲ ਕੀਤੀ। ਇਸ ਮੌਕੇ ਸ਼ਿੰਗਾਰਾ ਸਿੰਘ, ਫਕੀਰ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ, ਸਾਬੀ ਮੱਟੂ, ਕੇਵਲ ਸਿੰਘ, ਸ਼ੰਕਰ ਸਿੰਘ, ਲਾਲ ਚੰਦ , ਸਾਗਰ ਸਿੰਘ, ਬਾਬੂ ਰਾਮ ਗਿੱਲ, ਸ਼ਿਵਾ ਜੀ ਤਲਵੰਡੀ, ਮੰਗੀ, ਸੁੱਚਾ ਸਿੰਘ, ਸੁਖਦੇਵ ਸਿੰਘ, ਗੁਰਦੇਵ ਲਾਲ ਆਦਿ ਹਾਜ਼ਰ ਸਨ।

**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਵਲੋਂ ਸਥਾਨਕ ਬੱਸ ਅੱਡੇ ਤੇ ਕੌਮਾਂਤਰੀ ਮਜ਼ਦੂਰ ਦਿਵਸ ਮਨਾਇਆ ਗਿਆ।ਜਥੇਬੰਦੀ ਦੇ ਲਾਲ ਝੰਡਿਆਂ ਨਾਲ ਸਜੇ ਪੰਡਾਲ ਵਿਚ ਮਜ਼ਦੂਰਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਡਿਪਟੀ ਸਕੱਤਰ ਅਵਤਾਰ ਸਿੰਘ ਤਾਰੀ, ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ, ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮਈ ਦਿਵਸ ਦੇ ਸ਼ਹੀਦ ਪੂੰਜੀਵਾਦ ਨੂੰ ਨਫ਼ਰਤ ਕਰਦੇ ਸਨ ਕਿਉਂਕਿ ਇਹ ਲੋਕਾਂ ਦੇ ਸ਼ੋਸ਼ਣ ’ਤੇ ਅਧਾਰਤ ਹੈ।ਉਹ ਸਮਾਜਵਾਦ ਦੀ ਵਕਾਲਤ ਕਰਦੇ ਸਨ ਕਿਉਂਕਿ ਇਹ ਹਰੇਕ ਮਨੁੱਖ ਦੀ ਭਲਾਈ ਨੂੰ ਸੁਰੱਖਿਅਤ ਕਰ ਸਕਦਾ ਹੈ। ਇਨ੍ਹਾਂ ਸ਼ਹੀਦਾਂ ਵੱਲੋਂ ਪੂੰਜੀਵਾਦ ਦੇ ਬਦਲ ਵਜੋਂ ਸਮਾਜਵਾਦ ਲਈ ਦਿੱਤਾ ਗਿਆ ਸੱਦਾ ਅਜੋਕੇ ਪੂੰਜੀਵਾਦ ਦੇ ਸੰਸਾਰ ਵਿੱਚ ਬਹੁਤ ਸਾਰਥਕ ਹੈ, ਜਿੱਥੇ ਪੂੰਜੀਵਾਦ ਵਿਸ਼ਾਲ ਲੋਕਾਂ ਦੀ ਗਰੀਬੀ, ਭੁੱਖਮਰੀ,ੱਧ ਰਹੀ ਬੇਰੁਜ਼ਗਾਰੀ ਅਤੇ ਸਮਾਜ ਵਿੱਚ ਅਸਮਾਨਤਾਵਾਂ ਦਾ ਕਾਰਨ ਬਣ ਰਿਹਾ ਹੈ। ਉਨ੍ਹਾਂ ਨੇ ਮਜ਼ਦੂਰ ਜਮਾਤ ਨੂੰ ਮੋਦੀ ਸਰਕਾਰ ਦੀਆਂ ਮਜਦੂਰ ਵਿਰੋਧੀ ਨੀਤੀਆਂ ਵਿਰੁੱਧ ਤਿੱਖੇ ਸੰਘਰਸ਼ ਲੜਨ ਦਾ ਸੱਦਾ ਦਿੱਤ।ਇਸ ਮੌਕੇ ਰੇਹੜੀ ਵਰਕਰਜ਼ ਯੂਨੀਅਨ ਦੇ ਆਗੂ ਹਰੇ ਰਾਮ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਆਗੂ ਸ਼ਿਵ ਨੰਦਨ, ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਡੈਮੋਕ੍ਰੇਟਿਕ ਫੈਸਿਲੀਟੇਟਰ ਅਤੇ ਆਸ਼ਾ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸ਼ਕੁੰਤਲਾ ਸਰੋਏ, ਜੁਗਾੜੂ ਰੇਹੜਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਿੱਕੂ ਮਸੀਹ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਕਮਲਜੀਤ ਸਨਾਵਾ, ਕਿਰਨਜੀਤ ਕੌਰ ਨੇ ਵੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਪ੍ਰੇਮ ਚੰਦ ਯਮਲਾ, ਅਲੀਸ਼ਾ ਕਾਠਗੜ੍ਹ ਨੇ ਇਨਕਲਾਬੀ ਗੀਤ ਪੇਸ਼ ਕੀਤੇ।ਬਾਅਦ ਵਿਚ ਸ਼ਹਿਰ ਅੰਦਰ ਮੁਜ਼ਾਹਰਾ ਵੀ ਕੀਤਾ ਗਿਆ।

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ )**- ਕਪੂਰਥਲਾ ਦੇ ਸ਼ਹਿਰ ਸੁਲਤਾਨਪੁਰ ਲੋਧੀ ਵਿਖੇ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਵੱਲੋਂ ਕਾਮਰੇਡ ਬਲਦੇਵ ਸਿੰਘ ਅਤੇ ਐਡਵੋਕੇਟ ਰਜਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਚੌਕ ਚੇਲਿਆਂ ਸੁਲਤਾਨਪੁਰ ਲੋਧੀ ਵਿਖੇ ਮਜ਼ਦੂਰ ਦਿਵਸ ਮਨਾਇਆ ਗਿਆ ਅਤੇ ਝੰਡਾ ਲਹਿਰਾ ਕੇ ਇਸ ਦਿਹਾੜੇ ਦੇ ਸ਼ਹੀਦਾਂ ਨੂੰ ਲਾਲ ਸਲਾਮ ਦਿੱਤਾ ਗਿਆ। ਅੰਤਰਰਾਸਟਰੀ ਮਜ਼ਦੂਰ ਦਿਵਸ ਨੂੰ ਮਜ਼ਦੂਰ ਦਿਵਸ ਜਾਂ ਮਈ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ। ਇਸ ਮੌਕੇ ਸੀਨੀਅਰ ਆਗੂ ਨਰਿੰਦਰ ਸਿੰਘ ਸੋਨੀਆਂ, ਰਛਪਾਲ ਸਿੰਘ, ਮਾਸਟਰ ਚਰਨ ਸਿੰਘ ਹੈਬਤਪੁਰ, ਮੁਕੰਦ ਸਿੰਘ ਸੈਦੋਭਲਾਣਾ ਆਦਿ ਹਾਜ਼ਰ ਸਨ।